ਮੰਗਲਵਾਰ, 3 ਨਵੰਬਰ, 2026
18 ਕੱਤਕ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 154

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • TUESDAY, 3 NOVEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

ਪੁੱਛ-ਗਿੱਛ (ਰਿਸੈਪਸ਼ਨ)	0181-5097300
ਇਸ਼ਤਿਹਾਰ ਵਿਭਾਗ	0181-5097302
ਸਾਹਿਤ ਸੰਪਾਦਕ (ਐਤਵਾਰਤਾ)	0181-5097305
ਕੰਪਿਊਟਰ ਰੂਮ	0181-5097310
ਵੈੱਬ ਟੀ ਵੀ	0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਦਿੱਲੀ ਪੁਲਸ 'ਚ ਬਗਾਵਤ

ਅਫਸਰ ਬਦਲਣ 'ਤੇ ਹੈੱਡਕੁਆਰਟਰ ਅੱਗੇ ਧਰਨਾ



ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)
ਇੱਥੇ ਸੋਮਵਾਰ ਪੁਲਸ ਮੁਲਾਜ਼ਮਾਂ ਨੇ ਪੁਲਸ ਹੈੱਡਕੁਆਰਟਰ ਵਿਖੇ ਇਹ ਦੋਸ਼ ਲਾਉਂਦਿਆਂ ਵਿਰੋਧ ਪ੍ਰਦਰਸ਼ਨ ਕੀਤਾ ਕਿ ਵਕੀਲਾਂ ਦੇ ਦਬਾਅ ਹੇਠ ਪੂਰਬੀ ਦਿੱਲੀ ਦੇ ਇੱਕ ਏ ਸੀ ਪੀ ਅਤੇ ਇੱਕ ਇੰਸਪੈਕਟਰ ਨੂੰ ਗੈਰ-ਕਾਰਜਸ਼ੀਲ ਯੂਨਿਟਾਂ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਮੁਲਾਜ਼ਮਾਂ ਨੇ ਇਸ ਕਾਰਵਾਈ ਨੂੰ ਬੇਇਨਸਾਫੀ ਦੱਸਦਿਆਂ ਕਿਹਾ ਕਿ ਇਸ ਨਾਲ ਫੋਰਸ ਦਾ ਮਨੋਬਲ ਡਿੱਗੇਗਾ। ਦੁਪਹਿਰ ਤੱਕ ਸਥਿਤੀ ਹੋਰ ਤਣਾਅਪੂਰਨ ਹੋ ਗਈ, ਜਦੋਂ ਮੁਲਾਜ਼ਮਾਂ ਨੇ ਹੈੱਡਕੁਆਰਟਰ ਦੇ ਅੰਦਰ ਧਰਨਾ ਲਗਾ ਕੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।
ਫੋਰਸ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੈ, ਜਦੋਂ ਮੁਲਾਜ਼ਮਾਂ ਨੇ ਹੈੱਡਕੁਆਰਟਰ ਦੇ ਅੰਦਰ ਅਜਿਹੀ ਖੁੱਲ੍ਹੀ ਬਗਾਵਤ ਕੀਤੀ ਹੋਵੇ। ਪ੍ਰਦਰਸ਼ਨਕਾਰੀਆਂ ਅੱਗੇ ਸੀਨੀਅਰ ਅਧਿਕਾਰੀ ਬੇਵੱਸ ਨਜ਼ਰ ਆਏ।
ਸਥਿਤੀ ਵਿਗੜਦੀ ਦੇਖ ਪੁਲਸ ਕਮਿਸ਼ਨਰ ਅਨੁਰਾਗ ਕੁਮਾਰ ਅਤੇ ਸਪੈਸ਼ਲ ਕਮਿਸ਼ਨਰਾਂ ਨੂੰ ਮੁਲਾਜ਼ਮਾਂ ਦੀਆਂ ਸ਼ਿਕਾਇਤਾਂ ਸੁਣਨ ਲਈ ਆਦਰਸ਼ ਆਡੀਟੋਰੀਅਮ ਵਿੱਚ ਤੁਰੰਤ ਮੀਟਿੰਗ ਸੱਦਣੀ ਪਈ। ਇਸ ਦੌਰਾਨ ਮੀਡੀਆ ਦੇ ਅੰਦਰ ਜਾਣ 'ਤੇ ਪਾਬੰਦੀ ਲਗਾ ਦਿੱਤੀ ਗਈ। ਵੱਖ-ਵੱਖ ਜ਼ਿਲ੍ਹਿਆਂ ਤੋਂ ਪੁਲਸ ਮੁਲਾਜ਼ਮ, ਜਿਨ੍ਹਾਂ ਵਿੱਚ ਵੱਡੀ ਗਿਣਤੀ ਮਹਿਲਾ ਮੁਲਾਜ਼ਮ ਵੀ ਸ਼ਾਮਲ ਸਨ, ਸਾਦੇ ਕੱਪੜਿਆਂ ਵਿੱਚ ਉੱਥੇ ਪਹੁੰਚੇ। ਤੀਸ ਹਜ਼ਾਰੀ ਕੋਰਟ ਕੰਪਲੈਕਸ ਵਿੱਚ ਹੋਈ ਹਿੰਸਾ ਤੋਂ ਬਾਅਦ ਇਹ ਦੂਜੀ ਵਾਰ ਹੈ, ਜਦੋਂ ਦਿੱਲੀ ਪੁਲਸ ਦੇ ਮੁਲਾਜ਼ਮ ਆਪਣੇ ਮਾਣ-ਸਨਮਾਨ ਲਈ ਇਸ ਤਰ੍ਹਾਂ ਇਕੱਠੇ ਹੋਏ ਹਨ। ਮੀਟਿੰਗ ਦੌਰਾਨ ਏ ਸੀ ਪੀ ਮਨਸਵੀ ਵਸ਼ਿਸ਼ਟ ਨੇ ਮੁੱਖ ਤੌਰ 'ਤੇ ਤਿੰਨ ਮੰਗਾਂ ਰੱਖੀਆਂ। ਉਨ੍ਹਾ ਕਿਹਾ ਕਿ ਵਕੀਲਾਂ ਖਿਲਾਫ ਦਰਜ ਕੇਸ ਵਾਪਸ ਨਾ ਲਏ ਜਾਣ, ਕੇਸ ਵਿੱਚੋਂ ਬਾਰ ਕੌਂਸਲ ਦੇ ਮੈਂਬਰ ਦਾ ਨਾਂਅ ਨਾ ਹਟਾਇਆ ਜਾਵੇ ਅਤੇ ਪ੍ਰਦਰਸ਼ਨਕਾਰੀ ਪੁਲਸ ਮੁਲਾਜ਼ਮਾਂ ਖਿਲਾਫ ਕੋਈ ਕਾਨੂੰਨੀ ਕਾਰਵਾਈ ਨਾ ਹੋਵੇ। ਵਸ਼ਿਸ਼ਟ ਨੇ ਕਥਿਤ ਤੌਰ 'ਤੇ ਕਿਹਾ ਕਿ ਜੇ ਵਿਭਾਗ ਨੇ ਮੁਅੱਤਲੀ ਜਾਂ ਕੋਈ ਸਖਤ ਕਾਰਵਾਈ ਕਰਨੀ ਹੈ ਤਾਂ ਉਹ ਸਿਰਫ ਉਨ੍ਹਾ (ਵਸ਼ਿਸ਼ਟ) ਖਿਲਾਫ ਕੀਤੀ ਜਾਵੇ।
ਪਹਿਲੇ ਦੌਰ ਦੀ ਗੱਲਬਾਤ ਬੇਨਤੀਜਾ ਰਹਿਣ ਕਾਰਨ ਪ੍ਰਦਰਸ਼ਨਕਾਰੀ ਆਡੀਟੋਰੀਅਮ ਤੋਂ ਬਾਹਰ ਆ ਗਏ। ਹਾਲਾਂਕਿ, ਬਾਅਦ ਵਿੱਚ ਦੂਜੇ ਦੌਰ ਦੀ ਚਰਚਾ ਸ਼ੁਰੂ ਹੋਣ ਦੀਆਂ ਖਬਰਾਂ ਵੀ ਮਿਲੀਆਂ। ਆਮ ਤੌਰ 'ਤੇ ਬੇਹੱਦ ਅਨੁਸ਼ਾਸਤ ਮੰਨੀ ਜਾਣ ਵਾਲੀ ਦਿੱਲੀ ਪੁਲਸ ਦੇ ਮੁਲਾਜ਼ਮਾਂ ਦਾ ਗੁੱਸਾ ਇਸ ਕਦਰ ਵਧ ਚੁੱਕਾ ਹੈ ਕਿ ਉਹ ਉੱਚ ਅਧਿਕਾਰੀਆਂ ਦੀ ਕੋਈ ਗੱਲ ਸੁਣਨ ਲਈ ਤਿਆਰ ਨਹੀਂ ਦਿਸ ਰਹੇ।

ਨੇਕ ਸਲਾਹ ਦੇਣ ਵਾਲੀ ਦੀਆ ਮਿਰਜ਼ਾ ਮੁੰਬਈ ਨਗਰ ਨਿਗਮ ਵੱਲੋਂ ਬਲੈਕਲਿਸਟ

ਮੁੰਬਈ (ਨਵਾਂ ਜ਼ਮਾਨਾ ਸਰਵਿਸ)
ਭਾਜਪਾ ਦੇ ਮੁੰਬਈ ਪ੍ਰਧਾਨ ਅਮਿਤ ਸਾਤਮ ਦੇ ਇਤਰਾਜ਼ ਤੋਂ ਬਾਅਦ ਬ੍ਰਿਹਨ ਮੁੰਬਈ ਨਗਰ ਨਿਗਮ (ਬੀ ਐੱਮ ਸੀ) ਨੇ ਅਦਾਕਾਰਾ ਦੀਆ ਮਿਰਜ਼ਾ ਦੇ ਇੱਕ ਵੀਡੀਓ ਸੰਦੇਸ਼ ਨੂੰ ਆਪਣੇ ਸੋਸ਼ਲ ਮੀਡੀਆ ਹੈਂਡਲ ਤੋਂ ਚੋਣਵੇਂ ਤੌਰ 'ਤੇ ਹਟਾ ਦੇਣ ਤੋਂ ਬਾਅਦ ਵਾਤਾਵਰਣ-ਅਨੁਕੂਲ ਦੀਵਾਲੀ 'ਤੇ ਇੱਕ ਨਾਗਰਿਕ ਮੁਹਿੰਮ ਨੇ ਵਿਵਾਦ ਛੇੜ ਦਿੱਤਾ ਹੈ।
ਐਤਵਾਰ ਨੂੰ ਮਿਰਜ਼ਾ ਦੀ ਕਲਿੱਪ, ਜਿਸ ਵਿੱਚ ਲੋਕਾਂ ਨੂੰ ਸ਼ੋਰ ਅਤੇ ਹਵਾ ਪ੍ਰਦੂਸ਼ਣ ਤੋਂ ਬਚਣ ਦੀ ਅਪੀਲ ਕੀਤੀ ਗਈ ਸੀ, ਨੂੰ ਹਟਾ ਦਿੱਤਾ ਗਿਆ, ਜਦਕਿ ਅਦਾਕਾਰਾ ਮਾਧੁਰੀ ਦੀਕਸ਼ਿਤ ਅਤੇ ਨਿਸ਼ੀਗੰਧਾ ਵਾਡ ਦੇ ਨਾਲ-ਨਾਲ ਕ੍ਰਿਕਟਰ ਅਜਿੰਕਿਆ ਰਹਾਣੇ ਵਾਲੇ ਮੁਹਿੰਮ ਵੀਡੀਓਜ਼ ਨੂੰ ਬੀ ਐੱਮ ਸੀ ਦੇ ਐੱਕਸ ਅਤੇ ਇੰਸਟਾਗ੍ਰਾਮ ਪੇਜਾਂ 'ਤੇ ਬਰਕਰਾਰ ਰੱਖਿਆ ਗਿਆ ਹੈ।
ਇਹ ਕਦਮ ਉਦੋਂ ਚੁੱਕਿਆ ਗਿਆ, ਜਦੋਂ ਸਾਤਮ ਨੇ ਐੱਕਸ 'ਤੇ ਇੱਕ ਪੋਸਟ ਵਿੱਚ ਕਿਹਾ, 'ਅਸੀਂ ਦੀਵਾਲੀ ਕਿਵੇਂ ਮਨਾਉਣੀ ਹੈ, ਇਸ ਬਾਰੇ ਦੀਆ ਤੋਂ ਸਬਕ ਲੈਣ ਦੀ ਜ਼ਰੂਰਤ ਨਹੀਂ। ਸਾਡੀਆਂ ਪਰੰਪਰਾਵਾਂ ਤੇ ਸੱਭਿਆਚਾਰ ਵਿੱਚ ਡੂੰਘੀਆਂ ਜੜ੍ਹਾਂ ਹਨ।' ਸਾਤਮ ਦੀ ਟਿੱਪਣੀ ਦੇ ਕੁਝ ਘੰਟਿਆਂ ਦੇ ਅੰਦਰ ਕਮਿਸ਼ਨਰ ਅਸ਼ਵਨੀ ਭਿੜੇ ਦੀ ਅਗਵਾਈ ਵਾਲੀ ਨਗਰ ਨਿਗਮ ਨੇ ਆਪਣੇ ਸੋਸ਼ਲ ਮੀਡੀਆ ਪੰਨਿਆਂ ਤੋਂ ਦੀਆ ਮਿਰਜ਼ਾ ਦੀ ਵੀਡੀਓ ਹਟਾ ਦਿੱਤੀ।
ਮੁੰਬਈ ਦੀ ਮੇਅਰ ਰਿਤੂ ਤਾਵੜੇ ਨੇ ਨਗਰ ਨਿਗਮ ਦੇ ਫੈਸਲੇ ਦੀ ਹਮਾਇਤ ਕਰਦਿਆਂ ਕਿਹਾ ਕਿ ਹਿੰਦੂ ਚੰਗੀ ਤਰ੍ਹਾਂ ਜਾਣਦੇ ਹਨ ਕਿ ਦੀਵਾਲੀ ਕਿਵੇਂ ਮਨਾਉਣੀ ਹੈ ਅਤੇ ਉਨ੍ਹਾਂ ਨੂੰ ਮਿਰਜ਼ਾ ਤੋਂ ਸਿੱਖਣ ਦੀ ਜ਼ਰੂਰਤ ਨਹੀਂ। ਦੀਆ ਮਿਰਜ਼ਾ ਨੇ ਨਰਮਦਾ ਪ੍ਰੋਜੈਕਟ, ਯੂਨੀਫਾਰਮ ਸਿਵਲ ਕੋਡ (ਯੂ ਸੀ ਸੀ) ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਬਿਆਨਾਂ ਦਾ ਲਗਾਤਾਰ ਵਿਰੋਧ ਕੀਤਾ ਹੈ। ਦੀਆ ਮਿਰਜ਼ਾ ਦਾ ਹਿੰਦੂਤਵ ਵਿਰੁੱਧ ਵਿਰੋਧ ਲਗਾਤਾਰ ਜਾਰੀ ਹੈ। ਮੇਅਰ ਨੇ ਅੱਗੇ ਕਿਹਾ ਕਿ ਬੀ ਐੱਮ ਸੀ ਨੇ ਉਸ ਨੂੰ ਬਲੈਕਲਿਸਟ ਕਰ ਦਿੱਤਾ ਹੈ। ਉਸ ਨੂੰ ਆਪਣੇ ਚੋਣਵੇਂ ਏਜੰਡੇ 'ਤੇ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ। ਉਸ ਨੇ ਅਦਾਕਾਰਾ 'ਤੇ ਵਾਤਾਵਰਣ ਸੰਕਟ ਨੂੰ ਹੱਲ ਕਰਨ ਲਈ ਸਰਕਾਰ ਦੇ ਯਤਨਾਂ ਦਾ ਵਿਰੋਧ ਕਰਨ ਦਾ ਵੀ ਦੋਸ਼ ਲਗਾਇਆ।
ਦੀਆ ਮਿਰਜ਼ਾ ਨੇ ਦੱਸਿਆ ਕਿ ਇਹ ਵੀਡੀਓ ਬੰਬੇ ਹਾਈ ਕੋਰਟ ਦੀ ਹਾਲ ਹੀ ਵਿੱਚ ਮਸ਼ਹੂਰ ਹਸਤੀਆਂ ਨੂੰ ਕੀਤੀ ਗਈ ਅਪੀਲ ਦੇ ਹਿੱਸੇ ਵਜੋਂ ਰਿਕਾਰਡ ਕੀਤਾ ਗਿਆ ਸੀ।
ਵੀਡੀਓ ਵਿੱਚ ਦੀਆ ਨੇ ਪਟਾਕੇ ਨਾ ਚਲਾਉਣ ਅਤੇ ਪ੍ਰਦੂਸ਼ਣ ਮੁਕਤ ਦੀਵਾਲੀ ਮਨਾਉਣ ਦੀ ਅਪੀਲ ਕੀਤੀ ਸੀ। ਦੀਆ ਮਿਰਜ਼ਾ ਨੇ ਕਿਹਾ ਕਿ ਉਸ ਨੂੰ ਇਸ ਮੁਹਿੰਮ ਲਈ ਬੀ ਐੱਮ ਸੀ ਤੋਂ ਕੋਈ ਫੀਸ ਨਹੀਂ ਮਿਲੀ। ਉਸ ਨੇ ਨਿਰਾਸ਼ਾ ਪ੍ਰਗਟ ਕਰਦੇ ਹੋਏ ਕਿਹਾ ਕਿ ਚੰਗਿਆਈ ਦਾ ਯੁੱਗ ਖਤਮ ਹੋ ਗਿਆ ਹੈ। ਉਸ ਨੇ ਕਿਹਾ, 'ਕੋਈ ਮੇਰੇ ਦੁਆਰਾ ਰਿਕਾਰਡ ਕੀਤੀ ਗਈ ਵੀਡੀਓ ਦੀ ਆਲੋਚਨਾ ਕਿਉਂ ਕਰੇ, ਜੋ ਕਿ ਬੀ ਐੱਮ ਸੀ ਨੇ ਜਨਤਕ ਹਿੱਤ ਵਿੱਚ ਰਿਕਾਰਡ ਕਰਵਾਈ ਸੀ? ਹਵਾ ਪ੍ਰਦੂਸ਼ਣ ਚਿੰਤਾ ਦਾ ਵਿਸ਼ਾ ਹੈ ਅਤੇ ਪ੍ਰਦੂਸ਼ਣ ਘਟਾਉਣ ਦੇ ਸਾਰੇ ਯਤਨਾਂ ਦਾ ਸਵਾਗਤ ਕੀਤਾ ਜਾਣਾ ਚਾਹੀਦਾ ਹੈ।'



ਜੌੜਾਮਾਜਰਾ, ਪਠਾਣਮਾਜਰਾ ਤੇ ਕੁੰਵਰ ਵਿਜੈ ਪ੍ਰਤਾਪ ਨੇ ਭਾਜਪਾ ਦੀ ਪਰਚੀ ਕਟਾਈ



ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)
ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਛੱਡਣ ਵਾਲੇ ਤਿੰਨ ਵਿਧਾਇਕਾਂ ਸਮਾਣਾ ਤੋਂ ਚੇਤਨ ਸਿੰਘ ਜੌੜਾਮਾਜਰਾ, ਸਨੌਰ ਤੋਂ ਹਰਮੀਤ ਸਿੰਘ ਪਠਾਣਮਾਜਰਾ ਅਤੇ ਅੰਮ੍ਰਿਤਸਰ ਉਤਰੀ ਤੋਂ ਕੁੰਵਰ ਵਿਜੈ ਪ੍ਰਤਾਪ ਸਿੰਘ ਸੋਮਵਾਰ ਭਾਜਪਾ 'ਚ ਸ਼ਾਮਲ ਹੋ ਗਏ। ਇਨ੍ਹਾਂ ਨੂੰ ਭਾਜਪਾ ਦੇ ਪੰਜਾਬ ਇੰਚਾਰਜ ਸਤੀਸ਼ ਪੂਨੀਆ ਅਤੇ ਪੰਜਾਬ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ 'ਜੀ ਆਇਆਂ ਨੂੰ' ਆਖਿਆ। ਪਠਾਣਮਾਜਰਾ ਦੀ ਮੁੱਖ ਮੰਤਰੀ ਭਗਵੰਤ ਮਾਨ ਦੇ ਪਰਵਾਰ ਨਾਲ ਕਾਫੀ ਨੇੜਤਾ ਸੀ। ਉਹ ਸਿਆਸੀ ਹਲਕਿਆਂ 'ਚ 'ਫੁੱਫੜ' ਵਜੋਂ ਮਸ਼ਹੂਰ ਸਨ। ਪਠਾਣਮਾਜਰਾ ਨੇ 2022 ਵਿੱਚ ਸਨੌਰ ਸੀਟ 49,122 ਵੋਟਾਂ ਦੇ ਫਰਕ ਨਾਲ ਜਿੱਤੀ ਸੀ। ਪੰਜਾਬ ਪੁਲਸ ਨੇ ਸਤੰਬਰ 2025 'ਚ ਸਾਬਕਾ ਪਤਨੀ ਦੀ ਸ਼ਿਕਾਇਤ 'ਤੇ ਪਠਾਣਮਾਜਰਾ ਖਿਲਾਫ ਜਬਰ-ਜ਼ਨਾਹ ਦਾ ਕੇਸ ਦਰਜ ਕੀਤਾ ਸੀ। ਪੁਲਸ ਨੇ ਮਾਰਚ ਵਿੱਚ ਉਨ੍ਹਾ ਨੂੰ ਗਵਾਲੀਅਰ ਨੇੜਿਓਂ ਗ੍ਰਿਫਤਾਰ ਕੀਤਾ ਸੀ। ਮਗਰੋਂ ਉਨ੍ਹਾ ਨੂੰ ਹਾਈ ਕੋਰਟ 'ਚੋਂ ਜ਼ਮਾਨਤ ਮਿਲ ਗਈ ਸੀ। ਪਠਾਣਮਾਜਰਾ ਵਿਰੁੱਧ ਪਟਿਆਲਾ ਜ਼ਿਲ੍ਹੇ 'ਚ ਗੈਰ-ਕਾਨੂੰਨੀ ਖਣਨ ਦਾ ਵੀ ਕੇਸ ਦਰਜ ਹੈ। ਸਾਬਕਾ ਮੰਤਰੀ ਜੌੜਾਮਾਜਰਾ ਉਦੋਂ ਤੋਂ ਪਾਰਟੀ ਨਾਲ ਨਾਰਾਜ਼ ਸਨ, ਜਦੋਂ ਤੋਂ ਪਾਰਟੀ ਨੇ ਸਮਾਣਾ ਦੀ ਹਲਕਾ ਇੰਚਾਰਜੀ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਨੂੰ ਸੌਂਪੀ। ਉਨ੍ਹਾ 2022 'ਚ ਹਲਕਾ ਸਮਾਣਾ ਤੋਂ ਅਕਾਲੀ ਉਮੀਦਵਾਰ ਸੁਰਜੀਤ ਸਿੰਘ ਰੱਖੜਾ ਨੂੰ 39,713 ਵੋਟਾਂ ਦੇ ਫਰਕ ਨਾਲ ਹਰਾਇਆ ਸੀ। ਜੌੜਾਮਾਜਰਾ ਸਿਹਤ ਮੰਤਰੀ ਹੁੰਦਿਆਂ ਵਿਵਾਦਾਂ 'ਚ ਘਿਰ ਗਏ ਸਨ, ਜਦੋਂ ਉਨ੍ਹਾਂ ਨੇ ਫਰੀਦਕੋਟ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ 'ਚ ਗੱਦਿਆਂ ਦੇ ਨਿਰੀਖਣ ਸਮੇਂ ਵਾਈਸ ਚਾਂਸਲਰ ਡਾ. ਰਾਜ ਬਹਾਦਰ ਨੂੰ ਗੰਦੇ ਗੱਦੇ 'ਤੇ ਲੇਟਣ ਲਈ ਕਿਹਾ ਸੀ।
ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਬੀਤੇ ਸਾਲ ਜੂਨ ਵਿੱਚ ਪਾਰਟੀ ਵਿਰੋਧੀ ਗਤੀਵਿਧੀਆਂ ਵਿੱਚ ਸ਼ਾਮਲ ਹੋਣ ਦੇ ਦੋਸ਼ ਹੇਠ ਪੰਜ ਸਾਲਾਂ ਲਈ ਮੁਅੱਤਲ ਕਰ ਦਿੱਤਾ ਗਿਆ ਸੀ। ਇਹ ਮੁਅੱਤਲੀ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਬਿਕਰਮ ਸਿੰਘ ਮਜੀਠੀਆ, ਜਿਨ੍ਹਾ ਨੂੰ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲੇ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ, ਵਿਰੁੱਧ ਪੰਜਾਬ ਵਿਜੀਲੈਂਸ ਬਿਊਰੋ ਦੀ ਕਾਰਵਾਈ 'ਤੇ ਸਵਾਲ ਚੁੱਕਣ ਤੋਂ ਬਾਅਦ ਹੋਈ ਸੀ। ਕੁੰਵਰ ਵਿਜੈ ਪ੍ਰਤਾਪ ਸਿੰਘ ਕਈ ਮੁੱਦਿਆਂ 'ਤੇ 'ਆਪ' ਸਰਕਾਰ ਦੇ ਤਿੱਖੇ ਆਲੋਚਕ ਰਹੇ। ਉਨ੍ਹਾ ਇਸ ਤੋਂ ਪਹਿਲਾਂ ਫਰੀਦਕੋਟ ਵਿੱਚ 2015 ਦੇ ਬੇਅਦਬੀ ਅਤੇ ਪੁਲਸ ਗੋਲੀਬਾਰੀ ਦੀਆਂ ਘਟਨਾਵਾਂ ਦੇ ਮਾਮਲਿਆਂ ਨਾਲ ਨਜਿੱਠਣ 'ਤੇ ਨਾਰਾਜ਼ਗੀ ਜ਼ਾਹਰ ਕੀਤੀ ਸੀ। ਉਹ ਪੰਜਾਬ ਪੁਲਸ ਦੀ ਵਿਸ਼ੇਸ਼ ਜਾਂਚ ਟੀਮ ਦਾ ਹਿੱਸਾ ਸਨ, ਜਿਸ ਨੇ 2015 ਦੇ ਕੋਟਕਪੂਰਾ ਅਤੇ ਬਹਿਬਲ ਕਲਾਂ ਗੋਲੀਬਾਰੀ ਦੀਆਂ ਘਟਨਾਵਾਂ ਦੀ ਜਾਂਚ ਕੀਤੀ ਸੀ। ਵਿਧਾਨ ਸਭਾ 'ਚ ਉਨ੍ਹਾ 2015 ਦੇ ਬੇਅਦਬੀ ਦਾ ਮੁੱਦਾ ਕਈ ਵਾਰ ਚੁੱਕਿਆ। ਸਾਲ 2021 ਵਿੱਚ ਪੁਲਸ ਸੇਵਾ ਤੋਂ ਸਮੇਂ ਤੋਂ ਪਹਿਲਾਂ ਸੇਵਾਮੁਕਤੀ ਲੈਣ ਤੋਂ ਬਾਅਦ ਉਹ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਸਨ ਅਤੇ ਬਾਅਦ ਵਿੱਚ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਅੰਮ੍ਰਿਤਸਰ ਉੱਤਰੀ ਸੀਟ ਤੋਂ ਵਿਧਾਇਕ ਚੁਣੇ ਗਏ ਸਨ।

ਦੋ ਸੀਟਾਂ ਖਾਲੀ

ਚੰਡੀਗੜ੍ਹ : ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੰਮ੍ਰਿਤਸਰ (ਉੱਤਰੀ) ਤੋਂ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਅਤੇ ਸਨੌਰ ਤੋਂ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਦਾ ਅਸਤੀਫਾ ਪ੍ਰਵਾਨ ਕਰਨ ਮਗਰੋਂ ਹਲਕਾ ਅੰਮ੍ਰਿਤਸਰ (ਉੱਤਰੀ) ਤੇ ਹਲਕਾ ਸਨੌਰ ਦੀ ਸੀਟ ਨੂੰ ਅਧਿਕਾਰਤ ਤੌਰ 'ਤੇ 'ਖਾਲੀ' (ਵੇਕੈਂਟ) ਐਲਾਨ ਦਿੱਤੀਆਂ। ਇਸ ਤੋਂ ਇਲਾਵਾ ਸਪੀਕਰ ਨੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੂੰ ਨੋਟਿਸ ਜਾਰੀ ਕਰਕੇ ਜਵਾਬ ਤਲਬ ਕੀਤਾ ਹੈ। ਸਪੀਕਰ ਨੇ ਇਸ ਮਾਮਲੇ ਦੀ 5 ਨਵੰਬਰ ਨੂੰ ਸੁਣਵਾਈ ਰੱਖੀ ਹੈ। 'ਆਪ' ਦੀ ਚੀਫ ਵ੍ਹਿੱਪ ਬਲਜਿੰਦਰ ਕੌਰ ਨੇ ਸਪੀਕਰ ਕੋਲ ਪਟੀਸ਼ਨ ਦਾਇਰ ਕੀਤੀ ਸੀ, ਜਿਸ 'ਚ ਉਨ੍ਹਾ ਨੇ ਜੌੜਾਮਾਜਰਾ ਨੂੰ ਮੈਂਬਰੀ ਤੋਂ ਅਯੋਗ ਕਰਾਰ ਦਿੱਤੇ ਜਾਣ ਦੀ ਅਪੀਲ ਕੀਤੀ। ਪਾਰਟੀ ਛੱਡਣ ਤੋਂ ਕੁਝ ਘੰਟੇ ਪਹਿਲਾਂ ਹੀ ਦੋ ਵਿਧਾਇਕਾਂ ਨੇ ਪੰਜਾਬ ਵਿਧਾਨ ਸਭਾ ਦੀ ਮੈਂਬਰੀ ਤੋਂ ਅਸਤੀਫਾ ਸਪੀਕਰ ਨੂੰ ਭੇਜਿਆ ਸੀ। ਕੁਝ ਘੰਟਿਆਂ ਮਗਰੋਂ ਹੀ ਸਪੀਕਰ ਨੇ ਅਸਤੀਫੇ ਪ੍ਰਵਾਨ ਕਰ ਲਏ।

ਜੇ ਐੱਨ ਯੂ ਦੇ ਪ੍ਰੋਫੈਸਰ ਅਕੋਇਜਮ ਦੀ ਬਰਖਾਸਤਗੀ ਸਟੇਅ



ਨਵੀਂ ਦਿੱਲੀ : ਦਿੱਲੀ ਹਾਈ ਕੋਰਟ ਨੇ ਸੋਮਵਾਰ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ (ਜੇ ਐੱਨ ਯੂ) ਪ੍ਰਸ਼ਾਸਨ ਦੇ ਪ੍ਰੋਫੈਸਰ ਤੇ ਕਾਂਗਰਸ ਸਾਂਸਦ ਅੰਗੋਮਚਾ ਬਿਮੋਲ ਅਕੋਇਜਮ ਦੀਆਂ ਸੇਵਾਵਾਂ ਨੂੰ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਕਾਰਨ ਖਤਮ ਕਰਨ ਦੇ ਫੈਸਲੇ 'ਤੇ ਰੋਕ ਲਗਾ ਦਿੱਤੀ। ਜਸਟਿਸ ਅਨੂਪ ਜੇ ਭੰਭਾਨੀ ਨੇ ਬਰਖਾਸਤਗੀ ਦੇ ਹੁਕਮ ਨੂੰ ਚੁਣੌਤੀ ਦੇਣ ਵਾਲੀ ਅਕੋਇਜਮ ਦੀ ਪਟੀਸ਼ਨ 'ਤੇ ਯੂਨੀਵਰਸਿਟੀ ਨੂੰ ਨੋਟਿਸ ਜਾਰੀ ਕੀਤਾ ਅਤੇ ਜਨਵਰੀ ਵਿੱਚ ਸੁਣਵਾਈ ਲਈ ਕੇਸ ਸੂਚੀਬੱਧ ਕੀਤਾ।
ਮਈ ਵਿੱਚ ਘੱਟੋ-ਘੱਟ 11 ਵਿਦਿਆਰਥਣਾਂ ਨੇ ਪ੍ਰੋਫੈਸਰ ਵਿਰੁੱਧ ਜਿਨਸੀ ਸ਼ੋਸ਼ਣ ਦੀਆਂ ਸ਼ਿਕਾਇਤਾਂ ਦਰਜ ਕਰਵਾਈਆਂ ਸਨ। ਸ਼ਿਕਾਇਤਕਰਤਾਵਾਂ ਨੇ ਦੋਸ਼ ਲਗਾਇਆ ਕਿ ਅਕੋਇਜਮ ਨੇ ਮੀਟਿੰਗਾਂ ਜਾਂ ਇਕੱਠਾਂ ਦੇ ਬਹਾਨੇ ਵਿਦਿਆਰਥਣਾਂ ਨੂੰ ਆਪਣੇ ਕੈਂਪਸ ਰਿਹਾਇਸ਼ 'ਤੇ ਬੁਲਾਇਆ ਅਤੇ ਉਨ੍ਹਾਂ ਦਾ ਜਿਨਸੀ ਸ਼ੋਸ਼ਣ ਕਰਨ ਦੀ ਕੋਸ਼ਿਸ਼ ਕੀਤੀ। ਕੁਝ ਨੇ ਇਹ ਵੀ ਦੋਸ਼ ਲਗਾਇਆ ਹੈ ਕਿ ਉਸ ਨੇ ਕਲਾਸਾਂ ਦੌਰਾਨ ਅਸ਼ਲੀਲ ਅਤੇ ਅਣਉਚਿਤ ਟਿੱਪਣੀਆਂ ਕੀਤੀਆਂ। 9 ਅਕਤੂਬਰ ਨੂੰ ਜੇ ਐੱਨ ਯੂ ਨੇ ਜਿਨਸੀ ਸ਼ੋਸ਼ਣ ਦੀਆਂ ਸ਼ਿਕਾਇਤਾਂ 'ਤੇ ਅਕੋਇਜਮ ਨੂੰ ਬਰਖਾਸਤ ਕਰ ਦਿੱਤਾ ਸੀ। ਵਾਈਸ-ਚਾਂਸਲਰ ਸੰਤੀਸ਼੍ਰੀ ਡੀ ਪੰਡਤ ਦੁਆਰਾ ਦਸਤਖਤ ਕੀਤੇ ਗਏ ਬਰਖਾਸਤਗੀ ਦੇ ਹੁਕਮ ਵਿੱਚ ਕਿਹਾ ਗਿਆ ਕਿ ਯੂਨੀਵਰਸਿਟੀ ਦੀ ਅੰਦਰੂਨੀ ਸ਼ਿਕਾਇਤ ਕਮੇਟੀ ਨੇ ਜਾਂਚ ਕੀਤੀ ਸੀ ਅਤੇ ਆਪਣੇ ਨਤੀਜਿਆਂ ਦੇ ਆਧਾਰ 'ਤੇ ਅਨੁਸ਼ਾਸਨੀ ਕਾਰਵਾਈ ਦੀ ਸਿਫਾਰਸ਼ ਕੀਤੀ ਸੀ।
ਢੁਕਵੀਂ ਪ੍ਰਕਿਰਿਆ ਦੀ ਪਾਲਣਾ ਕਰਨ ਅਤੇ ਸਾਰੇ ਉਪਲੱਬਧ ਤੱਥਾਂ 'ਤੇ ਵਿਚਾਰ ਕਰਨ ਤੋਂ ਬਾਅਦ ਅਤੇ ਅੰਦਰੂਨੀ ਕਮੇਟੀ ਦੀ ਰਿਪੋਰਟ ਦੇ ਅਨੁਸਾਰ ਯੂਨੀਵਰਸਿਟੀ ਦੀਆਂ ਸੇਵਾਵਾਂ ਤੋਂ ਬਰਖਾਸਤਗੀ ਦੀ ਸਜ਼ਾ ਲਗਾਈ ਗਈ। ਕਾਂਗਰਸ ਸੰਸਦ ਮੈਂਬਰ ਨੇ ਸਾਰੇ ਦੋਸ਼ਾਂ ਤੋਂ ਇਨਕਾਰ ਕੀਤਾ ਹੈ।

ਮਾਰਕਸ ਨੇ ਦੁਨੀਆ ਨੂੰ ਨਵਾਂ ਫਲਸਫ਼ਾ ਦਿੱਤਾ : ਪ੍ਰੋ: ਜੁਗਲ ਰਾਇਲੂ

ਡਾ. ਅੰਬੇਡਕਰ ਤੇ ਗਾਂਧੀ ਇੱਕ-ਦੂਸਰੇ ਦਾ ਸਤਿਕਾਰ ਕਰਦੇ ਸਨ



ਚੰਡੀਗੜ੍ਹ (ਗਿਆਨ ਸੈਦਪੁਰੀ)
'ਮਹਾਤਮਾ ਗਾਂਧੀ ਸੁਤੰਤਰਤਾ ਅੰਦੋਲਨ ਦੇ ਨਾਇਕ ਵਜੋਂ ਜਾਣੇ ਜਾਂਦੇ ਰਹੇ, ਡਾਕਟਰ ਅੰਬੇਡਕਰ ਦਲਿਤਾਂ ਦੇ ਮਸੀਹਾ ਵਜੋਂ ਪ੍ਰਸਿੱਧ ਹੋਏ, ਉਥੇ ਕਾਰਲ ਮਾਰਕਸ ਨੇ ਨਵਾਂ ਦਰਸ਼ਨ (ਫਲਸਫਾ) ਦਿੱਤਾ। ਉਹਨਾ ਇੱਕ ਨਵਾਂ ਸੰਸਾਰ ਪੱਧਰੀ ਸਮਾਜ ਸਿਰਜਿਆ।' ਉਕਤ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਕਮਿਊਨਿਸਟ ਪਾਰਟੀ ਦੇ ਕੇਂਦਰੀ ਪਾਰਟੀ ਸਿੱਖਿਆ ਵਿਭਾਗ ਦੇ ਮੈਂਬਰ ਪ੍ਰੋ: ਜੁਗਲ ਰਾਇਲੂ ਨੇ ਕੀਤਾ। ਉਹ ਮਾਰਕਸ, ਗਾਂਧੀ ਤੇ ਅੰਬੇਡਕਰ ਵਿਸ਼ੇ 'ਤੇ ਇਥੇ ਚੱਲ ਰਹੇ ਕੇਂਦਰੀ ਪਾਰਟੀ ਸਕੂਲ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾ ਸਮਾਜ ਤੇ ਅਮਿੱਟ ਛਾਪ ਛੱਡ ਕੇ ਗਏ ਤਿੰਨੋਂ ਮਹਾਨ ਵਿਅਕਤੀਆਂ ਦੀ ਤੁਲਨਾਤਮਿਕ ਵਿਆਖਿਆ ਕੀਤੀ। ਉਹਨਾ ਦੱਸਿਆ ਕਿ ਤਿੰਨੋਂ ਵਿਅਕਤੀਆਂ ਦੇ ਪੈਦਾ ਹੋਣ ਤੋਂ ਪਹਿਲਾਂ ਵੱਡੀਆਂ ਇਤਿਹਾਸਿਕ ਘਟਨਾਵਾਂ ਵਾਪਰ ਚੁੱਕੀਆਂ ਸਨ। ਮਾਰਕਸ ਦਾ ਜਨਮ 5 ਮਈ 1818 ਨੂੰ ਹੋਇਆ। ਉਸ ਤੋਂ ਪਹਿਲਾਂ ਫਰਾਂਸ ਵਿੱਚ ਕ੍ਰਾਂਤੀ ਹੁੰਦੀ ਹੈ। ਇਸੇ ਤਰ੍ਹਾਂ ਗਾਂਧੀ ਦਾ ਜਨਮ ਦੋ ਅਕਤੂਬਰ 1869 ਨੂੰ ਹੋਇਆ। ਉਸ ਤੋਂ ਪਹਿਲਾਂ ਦੇਸ਼ ਵਿੱਚ 1857 ਦਾ ਗ਼ਦਰ ਵਾਪਰਦਾ ਹੈ। ਇਸੇ ਤਰ੍ਹਾਂ ਅੰਬੇਡਕਰ ਦਾ ਜਨਮ 14 ਅਪ੍ਰੈਲ 1891 ਨੂੰ ਹੋਇਆ। ਉਸ ਵਕਤ ਮੁਲਕ ਵਿੱਚ ਆਜ਼ਾਦੀ ਲਈ ਵੱਖ-ਵੱਖ ਅੰਦੋਲਨ ਕਰਵਟ ਲੈ ਰਹੇ ਸਨ। ਪ੍ਰੋਫੈਸਰ ਰਾਇਲੂ ਨੇ ਤਿੰਨੇ ਆਗੂਆਂ ਦੇ ਵੱਖਰੇ-ਵੱਖਰੇ ਫਲਸਫੇ ਦਾ ਜ਼ਿਕਰ ਕਰਦਿਆਂ ਕਿਹਾ ਕਿ ਮਾਰਕਸ ਦਾ ਨਜ਼ਰੀਆ ਪਦਾਰਥਵਾਦੀ, ਭੌਤਿਕਵਾਦੀ ਤੇ ਯਥਾਰਥਵਾਦੀ ਸੀ। ਗਾਂਧੀ ਸਨਾਤਨੀ ਹਿੰਦੂ ਧਰਮ ਦੀਆਂ ਪਰੰਪਰਾਵਾਂ ਦਾ ਪੈਰੋਕਾਰ ਸੀ। ਉਂਝ ਉਹ ਸੈਕੂਲਰ ਸੀ। ਡਾ. ਅੰਬੇਡਕਰ ਨਾਸਤਿਕ ਸੀ, ਬਾਅਦ ਵਿੱਚ ਉਸ ਨੇ ਬੁੱਧ ਧਰਮ ਧਾਰਨ ਕੀਤਾ।ਮਾਰਕਸ ਦੀ ਆਰਥਿਕ ਨੀਤੀ ਸਮਾਜਵਾਦੀ ਸੀ। ਉਹ ਤਾ-ਜ਼ਿੰਦਗੀ ਇਸ ਗੱਲ ਲਈ ਸੰਘਰਸ਼ਸ਼ਿਤ ਰਿਹਾ ਕਿ ਮਿਹਨਤਕਸ਼ ਲੋਕਾਂ ਨੂੰ ਉਹਨਾਂ ਦੀ ਕਿਰਤ ਦਾ ਸਹੀ ਮੁੱਲ ਮਿਲੇ। ਗਾਂਧੀ ਪੇਂਡੂ ਵਿਕਾਸ 'ਤੇ ਜ਼ੋਰ ਦਿੰਦੇ ਸਨ, ਪਰ ਉਹਨਾ ਦਾ ਵਿਚਾਰ ਅਸਫਲ ਰਿਹਾ। ਅੰਬੇਡਕਰ ਸਟੇਟ ਸੋਸ਼ਲਿਜ਼ਮ ਦੇ ਚਾਹਵਾਨ ਸਨ। ਉਹਨਾ ਦਾ ਇਹ ਵੀ ਅਕੀਦਾ ਸੀ ਜ਼ਮੀਨ ਦਾ ਰਾਸ਼ਟਰੀਕਰਨ ਹੋਣਾ ਚਾਹੀਦਾ ਹੈ। ਮਾਰਕਸ ਵਿਵਸਥਾ ਪਰਿਵਰਤਨ ਲਈ ਕ੍ਰਾਂਤੀ ਦੇ ਸਮਰਥਕ ਸਨ। ਗਾਂਧੀ ਸਮੇਂ ਦੇ ਹਾਲਾਤ ਨੂੰ ਸੁਧਾਰਨਾ ਚਾਹੁੰਦੇ ਸਨ। 1947 ਵਿੱਚ ਦੇਸ਼ ਨੂੰ ਮਿਲੀ ਆਜ਼ਾਦੀ ਉਪਰੰਤ ਗਾਂਧੀ ਦਾ ਵਿਚਾਰ ਖਤਮ ਹੋ ਗਿਆ, ਪਰ ਉਨ੍ਹਾ ਦਾ ਵਡੱਪਣ ਕਾਇਮ ਰਿਹਾ। ਭਾਰਤ ਦੇ ਸੰਵਿਧਾਨ ਦੀ ਗੱਲ ਕਰਦਿਆ ਪ੍ਰੋਫੈਸਰ ਰਾਇਲੂ ਨੇ ਕਿਹਾ ਕਿ ਇਸ ਦੀ ਵਿਸ਼ੇਸ਼ਤੇ ਮਹੱਤਵਪੂਰਨ ਗੱਲ ਇਹ ਹੈ ਕਿ ਇਹ ਹਰ ਨਾਗਰਿਕ ਨੂੰ ਬਰਾਬਰਤਾ ਪ੍ਰਦਾਨ ਕਰਦਾ ਹੈ। ਇਸ ਦੀ ਸ਼ੁਰੂਆਤ ਹੀ 'ਅਸੀਂ ਭਾਰਤ ਦੇ ਲੋਕ' ਤੋਂ ਹੁੰਦੀ ਹੈ। ਆਰ ਐੱਸ ਐੱਸ ਨੂੰ ਇਹੀ ਗੱਲ ਹਜ਼ਮ ਨਹੀਂ ਹੁੰਦੀ। ਵਿਸ਼ੇ ਸੰਬੰਧੀ ਗੱਲ ਕਰਨ ਤੋਂ ਪਹਿਲਾਂ ਪ੍ਰੋਫੈਸਰ ਰਾਇਲੂ ਨੇ ਕਿਹਾ ਕਿ ਅਸੀਂ ਪਾਰਟੀ ਦਾ ਨੈਸ਼ਨਲ ਸਕੂਲ ਪੰਜਾਬ ਵਿੱਚ ਲਾ ਰਹੇ ਹਾਂ। ਪੰਜਾਬ ਵਿੱਚ ਸੀ ਪੀ ਆਈ ਇਨਕਲਾਬੀ ਪਾਰਟੀ ਵਜੋਂ ਜਾਣੀ ਜਾਂਦੀ ਹੈ। ਪੰਜਾਬ ਵਿੱਚ ਇੱਕ ਦਹਾਕੇ ਤੱਕ ਚੱਲੀ ਖੂਨੀ ਹਨੇਰੀ ਵਿੱਚ 200 ਦੇ ਕਰੀਬ ਕਮਿਊਨਿਸਟ ਆਗੂ ਸ਼ਹੀਦ ਹੋਏ। ਆਪਣੀ ਵਿਚਾਰਧਾਰਾ 'ਤੇ ਸਾਬਤ ਕਦਮੀ ਰਹਿਣ ਦੀ ਇਸ ਤੋਂ ਵੱਡੀ ਮਿਸਾਲ ਹੋਰ ਕਿਧਰੇ ਮਿਲਣੀ ਮੁਸ਼ਕਲ ਹੈ। ਇਸ ਉਪਰੰਤ ਪ੍ਰੋਫੈਸਰ ਰਾਇਲੂ ਨੇ ਕਿਹਾ ਕਿ ਗਾਂਧੀ ਅਤੇ ਅੰਬੇਡਕਰ ਦਰਮਿਆਨ ਪ੍ਰਚਾਰੀ ਜਾਂਦੀ ਦੁਸ਼ਮਣੀ ਦੀ ਭਾਵਨਾ ਸਹੀ ਨਹੀਂ। ਇਤਿਹਾਸਿਕ ਪੂਨਾ ਪੈਕਟ ਦੇ ਹਵਾਲੇ ਨਾਲ ਪ੍ਰੋਫੈਸਰ ਰਾਇਲੂ ਨੇ ਕਿਹਾ ਕਿ ਉਸ ਵਕਤ ਕੁਝ ਖਾਸ ਪਰਿਸਥਿਤੀਆਂ ਦੇ ਉਤਪੰਨ ਹੋਣ ਨਾਲ ਗਾਂਧੀ ਅਤੇ ਅੰਬੇਡਕਰ ਦਰਮਿਆਨ ਕੁਝ ਮਤਭੇਦ ਪੈਦਾ ਹੋਏ ਨਜ਼ਰ ਆਏ ਸਨ। ਇਹ ਦੋਵੇਂ ਆਗੂ ਇੱਕ-ਦੂਜੇ ਦਾ ਸਤਿਕਾਰ ਕਰਦੇ ਸਨ।

ਕਾਮਰੇਡ ਰਣਧੀਰ ਸਿੰਘ ਗਿੱਲ ਦੀ ਬਰਸੀ ਮੌਕੇ 7 ਨੂੰ ਸੈਮੀਨਾਰ



ਮੋਗਾ : ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਵੱਲੋਂ ਕਾਮਰੇਡ ਰਣਧੀਰ ਗਿੱਲ ਦੀ ਚੌਥੀ ਬਰਸੀ ਅਤੇ ਸਮਾਜਵਾਦੀ ਅਕਤੂਬਰ ਇਨਕਲਾਬ ਦੀ 109ਵੀਂ ਵਰ੍ਹੇਗੰਢ ਨੂੰ ਸਮਰਪਿਤ ਇੱਕ ਵਿਚਾਰਧਾਰਕ ਸੈਮੀਨਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਪਾਰਟੀ ਦੇ ਜ਼ਿਲ੍ਹਾ ਸਕੱਤਰ ਕੁਲਦੀਪ ਭੋਲਾ ਨੇ ਦੱਸਿਆ ਕਿ ਕਾਮਰੇਡ ਰਣਧੀਰ ਗਿੱਲ ਮੋਗਾ ਜ਼ਿਲ੍ਹੇ ਦੇ ਉਘੇ ਕਮਿਊਨਿਸਟ ਆਗੂ ਸਨ, ਜਿਨ੍ਹਾ ਸਾਰੀ ਉਮਰ ਮਜ਼ਦੂਰ, ਮੁਲਾਜ਼ਮਾਂ, ਕਿਸਾਨ ਅਤੇ ਦੱਬੇ-ਕੁਚਲੇ ਵਰਗਾਂ ਦੇ ਹੱਕਾਂ ਲਈ ਸੰਘਰਸ਼ ਕੀਤਾ। ਉਨ੍ਹਾ ਦੀ ਬਰਸੀ ਮੌਕੇ ਹਰ ਸਾਲ ਜ਼ਿਲ੍ਹਾ ਮੋਗਾ ਦੀ ਭਾਰਤੀ ਕਮਿਊਨਿਸਟ ਪਾਰਟੀ ਉਨ੍ਹਾ ਦੇ ਵਿਚਾਰਾਂ ਅਤੇ ਘਾਲਣਾਵਾਂ ਨੂੰ ਯਾਦ ਕਰਦੇ ਹੋਏ ਉਹਨਾ ਦੇ ਜੀਵਨ ਤੋਂ ਪ੍ਰੇਰਨਾ ਲੈਂਦੀ ਹੈ। ਉਨ੍ਹਾ ਦੱਸਿਆ ਕਿ ਉਹਨਾ ਦੀ ਯਾਦ ਵਿੱਚ 7 ਨਵੰਬਰ (ਸ਼ਨੀਵਾਰ) ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਸੈਮੀਨਾਰ ਦੇ ਰੂਪ ਵਿੱਚ ਉਹਨਾ ਨੂੰ ਯਾਦ ਕੀਤਾ ਜਾਵੇਗਾ।'ਸਮਾਜਵਾਦ ਦੀ ਅਟੱਲਤਾ' ਵਿਸ਼ੇ ਉਪਰ ਡਾ. ਸੁਖਦੇਵ ਸਿਰਸਾ ਅਤੇ 'ਏ ਆਈ-ਬੁਰਜੂਆ ਵਿਕਾਸ ਦੀ ਉਤਮਤਾ ਅਤੇ ਪ੍ਰੋਲੇਤਾਰੀ ਉਥਾਨ' ਵਿਸ਼ੇ ਉਪਰ ਜਗਰੂਪ ਵਿਸਥਾਰ ਸਹਿਤ ਆਪਣੇ ਵਿਚਾਰ ਪੇਸ਼ ਕਰਨਗੇ।ਉਹਨਾ ਕਿਹਾ ਕਿ ਇਹ ਵਿਸ਼ੇ ਅਜਿਹੇ ਹਨ, ਜਿਨ੍ਹਾਂ ਦੀ ਸਮਝ ਹਾਸਿਲ ਕਰਕੇ ਇਹਨਾਂ ਦੀ ਰੌਸ਼ਨੀ ਵਿੱਚ ਕੰਮ ਕਰਨਾ ਅੱਜ ਦੇ ਸਮੇਂ ਦੀ ਮਹੱਤਵਪੂਰਨ ਲੋੜ ਬਣ ਚੁੱਕਾ ਹੈ। ਉਹਨਾ ਅਪੀਲ ਕਰਦਿਆਂ ਕਿਹਾ ਕਿ ਆਓ ਇਹਨਾਂ ਸੈਮੀਨਾਰਾਂ ਦਾ ਹਿੱਸਾ ਬਣ ਕੇ ਜਿੱਥੇ ਅਸੀਂ ਕਾਮਰੇਡ ਰਣਧੀਰ ਗਿੱਲ ਨੂੰ ਯਾਦ ਕਰੀਏ, ਉਥੇ ਇਸ ਸਮਾਜ ਨੂੰ ਬਦਲਣ ਦੀ ਸਹੀ ਸੇਧ ਹਾਸਲ ਕਰਦਿਆਂ ਲੋਕਾਈ ਲਈ ਕੰਮ ਕਰੀਏ।
ਉਹਨਾ ਦੱਸਿਆ ਕਿ ਇਸ ਸਮੇਂ ਕਾਮਰੇਡ ਰਣਧੀਰ ਗਿੱਲ ਦੀ ਯਾਦ ਵਿੱਚ ਵੱਖ-ਵੱਖ ਖੇਤਰਾਂ ਨਾਲ ਸੰਬੰਧਤ ਸ਼ਖ਼ਸੀਅਤਾਂ ਨੂੰ ਸਨਮਾਨਤ ਕੀਤਾ ਜਾਂਦਾ ਹੈ। ਇਸ ਸਾਲ ਬਲਦੇਵ ਸਿੰਘ ਸੜਕਨਾਮਾ ਉੱਘੇ ਸਾਹਿਤਕਾਰ, ਮਹਿੰਦਰ ਸਿੰਘ ਧਾਲੀਵਾਲ ਸਾਬਕਾ ਅਧਿਆਪਕ ਆਗੂ ਅਤੇ ਜਗਦੀਸ਼ ਸਿੰਘ ਚਾਹਲ ਟਰੇਡ ਯੂਨੀਅਨ ਆਗੂ ਨੂੰ ਸਨਮਾਨਤ ਕੀਤਾ ਜਾਵੇਗਾ।ਕੁਲਦੀਪ ਭੋਲਾ ਨੇ ਸਮੂਹ ਪਾਰਟੀ ਵਰਕਰਾਂ, ਹਮਦਰਦਾਂ, ਕਿਸਾਨ-ਮਜ਼ਦੂਰ ਜਥੇਬੰਦੀਆਂ ਅਤੇ ਲੋਕਾਂ ਨੂੰ ਇਸ ਸੈਮੀਨਾਰ ਵਿੱਚ ਵਧ-ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ।

ਅਕਾਲੀ-ਭਾਜਪਾ ਗੱਠਜੋੜ ਦਾ ਐਲਾਨ ਦੀਵਾਲੀ ਤੋਂ ਬਾਅਦ

ਨਵੀਂ ਦਿੱਲੀ : ਅਕਾਲੀ ਦਲ ਅਤੇ ਭਾਜਪਾ ਵਿਚਾਲੇ ਗੱਠਜੋੜ ਦਾ ਰਸਮੀ ਐਲਾਨ ਦੀਵਾਲੀ ਤੋਂ ਬਾਅਦ ਹੋਵੇਗਾ। ਸੀਟਾਂ ਦੀ ਸੰਭਾਵੀ ਵੰਡ ਬਾਰੇ ਪੁੱਛੇ ਜਾਣ 'ਤੇ ਸੂਤਰਾਂ ਨੇ ਸੰਕੇਤ ਦਿੱਤਾ ਕਿ ਗੱਲਬਾਤ ਤਹਿਤ ਭਾਜਪਾ ਦੇ ਹਿੱਸੇ 45 ਤੋਂ 50 ਸੀਟਾਂ ਆ ਸਕਦੀਆਂ ਹਨ, ਹਾਲਾਂਕਿ ਭਾਜਪਾ ਅਧਿਕਾਰਤ ਤੌਰ 'ਤੇ ਹਾਲੇ ਵੀ ਇਹੀ ਦਾਅਵਾ ਕਰ ਰਹੀ ਹੈ ਕਿ ਉਹ ਸੂਬੇ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਚੋਣ ਲੜਨ ਦੀ ਤਿਆਰੀ ਕਰ ਰਹੀ ਹੈ। ਇਹ ਵੀ ਪਤਾ ਲੱਗਾ ਹੈ ਕਿ ਦੋਵਾਂ ਪਾਰਟੀਆਂ ਵਿਚਕਾਰ ਗੱਲਬਾਤ ਮੁਕੰਮਲ ਹੁੰਦਿਆਂ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਖੁਦ ਪੰਜਾਬ ਦੌਰੇ 'ਤੇ ਆ ਕੇ ਇਸ ਗੱਠਜੋੜ ਦਾ ਰਸਮੀ ਐਲਾਨ ਕਰ ਸਕਦੇ ਹਨ। ਇਹ ਚਰਚਾ ਸੀ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ 'ਐੱਨ ਡੀ ਏ' ਦੇ ਹਵਾਲੇ ਵਿੱਚ ਅਕਾਲੀ ਦਲ ਪੁਨਰ-ਸੁਰਜੀਤ ਧੜਾ ਸ਼ਾਮਲ ਹੋ ਸਕਦਾ ਹੈ, ਪਰ ਮਾਮਲੇ ਦੀ ਡੂੰਘੀ ਜਾਣਕਾਰੀ ਰੱਖਣ ਵਾਲੇ ਸੂਤਰਾਂ ਦਾ ਕਹਿਣਾ ਹੈ ਕਿ ਇਸ ਦੀ ਸੰਭਾਵਨਾ ਬਹੁਤ ਘੱਟ ਹੈ। ਸ਼੍ਰੋਮਣੀ ਅਕਾਲੀ ਦਲ ਦਾ ਇਹ ਬਾਗੀ ਧੜਾ ਅਜੇ ਚੋਣ ਕਮਿਸ਼ਨ ਕੋਲ ਰਜਿਸਟਰਡ ਜਥੇਬੰਦੀ ਨਹੀਂ ਅਤੇ ਨਾ ਹੀ ਇਸ ਕੋਲ ਕੋਈ ਚੋਣ ਨਿਸ਼ਾਨ ਹੈ, ਇਸ ਲਈ ਇਸ ਧੜੇ ਦੇ ਆਗੂਆਂ ਨੂੰ ਚੋਣ ਮੈਦਾਨ ਵਿੱਚ ਉਤਰਨ ਲਈ ਭਾਜਪਾ ਜਾਂ ਅਕਾਲੀ ਦਲ ਦੇ ਚੋਣ ਨਿਸ਼ਾਨ ਦੀ ਹੀ ਲੋੜ ਪਵੇਗੀ।

ਮੈਂ ਪੰਡਤ ਨਹੀਂ : ਸੁਖਬੀਰ

ਚੰਡੀਗੜ੍ਹ : ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਬਾਦਲ ਨੇ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਕੋਈ ਪੰਡਤ ਨਹੀਂ ਹਨ, ਜੋ ਅੱਜ ਹੀ ਐਲਾਨ ਕਰ ਦੇਣ, ਪਰ ਗੱਠਜੋੜ ਬਾਰੇ ਥੋੜ੍ਹੇ ਹੀ ਸਮੇਂ ਵਿੱਚ ਸਾਰਿਆਂ ਨੂੰ ਪਤਾ ਲੱਗ ਜਾਵੇਗਾ। ਹਾਲਾਂਕਿ ਸੁਖਬੀਰ ਸਿੰਘ ਬਾਦਲ ਪਹਿਲਾਂ ਹੀ ਐਲਾਨ ਕਰ ਚੁੱਕੇ ਹਨ ਕਿ ਅਕਾਲੀ ਦਲ ਵੱਲੋਂ ਕਾਂਗਰਸ ਅਤੇ ਆਮ ਆਦਮੀ ਪਾਰਟੀ ਨੂੰ ਛੱਡ ਕੇ ਅਕਾਲੀ ਦਲ ਦੀ ਵਿਚਾਰਧਾਰਾ ਨਾਲ ਸਹਿਮਤ ਹੋਣ ਵਾਲਿਆਂ ਨਾਲ ਗਠਜੋੜ ਦੇ ਰਾਹ ਖੁੱਲ੍ਹੇ ਹਨ। ਇਸ ਦੌਰਾਨ ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਦੇ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਨੇ ਸ਼੍ਰੋਮਣੀ ਅਕਾਲੀ ਦਲ ਦੀ ਹਮਾਇਤ ਕਰਨ ਦਾ ਐਲਾਨ ਕੀਤਾ।

ਅੱਜ-ਨਾਮਾ

ਵਿਧਾਇਕਾਂ ਤਿੰਨਾਂ ਨੇ ਪਾਰਟੀ ਆਪ ਛੱਡੀ,
ਲੈਣਾ ਹੋਇਆ ਸੀ ਔਖਾ ਵੀ ਸਾਹ ਮੀਆਂ।
ਪਾਰਟੀ ਅੰਦਰ ਨਾ ਮਾਣ-ਸਨਮਾਨ ਸੀਗਾ,
ਪੁੱਛੇ ਕੋਈ ਰਾਏ ਨਾ ਲਏ ਸਲਾਹ ਮੀਆਂ।
ਗਏ ਤਾਂ ਤਿੰਨੇ ਇਕੱਠੇ ਆ ਭਾਜਪਾ ਵਿੱਚ,
ਤਿੰਨਾਂ ਦਾ ਸੁਣੀਂਦਾ ਇੱਕ ਨਾ ਰਾਹ ਮੀਆਂ।
ਇੱਕ ਦੇ ਅਕਸ ਦਾ ਦਿੱਸੇ ਨਾ ਦਾਗ ਕੋਈ,
ਸੱਭੋ ਹੀ ਆਖਦੇ, ਜਿਨ੍ਹਾਂ ਦਾ ਵਾਹ ਮੀਆਂ।
ਦੂਸਰੇ ਦੋਵਾਂ ਦਾ ਜਿੱਥੇ ਕੋਈ ਨਾਂਅ ਲੈਂਦਾ,
ਸੁਣਦੇ ਈ ਲੋਕ ਤਾਂ ਪੈਂਦੇ ਈ ਹੱਸ ਮੀਆਂ।
ਕਿੱਦਾਂ ਦੀ ਗੱਲ ਤੋਂ ਪੈਂਦੇ ਹਨ ਹੱਸ ਲੋਕੀਂ,
ਇਹ ਵੀ ਕੋਈ ਨਾ ਰਿਹਾ ਈ ਦੱਸ ਮੀਆਂ।

-ਤੀਸ ਮਾਰ ਖਾਂ

ਗ਼ਦਰੀ ਬਾਬਿਆਂ ਦੇ ਮੇਲੇ 'ਤੇ ਚੇਤਨਾ ਦੇ ਚਿਰਾ.ਗ ਬਾਲ਼ ਗਈ ਨਾਟਕਾਂ ਤੇ ਗੀਤਾਂ ਭਰੀ ਰਾਤ



ਜਲੰਧਰ (ਕੇਸਰ)
ਗ਼ਦਰੀ ਬਾਬਿਆਂ ਦੇ ਮੇਲੇ ਦੇ ਤੀਜੇ ਅਤੇ ਸਿਖ਼ਰਲੇ ਦਿਨ ਪਹਿਲੀ ਨਵੰਬਰ ਨੂੰ ਹਨੇਰੀ ਰਾਤ ਵਿੱਚ ਚਾਨਣ ਮੁਨਾਰਾ ਬਣੀ ਨਾਟਕਾਂ ਅਤੇ ਗੀਤਾਂ ਭਰੀ ਰਾਤ ਨੇ ਜਗਾਏ ਚੇਤਨਾ ਦੇ ਚਿਰਾਗ਼। ਸੂਬਾਈ, ਕੌਮੀ ਅਤੇ ਕੌਮਾਂਤਰੀ ਪੱਧਰ ਦੀਆਂ ਬੇਹੱਦ ਪੇਚੀਦਾ ਅਤੇ ਤਿੱਖੜੀਆਂ ਚੁਣੌਤੀਆਂ ਨੂੰ ਵਿਗਿਆਨਕ ਅਤੇ ਲੋਕ-ਦੋਖੀ ਦ੍ਰਿਸ਼ਟੀ ਤੋਂ ਮੁਖ਼ਾਤਬ ਹੋਈਆਂ ਮੇਲੇ 'ਚ ਪੇਸ਼ ਕਲਾ ਕਿਰਤਾਂ। ਇਸ ਰਾਤ ਦਾ ਆਗਾਜ਼ ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਦੇ ਸੰਬੋਧਨ ਨਾਲ ਹੋਇਆ। ਉਹਨਾ ਕਲਮ, ਕਲਾ, ਇਤਿਹਾਸ ਅਤੇ ਸਮਾਜ ਦੀ ਸਾਂਝੀ ਗਲਵੱਕੜੀ 'ਤੇ ਜ਼ੋਰ ਦਿੱਤਾ।
ਇਸ ਰਾਤ ਗੁਰਸ਼ਰਨ ਸਿੰਘ ਦੀ ਰਚਨਾ 'ਅਸੀਂ ਯੁੱਗ ਸਿਰਜਾਂਗੇ' ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਵੱਲੋਂ ਹਰਕੇਸ਼ ਚੌਧਰੀ ਦੀ ਨਿਰਦੇਸ਼ਨਾ 'ਚ ਪੇਸ਼ ਹੋਈ। ਇਹ ਨਾਟਕ ਜ਼ਮੀਨ ਵਿਹੂਣੇ ਅਤੇ ਮਿਹਨਤਕਸ਼ ਕਿਸਾਨੀ ਦੇ ਆਪਸੀ ਸਮਾਜਕ ਰਿਸ਼ਤਿਆਂ ਵਿਚਲੇ ਵਿਰੋਧਾਭਾਸ ਅਤੇ ਸਾਂਝ ਦੇ ਰਿਸ਼ਤਿਆਂ ਉਪਰ ਸਫ਼ਲਤਾ ਨਾਲ ਆਪਣੀ ਗੱਲ ਕਰਦਿਆਂ ਚੜ੍ਹਦੀ ਜੁਆਨੀ ਨੂੰ ਨਵੇਂ ਮਾਰਗ ਸਿਰਜਣ ਦਾ ਸੁਨੇਹਾ ਦੇ ਗਿਆ। ਡਾ. ਸਵਰਾਜਬੀਰ ਦਾ ਲਿਖਿਆ, ਕੇਵਲ ਧਾਲੀਵਾਲ ਦੀ ਨਿਰਦੇਸ਼ਨਾ 'ਚ ਮੰਚ ਰੰਗਮੰਚ ਅੰਮ੍ਰਿਤਸਰ ਦੇ ਕਲਾਕਾਰਾਂ ਨੇ ਨਾਟਕ 'ਤੂੰ ਬੁੱਲ੍ਹੇ ਵਾਂਗੂੰ ਬੋਲ' ਟਿਕੀ ਰਾਤ ਖਚਾਖਚ ਭਰਿਆ ਪੰਡਾਲ ਖੜ੍ਹਾ ਹੋ ਕੇ ਕਿੰਨੀ ਦੇਰ ਤਾੜੀਆਂ ਦੀ ਗੂੰਜ ਪਾਉਂਦਾ ਰਿਹਾ।
ਜਜ਼ਬਾਤੀ ਪਲਾਂ ਦੇ ਬਾਵਜੂਦ ਸੰਭਲਦੇ ਹੋਏ ਡਾ. ਸਵਰਾਜਬੀਰ ਅਤੇ ਕੇਵਲ ਧਾਲੀਵਾਲ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਵੱਲੋਂ ਰੰਗਮੰਚ ਨੂੰ ਮਿਲਦੀ ਮੁਹੱਬਤ ਸਾਨੂੰ ਲੋਕਾਂ ਸੰਗ ਇੱਕਮਿੱਕ ਹੋ ਕੇ ਕੰਮ ਕਰਨ ਦੀ ਨਵੀਂ-ਨਰੋਈ ਪ੍ਰੇਰਨਾ ਦਿੰਦੀ ਹੈ। ਨਾਟਕ, ਫ਼ਿਰਕੂ ਫਾਸ਼ੀ ਹੱਲੇ ਅਤੇ ਰਾਜਸੀ ਦਾਬੇ ਖ਼ਿਲਾਫ਼ ਜੱਦੋ-ਜਹਿਦ ਜਾਰੀ ਰੱਖਣ ਦਾ ਪੈਗ਼ਾਮ ਦੇ ਗਿਆ। ਸ਼ਬਦੀਸ਼ ਦੀ ਸਿਰਜਣਾ, ਅਨੀਤਾ ਸ਼ਬਦੀਸ਼ ਦੀ ਨਿਰਦੇਸ਼ਨਾ 'ਚ ਸੁਚੇਤਕ ਰੰਗਮੰਚ ਮੁਹਾਲੀ ਦੇ ਕਲਾਕਾਰਾਂ ਨੇ 'ਖਿੜਦੇ ਰਹਿਣ ਗੁਲਾਬ' ਨਾਟਕ ਰਾਹੀ ਗ਼ਦਰੀ ਗੁਲਾਬ ਕੌਰ ਦਾ ਸੁਨੇਹਾ ਦਿੱਤਾ। ਗੁਰਸ਼ਰਨ ਸਿੰਘ ਦਾ ਲਿਖਿਆ ਕਰਾਂਤੀਪਾਲ ਬਿਆਸ ਦੁਆਰਾ ਨਿਰਦੇਸ਼ਤ ਨਾਟਕ 'ਸੀਸ ਤਲੀ ਤੇ' ਜਿੱਥੇ ਸੌ ਵਰ੍ਹੇ ਪਹਿਲਾਂ ਦਾ ਇਤਿਹਾਸ ਦਰਸ਼ਕਾਂ ਦੇ ਰੂਬਰੂ ਕਰ ਗਿਆ, ਉਥੇ ਇਹ ਵੀ ਦਰਸਾ ਗਿਆ ਕਿ ਉਹਨਾਂ ਦੀ ਘਾਲਣਾ ਦੀ ਮਸ਼ਾਲ ਅੱਜ ਵੀ ਜਗ ਰਹੀ ਹੈ ਅਤੇ ਜੂਝਦੇ ਲੋਕ ਇਸ ਨੂੰ ਜਗਦੀ ਰੱਖਣਗੇ। ਇਸ ਰਾਤ ਦੇ ਸਿਖ਼ਰ 'ਤੇ ਅਮੋਲਕ ਸਿੰਘ ਦਾ ਲਿਖਿਆ ਹਰਕੇਸ਼ ਚੌਧਰੀ ਦੁਆਰਾ ਨਿਰਦੇਸ਼ਤ ਸੰਗੀਤ ਨਾਟ ਓਪੇਰਾ 'ਬਦਲ ਦਿਓ ਸਮਾਜ' ਸੌ ਤੋਂ ਵੱਧ ਕਲਾਕਾਰਾਂ ਵੱਲੋਂ ਪੇਸ਼ ਕੀਤਾ ਗਿਆ। ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ, ਲੋਕ ਸੰਗੀਤ ਮੰਡਲੀ ਜੀਦਾ, ਲੋਕ ਸੰਗੀਤ ਮੰਡਲੀ ਭਦੌੜ, ਕੁਸ਼ਾਗਰ ਕਾਲੀਆ ਅੰਮ੍ਰਿਤਸਰ, ਸਾਰਾ ਪੰਜਾਬੀ ਯੂਨੀਵਰਸਿਟੀ ਚੰਡੀਗੜ੍ਹ, ਅੰਮ੍ਰਿਤਪਾਲ ਬੰਗਾ, ਨਰਗਿਸ ਮਾਨਵਤਾ ਕਲਾ ਮੰਚ ਨਗਰ, ਧਰਮਿੰਦਰ ਮਸਾਣੀ, ਸ਼ਬਦੀਸ਼, ਗੁਰਮੁੱਖ ਲੋਕ ਪ੍ਰੇਮੀ ਫਗਵਾੜਾ, ਗੁਰਮੀਤ ਕੋਟ ਗੁਰੂ, ਮੌਸਮ, ਖ਼ੁਸ਼ਬੂ, ਦਿਸ਼ਾ, ਕੋਮਲ, ਇਪਟਾ ਦੇ ਕਲਾਕਾਰ ਭੰਡ ਅਵਤਾਰ ਚੜਿੱਕ ਅਤੇ ਸਾਥੀਆਂ ਨੇ ਲੋਕ-ਦੋਖੀ ਪ੍ਰਬੰਧ 'ਤੇ ਤਿੱਖੇ ਵਿਅੰਗ ਕੱਸੇ।
2 ਨਵੰਬਰ ਸਰਘੀ ਵੇਲੇ ਲੋਕਾਂ ਦੇ ਜੱਥੇ ਅਤੇ ਪਰਵਾਰ ਵੱਡੀ ਗਿਣਤੀ ਵਿਚ ਕਿਤਾਬਾਂ ਲੈ ਕੇ ਗਏ। ਨਾਟਕਾਂ ਅਤੇ ਗੀਤਾਂ ਭਰੀ ਰਾਤ ਦਾ ਮੰਚ ਸੰਚਾਲਨ ਦੇਸ਼ ਭਗਤ ਯਾਦਗਾਰ ਕਮੇਟੀ ਦੇ ਕਨਵੀਨਰ ਅਮੋਲਕ ਸਿੰਘ ਨੇ ਕੀਤਾ।

ਬਲਾਕ ਪੱਧਰੀ ਸਾਇੰਸ ਪ੍ਰਦਰਸ਼ਨੀ 'ਚ ਸਰਕਾਰੀ ਸਕੂਲ ਨੰਗਲਾ ਦਾ ਸ਼ਾਨਦਾਰ ਪ੍ਰਦਰਸ਼ਨ



ਲਹਿਰਾਗਾਗਾ (ਪਵਨ ਸ਼ਰਮਾ)-ਪੀ ਐੱਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਹਿਲ ਕਲਾਂ ਵਿਖੇ ਕਰਵਾਈ ਗਈ ਬਲਾਕ ਪੱਧਰੀ ਸਾਇੰਸ ਪ੍ਰਦਰਸ਼ਨੀ ਦੌਰਾਨ ਸਰਕਾਰੀ ਹਾਈ ਸਕੂਲ ਨੰਗਲਾ ਦੇ ਵਿਦਿਆਰਥੀਆਂ ਨੇ ਆਪਣੀ ਵਿਗਿਆਨਕ ਸੋਚ ਦਾ ਲੋਹਾ ਮਨਵਾਉਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ 3 ਪ੍ਰਮੁੱਖ ਸਥਾਨ ਹਾਸਲ ਕਰਕੇ ਆਪਣੇ ਸਕੂਲ ਤੇ ਇਲਾਕੇ ਦਾ ਮਾਣ ਵਧਾਇਆ।ਇਸ ਪ੍ਰਦਰਸ਼ਨੀ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚਿਆਂ ਨੇ ਸਮਕਾਲੀ ਵਿਗਿਆਨ ਤੇ ਤਕਨੀਕ 'ਤੇ ਅਧਾਰਤ ਨਿਵੇਕਲੇ ਮਾਡਲ ਪੇਸ਼ ਕੀਤੇ।ਨੰਗਲਾ ਸਕੂਲ ਦੇ ਵਿਦਿਆਰਥੀਆਂ ਪ੍ਰਿੰਕਾ ਕੌਰ (ਜਮਾਤ 7ਵੀਂ) ਨੇ ਸਿਹਤ, ਹਾਈਜੀਨ ਤੇ ਸਫਾਈ ਵਿਸ਼ੇ 'ਚ ਪਹਿਲਾ, ਖੁਸ਼ਪ੍ਰੀਤ ਕੌਰ (ਜਮਾਤ 9ਵੀਂ) ਨੇ ਸੈਕੰਡਰੀ ਵਿੰਗ ਦੇ ਬਿਹਤਰ ਭਵਿੱਖ ਲਈ ਏ.ਆਈ. ਥੀਮ ਵਿੱਚ ਦੂਜਾ, ਮਨਿੰਦਰ ਸਿੰਘ (ਜਮਾਤ 8ਵੀਂ) ਨੇ ਹਰੀ ਊਰਜਾ ਤੇ ਵਾਤਾਵਰਨ ਸੰਭਾਲ ਥੀਮ 'ਚ ਤੀਜਾ ਸਥਾਨ ਪ੍ਰਾਪਤ ਕੀਤਾ।ਵਿਦਿਆਰਥੀਆਂ ਦੀ ਇਸ ਉਪਲਬਧੀ ਪਿੱਛੇ ਗਾਈਡ ਅਧਿਆਪਕ ਸ਼੍ਰੀ ਗੁਰਪ੍ਰੀਤ ਸਿੰਘ (ਸਾਇੰਸ ਮਾਸਟਰ) ਦੀ ਅਣਥੱਕ ਮਿਹਨਤ ਤੇ ਯੋਗ ਅਗਵਾਈ ਰਹੀ, ਜਿਨ੍ਹਾਂ ਨੇ ਬੱਚਿਆਂ ਵਿੱਚ ਵਿਗਿਆਨਕ ਸੂਝ-ਬੂਝ ਵਿਕਸਤ ਕਰਨ ਤੇ ਮਾਡਲ ਤਿਆਰ ਕਰਵਾਉਣ ਵਿੱਚ ਮੁੱਖ ਭੂਮਿਕਾ ਨਿਭਾਈ।ਸਕੂਲ ਪਹੁੰਚਣ 'ਤੇ ਸਕੂਲ ਇੰਚਾਰਜ ਗੁਰਦਰਸ਼ਨ ਗਿਰ ਤੇ ਸਮੂਹ ਸਟਾਫ਼ ਨੇ ਜੇਤੂ ਵਿਦਿਆਰਥੀਆਂ ਦਾ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ।ਸਕੂਲ ਇੰਚਾਰਜ ਨੇ ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਤੇ ਸਾਇੰਸ ਮਾਸਟਰ ਗੁਰਪ੍ਰੀਤ ਸਿੰਘ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੀ ਸਿਰਜਣਾਤਮਕਤਾ ਨੂੰ ਨਿਖਾਰਨ ਤੇ ਵਿਗਿਆਨਕ ਦ੍ਰਿਸ਼ਟੀਕੋਣ ਵਿਕਸਤ ਕਰਨ ਲਈ ਬੇਹੱਦ ਸਹਾਈ ਸਿੱਧ ਹੁੰਦੇ ਹਨ।ਇਸ ਮੌਕੇ ਸੰਜੀਵ ਕੁਮਾਰ, ਬੂਟਾ ਸਿੰਘ, ਸ਼ਮਨਦੀਪ ਗਿੱਲ, ਰਸ਼ਪਾਲ ਸਿੰਘ, ਮੈਡਮ ਸਰਬਜੀਤ ਕੌਰ, ਨੀਤੂ ਸਿੰਗਲਾ ਤੇ ਪ੍ਰੀਤੀ ਸਮੇਤ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

ਪੰਜਾਬ ਨੂੰ ਮੁੜ ਕਾਲੇ ਦੌਰ ਵੱਲ ਧੱਕਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ : ਸਿੰਗਲਾ



ਸੰਗਰੂਰ (ਪ੍ਰਵੀਨ ਸਿੰਘ)

ਕਾਂਗਰਸ ਦੇ ਸੀਨੀਅਰ ਆਗੂ ਅਤੇ ਕਾਂਗਰਸ ਚੋਣ ਪ੍ਰਬੰਧਨ ਤੇ ਤਾਲਮੇਲ ਕਮੇਟੀ ਦੇ ਚੇਅਰਮੈਨ ਵਿਜੈ ਇੰਦਰ ਸਿੰਗਲਾ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੂਬੇ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ ਨੂੰ ਤੁਰੰਤ ਸੁਧਾਰਨ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਨੂੰ ਮੁੜ ਕਾਲੇ ਦੌਰ ਵੱਲ ਧੱਕਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।ਪੰਜਾਬ ਦੇ ਲੋਕਾਂ ਨੂੰ ਡਰ ਤੇ ਅਸੁਰੱਖਿਆ ਦੇ ਮਾਹੌਲ ਤੋਂ ਮੁਕਤ ਹੋ ਕੇ ਜਿਊਣ ਦਾ ਹੱਕ ਹੈ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿੰਗਲਾ ਨੇ ਸੂਬੇ ਵਿੱਚ ਹੋ ਰਹੀਆਂ ਹੱਤਿਆਵਾਂ, ਨਸ਼ਿਆਂ ਕਾਰਨ ਜਾ ਰਹੀਆਂ ਜਾਨਾਂ ਤੇ ਨਸ਼ਾ ਤਸਕਰੀ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਦੀ ਸੁਰੱਖਿਆ 'ਤੇ ਗੰਭੀਰ ਚਿੰਤਾ ਪ੍ਰਗਟਾਈ।ਗੁਲਜ਼ਾਰ ਸਿੰਘ ਤੇ ਨਸ਼ਿਆਂ ਵਿਰੁੱਧ ਸਰਗਰਮ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਮਾਮਲਿਆਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਸਵਾਲ ਕੀਤਾ ਕਿ ਜੇਕਰ ਨਸ਼ਿਆਂ ਵਿਰੁੱਧ ਬੋਲਣ ਵਾਲੇ ਹੀ ਸੁਰੱਖਿਅਤ ਨਹੀਂ, ਤਾਂ ਸਰਕਾਰ ਸਾਡੇ ਬੱਚਿਆਂ ਦੇ ਭਵਿੱਖ ਤੇ ਆਮ ਲੋਕਾਂ ਦੀ ਜਾਨ-ਮਾਲ ਦੀ ਰਾਖੀ ਕਿਵੇਂ ਕਰੇਗੀ? ਸਿੰਗਲਾ ਨੇ ਕਿਹਾ ਕਿ ਪੰਜਾਬ ਪੁਲਸ ਕੋਲ ਅਪਰਾਧ ਤੇ ਅਪਰਾਧਿਕ ਤੱਤਾਂ ਨਾਲ ਨਜਿੱਠਣ ਦੀ ਪੂਰੀ ਸਮਰੱਥਾ ਹੈ।ਅੱਤਵਾਦ ਦੇ ਔਖੇ ਦੌਰ 'ਤੇ ਕਾਬੂ ਪਾਉਣ ਵਿੱਚ ਪੰਜਾਬ ਪੁਲਿਸ ਦੀ ਭੂਮਿਕਾ ਇਸ ਦੀ ਮਿਸਾਲ ਹੈ, ਪਰ ਕਿਸੇ ਵੀ ਪੁਲਸ ਪ੍ਰਣਾਲੀ ਦੀ ਸਫ਼ਲਤਾ ਲਈ ਸਿਆਸੀ ਇੱਛਾ-ਸ਼ਕਤੀ ਤੇ ਨਿਰਪੱਖਤਾ ਨਾਲ ਕੰਮ ਕਰਨ ਦੀ ਆਜ਼ਾਦੀ ਲਾਜ਼ਮੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਪੁਲਸ ਨਸ਼ਾ ਤਸਕਰਾਂ ਤੇ ਅਪਰਾਧੀਆਂ ਵਿਰੁੱਧ ਬਿਨਾਂ ਕਿਸੇ ਸਿਆਸੀ ਦਬਾਅ ਜਾਂ ਦਖ਼ਲ ਦੇ ਕਾਰਵਾਈ ਕਰੇ।ਸੂਬੇ ਦੀ ਸੁਰੱਖਿਆ ਨੂੰ ਪੰਜਾਬ ਦੀ ਆਰਥਿਕ ਤਰੱਕੀ ਨਾਲ ਜੋੜਦਿਆਂ ਸਿੰਗਲਾ ਨੇ ਕਿਹਾ ਕਿ ਡਰ ਤੇ ਅਸੁਰੱਖਿਆ ਦਾ ਮਾਹੌਲ ਵਪਾਰੀਆਂ ਤੇ ਸਨਅਤਕਾਰਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਜਾਂ ਆਪਣੇ ਕਾਰੋਬਾਰ ਵਧਾਉਣ ਤੋਂ ਪਿੱਛੇ ਹਟਣ ਲਈ ਮਜਬੂਰ ਕਰਦਾ ਹੈ। ਜਦੋਂ ਕਾਰੋਬਾਰੀਆਂ ਨੂੰ ਆਪਣੇ ਕਾਰੋਬਾਰ, ਸਰਮਾਏ ਅਤੇ ਕਰਮਚਾਰੀਆਂ ਦੀ ਸੁਰੱਖਿਆ ਦਾ ਭਰੋਸਾ ਹੀ ਨਹੀਂ ਹੋਵੇਗਾ, ਤਾਂ ਰੁਜ਼ਗਾਰ ਦੇ ਨਵੇਂ ਮੌਕੇ ਕਿਵੇਂ ਪੈਦਾ ਹੋਣਗੇ? ਉਨ੍ਹਾਂ ਕਿਹਾ ਕਿ ਪੰਜਾਬ ਦੀ ਤਰੱਕੀ ਲਈ ਸੁਰੱਖਿਅਤ ਮਾਹੌਲ ਤੇ ਭਰੋਸੇਯੋਗ ਪ੍ਰਸ਼ਾਸਨ ਬੁਨਿਆਦੀ ਸ਼ਰਤਾਂ ਹਨ।ਸਰਕਾਰ ਦੀ ਇਸ਼ਤਿਹਾਰਬਾਜ਼ੀ ਦੀ ਨੀਤੀ 'ਤੇ ਸਵਾਲ ਉਠਾਉਂਦਿਆਂ ਸਿੰਗਲਾ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦੀ ਮਿਹਨਤ ਦੀ ਕਮਾਈ ਦਾ ਪੈਸਾ ਸੂਬੇ ਤੋਂ ਬਾਹਰ ਇਸ਼ਤਿਹਾਰਾਂ 'ਤੇ ਖ਼ਰਚਣ ਦੀ ਬਜਾਏ ਪੰਜਾਬ ਦੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਰਤਿਆ ਜਾਣਾ ਚਾਹੀਦਾ ਹੈ।ਉਨ੍ਹਾਂ ਇਹ ਵੀ ਸਵਾਲ ਕੀਤਾ ਕਿ ਦਿੱਲੀ ਦੇ 'ਆਪ' ਆਗੂਆਂ ਵੱਲੋਂ ਚੰਡੀਗੜ੍ਹ ਸਥਿਤ ਸਰਕਾਰੀ ਰਿਹਾਇਸ਼ਾਂ ਤੋਂ ਪੰਜਾਬ ਦਾ ਪ੍ਰਸ਼ਾਸਨ ਚਲਾਉਣ ਦੀ ਨੌਬਤ ਕਿਉਂ ਆ ਰਹੀ ਹੈ ਤੇ ਕੀ ਪੰਜਾਬ ਦੀ ਆਪਣੀ ਲੀਡਰਸ਼ਿਪ ਨੂੰ ਸੁਤੰਤਰ ਤੌਰ 'ਤੇ ਫ਼ੈਸਲੇ ਲੈਣ ਦੀ ਖੁੱਲ੍ਹ ਹੈ? ਸਿੰਗਲਾ ਨੇ ਔਰਤਾਂ ਨੂੰ ਹਰ ਮਹੀਨੇ 1,000 ਰੁਪਏ ਦੀ ਵਿੱਤੀ ਸਹਾਇਤਾ, ਪੈਨਸ਼ਨਾਂ ਵਿੱਚ ਵਾਧੇ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਤੇ ਰੁਜ਼ਗਾਰ ਦੇ ਵਾਅਦਿਆਂ ਬਾਰੇ ਸਰਕਾਰ ਤੋਂ ਜਵਾਬ ਮੰਗਿਆ।ਉਨ੍ਹਾਂ ਸ਼ਗਨ ਸਕੀਮ ਤਹਿਤ ਲਾਭਪਾਤਰੀਆਂ ਨੂੰ ਸਹਾਇਤਾ ਦੇਣ ਤੇ ਮੁਲਾਜ਼ਮਾਂ ਦੇ ਬਕਾਏ ਨਿਪਟਾਉਣ ਵਿੱਚ ਸਰਕਾਰ ਦੀ ਕਾਰਗੁਜ਼ਾਰੀ 'ਤੇ ਵੀ ਸਵਾਲ ਚੁੱਕੇ।4 ਨਵੰਬਰ ਨੂੰ ਹੋਣ ਵਾਲੀ ਇਨਸਾਫ਼ ਰੈਲੀ ਬਾਰੇ ਗੱਲ ਕਰਦਿਆਂ ਸਿੰਗਲਾ ਨੇ ਦੱਸਿਆ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਸ਼੍ਰੀ ਰਾਹੁਲ ਗਾਂਧੀ ਸਵੇਰੇ 10 ਵਜੇ ਸੰਗਰੂਰ ਜ਼ਿਲ੍ਹੇ ਦੇ ਪਿੰਡ ਫੱਗੂਵਾਲਾ ਵਿਖੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਨਗੇ।ਉਨ੍ਹਾਂ ਕਿਹਾ ਕਿ ਇਹ ਰੈਲੀ ਪੰਜਾਬ ਦੇ ਨਸ਼ਿਆਂ, ਅਮਨ-ਕਾਨੂੰਨ, ਬੇਰੁਜ਼ਗਾਰੀ ਤੇ ਪ੍ਰਸ਼ਾਸਨ ਨਾਲ ਜੁੜੇ ਗੰਭੀਰ ਮੁੱਦਿਆਂ ਨੂੰ ਲੋਕਾਂ ਦੀ ਆਵਾਜ਼ ਬਣ ਕੇ ਉਭਾਰੇਗੀ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਦੀ ਮੁਹਿੰਮ ਦਾ ਆਗਾਜ਼ ਵੀ ਹੋਵੇਗੀ।ਸਿੰਗਲਾ ਨੇ ਕਿਹਾ ਕਿ ਇਸ ਰੈਲੀ ਵਿੱਚ ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਲੋਕ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਨਗੇ।

ਹਡਾਣਾ ਨੇ ਖ਼ਾਲਸਪੁਰ 'ਚ ਪਰਵਾਰਾਂ ਨੂੰ ਵੰਡੇ ਪ੍ਰਾਪਰਟੀ ਕਾਰਡ



ਦੇਵੀਗੜ੍ਹ/ਭੁਨਰਹੇੜੀ (ਰਾਜਿੰਦਰ ਸਿੰਘ ਥਿੰਦ)-ਹਲਕਾ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਨੇ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਪਿੰਡ ਖ਼ਾਲਸਪੁਰ ਵਿਖੇ ਲਾਲ ਲਕੀਰ ਅੰਦਰਲੇ ਯੋਗ ਪਰਵਾਰਾਂ ਨੂੰ ਪ੍ਰਾਪਰਟੀ ਕਾਰਡ ਵੰਡੇ।ਪਿੰਡ ਪੁੱਜਣ 'ਤੇ ਗ੍ਰਾਮ ਪੰਚਾਇਤ ਤੇ ਇਲਾਕਾ ਵਾਸੀਆਂ ਵੱਲੋਂ ਹਡਾਣਾ ਦਾ ਗਰਮਜੋਸ਼ੀ ਨਾਲ ਭਰਵਾਂ ਸਵਾਗਤ ਕੀਤਾ ਗਿਆ।ਇਸ ਦੌਰਾਨ ਤਹਿਸੀਲਦਾਰ ਕਰਨਵੀਰ ਸਿੰਘ ਮਾਨ ਸਮੇਤ ਹੋਰ ਪ੍ਰਸ਼ਾਸਨਕ ਅਧਿਕਾਰੀ ਵੀ ਉਚੇਚੇ ਤੌਰ 'ਤੇ ਮੌਜੂਦ ਰਹੇ।ਇਕੱਠ ਨੂੰ ਸੰਬੋਧਨ ਕਰਦਿਆਂ ਸ੍ਰ. ਰਣਜੋਧ ਸਿੰਘ ਹਡਾਣਾ ਨੇ ਆਖਿਆ ਕਿ ਪਿਛਲੀਆਂ ਸਰਕਾਰਾਂ ਦੀ ਬੇਰੁਖ਼ੀ ਕਾਰਨ ਪੇਂਡੂ ਖੇਤਰਾਂ ਦੇ ਲੋਕ ਪੀੜ੍ਹੀਆਂ ਤੋਂ ਆਪਣੀ ਹੀ ਜ਼ਮੀਨ-ਜਾਇਦਾਦ ਦੇ ਪੱਕੇ ਮਾਲਕੀ ਹੱਕਾਂ ਤੋਂ ਮਹਿਰੂਮ ਸਨ। ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਹ ਇਤਿਹਾਸਕ ਪਹਿਲਕਦਮੀ ਕਰਦਿਆਂ ਆਮ ਲੋਕਾਂ ਨੂੰ ਉਨ੍ਹਾਂ ਦਾ ਹੱਕੀ ਅਧਿਕਾਰ ਸੌਂਪਿਆ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰਾਪਰਟੀ ਕਾਰਡਾਂ ਨਾਲ ਪਿੰਡ ਵਾਸੀਆਂ ਨੂੰ ਆਰਥਿਕ ਮਜ਼ਬੂਤੀ ਮਿਲੇਗੀ, ਜਾਇਦਾਦ ਦੀ ਖ਼ਰੀਦ-ਵੇਚ ਤੇ ਬੈਂਕਾਂ ਤੋਂ ਵਿੱਤੀ ਸਹੂਲਤਾਂ ਲੈਣ ਵਿੱਚ ਆਸਾਨੀ ਹੋਵੇਗੀ ਤੇ ਆਪਸੀ ਝਗੜਿਆਂ ਦਾ ਪੱਕਾ ਨਿਪਟਾਰਾ ਹੋਵੇਗਾ।ਇਸ ਮੌਕੇ ਸਰਪੰਚ ਖ਼ਾਲਸਪੁਰ ਬੱਬੂ, ਆਪ ਆਗੂ ਰਵਿੰਦਰ ਖਾਲਸਪੁਰ, ਸਾਬਕਾ ਸਰਪੰਚ ਅਵਤਾਰ ਸਿੰਘ, ਸਰਪੰਚ ਰਾਜਾ ਧੰਜੂ, ਹੋਰ ਆਪ ਆਗੂ ਤੇ ਪਿੰਡ ਦੇ ਨੁਮਾਇੰਦੇ, ਸਰਪੰਚ-ਪੰਚ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।ਲਾਭਪਾਤਰੀਆਂ ਨੇ ਜ਼ਮੀਨੀ ਮਾਲਕਾਨਾ ਹੱਕ ਮਿਲਣ 'ਤੇ ਖ਼ੁਸ਼ੀ ਜ਼ਾਹਰ ਕਰਦਿਆਂ ਪੰਜਾਬ ਸਰਕਾਰ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਸਰਕਾਰੀ ਮਿਡਲ ਸਕੂਲ ਅਲੋਅਰਖ ਦੇ ਵਿਦਿਆਰਥੀਆਂ 'ਬੰਦੇ ਬਣੋ ਬੰਦੇ' ਦਾ ਮਾਣਿਆ ਆਨੰਦ



ਭਵਾਨੀਗੜ੍ਹ (ਰਾਜ ਖੁਰਮੀ)-ਸਰਕਾਰੀ ਮਿਡਲ ਸਕੂਲ ਅਲੋਅਰਖ ਦੇ ਵਿਦਿਆਰਥੀਆਂ ਲਈ ਉਸ ਸਮੇਂ ਇੱਕ ਯਾਦਗਾਰੀ ਪਲ ਬਣ ਗਿਆ, ਜਦੋਂ ਉਨ੍ਹਾਂ ਨੂੰ ਪਟਿਆਲਾ ਦੇ ਟਿਵਾਣਾ ਆਡੀਟੋਰੀਅਮ ਵਿਖੇ ਪ੍ਰਸਿੱਧ ਪੰਜਾਬੀ ਨਾਟਕ 'ਬੰਦੇ ਬਣੋ ਬੰਦੇ' ਦੇਖਣ ਦਾ ਮੌਕਾ ਮਿਲਿਆ।ਪ੍ਰਸਿੱਧ ਅਦਾਕਾਰ ਤੇ ਲੇਖਕ ਰਾਣਾ ਰਣਬੀਰ ਅਤੇ ਰਾਜਵੀਰ ਬੋਪਾਰਾਏ ਵੱਲੋਂ ਪੇਸ਼ ਕੀਤੇ ਗਏ ਇਸ ਨਾਟਕ ਨੇ ਵਿਦਿਆਰਥੀਆਂ ਦਾ ਮਨੋਰੰਜਨ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਜ਼ਿੰਦਗੀ ਦੀਆਂ ਅਹਿਮ ਕਦਰਾਂ-ਕੀਮਤਾਂ ਤੇ ਸਮਾਜਿਕ ਸਰੋਕਾਰਾਂ ਨਾਲ ਵੀ ਜੋੜਿਆ।ਸਕੂਲ ਦੇ ਸਾਇੰਸ ਅਧਿਆਪਕ ਅਤੁਲ ਗੁਪਤਾ ਤੇ ਸਿੰਦਰਪਾਲ ਸਿੰਘ ਦੀ ਅਗਵਾਈ ਹੇਠ ਕਰਵਾਏ ਗਏ ਇਸ ਵਿਦਿਅਕ ਦੌਰੇ ਦੌਰਾਨ ਵਿਦਿਆਰਥੀਆਂ ਨੇ ਨਾਟਕ ਦਾ ਭਰਪੂਰ ਆਨੰਦ ਮਾਣਿਆ।ਨਾਟਕ ਵਿੱਚ ਮਨੁੱਖੀ ਜੀਵਨ ਦੇ ਵੱਖ-ਵੱਖ ਪਹਿਲੂਆਂ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਤੇ ਦਿਲ ਨੂੰ ਛੂਹ ਲੈਣ ਵਾਲੇ ਅੰਦਾਜ਼ ਵਿੱਚ ਪੇਸ਼ ਕੀਤਾ ਗਿਆ, ਜਿਸ ਨੇ ਵਿਦਿਆਰਥੀਆਂ ਨੂੰ ਡੂੰਘੀ ਸੋਚ ਤੇ ਚੰਗੇ ਇਨਸਾਨ ਬਣਨ ਦਾ ਸੁਨੇਹਾ ਦਿੱਤਾ।ਇਸ ਮੌਕੇ ਰਾਣਾ ਰਣਬੀਰ ਨੇ ਪਿੰਡ ਅਲੋਅਰਖ ਦੇ ਵਸਨੀਕ ਗੁਰਪ੍ਰੀਤ ਸਿੰਘ ਫੌਜੀ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ, ਜੋ ਆਪਣੇ ਪਿੰਡ ਦੇ ਸਕੂਲ ਤੇ ਵਿਦਿਆਰਥੀਆਂ ਦੀ ਬਿਹਤਰੀ ਲਈ ਹਮੇਸ਼ਾ ਸਹਿਯੋਗ ਦੇਣ ਵਾਸਤੇ ਤਤਪਰ ਰਹਿੰਦੇ ਹਨ।ਵਿਦਿਆਰਥੀਆਂ ਨੂੰ ਨਾਟਕ ਦਿਖਾਉਣ ਲਈ ਟਿਕਟਾਂ ਦਾ ਪ੍ਰਬੰਧ ਕਰਨ ਵਿੱਚ ਰੋਟੇਕਟ ਕਲੱਬ ਨਾਭਾ ਦੇ ਪ੍ਰਧਾਨ ਖੁਸ਼ਾਲ ਜਿੰਦਲ, ਮੀਤ ਪ੍ਰਧਾਨ ਡਾ. ਰੋਹਿਤ, ਅਮਨ ਗਰਗ ਤੇ ਕਲੱਬ ਦੇ ਹੋਰਨਾਂ ਮੈਂਬਰਾਂ ਨੇ ਅਹਿਮ ਯੋਗਦਾਨ ਪਾਇਆ।ਇਸ ਸਾਰਥਕ ਉਪਰਾਲੇ ਦੀ ਗ੍ਰਾਮ ਪੰਚਾਇਤ ਅਲੋਅਰਖ ਤੇ ਸਕੂਲ ਪ੍ਰਬੰਧਕ ਕਮੇਟੀ (ਐੱਸ.ਐੱਮ.ਸੀ.) ਦੇ ਮੈਂਬਰਾਂ ਨੇ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਵਿੱਦਿਅਕ ਤੇ ਸੱਭਿਆਚਾਰਕ ਦੌਰੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।

ਸੇਵਾਮੁਕਤ ਪਟਵਾਰੀ, ਕਾਨੂੰਗੋ ਤੇ ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋ. ਦੀ ਮੀਟਿੰਗ

ਬਕਾਏ ਤੇ ਡੀ. ਏ. ਦੀਆਂ ਕਿਸ਼ਤਾਂ ਜਲਦ ਜਾਰੀ ਕਰਨ ਦੀ ਮੰਗ

ਕੋਟਕਪੂਰਾ (ਰਛਪਾਲ ਭੁੱਲਰ)-ਸੇਵਾਮੁਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਫ਼ਰੀਦਕੋਟ ਦੀ ਇੱਕ ਸਾਂਝੀ ਮੀਟਿੰਗ ਜ਼ਿਲ੍ਹਾ ਰੈੱਡ ਕਰਾਸ ਸੀਨੀਅਰ ਸਿਟੀਜਨ ਵੈੱਲਫੇਅਰ ਕਲੱਬ ਫ਼ਰੀਦਕੋਟ ਵਿਖੇ ਜ਼ਿਲ੍ਹਾ ਪ੍ਰਧਾਨ ਜਗਦੀਸ਼ ਕੁਮਾਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੌਰਾਨ ਮੈਂਬਰਾਂ ਨੇ ਪੈਨਸ਼ਨਰਾਂ ਤੇ ਸੇਵਾਮੁਕਤ ਮੁਲਾਜ਼ਮਾਂ ਦੇ ਲਟਕਦੇ ਆ ਰਹੇ ਮਸਲਿਆਂ 'ਤੇ ਗੰਭੀਰ ਚਰਚਾ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਜਗਦੀਸ਼ ਕੁਮਾਰ ਨੇ ਦੱਸਿਆ ਕਿ ਲੀਵ ਇਨ ਕੈਸ਼ਮੈਂਟ ਦੀਆਂ ਕਾਫ਼ੀ ਕਿਸ਼ਤਾਂ ਅਜੇ ਵੀ ਬਾਕੀ ਹਨ।ਇਨ੍ਹਾਂ ਕਿਸ਼ਤਾਂ ਨੂੰ ਜਲਦੀ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਜਮ੍ਹਾਂ ਕਰਵਾਉਣ ਲਈ ਸਬੰਧਤ ਡੀ.ਡੀ.ਓਜ਼ (ਤਹਿਸੀਲਦਾਰ ਫਰੀਦਕੋਟ, ਕੋਟਕਪੂਰਾ ਤੇ ਜੈਤੋ) ਨੂੰ ਮਿਲਣ ਦਾ ਪ੍ਰੋਗਰਾਮ ਉਲੀਕਿਆ ਜਾਵੇਗਾ।ਆਗੂਆਂ ਨੇ ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਫ਼ੈਸਲੇ ਮੁਤਾਬਕ ਬਿਨਾਂ ਕਿਸੇ ਟਾਲਮਟੋਲ ਦੇ ਬਾਕੀ ਰਹਿੰਦਾ 10 ਫ਼ੀਸਦੀ ਡੀ.ਏ. (ਮਹਿੰਗਾਈ ਭੱਤਾ) ਤੇ ਕੇਂਦਰ ਸਰਕਾਰ ਵੱਲੋਂ ਦੀਵਾਲੀ ਦੇ ਤੋਹਫ਼ੇ ਵਜੋਂ ਦਿੱਤਾ ਗਿਆ 3 ਫ਼ੀਸਦੀ ਵਾਧੂ ਡੀ.ਏ. ਤੁਰੰਤ ਦੇਣ ਦੀ ਪੰਜਾਬ ਸਰਕਾਰ ਤੋਂ ਜ਼ੋਰਦਾਰ ਮੰਗ ਕੀਤੀ।ਇਸ ਦੇ ਨਾਲ ਹੀ ਪਟਵਾਰੀ ਤੇ ਕਾਨੂੰਗੋ ਦਾ ਕੇਡਰ ਪੰਜਾਬ ਕੇਡਰ ਤੋਂ ਜ਼ਿਲ੍ਹਾ ਕੇਡਰ ਕਰਨ ਦੇ ਫ਼ੈਸਲੇ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਗਿਆ।ਮੀਟਿੰਗ ਦੇ ਅੰਤ ਵਿੱਚ ਦੱਸਿਆ ਕਿ ਸਮਾਂ ਬਦਲਣ ਕਾਰਨ ਕੁਝ ਸਾਥੀ ਨਿੱਜੀ ਰੁਝੇਵਿਆਂ ਕਾਰਨ ਜਲਦੀ ਚਲੇ ਗਏ ਸਨ, ਇਸ ਲਈ ਅਗਲਾ ਪ੍ਰੋਗਰਾਮ ਉਲੀਕਣ ਤੇ ਵਿਚਾਰ-ਵਟਾਂਦਰਾ ਕਰਨ ਲਈ ਇਸੇ ਮਹੀਨੇ ਇੱਕ ਹੋਰ ਮੀਟਿੰਗ ਰੱਖੀ ਜਾਵੇਗੀ, ਜਿਸ ਦੀ ਸੂਚਨਾ ਮੈਂਬਰਾਂ ਨੂੰ ਕੁਝ ਦਿਨ ਪਹਿਲਾਂ ਦੇ ਦਿੱਤੀ ਜਾਵੇਗੀ।ਇਸ ਮੌਕੇ ਨਾਇਬ ਤਹਿਸੀਲਦਾਰ ਰਜਿੰਦਰ ਸਿੰਘ ਸਰਾਂ, ਰਾਜਾ ਰਵਿੰਦਰ ਸਿੰਘ, ਪ੍ਰਿਤਪਾਲ ਸਿੰਘ ਤੇ ਰਣਜੀਤ ਸਿੰਘ (ਰਿਟਾਇਰਡ ਕਾਨੂੰਗੋ/ਜਨਰਲ ਸਕੱਤਰ ਫ਼ਰੀਦਕੋਟ) ਸਮੇਤ ਕਈ ਹੋਰ ਆਗੂਆਂ ਨੇ ਵੀ ਸੰਬੋਧਨ ਕਰਦਿਆਂ ਆਪਣੇ ਵਿਚਾਰ ਸਾਂਝੇ ਕੀਤੇ।

ਚੜ੍ਹੇਵਾਨ ਤੇ ਥਾਂਦੇਵਾਲਾ 'ਚ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)

ਡਿਪਟੀ ਕਮਿਸ਼ਨਰ ਸ੍ਰੀ ਅਮਿਤ ਕੁਮਾਰ ਪੰਚਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਸ੍ਰੀ ਮੁਕਤਸਰ ਸਾਹਿਬ ਵੱਲੋਂ ਪਿੰਡ ਚੜ੍ਹੇਵਾਨ ਤੇ ਥਾਂਦੇਵਾਲਾ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ।ਇਨ੍ਹਾਂ ਪ੍ਰੋਗਰਾਮਾਂ ਦਾ ਮੁੱਖ ਉਦੇਸ਼ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨਾ ਤੇ ਉਨ੍ਹਾਂ ਨੂੰ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਆਪਣੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਨਾ ਸੀ।ਇਸ ਮੌਕੇ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਡਾ. ਸ਼ਿਵਾਨੀ ਨਾਗਪਾਲ ਵੱਲੋਂ ਬੱਚਿਆਂ ਨੂੰ ਨਸ਼ਿਆਂ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਜੀਵਨ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਬੱਚਿਆਂ ਨੂੰ ਸਮਝਾਇਆ ਗਿਆ ਕਿ ਨਸ਼ੇ ਵਿਅਕਤੀ ਦੀ ਸਿਹਤ, ਸਿੱਖਿਆ ਤੇ ਭਵਿੱਖ ਨੂੰ ਪ੍ਰਭਾਵਿਤ ਕਰਨ ਦੇ ਨਾਲ-ਨਾਲ ਪਰਿਵਾਰ ਤੇ ਸਮਾਜ 'ਤੇ ਵੀ ਮਾੜਾ ਅਸਰ ਪਾਉਂਦੇ ਹਨ।ਇਸ ਲਈ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਚੰਗੀਆਂ ਆਦਤਾਂ ਅਪਣਾਉਣ ਤੇ ਆਪਣਾ ਧਿਆਨ ਪੜ੍ਹਾਈ ਤੇ ਖੇਡਾਂ ਵਰਗੀਆਂ ਉਸਾਰੂ ਗਤੀਵਿਧੀਆਂ ਵੱਲ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ।ਪ੍ਰੋਗਰਾਮ ਦੌਰਾਨ ਬੱਚਿਆਂ ਤੇ ਅਧਿਆਪਕਾਂ ਨੂੰ ਕਿਹਾ ਕਿ ਉਹ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਤੇ ਇਸ ਸਬੰਧੀ ਵੱਧ ਤੋਂ ਵੱਧ ਜਾਣਕਾਰੀ ਲੋਕਾਂ ਤੱਕ ਪਹੁੰਚਾਉਣ।ਉਨ੍ਹਾਂ ਨੂੰ ਸਮਝਾਇਆ ਗਿਆ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਵਿੱਚ ਬੱਚੇ ਤੇ ਅਧਿਆਪਕ ਅਹਿਮ ਭੂਮਿਕਾ ਨਿਭਾਅ ਸਕਦੇ ਹਨ।

ਸੇਂਟ ਜ਼ੇਵੀਅਰਜ਼ ਸਕੂਲ ਵਿਖੇ ਈ-ਵੇਸਟ ਮੈਨੇਜਮੈਂਟ ਸੈਮੀਨਾਰ



ਸਮਾਣਾ (ਇਕਬਾਲ ਸਿੰਘ ਬੱਲ)-ਸੇਂਟ ਜ਼ੇਵੀਅਰਜ਼ ਇੰਟਰਨੈਸ਼ਨਲ ਸਕੂਲ ਅਤਾਲਾਂ ਵਿਖੇ ਵਿਦਿਆਰਥੀਆਂ ਨੂੰ ਇਲੈਕਟ੍ਰਾਨਿਕ ਕਚਰੇ (ਈ-ਵੇਸਟ) ਦੀ ਵਧ ਰਹੀ ਸਮੱਸਿਆ ਅਤੇ ਇਸ ਦੇ ਸਹੀ ਤੇ ਜ਼ਿੰਮੇਵਾਰ ਨਿਪਟਾਰੇ ਸਬੰਧੀ ਜਾਗਰੂਕ ਕਰਨ ਲਈ ਵਿਸ਼ੇਸ਼ ਈ-ਵੇਸਟ ਮੈਨੇਜਮੈਂਟ ਸੈਮੀਨਾਰ ਕਰਵਾਇਆ ਗਿਆ।ਇਸ ਦੌਰਾਨ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੁਰੱਖਿਆ ਤੇ ਸਾਫ਼-ਸੁਥਰੇ ਸਮਾਜ ਦੀ ਸਿਰਜਣਾ ਵਿੱਚ ਆਪਣੀ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ।ਸੈਮੀਨਾਰ ਦਾ ਸੰਚਾਲਨ ਸਕੂਲ ਦੇ ਪ੍ਰਿੰਸੀਪਲ ਸ੍ਰੀ ਬਿਕਾਸ਼ ਸਿੰਘਾ ਵੱਲੋਂ ਕੀਤਾ ਗਿਆ।ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਮੋਬਾਈਲ ਫੋਨ, ਕੰਪਿਊਟਰ, ਬੈਟਰੀਆਂ ਤੇ ਹੋਰ ਇਲੈਕਟ੍ਰਾਨਿਕ ਉਪਕਰਨਾਂ ਨੂੰ ਗਲਤ ਤਰੀਕੇ ਨਾਲ ਸੁੱਟਣ ਨਾਲ ਵਾਤਾਵਰਣ ਨੂੰ ਗੰਭੀਰ ਨੁਕਸਾਨ ਪਹੁੰਚ ਸਕਦਾ ਹੈ। ਉਨ੍ਹਾਂ ਇਸ ਸਮੱਸਿਆ ਦੇ ਹੱਲ ਲਈ 'ਥ੍ਰੀ ਆਰ' (Three Rs) ਦੇ ਸਿਧਾਂਤ ਰਿਡਿਊਸ (ਵਰਤੋਂ ਘਟਾਉਣਾ), ਰੀਯੂਜ਼ (ਮੁੜ ਵਰਤੋਂ) ਤੇ ਰੀਸਾਈਕਲ (ਮੁੜ ਚੱਕਰ ਵਿੱਚ ਲਿਆਉਣਾ) ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਬੇਲੋੜੀ ਇਲੈਕਟ੍ਰਾਨਿਕ ਖਰੀਦਦਾਰੀ ਤੋਂ ਬਚਣ, ਵਰਤੋਂ ਯੋਗ ਉਪਕਰਨਾਂ ਨੂੰ ਦੁਬਾਰਾ ਵਰਤਣ ਤੇ ਖਰਾਬ ਉਪਕਰਨਾਂ ਨੂੰ ਅਧਿਕਾਰਤ ਰੀਸਾਈਕਲਿੰਗ ਕੇਂਦਰਾਂ ਤੱਕ ਪਹੁੰਚਾਉਣ ਦੀ ਅਪੀਲ ਕੀਤੀ।ਸਕੂਲ ਦੇ ਡਾਇਰੈਕਟਰ ਸ੍ਰੀ ਅਰਨਬ ਸਰਕਾਰ ਨੇ ਇਸ ਜਾਗਰੂਕਤਾ ਸੈਮੀਨਾਰ ਦੇ ਸਫਲ ਆਯੋਜਨ ਲਈ ਪ੍ਰਿੰਸੀਪਲ, ਅਧਿਆਪਕਾਂ ਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ।

ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਸੀ ਏ ਕਿਊ ਐੱਮ ਟੀਮ ਵੱਲੋਂ ਮਾਲੇਰਕੋਟਲਾ ਦਾ ਦੌਰਾ



ਮਾਲੇਰਕੋਟਲਾ (ਅਸਗਰ ਪਰਿਹਾਰ)-ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਰੋਕਣ ਤੇ ਫ਼ਸਲੀ ਰਹਿੰਦ-ਖੂੰਹਦ ਦੇ ਵਾਤਾਵਰਣ ਪੱਖੀ ਪ੍ਰਬੰਧਨ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ (ਸੀ.ਏ.ਕਿਊ.ਐਮ.) ਦੇ ਤਕਨੀਕੀ ਮੈਂਬਰ ਡਾ. ਐੱਸ ਡੀ ਅੱਤਰੀ ਤੇ ਵਿਗਿਆਨੀ-ਸੀ ਵਿਜੇ ਕੁਮਾਰ ਦੀ ਅਗਵਾਈ ਹੇਠ ਟੀਮ ਵੱਲੋਂ ਜ਼ਿਲ੍ਹਾ ਮਾਲੇਰਕੋਟਲਾ ਦਾ ਦੌਰਾ ਕਰਕੇ ਪਰਾਲੀ ਪ੍ਰਬੰਧਨ ਦੇ ਵੱਖ-ਵੱਖ ਤਰੀਕਿਆਂ ਦਾ ਜਾਇਜ਼ਾ ਲਿਆ ਗਿਆ।ਇਸ ਤੋਂ ਪਹਿਲਾਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸੰਗਰੂਰ ਵਿਖੇ ਮਾਲੇਰਕੋਟਲਾ ਸੰਗਰੂਰ ਤੇ ਪਟਿਆਲਾ ਦੇ ਡਿਪਟੀ ਕਮਿਸ਼ਨਰਾਂ, ਐੱਸ. ਐੱਸ. ਪੀਜ਼., ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਤੇ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ ਦੀਆਂ ਫਲਾਇੰਗ ਸਕੁਐਡ ਟੀਮਾਂ ਨਾਲ ਮੀਟਿੰਗ ਕਰਕੇ ਪਰਾਲੀ ਪ੍ਰਬੰਧਨ ਦੀਆਂ ਤਿਆਰੀਆਂ ਤੇ ਅੱਗ ਲਗਾਉਣ ਦੀਆਂ ਘਟਨਾਵਾਂ ਦੀ ਰੋਕਥਾਮ ਸਬੰਧੀ ਸਥਿਤੀ ਦੀ ਸਮੀਖਿਆ ਕੀਤੀ ਗਈ।ਉਪਰੰਤ ਟੀਮ ਨੇ ਧੂਰੀ ਰੋਡ ਸਥਿਤ ਨਾਭਾ ਪੇਪਰ ਮਿੱਲ ਦਾ ਦੌਰਾ ਕੀਤਾ। ਇਸ ਤੋਂ ਬਾਅਦ ਟੀਮ ਨੇ ਪਿੰਡ ਅਹਿਮਦਾਬਾਦ ਵਿਖੇ ਖੇਤਾਂ ਵਿੱਚ ਹੀ ਪਰਾਲੀ ਦੇ ਪ੍ਰਬੰਧਨ ਲਈ ਵਰਤੀ ਜਾ ਰਹੀ ਆਧੁਨਿਕ ਖੇਤੀ ਮਸ਼ੀਨਰੀ ਦੀ ਕਾਰਗੁਜ਼ਾਰੀ ਦੇਖੀ।ਖੇਤੀਬਾੜੀ ਵਿਭਾਗ ਵੱਲੋਂ ਸੁਪਰ ਸੀਡਰ ਦੀ ਕਾਰਜਪ੍ਰਣਾਲੀ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਐੱਸ.ਡੀ.ਐੱਮ. ਮਾਲੇਰਕੋਟਲਾ ਕਨੂ ਗਰਗ, ਮੁੱਖ ਖੇਤੀਬਾੜੀ ਅਫ਼ਸਰ ਡਾ. ਹਰਬੰਸ ਸਿੰਘ, ਡੀ.ਐੱਸ.ਪੀ. ਮਾਨਵਜੀਤ ਸਿੰਘ, ਖੇਤੀਬਾੜੀ ਅਫ਼ਸਰ ਡਾ. ਕੁਲਵੀਰ ਸਿੰਘ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਇੰਜ. ਰੋਹਿਤ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਨੁਮਾਇੰਦੇ ਮੌਜੂਦ ਸਨ।

ਸੂਬੇ 'ਚ ਅਮਨ ਕਾਨੂੰਨ ਦੀ ਸਥਿਤੀ ਬਦਤਰ : ਗੁਲਜਾਰ ਸਿੰਘ ਰਣੀਕੇ

ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੀ ਮੀਟਿੰਗ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੀ ਮੀਟਿੰਗ ਭਾਈ ਮਹਾ ਸਿੰਘ ਦੀਵਾਨ ਹਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਸਾਬਕਾ ਵਿਧਾਇਕ ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਐੱਸ ਸੀ ਵਿੰਗ ਦੇ ਕੌਮੀ ਪ੍ਰਧਾਨ ਗੁਲਜ਼ਾਰ ਸਿੰਘ ਰਣੀਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਸੰਬੋਧਨ ਕਰਦਿਆਂ ਗੁਲਜ਼ਾਰ ਸਿੰਘ ਰਣੀਕੇ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ 2027 ਵਿਧਾਨ ਸਭਾ ਚੋਣਾਂ ਦਾ ਮੈਨੀਫੈਸਟੋ ਬਣਾਉਣ ਲਈ ਐੱਸ ਸੀ ਵਰਗ ਨਾਲ ਪੰਜਾਬ ਭਰ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਸ ਸਿਲਸਿਲੇ ਤਹਿਤ ਹੀ ਅੱਜ ਸ੍ਰੀ ਮੁਕਤਸਰ ਸਾਹਿਬ ਵਿਖੇ ਮੀਟਿੰਗ ਕੀਤੀ ਗਈ।ਇਨ੍ਹਾਂ ਮੀਟਿੰਗਾਂ ਦਾ ਮਕਸਦ ਇਹ ਹੈ ਕਿ ਐੱਸ ਸੀ ਵਰਗ ਦੀਆਂ ਮੰਗਾਂ ਤੇ ਮੁਸ਼ਕਲਾਂ ਤੋਂ ਜਾਣੂ ਹੋਇਆ ਜਾ ਸਕੇ ਤੇ ਚੋਣ ਮੈਨੀਫੈਸਟੋ ਦੇ ਵਿੱਚ ਇਨ੍ਹਾਂ ਮੰਗਾਂ ਨੂੰ ਸ਼ਾਮਲ ਕਰਵਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਦਾ ਰਾਜ ਵੀ ਲੋਕਾਂ ਨੇ ਵੇਖਿਆ ਹੈ ਤੇ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਵੀ ਸਾਰੇ ਵਰਗਾਂ ਦੇ ਲੋਕ ਪ੍ਰੇਸ਼ਾਨ ਹਨ, ਜਦ ਕਿ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਵਿੱਚ ਸਰਕਾਰਾਂ ਨੇ ਸਾਰੇ ਵਰਗਾਂ ਨੂੰ ਵਿਸ਼ੇਸ਼ ਸਹੂਲਤਾਂ ਦਿੱਤੀਆਂ।ਮੌਜੂਦਾ ਸਰਕਾਰ ਦਾ ਰਾਜ ਪ੍ਰਬੰਧ ਬਹੁਤ ਮਾੜਾ ਚੱਲ ਰਿਹਾ ਹੈ ਤੇ ਅਮਨ ਕਾਨੂੰਨ ਦੀ ਸਥਿਤੀ ਬਹੁਤ ਮਾੜੀ ਹੈ। ਪੰਜਾਬ ਵਿੱਚ ਹਰ ਰੋਜ਼ ਘਟਨਾਵਾਂ ਵਾਪਰ ਰਹੀਆਂ ਹਨ। ਇਸ ਤੋਂ ਇਲਾਵਾ ਮੁਲਾਜ਼ਮ ਵਰਗ ਵੀ ਬਹੁਤ ਪ੍ਰੇਸ਼ਾਨ ਹੈ ਅਤੇ ਵਪਾਰੀ ਵਰਗ ਵੀ ਪ੍ਰੇਸ਼ਾਨ ਹੈ।ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੁਸ਼ਕਲਾਂ ਵੀ ਵੱਧ ਰਹੀਆਂ ਹਨ।ਉਨ੍ਹਾਂ ਕਿਹਾ ਕਿ ਸਾਰੀਆਂ ਮੁਸ਼ਕਲਾਂ ਤੇ ਮੰਗਾਂ ਦੇ ਹੱਲ ਲਈ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੂੰ ਲਿਆਉਣਾ ਬਹੁਤ ਜਰੂਰੀ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਬਹੁਮਤ ਨਾਲ ਜਿਤਾਇਆ ਜਾਵੇ।ਇਸ ਮੌਕੇ ਰੋਜ਼ੀ ਬਰਕੰਦੀ ਤੇ ਹੋਰ ਆਗੂਆਂ ਵੱਲੋਂ ਗੁਲਜ਼ਾਰ ਸਿੰਘ ਰਣੀਕੇ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਅਕਾਲੀ ਦਲ ਦੇ ਕਈ ਆਗੂ ਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਓ ਐੱਸ ਡੀ ਵੱਲੋਂ ਕਲੋਕ ਟਾਵਰ ਤੇ ਐੱਮ ਸੀ ਪਾਰਕ ਦਾ ਉਦਘਾਟਨ



ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਧੂਰੀ ਵਿਖੇ ਵਿਕਾਸ ਤੇ ਸੁੰਦਰੀਕਰਨ ਦੇ ਵੱਖ-ਵੱਖ ਪ੍ਰੋਜੈਕਟਾਂ ਦਾ ਉਦਘਾਟਨ ਕਰਦਿਆਂ ਕ੍ਰਾਂਤੀ ਚੌਕ ਵਿਖੇ 1.41 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕਲੋਕ ਟਾਵਰ ਤੇ ਐੱਮ.ਸੀ. ਪਾਰਕ ਲੋਕ ਅਰਪਣ ਕੀਤਾ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਤਰਜੀਹ ਧੂਰੀ ਨੂੰ ਆਧੁਨਿਕ ਸਹੂਲਤਾਂ ਤੇ ਵਿਰਾਸਤੀ ਸੁੰਦਰਤਾ ਨਾਲ ਲੈਸ ਕਰਨਾ ਹੈ।ਉਨ੍ਹਾਂ ਦੱਸਿਆ ਕਿ ਮਹਾਰਾਜਾ ਅਗਰਸੈਨ ਜੀ ਨੂੰ ਸਮਰਪਤ ਕਲੋਕ ਟਾਵਰ ਸ਼ਹਿਰ ਦੀ ਨਵੀਂ ਪਹਿਚਾਣ ਬਣੇਗਾ।ਇਸ ਦੇ ਨਾਲ ਹੀ ਐੱਮ.ਸੀ. ਪਾਰਕ ਦੇ ਵਿਕਾਸ ਲਈ 1.06 ਕਰੋੜ ਰੁਪਏ ਖਰਚ ਕੀਤੇ ਗਏ ਹਨ, ਜਿਸ ਨਾਲ ਲੋਕਾਂ ਨੂੰ ਸੈਰ ਤੇ ਪਾਰਕਿੰਗ ਦੀਆਂ ਬਿਹਤਰ ਸਹੂਲਤਾਂ ਮਿਲਣਗੀਆਂ।ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ, ਨਗਰ ਕੌਂਸਲ ਪ੍ਰਧਾਨ ਅਮਰਜੋਤ ਕੌਰ ਬਾਜਵਾ, ਰਾਜਵੰਤ ਸਿੰਘ ਘੁੱਲੀ, ਡਾ. ਅਨਵਰ ਭਸੌੜ ਸਮੇਤ ਹੋਰ ਪਤਵੰਤੇ ਮੌਜੂਦ ਸਨ।

ਬੇਸਬਾਲ ਚੈਂਪੀਅਨਸ਼ਿਪ 'ਚ ਮੋਗਾ ਜ਼ਿਲ੍ਹੇ ਦੇ ਖਿਡਾਰੀਆਂ ਜਿੱਤਿਆ ਬ੍ਰੋਨਜ਼ ਮੈਡਲ



ਕੋਟ ਈਸੇ ਖਾ (ਅਰੋੜਾ)-21ਵੀਂ ਪੰਜਾਬ ਰਾਜ ਸੀਨੀਅਰ ਬੇਸਬਾਲ ਚੈਂਪੀਅਨਸ਼ਿਪ ਪੰਜਾਬ ਬੇਸਬਾਲ ਐਸੋਸੀਏਸ਼ਨ ਵੱਲੋਂ ਜ਼ਿਲ੍ਹਾ ਲੁਧਿਆਣਾ ਦੇ ਪਿੰਡ ਗਿੱਲ ਵਿਖੇ ਕਰਵਾਈ ਗਈ।ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੀਆਂ 14 ਟੀਮਾਂ ਨੇ ਭਾਗ ਲੈਂਦਿਆਂ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਲੈਕਚਰਾਰ ਪਲਵਿੰਦਰ ਸਿੰਘ ਨੇ ਦੱਸਿਆ ਕਿ ਮੋਗਾ ਜ਼ਿਲ੍ਹੇ ਦੀ ਲੜਕਿਆਂ ਦੀ ਟੀਮ ਨੇ ਚੈਂਪੀਅਨਸ਼ਿਪ ਦੌਰਾਨ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਫਿਰੋਜ਼ਪੁਰ ਜ਼ਿਲ੍ਹੇ ਦੀ ਟੀਮ ਨੂੰ 7-1 ਦੇ ਵੱਡੇ ਫਰਕ ਨਾਲ ਮਾਤ ਦਿੱਤੀ ਤੇ ਬ੍ਰੋਨਜ਼ ਮੈਡਲ ਆਪਣੇ ਨਾਮ ਕੀਤਾ। ਇਸ ਜਿੱਤ ਨਾਲ ਮੋਗਾ ਜ਼ਿਲ੍ਹੇ ਦੇ ਖਿਡਾਰੀਆਂ ਨੇ ਜ਼ਿਲ੍ਹੇ ਦਾ ਨਾਮ ਖੇਡ ਜਗਤ ਵਿੱਚ ਰੌਸ਼ਨ ਕੀਤਾ।ਉਨ੍ਹਾਂ ਦੱਸਿਆ ਕਿ ਮੋਗਾ ਜ਼ਿਲ੍ਹੇ ਦੀ ਟੀਮ ਵਿੱਚ ਸਤਿੰਦਰ ਸਿੰਘ, ਅਮਰਿੰਦਰ ਸਿੰਘ, ਦੀਪਕ ਕੁਮਾਰ, ਅਮਿਤ ਕੁਮਾਰ, ਜਗਦੀਪ ਸਿੰਘ, ਗੁਰਲਾਲ ਸਿੰਘ, ਕੁਨਾਲ ਕੁਮਾਰ, ਨਿਤਿਸ਼ ਕੁਮਾਰ, ਰਾਜਨਦੀਪ ਸਿੰਘ, ਪ੍ਰਹਿਲਾਦ, ਅਰਮਾਨਜੋਤ ਸਿੰਘ, ਅਰਸ਼ਪ੍ਰੀਤ ਸਿੰਘ, ਇਮਰਾਨ ਸਿੰਘ, ਸਿਕੰਦਰ ਸਿੰਘ, ਲਖਵੀਰ ਸਿੰਘ, ਅਰਸ਼ਦੀਪ ਸਿੰਘ ਤੇ ਨੰਦ ਲਾਲ ਸ਼ਾਮਲ ਸਨ।ਮੋਗਾ ਜ਼ਿਲ੍ਹੇ ਦੀ ਟੀਮ ਵੱਲੋਂ ਹਾਸਲ ਕੀਤੀ ਇਸ ਮਾਣਮੱਤੀ ਪ੍ਰਾਪਤੀ 'ਤੇ ਸੰਤ ਬਾਬਾ ਗੁਰਮੀਤ ਸਿੰਘ, ਚੰਦ ਸਿੰਘ, ਹਰਜੀਤ ਸਿੰਘ, ਮਨਦੀਪ ਸਿੰਘ, ਗੁਰਪ੍ਰੀਤ ਸਿੰਘ ਤੇ ਰੁਪਿੰਦਰ ਸਿੰਘ ਨੇ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਵਿੱਚ ਅਨੁਸ਼ਾਸਨ, ਮਿਹਨਤ, ਸਹਿਯੋਗ ਤੇ ਆਤਮ-ਵਿਸ਼ਵਾਸ ਦੀ ਭਾਵਨਾ ਪੈਦਾ ਕਰਦੀਆਂ ਹਨ।ਅਜਿਹੀਆਂ ਪ੍ਰਾਪਤੀਆਂ ਹੋਰਨਾਂ ਨੌਜਵਾਨਾਂ ਨੂੰ ਵੀ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕਰਦੀਆਂ ਹਨ।

ਅਧਿਆਪਕ ਬਲਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਬੂਟ ਵੰਡੇ




ਖੰਨਾ/ਪਾਇਲ (ਸੁਖਵਿੰਦਰ ਸਿੰਘ ਭਾਦਲਾ)-ਅਧਿਆਪਨ ਦੇ ਫ਼ਰਜ਼ ਨੂੰ ਸਮਾਜ ਸੇਵਾ ਦੀ ਭਾਵਨਾ ਨਾਲ ਜੋੜਦਿਆਂ ਅਧਿਆਪਕ ਮਾ. ਬਲਜੀਤ ਸਿੰਘ ਵੱਲੋਂ ਆਪਣੀ ਦਸਾਂ ਨਹੁੰਆਂ ਦੀ ਕਿਰਤ-ਕਮਾਈ ਵਿੱਚੋਂ ਸਰਕਾਰੀ ਪ੍ਰਾਇਮਰੀ ਸਕੂਲ ਬਾਉਪੁਰ ਦੇ ਵਿਦਿਆਰਥੀਆਂ ਨੂੰ ਬੂਟ ਵੰਡੇ ਗਏ। ਉਨ੍ਹਾਂ ਦਾ ਇਹ ਉਪਰਾਲਾ ਨਾ ਸਿਰਫ਼ ਬੱਚਿਆਂ ਦੀਆਂ ਲੋੜਾਂ ਪੂਰੀਆਂ ਕਰਨ ਦਾ ਸਾਧਨ ਬਣਿਆ, ਸਗੋਂ ਉਨ੍ਹਾਂ ਦੇ ਮਨਾਂ ਵਿੱਚ ਅੱਗੇ ਵਧਣ ਤੇ ਕੁਝ ਨਵਾਂ ਕਰਨ ਦਾ ਉਤਸ਼ਾਹ ਜਗਾਉਣ ਵਾਲਾ ਵੀ ਸਾਬਿਤ ਹੋਇਆ।ਇਸ ਮੌਕੇ ਮਾ. ਗੁਰਪ੍ਰੀਤ ਸਿੰਘ (ਗੁਰੀ ਤੁਰਮਰੀ) ਨੇ ਕਿਹਾ ਕਿ ਮਾ. ਬਲਜੀਤ ਸਿੰਘ ਆਪਣੇ ਸਕੂਲ ਦੇ ਵਿਦਿਆਰਥੀਆਂ ਪ੍ਰਤੀ ਸੁਹਿਰਦ, ਸਾਹਿਤ ਨਾਲ ਗੂੜ੍ਹਾ ਮੋਹ ਰੱਖਣ ਵਾਲੇ ਤੇ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਪ੍ਰੇਰਿਤ ਕਰਨ ਵਾਲੇ ਸਮਰਪਤ ਅਧਿਆਪਕ ਹਨ।ਉਹ ਆਪਣੀ ਨੇਕ ਕਮਾਈ ਵਿੱਚੋਂ ਹੁਣ ਤੱਕ 15 ਸਕੂਲਾਂ ਦੇ ਲੋੜਵੰਦ ਵਿਦਿਆਰਥੀਆਂ ਨੂੰ ਬੂਟ ਵੰਡ ਕੇ ਸੇਵਾ-ਭਾਵਨਾ ਦੀ ਵਿਲੱਖਣ ਮਿਸਾਲ ਕਾਇਮ ਕਰ ਚੁੱਕੇ ਹਨ।ਉਨ੍ਹਾਂ ਕਿਹਾ ਕਿ ਅਧਿਆਪਕ ਦਾ ਫ਼ਰਜ਼ ਕੇਵਲ ਕਿਤਾਬੀ ਗਿਆਨ ਦੇਣ ਤੱਕ ਸੀਮਤ ਨਹੀਂ ਹੁੰਦਾ, ਸਗੋਂ ਬੱਚਿਆਂ ਦੇ ਸੁਪਨਿਆਂ ਨੂੰ ਖੰਭ ਲਾਉਣਾ ਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਰਾਹ ਪੱਧਰਾ ਕਰਨਾ ਵੀ ਹੁੰਦਾ ਹੈ।ਮਾ. ਬਲਜੀਤ ਸਿੰਘ ਵੱਲੋਂ ਕੀਤੇ ਜਾ ਰਹੇ ਅਜਿਹੇ ਉਪਰਾਲੇ ਇਸੇ ਸੱਚੀ ਅਧਿਆਪਕੀ ਭਾਵਨਾ ਦਾ ਪ੍ਰਗਟਾਵਾ ਹਨ।ਇਸ ਮੌਕੇ ਸਕੂਲ ਸਟਾਫ਼ ਵੱਲੋਂ ਪਿੰਡ ਦੀ ਸਰਪੰਚ ਬਲਜਿੰਦਰ ਕੌਰ ਤੇ ਚੇਅਰਮੈਨ ਹਰਜਿੰਦਰ ਕੌਰ ਨੂੰ ਸਕੂਲ ਵਿੱਚ ਇੰਟਰਲਾਕਿੰਗ ਇੱਟਾਂ ਤੇ ਸਬਮਰਸੀਬਲ ਪੰਪ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਸਨਮਾਨਤ ਕੀਤਾ ਗਿਆ।ਮੈਡਮ ਪਿੰਕੀ ਰਾਣੀ ਤੇ ਆਂਗਣਵਾੜੀ ਵਰਕਰ ਮਨਪ੍ਰੀਤ ਕੌਰ ਨੇ ਸਿਰੋਪਾਓ ਭੇਟ ਕਰਕੇ ਉਨ੍ਹਾਂ ਦਾ ਮਾਣ ਵਧਾਇਆ, ਜਦਕਿ ਸਕੂਲ ਇੰਚਾਰਜ ਗੁਰਪ੍ਰੀਤ ਸਿੰਘ ਨੇ ਮਾ. ਬਲਜੀਤ ਸਿੰਘ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।

ਪੁਲਸ ਵੱਲੋਂ ਪਰਾਲੀ ਸਾੜਨ ਖ਼ਿਲਾਫ਼ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ




ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਸ੍ਰੀ ਮੁਕਤਸਰ ਸਾਹਿਬ ਦੇ ਸੀਨੀਅਰ ਪੁਲਸ ਕਪਤਾਨ ਸ੍ਰੀ ਅਭਿਮੰਨਿਊ ਰਾਣਾ (ਆਈ.ਪੀ.ਐੱਸ.) ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀਆਂ ਚਾਰੇ ਸਬ-ਡਵੀਜ਼ਨਾਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਤੇ ਲੰਬੀ ਵਿੱਚ ਪਰਾਲੀ ਸਾੜਨ ਖ਼ਿਲਾਫ਼ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੁਹਿੰਮ ਤਹਿਤ ਪੁਲਸ ਟੀਮਾਂ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਸੈਮੀਨਾਰ ਤੇ ਕਿਸਾਨਾਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਨੂੰ ਪਰਾਲੀ ਨਾ ਸਾੜਨ ਤੇ ਇਸ ਦੇ ਬਦਲਵੇਂ ਪ੍ਰਬੰਧਨ ਦੇ ਤਰੀਕਿਆਂ ਬਾਰੇ ਵਿਸਥਾਰ ਨਾਲ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੁਹਿੰਮ ਤਹਿਤ ਪੁਲਸ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਸਮਝਾਇਆ ਜਾ ਰਿਹਾ ਹੈ ਕਿ ਪਰਾਲੀ ਸਾੜਨ ਨਾਲ ਵਾਤਾਵਰਣ ਵਿੱਚ ਪ੍ਰਦੂਸ਼ਣ ਵਧਦਾ ਹੈ, ਮਿੱਟੀ ਦੀ ਉਪਜਾਊ ਸ਼ਕਤੀ ਪ੍ਰਭਾਵਿਤ ਹੁੰਦੀ ਹੈ ਤੇ ਮਨੁੱਖੀ ਸਿਹਤ 'ਤੇ ਵੀ ਮਾੜਾ ਪ੍ਰਭਾਵ ਪੈਂਦਾ ਹੈ।ਪਰਾਲੀ ਦੇ ਧੂੰਏਂ ਕਾਰਨ ਸੜਕਾਂ 'ਤੇ ਵਿਜ਼ੀਬਿਲਟੀ ਘਟਣ ਨਾਲ ਸੜਕ ਹਾਦਸਿਆਂ ਦਾ ਖ਼ਤਰਾ ਵੀ ਵਧ ਜਾਂਦਾ ਹੈ, ਜਿਸ ਨਾਲ ਜਾਨ-ਮਾਲ ਦਾ ਨੁਕਸਾਨ ਹੋ ਸਕਦਾ ਹੈ।ਪੁਲਸ ਅਧਿਕਾਰੀਆਂ ਵੱਲੋਂ ਕਿਸਾਨਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਇ ਇਸ ਦੇ ਬਦਲਵੇਂ ਪ੍ਰਬੰਧਨ ਦੇ ਢੰਗ ਅਪਣਾਉਣ।ਉਨ੍ਹਾ ਸਮੂਹ ਕਿਸਾਨਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਸਾੜਨ ਦੀ ਪ੍ਰਥਾ ਨੂੰ ਰੋਕਣ ਲਈ ਪ੍ਰਸ਼ਾਸਨ ਤੇ ਪੁਲਸ ਦਾ ਸਹਿਯੋਗ ਕਰਨ।

ਡਾ. ਰੇਣੂ ਸੁਥਾਰ ਡਾ. ਅਸ਼ੋਕ ਪਨਗਾਰੀਆ ਯੰਗ ਨਿਊਰੋਸਾਇੰਟਿਸਟ ਐਵਾਰਡ ਨਾਲ ਸਨਮਾਨਤ



ਸਮਰਾਲਾ (ਸੁਰਜੀਤ ਸਿੰਘ)-ਡਾ. ਰੇਣੂ ਸੁਥਾਰ ਐਡੀਸ਼ਨਲ ਪ੍ਰੋਫੈਸਰ ਪੀਡੀਆਟ੍ਰਿਕ ਨਿਊਰੋਲੋਜੀ ਯੂਨਿਟ ਬਾਲ ਰੋਗ ਵਿਭਾਗ ਪੀਜੀਆਈ ਚੰਡੀਗੜ੍ਹ ਨੂੰ ਜੈਪੁਰ ਵਿੱਚ ਆਯੋਜਿਤ ਇੰਡੀਅਨ ਅਕੈਡਮੀ ਆਫ ਨਿਊਰੋਲੋਜੀ ਦੀ 33ਵੀਂ ਸਾਲਾਨਾ ਕਾਨਫਰੰਸ ਵਿੱਚ ਵੱਕਾਰੀ ਡਾ. ਅਸ਼ੋਕ ਪਨਗਾਰੀਆ ਯੰਗ ਨਿਊਰੋਸਾਇੰਟਿਸਟ ਅਵਾਰਡ 2026 ਨਾਲ ਸਨਮਾਨਤ ਕੀਤਾ ਗਿਆ ਹੈ।ਇਹ ਐਵਾਰਡ ਪ੍ਰਸਿੱਧ ਨਿਊਰੋਲੋਜਿਸਟ ਤੇ ਪਦਮਸ਼੍ਰੀ ਐਵਾਰਡੀ ਪ੍ਰੋ. ਅਸ਼ੋਕ ਪਨਗਾਰੀਆ ਦੀ ਯਾਦ ਵਿੱਚ ਸਥਾਪਤ ਕੀਤਾ ਗਿਆ ਹੈ, ਜੋ ਭਾਰਤ ਵਿੱਚ ਨੌਜਵਾਨ ਨਿਊਰੋਲੋਜਿਸਟਾਂ ਦੁਆਰਾ ਸ਼ਾਨਦਾਰ ਖੋਜ ਯੋਗਦਾਨ ਨੂੰ ਮਾਨਤਾ ਦਿੰਦਾ ਹੈ। ਡਾ. ਸੁਥਾਰ ਨੂੰ ਪੀਡੀਆਟ੍ਰਿਕ ਨਿਊਰੋਲੋਜੀ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਇਹ ਮਾਨਤਾ ਮਿਲੀ ਹੈ। ਉਨ੍ਹਾਂ ਦੀ ਖੋਜ ਨਿਊਰੋਮਸਕੂਲਰ ਵਿਕਾਰਾਂ ਤੋਂ ਪ੍ਰਭਾਵਿਤ ਬੱਚਿਆਂ ਦੇ ਨਿਦਾਨ, ਕਲੀਨਿਕਲ ਦੇਖਭਾਲ ਅਤੇ ਇਲਾਜ ਦੇ ਨਤੀਜਿਆਂ ਵਿੱਚ ਸੁਧਾਰ ਕਰਨ 'ਤੇ ਕੇਂਦਰਿਤ ਹੈ।ਡਾ. ਸੁਥਾਰ ਨੇ ਪੀਜੀਆਈ ਚੰਡੀਗੜ੍ਹ ਤੋਂ ਪੀਡੀਆਟ੍ਰਿਕਸ ਵਿੱਚ ਐੱਮ ਡੀ ਤੇ ਪੀਡੀਆਟ੍ਰਿਕ ਨਿਊਰੋਲੋਜੀ ਵਿੱਚ ਡੀ ਐੱਮ ਕੀਤੀ ਹੈ।ਉਹ ਵਰਤਮਾਨ ਵਿੱਚ ਪੀਜੀਆਈ ਚੰਡੀਗੜ੍ਹ ਦੇ ਬਾਲ ਰੋਗ ਵਿਭਾਗ ਦੀ ਪੀਡੀਆਟ੍ਰਿਕ ਨਿਊਰੋਲੋਜੀ ਯੂਨਿਟ ਵਿੱਚ ਐਡੀਸ਼ਨਲ ਪ੍ਰੋਫੈਸਰ ਵਜੋਂ ਕੰਮ ਕਰ ਰਹੀ ਹੈ।ਉਨ੍ਹਾਂ ਕਲੀਨਿਕਲ ਰਿਸਰਚ, ਮਲਟੀ-ਸੈਂਟਰਿਕ ਬਿਮਾਰੀ ਰਜਿਸਟਰੀਆਂ, ਜੀਨੋਟਾਈਪ-ਫੀਨੋਟਾਈਪ ਅਧਿਐਨਾਂ ਤੇ ਬਚਪਨ ਵਿੱਚ ਸ਼ੁਰੂ ਹੋਣ ਵਾਲੇ ਨਿਊਰੋਮਸਕੂਲਰ ਵਿਕਾਰਾਂ ਵਿੱਚ ਉੱਭਰ ਰਹੀਆਂ ਬਿਮਾਰੀ-ਸੋਧਕ ਥੈਰੇਪੀਆਂ ਦੇ ਮੁਲਾਂਕਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ।ਬਚਪਨ ਦੇ ਨਿਊਰੋਮਸਕੂਲਰ ਵਿਕਾਰ ਹਰ 2500 ਬੱਚਿਆਂ ਵਿੱਚੋਂ ਇੱਕ ਨੂੰ ਪ੍ਰਭਾਵਿਤ ਕਰਦੇ ਹਨ ਤੇ ਇਨ੍ਹਾਂ ਵਿੱਚੋਂ 95% ਬਿਮਾਰੀਆਂ ਬਚਪਨ ਵਿੱਚ ਸ਼ੁਰੂ ਹੁੰਦੀਆਂ ਹਨ।ਬਚਪਨ ਦੇ ਪ੍ਰਮੁੱਖ ਨਿਊਰੋਮਸਕੂਲਰ ਵਿਕਾਰਾਂ ਵਿੱਚ ਸਪਾਈਨਲ ਮਸਕੂਲਰ ਐਟ੍ਰੋਫੀ, ਡੁਸ਼ੇਨ ਮਸਕੂਲਰ ਡਿਸਟ੍ਰੋਫੀ, ਲਿੰਬ-ਗਰਡਲ ਮਸਕੂਲਰ ਡਿਸਟ੍ਰੋਫੀ, ਵਿਰਾਸਤੀ ਨਿਊਰੋਪੈਥੀਆਂ ਤੇ ਮਾਈਸਥੇਨੀਆ ਗ੍ਰੈਵਿਸ ਸ਼ਾਮਲ ਹਨ। ਉਨ੍ਹਾਂ ਦੇ ਖੋਜ ਕਾਰਜ ਵਿੱਚ ਡੁਸ਼ੇਨ ਮਸਕੂਲਰ ਡਿਸਟ੍ਰੋਫੀ ਵਿੱਚ ਰੈਂਡਮਾਈਜ਼ਡ ਕੰਟਰੋਲਡ ਟਰਾਇਲ, ਸਪਾਈਨਲ ਮਸਕੂਲਰ ਐਟ੍ਰੋਫੀ ਵਾਲੇ ਬੱਚਿਆਂ ਦੇ ਲੰਬੇ ਸਮੇਂ ਦੇ ਨਤੀਜਿਆਂ 'ਤੇ ਰੀਅਲ-ਵਰਲਡ ਡਾਟਾ ਤੇ ਬੱਚਿਆਂ ਵਿੱਚ ਬਚਪਨ ਵਿੱਚ ਸ਼ੁਰੂ ਹੋਣ ਵਾਲੀਆਂ ਮਸਕੂਲਰ ਡਿਸਟ੍ਰੋਫੀਜ਼ ਤੇ ਕੰਜੇਨੀਟਲ ਮਾਈਸਥੇਨਿਕ ਸਿੰਡਰੋਮਜ਼ ਦਾ ਜੀਨੋਟਾਈਪ-ਫੀਨੋਟਾਈਪ ਸਬੰਧ ਸ਼ਾਮਲ ਹੈ।ਉਨ੍ਹਾਂ ਨੇ ਬੱਚਿਆਂ ਵਿੱਚ ਗੁਇਲੇਨ-ਬੈਰੇ ਸਿੰਡਰੋਮ ਅਤੇ ਕ੍ਰੋਨਿਕ ਇਨਫਲੇਮੇਟਰੀ ਡੀਮਾਈਲੀਨੇਟਿੰਗ ਨਿਊਰੋਪੈਥੀਜ਼ ਵਰਗੇ ਤੀਬਰ ਨਿਊਰੋਮਸਕੂਲਰ ਵਿਕਾਰਾਂ ਵਾਲੇ ਬੱਚਿਆਂ ਦੇ ਇਲਾਜ ਅਤੇ ਮੁੜ ਵਸੇਬੇ ਨੂੰ ਸਮਝਣ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਇਆ ਹੈ।

ਐੱਸ ਡੀ ਐੱਮ ਵੱਲੋਂ ਵੱਖ-ਵੱਖ ਅਨਾਜ ਮੰਡੀਆਂ ਦਾ ਦੌਰਾ



ਬੁਢਲਾਡਾ (ਅਸ਼ੋਕ ਲਾਕੜਾ)-ਡਿਪਟੀ ਕਮਿਸ਼ਨਰ ਨਵਜੋਤ ਕੌਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਅਮਲ ਕਰਦਿਆਂ ਉੱਪ-ਮੰਡਲ ਮੈਜਿਸਟਰੇਟ ਬੁਢਲਾਡਾ ਗੁਰਮੀਤ ਕੁਮਾਰ ਵੱਲੋਂ ਵੱਖ-ਵੱਖ ਪਿੰਡਾਂ ਦੀਆਂ ਅਨਾਜ ਮੰਡੀਆਂ ਦਾ ਦੌਰਾ ਕਰਕੇ ਝੋਨੇ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਇਸ ਦੌਰਾਨ ਐੱਸ.ਡੀ.ਐੱਮ. ਨੇ ਰੰਗੜਿਆਲ, ਕੁਲਰੀਆਂ, ਬੋਹਾ, ਸੈਦੇਵਾਲਾ, ਬਖ਼ਸ਼ੀਵਾਲਾ, ਦੋਦੜਾ ਤੇ ਭਾਦੜਾ ਦਾ ਦੌਰਾ ਕੀਤਾ।ਵੱਖ ਵੱਖ ਅਨਾਜ ਮੰਡੀਆਂ ਵਿੱਚ ਪਹੁੰਚ ਕੇ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੰਡੀਆਂ ਵਿੱਚ ਆਈ ਫ਼ਸਲ ਦੀ ਲਿਫ਼ਟਿੰਗ ਤੇ ਬਾਰਦਾਨੇ ਦਾ ਯੋਗ ਪ੍ਰਬੰਧ ਰੱਖਿਆ ਜਾਵੇ ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀਆਂ ਵਿੱਚ ਪੂਰੀ ਤਰ੍ਹਾਂ ਸੁੱਕਾ ਝੋਨਾ ਹੀ ਲਿਆਉਣ ਤਾਂ ਜੋ ਉਨ੍ਹਾਂ ਦੀ ਫ਼ਸਲ ਦੀ ਤੁਰੰਤ ਖ਼ਰੀਦ ਹੋ ਸਕੇ। ਅਨਾਜ ਮੰਡੀਆਂ ਦੇ ਦੌਰੇ ਤੋਂ ਇਲਾਵਾ ਐੱਸ.ਡੀ.ਐੱਮ. ਗੁਰਮੀਤ ਕੁਮਾਰ ਨੇ ਖੇਤਾਂ ਵਿੱਚ ਜਾ ਕੇ ਉਨ੍ਹਾਂ ਕਿਸਾਨ ਵੀਰਾਂ ਨਾਲ ਮੁਲਾਕਾਤ ਕਰਦਿਆਂ ਹੌਸਲਾ-ਅਫ਼ਜ਼ਾਈ ਕੀਤੀ, ਜੋ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀ ਥਾਂ ਖੇਤਾਂ ਵਿੱਚ ਹੀ ਵਾਹ ਰਹੇ ਹਨ ਜਾਂ ਉਸ ਦਾ ਉਚਿਤ ਪ੍ਰਬੰਧਨ ਕਰ ਰਹੇ ਹਨ।

ਨਿਧਾਂਵਾਲਾ 'ਚ 'ਮੇਰਾ ਘਰ ਮੇਰੇ ਨਾਮ' ਤਹਿਤ ਪਰਵਾਰਾਂ ਨੂੰ ਮਿਲੇ ਮਾਲਕੀ ਹੱਕ

ਲਾਲ ਲਕੀਰ ਅੰਦਰ ਰਹਿਣ ਵਾਲੇ ਪਰਵਾਰਾਂ ਨੂੰ ਮਿਲੀ ਘਰਾਂ ਦੀ ਕਾਨੂੰਨੀ ਮਾਲਕੀ : ਡਾ. ਅਰੋੜਾ



ਮੋਗਾ (ਇਕਬਾਲ ਸਿੰਘ ਖਹਿਰਾ)-ਹਲਕਾ ਮੋਗਾ ਦੇ ਪਿੰਡ ਨਿਧਾਂਵਾਲਾ ਵਿਖੇ 'ਮੇਰਾ ਘਰ ਮੇਰੇ ਨਾਮ' ਯੋਜਨਾ ਤਹਿਤ ਲਾਲ ਲਕੀਰ ਦੇ ਅੰਦਰ ਰਹਿਣ ਵਾਲੇ ਪਰਵਾਰਾਂ ਨੂੰ ਪੱਕੀਆਂ ਰਜਿਸਟਰੀਆਂ ਰਾਹੀਂ ਮਾਲਕੀ ਹੱਕ ਪ੍ਰਦਾਨ ਕੀਤੇ ਗਏ।ਇਸ ਪਹਿਲਕਦਮੀ ਤਹਿਤ ਲੰਬੇ ਸਮੇਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਪਰਿਵਾਰਾਂ ਨੂੰ ਉਨ੍ਹਾਂ ਦੀ ਜਾਇਦਾਦ ਦੀ ਕਾਨੂੰਨੀ ਮਾਲਕੀ ਦਾ ਅਧਿਕਾਰ ਮਿਲਿਆ ਹੈ। ਇਹ ਕਦਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਸਬੰਧੀ ਕਾਨੂੰਨੀ ਸੁਰੱਖਿਆ ਪ੍ਰਦਾਨ ਕਰਨ ਤੇ ਉਨ੍ਹਾਂ ਦਾ ਭਵਿੱਖ ਸੁਰੱਖਿਅਤ ਬਣਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਸਾਬਤ ਹੋਵੇਗਾ।ਇਸ ਮੌਕੇ ਹਲਕਾ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਦਾ ਮੁੱਖ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੀ ਕਾਨੂੰਨੀ ਮਾਲਕੀ ਦਾ ਅਧਿਕਾਰ ਦਿਵਾਉਣਾ ਤੇ ਉਨ੍ਹਾਂ ਨੂੰ ਜਾਇਦਾਦ ਸਬੰਧੀ ਅਨਿਸ਼ਚਿਤਤਾ ਤੋਂ ਰਾਹਤ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਘਰ ਹਰੇਕ ਪਰਵਾਰ ਦੇ ਜੀਵਨ ਦਾ ਇੱਕ ਅਹਿਮ ਹਿੱਸਾ ਹੁੰਦਾ ਹੈ।ਅਜਿਹੇ ਵਿੱਚ ਆਪਣੇ ਘਰ ਦੀ ਪੱਕੀ ਰਜਿਸਟਰੀ ਮਿਲਣ ਨਾਲ ਪਰਵਾਰਾਂ ਨੂੰ ਸੁਰੱਖਿਆ, ਸਥਿਰਤਾ ਤੇ ਆਤਮ-ਵਿਸ਼ਵਾਸ ਦਾ ਅਹਿਸਾਸ ਹੁੰਦਾ ਹੈ।ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਮੁੱਖ ਉਦੇਸ਼ ਆਮ ਲੋਕਾਂ ਤੱਕ ਉਨ੍ਹਾਂ ਦੇ ਅਧਿਕਾਰਾਂ ਦਾ ਲਾਭ ਪਹੁੰਚਾਉਣਾ ਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣਾ ਹੈ।ਲਾਲ ਲਕੀਰ ਦੇ ਅੰਦਰ ਰਹਿਣ ਵਾਲੇ ਪਰਵਾਰਾਂ ਨੂੰ ਮਾਲਕੀ ਹੱਕ ਪ੍ਰਦਾਨ ਕਰਨਾ ਇਸੇ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਜਦੋਂ ਕਿਸੇ ਪਰਵਾਰ ਨੂੰ ਆਪਣੇ ਘਰ ਦੀ ਕਾਨੂੰਨੀ ਮਾਲਕੀ ਦੇ ਦਸਤਾਵੇਜ਼ ਮਿਲਦੇ ਹਨ ਤਾਂ ਉਸ ਨੂੰ ਆਪਣੀ ਜਾਇਦਾਦ ਸਬੰਧੀ ਵਧੇਰੇ ਸੁਰੱਖਿਆ ਮਿਲਦੀ ਹੈ ਤੇ ਭਵਿੱਖ ਵਿੱਚ ਜਾਇਦਾਦ ਨਾਲ ਜੁੜੇ ਵੱਖ-ਵੱਖ ਕੰਮਾਂ ਨੂੰ ਪੂਰਾ ਕਰਨ ਵਿੱਚ ਵੀ ਸਹੂਲਤ ਹੁੰਦੀ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਰਹਿਣ ਵਾਲੇ ਲੋਕਾਂ ਤੱਕ ਸਰਕਾਰੀ ਸਹੂਲਤਾਂ ਤੇ ਲੋਕ ਭਲਾਈ ਯੋਜਨਾਵਾਂ ਦਾ ਲਾਭ ਪਹੁੰਚਾਉਣਾ ਬੇਹੱਦ ਜ਼ਰੂਰੀ ਹੈ। ਸਰਕਾਰ ਦਾ ਯਤਨ ਹੈ ਕਿ ਯੋਗ ਪਰਵਾਰ ਆਪਣੇ ਅਧਿਕਾਰਾਂ ਤੋਂ ਵਾਂਝੇ ਨਾ ਰਹਿਣ ਤੇ ਉਨ੍ਹਾਂ ਨੂੰ ਯੋਜਨਾਵਾਂ ਦਾ ਉਚਿਤ ਲਾਭ ਮਿਲੇ।ਅਜਿਹੀਆਂ ਪਹਿਲਕਦਮੀਆਂ ਨਾਲ ਆਮ ਲੋਕਾਂ ਦਾ ਸਰਕਾਰੀ ਯੋਜਨਾਵਾਂ ਪ੍ਰਤੀ ਵਿਸ਼ਵਾਸ ਮਜ਼ਬੂਤ ਹੁੰਦਾ ਹੈ ਤੇ ਉਨ੍ਹਾਂ ਨੂੰ ਆਪਣੇ ਭਵਿੱਖ ਦੀ ਬਿਹਤਰ ਯੋਜਨਾਬੰਦੀ ਕਰਨ ਵਿੱਚ ਸਹਾਇਤਾ ਮਿਲਦੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਤੇ ਉਨ੍ਹਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਦਿਵਾਉਣਾ ਪਹਿਲ ਹੋਣੀ ਚਾਹੀਦੀ ਹੈ।ਪਿੰਡ ਨਿਧਾਂਵਾਲਾ ਵਿੱਚ ਪਰਵਾਰਾਂ ਨੂੰ ਮਾਲਕੀ ਹੱਕ ਪ੍ਰਦਾਨ ਕਰਨਾ ਇਸੇ ਉਦੇਸ਼ ਵੱਲ ਇੱਕ ਸ਼ਲਾਘਾਯੋਗ ਕਦਮ ਹੈ।ਇਸ ਪਹਿਲਕਦਮੀ ਨਾਲ ਲਾਭਪਾਤਰੀ ਪਰਵਾਰਾਂ ਨੂੰ ਆਪਣੇ ਘਰਾਂ ਦੀ ਕਾਨੂੰਨੀ ਮਾਲਕੀ ਮਿਲਣ ਨਾਲ ਰਾਹਤ ਮਿਲੇਗੀ ਤੇ ਉਨ੍ਹਾਂ ਦਾ ਭਵਿੱਖ ਹੋਰ ਸੁਰੱਖਿਅਤ ਬਣਾਉਣ ਵਿੱਚ ਮਦਦ ਮਿਲੇਗੀ।

ਜਲਾਲਾਬਾਦ ਫੁੱਟਬਾਲ ਕੱਪ ਦਾ ਸ਼ਾਨਦਾਰ ਆਗਾਜ਼

ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ : ਗੋਲਡੀ ਕੰਬੋਜ



ਜਲਾਲਾਬਾਦ (ਨਿਸ਼ਾ ਸ਼ਰਮਾ)-ਹਲਕੇ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਖੇਡ ਪ੍ਰਤਿਭਾ ਨੂੰ ਉਭਾਰਨ ਦੇ ਮਕਸਦ ਨਾਲ ਪਿੰਡ ਡੱਬਵਾਲਾ ਕਲਾਂ (ਮੰਡੀ ਅਰਨੀ ਵਾਲਾ) ਦੇ ਖੇਡ ਸਟੇਡੀਅਮ ਵਿਖੇ ਜਲਾਲਾਬਾਦ ਫੁੱਟਬਾਲ ਕੱਪ ਦਾ ਸ਼ਾਨਦਾਰ ਆਗਾਜ਼ ਕੀਤਾ ਗਿਆ।ਇਸ ਮੌਕੇ ਹਲਕਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਫੁੱਟਬਾਲ ਕੱਪ ਦੀ ਸ਼ੁਰੂਆਤ ਕਰਵਾਈ ਤੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਇਸ ਮੌਕੇ ਵਿਧਾਇਕ ਗੋਲਡੀ ਕੰਬੋਜ ਨੇ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਦਾ ਸਾਧਨ ਹੀ ਨਹੀਂ, ਸਗੋਂ ਨੌਜਵਾਨਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ, ਮਿਹਨਤ ਤੇ ਜਿੱਤਣ ਦਾ ਜਜ਼ਬਾ ਪੈਦਾ ਕਰਨ ਦਾ ਵੀ ਮਹੱਤਵਪੂਰਨ ਜ਼ਰੀਆ ਹਨ।ਉਨ੍ਹਾਂ ਕਿਹਾ ਕਿ ਅੱਜ ਸਮੇਂ ਦੀ ਲੋੜ ਹੈ ਕਿ ਨੌਜਵਾਨਾਂ ਨੂੰ ਨਸ਼ਿਆਂ ਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖ ਕੇ ਖੇਡ ਮੈਦਾਨਾਂ ਨਾਲ ਜੋੜਿਆ ਜਾਵੇ।ਅਜਿਹੇ ਖੇਡ ਮੁਕਾਬਲੇ ਪਿੰਡਾਂ ਵਿੱਚੋਂ ਨਵੀਂ ਖੇਡ ਪ੍ਰਤਿਭਾ ਨੂੰ ਸਾਹਮਣੇ ਲਿਆਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ।ਖੇਡਾਂ ਵਤਨ ਪੰਜਾਬ ਦੀਆਂ ਵਰਗੇ ਉਪਰਾਲਿਆਂ ਰਾਹੀਂ ਪਿੰਡ ਪੱਧਰ ਤੋਂ ਲੈ ਕੇ ਸੂਬਾ ਪੱਧਰ ਤੱਕ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਦੇ ਮੌਕੇ ਪ੍ਰਦਾਨ ਕੀਤੇ ਜਾ ਰਹੇ ਹਨ।ਵਿਧਾਇਕ ਨੇ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈਣ ਤੇ ਆਪਣੇ ਪਿੰਡ, ਇਲਾਕੇ ਤੇ ਪੰਜਾਬ ਦਾ ਨਾਮ ਰੌਸ਼ਨ ਕਰਨ।ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕੇ ਵਿੱਚ ਖੇਡ ਗਤੀਵਿਧੀਆਂ ਨੂੰ ਉਤਸ਼ਾਹਤ ਕਰਨ ਤੇ ਨੌਜਵਾਨਾਂ ਨੂੰ ਬਿਹਤਰ ਮੌਕੇ ਮੁਹੱਈਆ ਕਰਵਾਉਣ ਲਈ ਯਤਨ ਜਾਰੀ ਰਹਿਣਗੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਹਲਕਾ ਮਜੀਠਾ 'ਚ ਪਰਾਲੀ ਸਾੜਨ ਦਾ ਸਿਲਸਿਲਾ ਜਾਰੀ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)- ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਵੱਡੇ ਪੱਧਰ 'ਤੇ ਜਾਗਰੂਕਤਾ ਮੁਹਿੰਮਾਂ ਚਲਾਉਣ ਦੇ ਨਾਲ-ਨਾਲ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵੱਖ-ਵੱਖ ਸਹੂਲਤਾਂ ਮੁਹੱਈਆ ਕਰਵਾਉਣ ਦੇ ਦਾਅਵੇ ਕੀਤੇ ਜਾ ਰਹੇ ਹਨ। ਪਰ ਦੂਜੇ ਪਾਸੇ ਹਲਕਾ ਮਜੀਠਾ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਸਾਹਮਣੇ ਆਉਣਾ ਸਬੰਧਤ ਵਿਭਾਗਾਂ ਦੀ ਨਿਗਰਾਨੀ ਅਤੇ ਰੋਕਥਾਮ ਪ੍ਰਬੰਧਾਂ 'ਤੇ ਕਈ ਗੰਭੀਰ ਸਵਾਲ ਖੜ੍ਹੇ ਕਰ ਰਿਹਾ ਹੈ। ਤਾਜ਼ਾ ਮਾਮਲਾ ਹਲਕਾ ਮਜੀਠਾ ਦੇ ਪਿੰਡ ਸਾਨੇਵਾਲ ਤੋਂ ਸਾਹਮਣੇ ਆਇਆ ਹੈ, ਜਿੱਥੇ ਪਰਾਲੀ ਅਤੇ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਈ ਜਾ ਰਹੀ ਹੈ। ਖੇਤਾਂ ਵਿੱਚੋਂ ਉੱਠਦਾ ਧੂੰਆਂ ਜਿੱਥੇ ਵਾਤਾਵਰਨ ਨੂੰ ਪ੍ਰਦੂਸ਼ਿਤ ਕਰ ਰਿਹਾ ਹੈ, ਉੱਥੇ ਹੀ ਲੋਕਾਂ ਦੀ ਸਿਹਤ ਲਈ ਵੀ ਚਿੰਤਾ ਦਾ ਵਿਸ਼ਾ ਬਣ ਰਿਹਾ ਹੈ। ਸਵਾਲ ਇਹ ਹੈ ਕਿ ਜਦੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਸਰਕਾਰੀ ਪੱਧਰ 'ਤੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ ਤਾਂ ਫਿਰ ਹਲਕਾ ਮਜੀਠਾ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਮੀਨੀ ਪੱਧਰ 'ਤੇ ਕਿੰਨੀ ਨਿਗਰਾਨੀ ਕੀਤੀ ਜਾ ਰਹੀ ਹੈ? ਇਸ ਦੇ ਨਾਲ ਹੀ ਇਲਾਕੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਦੀ ਸੈਟੇਲਾਈਟ ਰਾਹੀਂ ਨਿਗਰਾਨੀ ਕਰਨ ਵਾਲੇ ਸਿਸਟਮ ਦੀ ਕਾਰਗੁਜ਼ਾਰੀ ਨੂੰ ਲੈ ਕੇ ਵੀ ਸਵਾਲ ਉੱਠ ਰਹੇ ਹਨ। ਜੇਕਰ ਸੈਟੇਲਾਈਟ ਸਿਸਟਮ ਅਤੇ ਵਿਭਾਗੀ ਟੀਮਾਂ ਸਰਗਰਮ ਹਨ ਤਾਂ ਖੇਤਾਂ ਵਿੱਚ ਲੱਗ ਰਹੀਆਂ ਅੱਗਾਂ ਨੂੰ ਸਮੇਂ ਸਿਰ ਰੋਕਣ ਲਈ ਕੀ ਕਾਰਵਾਈ ਕੀਤੀ ਜਾ ਰਹੀ ਹੈ, ਇਹ ਜਾਂਚ ਦਾ ਵਿਸ਼ਾ ਹੈ। ਜਦੋਂ ਇਸ ਮਾਮਲੇ ਸਬੰਧੀ ਐੱਸਐੱਚਓ ਕੱਥੂਨੰਗਲ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਉਹ ਤੁਰੰਤ ਮੌਕੇ 'ਤੇ ਪੁਲਿਸ ਮੁਲਾਜ਼ਮ ਭੇਜ ਰਹੇ ਹਨ। ਜੇਕਰ ਕੋਈ ਵਿਅਕਤੀ ਪਰਾਲੀ ਸਾੜਦਾ ਹੋਇਆ ਕਾਬੂ ਆਉਂਦਾ ਹੈ ਤਾਂ ਉਸ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਦੂਜੇ ਪਾਸੇ ਜਦੋਂ ਇਸ ਮਾਮਲੇ ਸਬੰਧੀ ਏਡੀਓ ਮਜੀਠਾ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਉਹ ਮੌਕੇ 'ਤੇ ਅਧਿਕਾਰੀ ਭੇਜ ਕੇ ਸਾਰੀ ਸਥਿਤੀ ਦਾ ਜਾਇਜ਼ਾ ਲੈਣਗੇ।



ਉਨ੍ਹਾਂ ਸਪੱਸ਼ਟ ਕੀਤਾ ਕਿ ਵਿਭਾਗ ਦਾ ਸੈਟੇਲਾਈਟ ਸਿਸਟਮ ਅਤੇ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਗਈਆਂ ਹੋਰ ਸਹੂਲਤਾਂ ਚਾਲੂ ਹਨ ਅਤੇ ਮਾਮਲੇ ਵਿੱਚ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਇਲਾਕਾ ਵਾਸੀਆਂ ਦੀ ਸਿਹਤ ਅਤੇ ਵਾਤਾਵਰਨ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਸੰਬੰਧਤ ਵਿਭਾਗਾਂ ਤੋਂ ਉਮੀਦ ਕੀਤੀ ਜਾ ਰਹੀ ਹੈ ਕਿ ਉਹ ਸਿਰਫ਼ ਕਾਗਜ਼ੀ ਕਾਰਵਾਈ ਦੀ ਬਜਾਏ ਜ਼ਮੀਨੀ ਪੱਧਰ 'ਤੇ ਵੀ ਆਪਣੀ ਜ਼ਿੰਮੇਵਾਰੀ ਨਿਭਾਉਣਗੇ।

ਕਿਸਾਨਾਂ ਵੱਲੋਂ ਏ ਆਰ ਸਹਿਕਾਰੀ ਸਭਾਵਾਂ ਸਾਹਮਣੇ ਸੰਕੇਤਕ ਧਰਨਾ ਦੇ ਕੇ ਮੁੱਖ ਮੰਤਰੀ ਦੇ ਨਾ ਭੇਜਿਆ ਮੰਗ ਪੱਤਰ

ਧਾਰੀਵਾਲ (ਗੁਰਦਾਸਪੁਰ) (ਮਨਦੀਪ ਵਿੱਕੀ)- ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਸੰਯੁਕਤ ਕਿਸਾਨ ਮੋਰਚਾ ਦੇ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਕਿਸਾਨਾਂ ਨੇ ਰੈਲੀ ਕੀਤੀ ਉਪਰੰਤ ਏ ਆਰ ਸਹਿਕਾਰੀ ਸਭਾਵਾਂ ਦੇ ਦਫਤਰ ਅੱਗੇ ਸੰਕੇਤਕ ਧਰਨਾ ਦਿੱਤਾ ਅਤੇ ਸਹਿਕਾਰਤਾ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਮ ਏ ਆਰ ਨੂੰ ਮੰਗ ਪੱਤਰ ਸੌਂਪਿਆ ਗਿਆ।ਇਸ ਦੀ ਪ੍ਰਧਾਨਗੀ ਸਾਂਝੇ ਤੌਰ 'ਤੇ ਗੁਲਜਾਰ ਸਿੰਘ ਬਸੰਤਕੋਟ ਹਰਜੀਤ ਸਿੰਘ ਕਾਹਲੋਂ ਮੱਖਣ ਸਿੰਘ ਕੁਹਾੜ ਰਾਜ ਗੁਰਵਿੰਦਰ ਸਿੰਘ ਲਾਡੀ ਤਰਲੋਕ ਸਿੰਘ ਬਹਿਰਾਮਪੁਰ ਅਸ਼ਵਨੀ ਕੁਮਾਰ ਲਖਣ ਕਲਾਂ ਮੰਗਤ ਸਿੰਘ ਜੀਵਨ ਚੱਕ ਸੁਰਿੰਦਰ ਸਿੰਘ ਕੋਠੇ ਆਦਿ ਨੇ ਸਾਂਝੇ ਤੌਰ 'ਤੇ ਕੀਤੀ।ਇਸ ਮੌਕੇ ਰਘਬੀਰ ਸਿੰਘ ਚਾਹਲ ਹਰਵਿੰਦਰ ਸਿੰਘ ਮੱਲੀ ਆਦਿਆਂ ਬਲਬੀਰ ਸਿੰਘ ਕੱਤੋਵਾਲ ਜਗਜੀਤ ਸਿੰਘ ਆਲੂਣਾ ਬਚਨ ਸਿੰਘ ਭੰਬੋਈ ਚੰਨਣ ਸਿੰਘ ਦੁਰਾਂਗਲਾ ਐਡਵੋਕੇਟ ਹਰਵਿੰਦਰ ਸਿੰਘ ਭਾਗੋਕਾਵਾਂ ਅਜੀਤ ਸਿੰਘ ਹੁੰਦਲ ਆਦਿ ਨੇ ਦੋਸ਼ ਲਾਇਆ ਕਿ ਐਸ ਕੇ ਐਮ ਵੱਲੋਂ ਚੰਡੀਗੜ੍ਹ ਲਗਾਤਾਰ ਧਰਨਾ ਦੇਣ ਬਾਅਦ ਮੁੱਖ ਮੰਤਰੀ ਜੋ ਕਿ ਸਹਿਕਾਰਤਾ ਮੰਤਰੀ ਵੀ ਹਨ, ਨੇ ਵਾਅਦਾ ਕੀਤਾ ਸੀ ਕਿ ਕਿਸਾਨ ਕ੍ਰੈਡਿਟ ਕਾਰਡ ਨੀਤੀ 2026 ਨੂੰ ਕਿਸਾਨ ਵਿਰੋਧੀ ਹੋਣ ਕਾਰਨ ਅਸੈਂਬਲੀ ਦੇ ਵਿਸ਼ੇਸ਼ ਸੈਸ਼ਨ ਦੌਰਾਨ ਇਸ ਨੀਤੀ ਨੂੰ ਰੱਦ ਕਰ ਦਿੱਤਾ ਜਾਵੇਗਾ। ਪ੍ਰੰਤੂ ਅਜਿਹਾ ਨਹੀਂ ਕੀਤਾ ਗਿਆ ਕਿਉਂਕਿ ਸਹਿਕਾਰੀ ਸਭਾਵਾਂ ਕਿਸਾਨਾਂ ਦੀ ਰੀੜ੍ਹ ਦੀ ਹੱਡੀ ਹਨ ਪਰ ਸਰਕਾਰ ਇਸ ਵੱਲ ਧਿਆਨ ਨਹੀਂ ਦੇ ਰਹੀ ।ਇਸ ਵਿੱਚ 2 ਲੱਖ ਦੇ ਜ਼ਮੀਨੀ ਕਰਜੇ ਉਪਰੰਤ ਜਮੀਨ ਅਕਵਾਇਰ ਕਰਨਾ, ਕਰਜੇ ਦਾ ਚੱਕਰਵਰਤੀ ਵਿਆਜ ਲਾਉਣਾ, ਬਾਹਰੀ ਕਰਜੇ ਤੇ 4% ਦੀ ਥਾਂ 11% ਵਿਆਜ ਲਾਉਣਾ ਆਦਿ ਨਜਾਇਜ ਕਾਰਵਾਈਆਂ ਹਨ ।ਇਸ ਨੂੰ ਫੌਰੀ ਰੱਦ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਵੀਰ ਸਿੰਘ ਕਲਾਨੌਰ ਬਲਬੀਰ ਸਿੰਘ ਪੀਰਾਂਬਾਗ ਮਲਕੀਤ ਸਿੰਘ ਬੁੱਢਾਕੋਟ ਮਨਜੀਤ ਸਿੰਘ ਨੜਾਵਾਲੀ ਕੁਲਜੀਤ ਸਿੰਘ ਸਿੱਧਵਾਂ ਜਮੀਤਾ ਦਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।



ਵਧੀਕ ਡਿਪਟੀ ਕਮਿਸ਼ਨਰ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਰੋਕਣ ਲਈ ਪਿੰਡਾਂ ਦਾ ਦੌਰਾ

ਧਾਰੀਵਾਲ (ਮਨਦੀਪ ਵਿੱਕੀ)- ਗੁਰਦਾਸਪੁਰ ਜ਼ਿਲ੍ਹੇ ਵਿੱਚ ਪਰਾਲੀ ਅਤੇ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਦੀਆਂ ਹਦਾਇਤਾਂ 'ਤੇ ਉੱਚ ਅਧਿਕਾਰੀਆਂ ਵੱਲੋਂ ਟੀਮਾਂ ਸਮੇਤ ਲਗਾਤਾਰ ਵੱਖ-ਵੱਖ ਪਿੰਡਾਂ ਦੀ ਪੈਟਰੋਲਿੰਗ ਜਾਰੀ ਹੈ। ਇਸੇ ਤਹਿਤ ਗੁਰਪ੍ਰੀਤ ਸਿੰਘ ਗਿੱਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਗੁਰਦਾਸਪੁਰ ਵਲੋਂ ਧਾਰੀਵਾਲ ਖੇਤਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਖੇਤੀਬਾੜੀ ਅਤੇ ਪੁਲਸ ਵਿਭਾਗ ਦੀਆਂ ਸਾਂਝੀਆਂ ਟੀਮਾਂ ਵੱਲੋਂ ਵੱਖ-ਵੱਖ ਪਿੰਡਾਂ ਦੀ ਪੈਟਰੋਲਿੰਗ ਕੀਤੀ ਗਈ। ਇਸ ਦੌਰਾਨ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਕਾਰਵਾਈ ਕੀਤੀ ਗਈ ਅਤੇ ਪਿੰਡ ਕਲਿਆਣਪੁਰ ਵਿਖੇ ਮੌਕੇ 'ਤੇ ਲੱਗੀ ਅੱਗ ਨੂੰ ਬੁਝਾਇਆ ਗਿਆ। ਕੁਝ ਥਾਵਾਂ 'ਤੇ ਅੱਗ ਨੂੰ ਬੁਝਾਉਣ ਲਈ ਫਾਇਰ ਬ੍ਰਿਗੇਡ ਦੀ ਮਦਦ ਵੀ ਲਈ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਗਿੱਲ ਨੇ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਪ੍ਰਸ਼ਾਸਨ ਵੱਲੋਂ ਜਾਗਰੂਕਤਾ ਦੇ ਨਾਲ-ਨਾਲ ਸਖ਼ਤੀ ਵੀ ਕੀਤੀ ਜਾ ਰਹੀ ਹੈ ਅਤੇ ਪਰਚੇ ਵੀ ਦਰਜ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਣ ਦੀ ਸੰਭਾਲ ਅਤੇ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਫ਼ਸਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਅਤੇ ਇਸ ਦੇ ਸੁਚੱਜੇ ਪ੍ਰਬੰਧਨ ਲਈ ਖੇਤੀਬਾੜੀ ਮਸ਼ੀਨਰੀ ਦੀ ਵਰਤੋਂ ਕਰਨ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦਾ ਖੇਤਾਂ ਵਿੱਚ ਹੀ ਪ੍ਰਬੰਧਨ ਕਰਨ ਜਾਂ ਬੇਲਰ ਵਰਗੀ ਖੇਤੀ ਮਸ਼ੀਨਰੀ ਰਾਹੀਂ ਗੰਢਾਂ ਬਣਵਾ ਕੇ ਇਸ ਦੀ ਸੁਚੱਜੀ ਵਰਤੋਂ ਕਰਨ।



ਪ੍ਰੀਤਕਾ ਨੇ ਨੈਸ਼ਨਲ ਜੂਡੋ 'ਚ ਕਾਂਸੀ ਦਾ ਤਗਮਾ ਜਿੱਤਿਆ

ਗੁਰਦਾਸਪੁਰ (ਦਿਨੇਸ਼ ਕੁਮਾਰ)- ਬਹਿਰਾਮਪੁਰ ਰੋਡ 'ਤੇ ਸਥਿਤ ਟੀ.ਸੀ.ਇੰਟਰਨੈਸ਼ਨਲ ਸਕੂਲ ਦੀ ਇੱਕ ਹੋਣਹਾਰ ਵਿਦਆਰਥਣ, ਪ੍ਰੀਤਕਾ ਸਰਮਾਲ (ਜਮਾਤ 7ਵੀਂ) ਨੇ 70ਵੀਆਂ ਨੈਸ਼ਨਲ ਸਕੂਲ ਗੇਮਜ਼ 2026-27 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜੂਡੋ ਮੁਕਾਬਲੇ ਵਿੱਚ ਕਾਂਸੀ ਦਾ ਤਗਮਾ (ਤੀਜਾ ਸਥਾਨ) ਹਾਸਲ ਕੀਤਾ ਹੈ।ਇਹ ਰਾਸ਼ਟਰੀ ਪੱਧਰੀ ਮੁਕਾਬਲਾ 23 ਤੋਂ 28 ਅਕਤੂਬਰ ਤੱਕ ਦਿੱਲੀ ਵਿਖੇ ਆਯੋਜਿਤ ਕੀਤਾ ਗਿਆ ਸੀ। ਅੰਡਰ-14 ਉਮਰ ਵਰਗ (40 ਕਿਲੋ ਭਾਰ ਵਰਗ) ਵਿੱਚ ਪੰਜਾਬ ਰਾਜ ਦੀ ਨੁਮਾਇੰਦਗੀ ਕਰਦਿਆਂ, ਪ੍ਰੀਤਕਾ ਨੇ ਆਪਣੀ ਪ੍ਰਤਿਭਾ, ਸਖ਼ਤ ਮਿਹਨਤ ਅਤੇ ਆਤਮ ਵਿਸ਼ਵਾਸ ਦਾ ਪ੍ਰਦਰਸ਼ਨ ਕਰਦੇ ਹੋਏ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਦੇ ਚੇਅਰਮੈਨ ਰਵਿੰਦਰ ਸ਼ਰਮਾ ਨੇ ਪ੍ਰੀਤਕਾ, ਉਸ ਦੇ ਮਾਤਾ ਪਿਤਾ ਅਤੇ ਕੋਚ ਨੂੰ ਵਧਾਈ ਦਿੱਤੀ।



ਹਨੂੰਮਾਨ ਚੌਕ 'ਚ ਸੜਕ ਕੰਢੇ ਰੇਹੜੀਆਂ ਨੇ ਘੇਰੀ ਜਗ੍ਹਾ, ਲੋਕਾਂ ਦਾ ਲੰਘਣਾ ਹੋਇਆ ਮੁਸ਼ਕਲ

ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਦੇ ਹਨੂੰਮਾਨ ਚੌਕ ਵਿਚ ਟਰੈਫ਼ਿਕ ਨੂੰ ਕੰਟਰੋਲ ਕਰਨ ਲਈ ਕੋਈ ਪ੍ਰਬੰਧਕ ਨਾ ਹੋਣ ਕਰਕੇ ਇਥੇ ਸਾਰਾ ਦਿਨ ਭੀੜ ਭੜੱਕਾ ਲੱਗਾ ਰਹਿੰਦਾ ਹੈ ਅਤੇ ਇਥੋਂ ਲੰਘਣ ਵਾਲੇ ਰਾਹਗੀਰਾਂ ਨੂੰ ਬੜੀ ਮੁਸ਼ਕਲ ਨਾਲ ਇਹ ਚੌਕ ਪਾਰ ਕਰਨਾ ਪੈਂਦਾ ਹੈ। ਇਸ ਚੌਕ ਵਿਚੋਂ ਇਕ ਸੜਕ ਲਾਇਬ੍ਰੇਰੀ ਚੌਕ, ਦੂਜੀ ਸੜਕ ਜਹਾਜ਼ ਚੌਕ, ਤੀਸਰੀ ਸੜਕ ਨਵੇਂ ਬੱਸ ਅੱਡਾ ਅਤੇ ਚੌਥੀ ਸੜਕ ਗੀਤਾ ਭਵਨ ਰੋਡ ਨੂੰ ਜਾਂਦੀ ਹੈ। ਇਹ ਚੌਕ ਸ਼ਹਿਰ ਦੀ ਹੱਬ ਵਜੋਂ ਕੰਮ ਕਰਦਾ ਹੈ। ਇਸ ਚੌਕ ਦੇ ਆਲੇ ਦੁਆਲੇ ਫਲ ਫਰੂਟ ਤੋਂ ਇਲਾਵਾ ਸਬਜ਼ੀਆਂ ਅਤੇ ਹੋਰ ਖ਼ਾਣ ਪੀਣ ਵਾਲੇ ਰੇਹੜੀਆਂ ਵਾਲਿਆਂ ਨੇ ਸੜਕ ਕੰਢੇ ਸਾਰੀ ਜਗ੍ਹਾ ਮੱਲੀ ਪਈ ਹੈ। ਇਸ ਪਾਸੇ ਨਗਰ ਕੌਂਸਲ ਗੁਰਦਾਸਪੁਰ ਅਤੇ ਪੁਲਸ ਪ੍ਰਸ਼ਾਸਨ ਦਾ ਧਿਆਨ ਨਾ ਹੋਣ ਕਰਕੇ ਲੋਕਾਂ ਦਾ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਇਸ ਚੌਕ ਵਿਚ ਆਏ ਦਿਨ ਹਾਦਸੇ ਵੀ ਵਾਪਰਦੇ ਰਹਿੰਦੇ ਹਨ ਅਤੇ ਲੋਕ ਆਪਸ ਵਿਚ ਲੜਾਈ ਝਗੜੇ ਕਰਦੇ ਨਜ਼ਰ ਆਉਂਦੇ ਹਨ। ਇਸ ਤੋਂ ਇਲਾਵਾ ਇਸ ਚੌਕ ਵਿਚ ਕੋਈ ਟਰੈਫ਼ਿਕ ਲਾਈਟ ਵੀ ਨਹੀਂ ਲਗਾਈ ਗਈ ਜਦੋਂਕਿ ਸ਼ਹਿਰ ਦੇ ਬਾਕੀ ਚੌਕਾਂ ਵਿਚ ਟਰੈਫ਼ਿਕ ਲਾਈਟਾਂ ਲਗਾ ਦਿੱਤੀਆਂ ਗਈਆਂ ਹਨ। ਇਸ ਚੌਕ ਵਿਚ ਪੁਲਸ ਦਾ ਕੋਈ ਕਰਮਚਾਰੀ ਵੀ ਤਾਇਨਾਤ ਨਹੀਂ ਹੁੰਦਾ ਜੋ ਇਥੋਂ ਟਰੈਫ਼ਿਕ ਨੂੰ ਸੁਚਾਰੂ ਰੂਪ ਵਿਚ ਚਾਲੂ ਰੱਖੇ। ਕੁਝ ਵਾਹਨ ਚਾਲਕ ਆਪਣੀਆਂ ਕਾਰਾਂ ਨੂੰ ਦੁਕਾਨਾਂ ਅੱਗੇ ਸੜਕ ਕੰਢੇ ਖੜ੍ਹੀਆਂ ਕਰਕੇ ਆਪ ਬਾਜ਼ਾਰ ਅੰਦਰ ਸਾਮਾਨ ਖ਼ਰੀਦਣ ਚਲੇ ਜਾਂਦੇ ਹਨ ਅਤੇ ਹੋਰਨਾਂ ਵਾਹਨਾਂ ਨੂੰ ਲੰਘਣ ਲਈ ਜਗ੍ਹਾ ਨਹੀਂ ਮਿਲਦੀ ਜਿਸ ਕਰਕੇ ਜ਼ਾਮ ਵਰਗੀ ਸਥਿਤੀ ਬਣ ਜਾਂਦੀ ਹੈ। ਲੋਕਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਕਿ ਹਨੂੰਮਾਨ ਚੌਕ ਵਿਚ ਲੱਗੀਆਂ ਰੇਹੜੀਆਂ ਨੂੰ ਚੁਕਵਾਉਣ ਤੋਂ ਇਲਾਵਾ ਇਥੇ ਟਰੈਫ਼ਿਕ ਸਮੱਸਿਆ ਦੇ ਹੱਲ ਲਈ ਪੁਲਸ ਦਾ ਪੱਕਾ ਕਰਮਚਾਰੀ ਤਾਇਨਾਤ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਆ ਰਹੀ ਇਸ ਮੁਸ਼ਕਲ ਤੋਂ ਰਾਹਤ ਮਿਲ ਸਕੇ।



ਜੂਨੀਅਰ ਸਹਾਇਕ ਸੁਨੀਲ ਗੁਲਾਟੀ ਨੂੰ ਸੇਵਾ ਮੁਕਤੀ ਮੌਕੇ ਨਿੱਘੀ ਵਿਦਾਇਗੀ

ਫ਼ਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਨਗਰ ਕੌਂਸਲ ਦਫ਼ਤਰ ਵਿਖੇ ਜੂਨੀਅਰ ਸਹਾਇਕ ਵਜੋਂ ਆਪਣੀਆਂ ਸੇਵਾਵਾਂ ਨਿਭਾਉਣ ਵਾਲੇ ਸੁਨੀਲ ਕੁਮਾਰ ਗੁਲਾਟੀ ਦੀ ਸੇਵਾਮੁਕਤੀ ਮੌਕੇ ਨਗਰ ਕੌਂਸਲ ਦੇ ਸਮੂਹ ਸਟਾਫ਼ ਅਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੱਲੋਂ ਉਨ੍ਹਾਂ ਨੂੰ ਨਿੱਘੀ ਵਿਦਾਇਗੀ ਦਿੱਤੀ ਗਈ। ਇਸ ਮੌਕੇ ਉਨ੍ਹਾਂ ਦੀਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ ਅਤੇ ਭਵਿੱਖ ਦੇ ਜੀਵਨ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਸਮਾਗਮ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਸੁਨੀਲ ਕੁਮਾਰ ਗੁਲਾਟੀ ਨੂੰ ਸੇਵਾਮੁਕਤੀ ਦੀ ਵਧਾਈ ਦਿੰਦਿਆਂ ਕਿਹਾ ਕਿ ਸਰਕਾਰੀ ਸੇਵਾ ਦੌਰਾਨ ਇਮਾਨਦਾਰੀ, ਮਿਹਨਤ ਅਤੇ ਜ਼ਿੰਮੇਵਾਰੀ ਨਾਲ ਆਪਣੇ ਫ਼ਰਜ਼ ਨਿਭਾਉਣਾ ਬਹੁਤ ਸ਼ਲਾਘਾਯੋਗ ਕਾਰਜ ਹੈ। ਉਨ੍ਹਾਂ ਕਿਹਾ ਕਿ ਸੁਨੀਲ ਕੁਮਾਰ ਗੁਲਾਟੀ ਨੇ ਆਪਣੇ ਸੇਵਾਕਾਲ ਦੌਰਾਨ ਪੂਰੀ ਲਗਨ ਅਤੇ ਤਨਦੇਹੀ ਨਾਲ ਜ਼ਿੰਮੇਵਾਰੀਆਂ ਨਿਭਾਈਆਂ ਅਤੇ ਸਹਿਕਰਮੀਆਂ ਨਾਲ ਹਮੇਸ਼ਾਂ ਵਧੀਆ ਤਾਲਮੇਲ ਬਣਾਈ ਰੱਖਿਆ। ਬੁਲਾਰਿਆਂ ਨੇ ਉਨ੍ਹਾਂ ਦੇ ਸੇਵਾਮੁਕਤੀ ਤੋਂ ਬਾਅਦ ਦੇ ਜੀਵਨ ਵਿੱਚ ਸੁੱਖ-ਸ਼ਾਂਤੀ, ਚੰਗੀ ਸਿਹਤ ਅਤੇ ਖ਼ੁਸ਼ਹਾਲੀ ਦੀ ਕਾਮਨਾ ਕੀਤੀ।ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਕੁਲਵਿੰਦਰ ਸਿੰਘ ਲਾਲੀ ਅਤੇ ਸਮੂਹ ਸਟਾਫ਼ ਵੱਲੋਂ ਸੁਨੀਲ ਕੁਮਾਰ ਗੁਲਾਟੀ ਨੂੰ ਵੱਖ-ਵੱਖ ਤੋਹਫ਼ੇ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸਮਾਗਮ ਦੌਰਾਨ ਮੰਚ ਸੰਚਾਲਨ ਦੀ ਭੂਮਿਕਾ ਰਸ਼ਪਾਲ ਸਿੰਘ ਗੁੱਡ ਨੇ ਬਾਖ਼ੂਬੀ ਨਿਭਾਈ।ਇਸ ਮੌਕੇ ਮਨਮੋਹਨ ਸਿੰਘ, ਜਤਿੰਦਰ ਮਹਾਜਨ ਸਾਬਕਾ ਕਾਰਜ ਸਾਧਕ ਅਫ਼ਸਰ, ਰਾਕੇਸ਼ ਸ਼ਰਮਾ ਈ.ਓ., ਮੁਨੀਤ ਸ਼ਰਮਾ ਜੇ.ਈ., ਹਰੀਸ਼ ਅਰੋੜਾ, ਰਮੇਸ਼ ਬਧਵਾਰ ਸਾਬਕਾ ਇੰਸਪੈਕਟਰ, ਰਣਯੋਧ ਸਿੰਘ ਦਿਓ ਕੌਂਸਲਰ, ਰਮਨ ਸਿਆਲ, ਰਾਕੇਸ਼ ਲੱਕੀ, ਹਰਬੰਸ ਸਿੰਘ ਸਾਬਕਾ ਸੁਪਰਡੈਂਟ, ਬਲਦੇਵ ਸਿੰਘ ਸੇਵਾ ਮੁਕਤ ਜੂਨੀਅਰ ਸਹਾਇਕ ਤੋਂ ਇਲਾਵਾ ਹਰਜਿੰਦਰ ਸਿੰਘ ਕਲਰਕ, ਪਲਵਿੰਦਰ ਸਿੰਘ ਜੂਨੀਅਰ ਸਹਾਇਕ, ਜੋਤੀ ਬਾਲਾ ਜੂਨੀਅਰ ਸਹਾਇਕ, ਅਮਰਜੀਤ ਕੌਰ ਕਲਰਕ, ਸੌਰਵ ਕੁਮਾਰ ਕਲਰਕ, ਮੁਖਤਾਰ ਸਿੰਘ ਕਲਰਕ, ਤੁਸ਼ਾਰ ਸਰੀਨ ਸਮੇਤ ਹੋਰ ਕਰਮਚਾਰੀ ਅਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ।



ਕਵੀਸ਼ਰੀ ਜਥੇ ਅਹਿਮ ਰੋਲ ਅਦਾ ਕਰ ਰਹੇ : ਪ੍ਰਿੰ: ਤਰਸਿੱਕਾ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਪੰਜਾਬ ਦੇ ਇਤਿਹਾਸਕ ਪੱਖ ਤੋਂ ਲੋਕਾਂ ਨੂੰ ਸਮੇਂ ਸਮੇਂ ਤੋਂ ਬਹੁਤ ਹੀ ਵਧੀਆ ਤਰੀਕੇ ਨਾਲ ਕਵੀਸ਼ਰੀ ਜਥੇ ਸਿੱਖ ਸਮਾਜ ਨੂੰ ਜਾਗਰੂਕ ਕਰਨ ਦਾ ਬਹੁਤ ਵਧੀਆ ਰੋਲ ਅਦਾ ਕਰਦੇ ਆ ਰਹੇ ਹਨ। ਇਹ ਸ਼ਬਦ ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਬਚਿੱਤਰ ਸਿੰਘ ਤਰਸਿੱਕਾ ਨੇ ਇੱਕ ਸਮਾਗਮ ਦੌਰਾਨ ਬੋਲਦਿਆਂ ਕਹੇ। ਇਸ ਸਮੇਂ ਉਨ੍ਹਾਂ ਨਾਲ ਇੰਟਰਨੈਸ਼ਨਲ ਕਵੀਸ਼ਰੀ ਜਥਾ ਗਿਆਨੀ ਰਣਜੀਤ ਸਿੰਘ ਰਿਆਲੀ ਵਾਲੇ ਵੀ ਹਾਜ਼ਰ ਸਨ ਜਿਨ੍ਹਾਂ ਦੀ ਪ੍ਰਸੰਸਾ ਕਰਦਿਆਂ ਪ੍ਰਿੰਸੀਪਲ ਤਰਸਿੱਕਾ ਨੇ ਕਿਹਾ ਕਿ ਗਿਆਨੀ ਰਣਜੀਤ ਸਿੰਘ ਲੰਬੇ ਸਮੇਂ ਤੋਂ ਸਿੱਖ ਇਤਿਹਾਸ ਨੂੰ ਬੜੇ ਸਰਲ ਤਰੀਕੇ ਨਾਲ ਕਵੀਸ਼ਰੀ ਰਾਹੀਂ ਪੇਸ਼ ਕਰਦੇ ਆ ਰਹੇ ਹਨ ਇਸ ਲਈ ਨਵੀਂ ਪੀੜ੍ਹੀ ਨੂੰ ਵੀ ਚਾਹੀਦਾ ਹੈ ਉਹ ਆਪਣੇ ਵਿਰਸੇ ਨੂੰ ਸੰਭਾਲਕੇ ਰੱਖਣ। ਇਸ ਸਮੇਂ ਅਮਨਪ੍ਰੀਤ ਸਿੰਘ, ਬਲਜੀਤ ਸਿੰਘ, ਹਰਦੀਪ ਸਿੰਘ ਆਦਿ ਹਾਜ਼ਰ ਸਨ।

ਕਿਸਾਨਾਂ ਤੇ ਸਹਿਕਾਰੀ ਸਭਾਵਾਂ ਦੇ ਮੁਲਾਜ਼ਮਾਂ ਨੇ ਕਿਸਾਨ ਕ੍ਰੈਡਿਟ ਕਾਰਡ ਨੀਤੀ ਵਾਪਸ ਲੈਣ ਦੇ ਫੈਸਲੇ ਦਾ ਕੀਤਾ ਸਵਾਗਤ

ਚੇਤਨਪੁਰਾ (ਸੁਖਵੰਤ ਚੇਤਨਪੁਰੀ) ਕਿਸਾਨਾਂ ਅਤੇ ਸਹਿਕਾਰੀ ਸਭਾਵਾਂ ਦੇ ਮੁਲਾਜ਼ਮਾਂ ਨੇ ਜੇਤੂ ਰੈਲੀ ਕਰਕੇ ਪੰਜਾਬ ਸਰਕਾਰ ਦੀ ਕਿਸਾਨ ਕ੍ਰੈਡਿਟ ਕਾਰਡ ਨੀਤੀ ਵਾਪਸ ਲੈਣ ਦੇ ਫੈਸਲੇ ਦਾ ਸਵਾਗਤ ਕੀਤਾ। ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ 100 ਫੁੱਟੀ ਸੜਕ ਸਥਿਤ ਡੀ.ਆਰ. ਕੋਆਪ੍ਰੇਟਿਵ ਸੋਸਾਇਟੀਆਂ ਦੇ ਦਫ਼ਤਰ ਅੱਗੇ ਪੰਜਾਬ ਸਰਕਾਰ ਦੀ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਨੀਤੀ-2026 ਨੂੰ ਸਹਿਕਾਰੀ ਸਭਾਵਾਂ ਅਤੇ ਕਿਸਾਨ ਵਿਰੋਧੀ ਕਰਾਰ ਦਿੰਦਿਆਂ ਧਰਨਾ ਦਿੱਤਾ ਗਿਆ ਅਤੇ ਮੰਗ ਪੱਤਰ ਡੀ.ਆਰ. ਦੀ ਗੈਰ-ਹਾਜ਼ਰੀ ਵਿੱਚ ਏ.ਆਰ. ਅਜਨਾਲਾ ਸ੍ਰੀ ਅਤਿੰਦਰਪਾਲ ਸਿੰਘ ਨੂੰ ਸੌਂਪਿਆ ਗਿਆ। ਭਾਵੇਂ ਕਿਸਾਨਾਂ ਦੇ ਤਿੱਖੇ ਵਿਰੋਧ ਦੇ ਚੱਲਦਿਆਂ ਬੀਤੀ ਰਾਤ ਸਹਿਕਾਰੀ ਸਭਾਵਾਂ ਦੇ ਮੁਲਾਜ਼ਮਾਂ ਦੀ ਸਹਿਕਾਰਤਾ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਹੋਈ ਮੀਟਿੰਗ ਦੌਰਾਨ ਇਸ ਨੀਤੀ ਨੂੰ ਵਾਪਸ ਲੈਣ ਦਾ ਫੈਸਲਾ ਹੋ ਗਿਆ ਸੀ, ਪਰ ਇਸ ਦੇ ਬਾਵਜੂਦ ਕਿਸਾਨਾਂ ਅਤੇ ਸਹਿਕਾਰੀ ਸਭਾਵਾਂ ਦੇ ਮੁਲਾਜ਼ਮਾਂ ਵੱਲੋਂ ਸਾਂਝੇ ਤੌਰ 'ਤੇ ਜੇਤੂ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਡਾ. ਸਤਨਾਮ ਸਿੰਘ ਅਜਨਾਲਾ, ਲੱਖਬੀਰ ਸਿੰਘ ਨਿਜ਼ਾਮਪੁਰ, ਸੁੱਚਾ ਸਿੰਘ ਅਜਨਾਲਾ, ਜਤਿੰਦਰ ਸਿੰਘ ਛੀਨਾ, ਹਰਜੀਤ ਸਿੰਘ ਝੀਤਾ ਅਤੇ ਮਾਸਟਰ ਅਮਰੀਕ ਸਿੰਘ ਸੰਗਤਪੁਰਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਲਗਾਤਾਰ ਸਹਿਕਾਰਤਾ ਲਹਿਰ 'ਤੇ ਮਾਰੂ ਹਮਲੇ ਕਰਕੇ ਕਿਸਾਨਾਂ ਨੂੰ ਮਿਲ ਰਹੀਆਂ ਪਹਿਲਾਂ ਤੋਂ ਪ੍ਰਾਪਤ ਸਹੂਲਤਾਂ ਖੋਹਣ ਦੀਆਂ ਕੋਸ਼ਿਸ਼ਾਂ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਆਮ ਕਿਸਾਨਾਂ ਨੂੰ ਸਹਿਕਾਰਤਾ ਲਹਿਰ ਦਾ ਹਿੱਸਾ ਬਣਾਉਣ ਦੀ ਬਜਾਏ ਇਸ ਨੂੰ ਅਫ਼ਸਰਸ਼ਾਹੀ ਦੇ ਹਵਾਲੇ ਕਰਕੇ ਖ਼ਤਮ ਕਰਨ ਦੇ ਯਤਨ ਕੀਤੇ ਜਾ ਰਹੇ ਹਨ।ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਅੰਮ੍ਰਿਤਸਰ ਜ਼ਿਲ੍ਹੇ ਅੰਦਰ ਬੰਦ ਪਈਆਂ ਡਿਫਾਲਟਰ ਸਹਿਕਾਰੀ ਸਭਾਵਾਂ ਨੂੰ ਮੁੜ ਚਾਲੂ ਕੀਤਾ ਜਾਵੇ ਅਤੇ ਇਸ ਲਈ ਜ਼ਿੰਮੇਵਾਰ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

ਇਸ ਤੋਂ ਇਲਾਵਾ ਪਿਛਲੇ ਸਾਲ ਜ਼ਿਲ੍ਹੇ ਅੰਦਰ ਫੜੀਆਂ ਗਈਆਂ 600 ਬੋਰੀਆਂ ਯੂਰੀਆ ਖਾਦ ਅਤੇ ਹੁਣ ਇੱਕ ਨਿੱਜੀ ਗੋਦਾਮ ਵਿੱਚੋਂ ਬਰਾਮਦ ਹੋਈਆਂ 3300 ਬੋਰੀਆਂ ਯੂਰੀਆ ਖਾਦ ਦੇ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਅਤੇ ਇਸ ਸਕੈਂਡਲ ਦੇ ਅਸਲ ਦੋਸ਼ੀਆਂ ਨੂੰ ਬੇਨਕਾਬ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਇਸ ਮੌਕੇ ਕਿਸਾਨ ਆਗੂ ਰਤਨ ਸਿੰਘ ਰੰਧਾਵਾ, ਭੁਪਿੰਦਰ ਸਿੰਘ ਤੀਰਥਪੁਰ, ਦਲਬੀਰ ਸਿੰਘ ਬੇਦਾਦਪੁਰ, ਸਵਿੰਦਰ ਸਿੰਘ ਮੀਰਾਂਕੋਟ, ਮੁਲਾਜ਼ਮ ਆਗੂ ਹਰਪਾਲ ਸਿੰਘ ਥੋਬਾ, ਅਜੀਤ ਸਿੰਘ ਤਲਵੰਡੀ, ਰਾਜਬੀਰ ਸਿੰਘ ਫਤਿਹਪੁਰ, ਸਰਬਜੀਤ ਸਿੰਘ ਗਦਲੀ ਅਤੇ ਭੁਪਿੰਦਰ ਸਿੰਘ ਬਾਲੀਆ ਆਦਿ ਹਾਜ਼ਰ ਸਨ।



ਆਰ ਡੀ ਖੋਸਲਾ ਸਕੂਲ 'ਚ ਸਜਿਆ ਦੀਵਾਲੀ ਉਤਸਵ ਦਾ ਰੰਗਾਰੰਗ ਮੇਲਾ

ਬਟਾਲਾ (ਡਾਕਟਰ ਮਾਲਵਿੰਦਰ ਸਿੰਘ)- ਦੀਵਾਲੀ ਦੇ ਪਵਿੱਤਰ ਤਿਉਹਾਰ ਦੀਆਂ ਖ਼ੁਸ਼ੀਆਂ ਨੂੰ ਉਤਸ਼ਾਹ, ਉਮੰਗ ਅਤੇ ਸਿਰਜਣਾਤਮਕਤਾ ਨਾਲ ਮਨਾਉਣ ਦੇ ਉਦੇਸ਼ ਨਾਲ ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ 'ਦੀਵਾਲੀ ਫੈਸਟਿਵ ਫਿਏਸਟਾ' ਦਾ ਸ਼ਾਨਦਾਰ ਆਯੋਜਨ ਕੀਤਾ ਗਿਆ। ਇਸ ਸਮਾਰੋਹ ਦਾ ਸ਼ੁੱਭ ਆਰੰਭ ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰੈਜ਼ੀਡੈਂਟ ਅਜੈ ਖੋਸਲਾ, ਪ੍ਰਿੰਸੀਪਲ ਡਾ. ਬਿੰਦੂ ਭੱਲਾ ਅਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਵਰਿੰਦਰ ਕਾਂਸਰਾ, ਮੋਨਿਕਾ ਖੋਸਲਾ ਅਤੇ ਮਨੀਸ਼ਾ ਖੋਸਲਾ ਵੱਲੋਂ ਕੀਤਾ ਗਿਆ। ਉਤਸਵ ਦੌਰਾਨ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਮਨਮੋਹਕ ਕਲਾਕ੍ਰਿਤੀਆਂ, ਆਕਰਸ਼ਕ ਆਰਟ ਐਂਡ ਕਰਾਫਟ ਦੀਆਂ ਵਸਤੂਆਂ, ਸੁੰਦਰ ਚਿੱਤਰਾਂ ਦੀ ਪ੍ਰਦਰਸ਼ਨੀ ਅਤੇ ਰਵਾਇਤੀ ਦਸਤਕਾਰੀ ਦੀਆਂ ਵੱਖ-ਵੱਖ ਕਲਾਤਮਕ ਵਸਤੂਆਂ ਵਿਸ਼ੇਸ਼ ਖਿੱਚ ਦਾ ਕੇਂਦਰ ਰਹੀਆਂ। ਇਸ ਦੇ ਨਾਲ ਹੀ ਸੁਆਦਲੇ ਪਕਵਾਨਾਂ ਨਾਲ ਸਜੇ ਵੱਖ-ਵੱਖ ਫੂਡ ਸਟਾਲਾਂ ਨੇ ਮੇਲੇ ਦੀ ਰੌਣਕ ਨੂੰ ਹੋਰ ਵੀ ਵਧਾ ਦਿੱਤਾ। ਸਕੂਲ ਪ੍ਰਬੰਧਕਾਂ ਵੱਲੋਂ ਮਾਪਿਆਂ ਨੂੰ ਵੀ ਇਸ ਉਤਸਵ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰੈਜ਼ੀਡੈਂਟ ਅਜੈ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਸਮੂਹ ਵਿਦਿਆਰਥੀਆਂ, ਮਾਪਿਆਂ ਅਤੇ ਸਟਾਫ਼ ਮੈਂਬਰਾਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਅਜਿਹੇ ਆਯੋਜਨ ਵਿਦਿਆਰਥੀਆਂ ਦੀਆਂ ਛੁਪੀਆਂ ਪ੍ਰਤਿਭਾਵਾਂ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਆਪਣੀਆਂ ਸੱਭਿਆਚਾਰਕ ਜੜ੍ਹਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਸ ਮੌਕੇ ਉਹਨਾਂ ਇਸ ਪ੍ਰੋਗਰਾਮ ਵਿੱਚ ਭਾਗ ਲੈਣ ਵਾਲੇ ਕ੍ਰਾਫਟ ਅਧਿਆਪਕਾਂ ਰਾਧਾ ਮਹਾਜਨ, ਨਵੀਨ ਕੁਮਾਰ, ਅਨੀਤਾ, ਰਜਿੰਦਰ ਕੌਰ, ਦੀਪਿਕਾ ਸ਼ਰਮਾ, ਰੀਤੂ, ਡਿੰਪਲ ਪ੍ਰੀਤ ਕੌਰ, ਵਨੀਤਾ ਖੰਨਾ ਅਤੇ ਮਨੂ ਕੁਮਾਰੀ ਦੀ ਸ਼ਲਾਘਾ ਕੀਤੀ ਜਿਹਨਾਂ ਵਿਦਿਆਰਥੀਆਂ ਨੂੰ ਇਸ ਕਲਾ ਪ੍ਰਦਰਸ਼ਨੀ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਦੇ ਲਈ ਪ੍ਰੇਰਿਤ ਕੀਤਾ ।



'ਆਪ' ਦੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਵੈੱਲਫੇਅਰ ਬੋਰਡਾਂ ਦੇ ਚੇਅਰਮੈਨਾਂ ਨਾਲ ਅਹਿਮ ਮੀਟਿੰਗ

ਗੁਰਦਾਸਪੁਰ (ਜਨਕ ਮਹਾਜਨ)- ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਵਾਈਸ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਗੁਰਦਾਸਪੁਰ ਮਨਦੀਪ ਸਿੰਘ ਗਿੱਲ ਦੀ ਅਗਵਾਈ ਹੇਠ ਵੱਖ-ਵੱਖ ਵੈਲਫੇਅਰ ਬੋਰਡਾਂ ਦੇ ਚੇਅਰਮੈਨ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੀਟਿੰਗ ਦਾ ਮੁੱਖ ਉਦੇਸ਼ ਪਾਰਟੀ ਦੇ ਜਥੇਬੰਦਕ ਢਾਂਚੇ ਦਾ ਵਿਸਥਾਰ ਕਰਨਾ ਅਤੇ ਜ਼ਿਲ੍ਹਾ ਪੱਧਰ 'ਤੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣਾ ਸੀ। ਮੀਟਿੰਗ ਦੌਰਾਨ ਸਾਰੇ ਚੇਅਰਮੈਨ ਸਾਹਿਬਾਨ ਨੇ ਆਪਣੇ-ਆਪਣੇ ਹਲਕਿਆਂ ਦੀਆਂ ਸਮੱਸਿਆਵਾਂ ਅਤੇ ਲੋਕਾਂ ਨਾਲ ਜੁੜੇ ਵੱਖ-ਵੱਖ ਮੁੱਦੇ ਸਾਂਝੇ ਕੀਤੇ। ਮਨਦੀਪ ਸਿੰਘ ਗਿੱਲ ਨੇ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਸੰਬੰਧਤ ਅਧਿਕਾਰੀਆਂ ਨਾਲ ਮੀਟਿੰਗਾਂ ਕਰਵਾਉਣ ਅਤੇ ਹਰ ਸੰਭਵ ਯਤਨ ਕਰਕੇ ਮਸਲਿਆਂ ਦਾ ਹੱਲ ਕਰਵਾਉਣ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪਾਰਟੀ ਦੇ ਸਾਰੇ ਸਾਥੀ ਪੂਰੀ ਤਰ੍ਹਾਂ ਉਤਸ਼ਾਹਤ ਹਨ ਅਤੇ ਜ਼ਮੀਨੀ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਲਈ ਪੂਰੀ ਮਿਹਨਤ ਤੇ ਸਮਰਪਣ ਨਾਲ ਕੰਮ ਕਰਨ ਲਈ ਤਿਆਰ ਹਨ। ਪਾਰਟੀ ਦੀ ਮਜ਼ਬੂਤੀ ਲਈ ਆਪਸੀ ਤਾਲਮੇਲ, ਇਕਜੁੱਟਤਾ ਅਤੇ ਲਗਾਤਾਰ ਲੋਕ ਸੰਪਰਕ ਬੇਹੱਦ ਜ਼ਰੂਰੀ ਹਨ। ਆਖਰ ਵਿੱਚ ਮਨਦੀਪ ਸਿੰਘ ਗਿੱਲ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੀਆਂ ਮੀਟਿੰਗਾਂ ਲਗਾਤਾਰ ਕੀਤੀਆਂ ਜਾਣਗੀਆਂ, ਤਾਂ ਜੋ ਸਾਰੇ ਆਗੂਆਂ ਅਤੇ ਵਰਕਰਾਂ ਨੂੰ ਨਾਲ ਲੈ ਕੇ ਜ਼ਿਲ੍ਹਾ ਗੁਰਦਾਸਪੁਰ ਵਿੱਚ ਆਮ ਆਦਮੀ ਪਾਰਟੀ ਦੇ ਸੰਗਠਨ ਦਾ ਹੋਰ ਵਿਸਥਾਰ ਕੀਤਾ ਜਾ ਸਕੇ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪਾਰਟੀ ਦੀ ਸ਼ਾਨਦਾਰ ਜਿੱਤ ਯਕੀਨੀ ਬਣਾਉਣ ਲਈ ਮਜ਼ਬੂਤ ਆਧਾਰ ਤਿਆਰ ਕੀਤਾ ਜਾ ਸਕੇ।



ਐੱਸ ਡੀ ਐੱਮ ਬਟਾਲਾ ਵੱਲੋਂ ਬਟਾਲਾ, ਕਾਦੀਆਂ ਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਖੇਤਰ ਦਾ ਦੌਰਾ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਜ਼ਿਲ੍ਹੇ ਵਿੱਚ ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਵਾਤਾਵਰਣ ਦੀ ਸੰਭਾਲ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਆਧੁਨਿਕ ਖੇਤੀ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਇਸੇ ਲੜੀ ਤਹਿਤ ਐੱਸ.ਡੀ.ਐੱਮ. ਬਟਾਲਾ ਸਾਰੰਗਪ੍ਰੀਤ ਸਿੰਘ ਔਜਲਾ ਵਲੋਂ ਬਟਾਲਾ, ਕਾਦੀਆਂ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਖੇਤਰ ਦਾ ਦੌਰਾ ਕੀਤਾ ਗਿਆ ਅਤੇ ਪਿੰਡ ਅਵਾਣ ਅਤੇ ਚਾਹਗਿੱਲ ਵਿਖੇ ਖੇਤਾਂ ਵਿੱਚ ਲੱਗੀ ਅੱਗ ਨੂੰ ਮੌਕੇ 'ਤੇ ਬੁਝਵਾਇਆ ਗਿਆ। ਇਸ ਮੌਕੇ ਕਿਸਾਨਾਂ ਨੂੰ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਸੁਪਰ ਸੀਡਰ ਅਤੇ ਹੈਪੀ ਸੀਡਰ ਵਰਗੀਆਂ ਆਧੁਨਿਕ ਖੇਤੀ ਮਸ਼ੀਨਾਂ ਨੂੰ ਤਰਜੀਹ ਦੇਣ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿੱਥੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਉੱਥੇ ਹੀ ਮਿੱਟੀ ਦੇ ਲਾਭਦਾਇਕ ਜੀਵਾਣੂ ਅਤੇ ਜ਼ਰੂਰੀ ਪੌਸ਼ਟਿਕ ਤੱਤ ਵੀ ਨਸ਼ਟ ਹੁੰਦੇ ਹਨ। ਇਸ ਲਈ ਕਿਸਾਨਾਂ ਨੂੰ ਆਧੁਨਿਕ ਮਸ਼ੀਨਰੀ ਦੀ ਵਰਤੋਂ ਕਰਕੇ ਪਰਾਲੀ ਨੂੰ ਖੇਤਾਂ ਵਿੱਚ ਹੀ ਸੰਭਾਲਣਾ ਚਾਹੀਦਾ ਹੈ।




ਡਾ. ਅਮਰੀਕ ਸਿੰਘ ਕੇਨ ਕਮਿਸ਼ਨਰ ਦੇ ਅਹੁਦੇ ਤੋਂ ਹੋਏ ਸੇਵਾ-ਮੁਕਤ

ਗੁਰਦਾਸਪੁਰ, ਧਾਰੀਵਾਲ (ਜਨਕ ਮਹਾਜਨ, ਮਨਦੀਪ ਵਿੱਕੀ)- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਵਿੱਚ ਆਪਣੀਆਂ ਲੰਬੇ ਸਮੇਂ ਦੀਆਂ ਸੇਵਾਵਾਂ ਨਿਭਾਉਣ ਉਪਰੰਤ ਡਾ. ਅਮਰੀਕ ਸਿੰਘ ਕੇਨ ਕਮਿਸ਼ਨਰ ਪੰਜਾਬ 31 ਅਕਤੂਬਰ ਨੂੰ ਸਰਕਾਰੀ ਸੇਵਾ ਤੋਂ ਸੇਵਾਮੁਕਤ ਹੋ ਗਏ ਹਨ। ਉਨ੍ਹਾਂ ਦੇ ਪਰਵਾਰ ਵਲੋਂ ਸਥਾਨਕ ਆਸਟ੍ਰੇਲੀਆ ਫਾਰਮ ਵਿਚ ਛੋਟਾ ਪ੍ਰੰਤੂ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ । ਡਾ. ਅਮਰੀਕ ਸਿੰਘ ਨੇ ਆਪਣੇ ਸੇਵਾ ਕਾਲ ਦੌਰਾਨ ਖੇਤੀਬਾੜੀ ਦੇ ਵਿਕਾਸ, ਕਿਸਾਨਾਂ ਦੀ ਭਲਾਈ ਅਤੇ ਵਿਗਿਆਨਕ ਖੇਤੀ ਤਕਨੀਕਾਂ ਨੂੰ ਕਿਸਾਨਾਂ ਤੱਕ ਪਹੁੰਚਾਉਣ ਲਈ ਵੱਖ-ਵੱਖ ਅਹੁਦਿਆਂ 'ਤੇ ਰਹਿੰਦਿਆਂ ਕੰਮ ਕੀਤਾ। ਉਨ੍ਹਾਂ ਨੇ ਖੇਤੀਬਾੜੀ ਪਸਾਰ ਸੇਵਾਵਾਂ, ਕਿਸਾਨ ਸਿਖਲਾਈ ਕੈਂਪਾਂ, ਖੇਤ ਪ੍ਰਦਰਸ਼ਨੀਆਂ ਅਤੇ ਸੋਸ਼ਲ ਮੀਡੀਆ ਰਾਹੀਂ ਕਿਸਾਨਾਂ ਨੂੰ ਨਵੀਂ ਖੇਤੀ ਤਕਨੀਕਾਂ, ਫ਼ਸਲਾਂ ਦੀ ਸੁਚੱਜੀ ਦੇਖਭਾਲ, ਮਿੱਟੀ ਦੀ ਸਿਹਤ ਅਤੇ ਖੇਤੀ ਲਾਗਤਾਂ ਘਟਾਉਣ ਸੰਬੰਧੀ ਜਾਗਰੂਕ ਕਰਨ ਦੇ ਯਤਨ ਕੀਤੇ । ਉਨ੍ਹਾਂ ਖ਼ੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿਚ ਬਤੌਰ ਖ਼ੇਤੀਬਾੜੀ ਵਿਕਾਸ ਅਫ਼ਸਰ, 1 ਮਾਰਚ 1990 ਨੂੰ ਸੇਵਾ ਸ਼ੁਰੂ ਕੀਤੀ ਅਤੇ 31 ਅਕਤੂਬਰ ਨੂੰ 36 ਸਾਲ 8 ਮਹੀਨੇ ਦੀ ਸੇਵਾ ਪੂਰੀ ਕਰਨ ਉਪਰੰਤ ਬਤੌਰ ਕੇਨ ਕਮਿਸ਼ਨਰ ਪੰਜਾਬ ਸੇਵਾ ਮੁਕਤ ਹੋਏ ਹਨ।ਉਨ੍ਹਾਂ ਨੇ 1 ਨਵੰਬਰ 2025 ਨੂੰ ਕੇਨ ਕਮਿਸ਼ਨਰ, ਪੰਜਾਬ ਦਾ ਅਹੁਦਾ ਸੰਭਾਲਿਆ ਸੀ।ਡਾ. ਅਮਰੀਕ ਸਿੰਘ ਨੇ ਗੰਨੇ ਦੀ ਫ਼ਸਲ ਦੀ ਉਤਪਾਦਕਤਾ ਵਧਾਉਣ, ਉੱਨਤ ਬਿਜਾਈ ਤਕਨੀਕਾਂ ਅਪਣਾਉਣ, ਸੰਤੁਲਿਤ ਖਾਦਾਂ ਦੀ ਵਰਤੋਂ, ਮਿੱਟੀ ਦੀ ਸਿਹਤ ਬਰਕਰਾਰ ਰੱਖਣ ਅਤੇ ਖੇਤੀਬਾੜੀ ਵਿੱਚ ਆਧੁਨਿਕ ਤਕਨੀਕਾਂ ਦੇ ਪ੍ਰਚਾਰ ਵਰਗੇ ਵਿਸ਼ਿਆਂ 'ਤੇ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਵੀ ਕੰਮ ਕੀਤਾ । ਸੇਵਾਮੁਕਤੀ ਮੌਕੇ ਡਾ. ਅਮਰੀਕ ਸਿੰਘ ਨੇ ਆਪਣੇ ਸੀਨੀਅਰ ਅਧਿਕਾਰੀਆਂ, ਸਹਿਕਰਮੀਆਂ, ਵਿਭਾਗੀ ਕਰਮਚਾਰੀਆਂ, ਖੇਤੀ ਵਿਗਿਆਨੀਆਂ ਅਤੇ ਕਿਸਾਨ ਭਾਈਚਾਰੇ ਵੱਲੋਂ ਮਿਲੇ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ। ਇਸ ਮੌਕੇ ਹਲਕਾ ਇੰਚਾਰਜ ਰਮਨ ਬਹਿਲ, ਸਾਹਿਤਕਾਰ ਬਲਵਿੰਦਰ ਬਾਲਮ, ਜਥੇਦਾਰ ਰਣਜੀਤ ਸਿੰਘ ਸਮੇਤ ਸਮੂਹ ਪਰਵਾਰਕ ਮੈਂਬਰ, ਪਰਮਜੀਤ ਸਿੰਘ, ਸੇਵਾ ਮੁਕਤ ਖੇਤੀ ਅਧਿਕਾਰੀ ਡਾਕਟਰ ਜਤਿੰਦਰ ਸਿੰਘ ਗਿੱਲ, ਡਾਕਟਰ ਸਵਰੂਪ ਕੁਮਾਰ, ਡਾਕਟਰ ਰਮੇਸ਼ ਕੁਮਾਰ ਸ਼ਰਮਾ, ਡਾਕਟਰ ਸੁਖਜਿੰਦਰ ਸਿੰਘ ਬਾਜਵਾ, ਯੰਗ ਇਨੋਵੇਟਿਵ ਦੇ ਮੈਂਬਰ ਹਰਪ੍ਰੀਤ ਸਿੰਘ, ਪਲਵਿੰਦਰ, ਗੁਰਦਿਅਲ ਸਿੰਘ ਸਮੇਤ ਕਿਸਾਨ ਜਥੇਬੰਦੀਆਂ ਦੇ ਨੁਮਾਇੰਦੇ ਹਾਜ਼ਰ ਸਨ।ਸਟੇਜ ਸਕੱਤਰ ਦੇ ਫਰਜ਼ ਅਮਰਜੀਤ ਸਿੰਘ ਪੁਰੇਵਾਲ ਵਲੋਂ ਨਿਭਾਏ ਗਏ।



ਸੇਂਟ ਕਬੀਰ ਪਬਲਿਕ ਸਕੂਲ 'ਚ ਪੰਜਾਬ ਦਿਵਸ ਮੌਕੇ ਸੱਭਿਆਚਾਰਕ ਸਾਂਝ ਪਾਈ



ਧਾਰੀਵਾਲ (ਮਨਦੀਪ ਵਿੱਕੀ)- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਪੰਜਾਬ ਦਿਵਸ ਬਹੁਤ ਹੀ ਚਾਅ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਐਸ.ਬੀ. ਨਾਯਰ ਦੀ ਸਰਪ੍ਰਸਤੀ ਹੇਠ ਸੱਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਦੀ ਸ਼ੁਰੂਆਤ ਸੱਤਵੀਂ ਜਮਾਤ ਦੀ ਵਿਦਿਆਰਥਣ ਮੰਨਨਦੀਪ ਕੌਰ ਦੁਆਰਾ ਸਟੇਜੀ ਕਾਰਵਾਈ ਦੀ ਸ਼ੁਰੂਆਤ ਕੀਤੀ ਗਈ। ਨੌਵੀਂ ਜਮਾਤ ਦੀ ਵਿਦਿਆਰਥਣ ਮਨਸੀਰਤ ਕੌਰ ਨੇ ਪੰਜਾਬ ਦੇ ਇਤਿਹਾਸ ਸੰਬੰਧੀ ਵਿਚਾਰ ਪੇਸ਼ ਕੀਤੇ। ਇਸ ਉਪਰੰਤ ਮਾਂ ਬੋਲੀ ਪੰਜਾਬੀ ਦੀ ਮਿਠਾਸ ਦਾ ਜ਼ਿਕਰ ਸੱਤਵੀਂ ਜਮਾਤ ਦੇ ਵਿਦਿਆਰਥੀ ਗੁਰਅੰਮ੍ਰਿਤ ਸਿੰਘ ਨੇ ਆਪਣੀ ਕਵਿਤਾ ਰਾਹੀਂ ਕੀਤਾ। ਪੰਜਾਬ ਦੀ ਪਵਿੱਤਰਤਾ ਰੰਗੀਲੇਪਨ ਤੇ ਲੋਕਾਂ ਦੇ ਦ੍ਰਿੜ੍ਹ ਸੁਭਾਅ ਨੂੰ ਦਰਸਾਉਂਦੇ ਗਰੁੱਪ ਗੀਤਾਂ ਦੀ ਪੇਸ਼ਕਾਰੀ ਨੇ ਵਿਦਿਆਰਥੀਆਂ ਵਿੱਚ ਸਕਾਰਾਤਮਕ ਸੋਚ ਨੂੰ ਭਰਿਆ। ਪ੍ਰੋਗਰਾਮ ਦੇ ਅੰਤਿਮ ਪੜਾਅ ਵਿੱਚ ਛੇਵੀਂ ਜਮਾਤ ਦੇ ਵਿਦਿਆਰਥੀ ਸੋਰਯਨ ਨੇ ਆਪਣੀ ਸੱਭਿਆਚਾਰਕ ਪੇਸ਼ਕਾਰੀ ਨਾਲ ਪੰਜਾਬੀਆਂ ਦੇ ਰੋਹਬ ਤੇ ਅਣਖੀਲੇ ਸੁਭਾਅ ਨੂੰ ਪ੍ਰਗਟਾਇਆ। ਇਸ ਦੌਰਾਨ ਸਕੂਲ ਪ੍ਰਿੰਸੀਪਲ ਅਤੇ ਪ੍ਰਬੰਧਕ ਮੈਂਬਰ ਨਵਦੀਪ ਕੌਰ ਅਤੇ ਕੁਲਦੀਪ ਕੌਰ ਨੇ ਸਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਪੰਜਾਬ ਦਿਵਸ ਲਈ ਮੁਬਾਰਕਬਾਦ ਦਿੱਤੀ।ਇਸ ਮੌਕੇ ਪੰਜਾਬੀ ਵਿਭਾਗ ਦੇ ਅਧਿਆਪਕਾਂ ਸਮੇਤ ਸਮੂਹ ਸਟਾਫ਼ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਮਿਲ ਕੇ ਹੰਭਲਾ ਮਾਰਨ ਦਾ ਸੱਦਾ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਵਿੱਢੀ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਨੂੰ ਅੰਜਾਮ ਤੱਕ ਪਹੁੰਚਾਉਣ ਲਈ ਜ਼ਿਲ੍ਹੇ ਗੁਰਦਾਸਪੁਰ ਦੇ ਸਿਵਲ ਅਤੇ ਪੁਲਸ ਪ੍ਰਸ਼ਾਸਨ ਵਲੋਂ ਯਤਨ ਜਾਰੀ ਹਨ ਅਤੇ ਜ਼ਿਲ੍ਹੇ ਵਿੱਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕੀਤਾ ਜਾ ਰਿਹਾ ਹੈ। ਯੁੱਧ ਨਸ਼ਿਆ ਵਿਰੁੱਧ ਚੱਲ ਰਹੀ ਮੁਹਿੰਮ ਤਹਿਤ ਬਟਾਲਾ ਦੀ ਵਾਰਡ ਨੰਬਰ 28 ਦੀ ਮੀਟਿੰਗ ਕੀਤੀ ਗਈ ਅਤੇ ਆਪਣੇ ਆਲੇ-ਦੁਆਲੇ ਨਸ਼ਾ ਕਰਨ ਵਾਲੇ ਅਤੇ ਵੇਚਣ ਵਾਲਿਆਂ ਨੂੰ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਦੀ ਮਦਦ ਨਾਲ ਰੋਕਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੀਨੀਅਰ ਆਗੂ ਪ੍ਰਦੀਪ ਕੁਮਾਰ, ਹਲਕਾ ਵਾਈਸ ਕੁਆਰਡੀਨੇਟਰ ਸੰਧੂ ਭੱਟੀ ਅਤੇ ਵਾਰਡ ਵਾਸੀ ਮੌਜੂਦ ਸਨ। ਇਸ ਮੌਕੇ ਵਾਰਡ ਵਾਸੀਆਂ ਨਾਲ ਸਿੱਧੇ ਸੰਵਾਦ ਦੌਰਾਨ ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਦੀ ਅਲਾਮਤ ਨੂੰ ਪੂਰੀ ਤਰ੍ਹਾਂ ਖ਼ਤਮ ਕਰਨ ਲਈ ਲੋਕਾਂ ਦੇ ਨਿਰੰਤਰ ਸਹਿਯੋਗ ਦੀ ਲੋੜ ਹੈ। ਮਾਪਿਆਂ ਨੂੰ ਆਪਣੇ ਬੱਚਿਆਂ ਦੇ ਭਵਿੱਖ ਦੀ ਸੁਰੱਖਿਆ ਲਈ ਸਰਗਰਮ ਭੂਮਿਕਾ ਨਿਭਾਉਣ ਦੀ ਅਪੀਲ ਕਰਦਿਆਂ ਉਨ੍ਹਾਂ ਨੌਜਵਾਨਾਂ ਨੂੰ ਸਿੱਖਿਆ, ਖੇਡਾਂ ਅਤੇ ਹੋਰ ਉਸਾਰੂ ਗਤੀਵਿਧੀਆਂ ਨਾਲ ਜੋੜਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਲਤ ਨਾਲ ਜੂਝ ਰਹੇ ਵਿਅਕਤੀਆਂ ਦੇ ਇਲਾਜ ਅਤੇ ਮੁੜ ਵਸੇਬੇ ਲਈ ਵੀ ਯਤਨ ਕੀਤੇ ਜਾ ਰਹੇ ਹਨ। ਲੋਕਾਂ ਤੋਂ ਪੂਰਨ ਸਹਿਯੋਗ ਦੀ ਮੰਗ ਕਰਦਿਆਂ ਉਨ੍ਹਾਂ ਨੇ ਅਪੀਲ ਕੀਤੀ ਕਿ ਉਹ ਨਸ਼ਾ ਤਸਕਰੀ ਸਬੰਧੀ ਜਾਣਕਾਰੀ ਅਧਿਕਾਰੀਆਂ ਨਾਲ ਸਾਂਝੀ ਕਰਨ ਅਤੇ ਜ਼ਿਲ੍ਹੇ ਨੂੰ ਨਸ਼ਾ ਮੁਕਤ ਬਣਾਉਣ ਦੇ ਸਾਂਝੇ ਉਪਰਾਲੇ ਵਿੱਚ ਸਰਗਰਮ ਭੂਮਿਕਾ ਨਿਭਾਉਣ।



ਪੰਜਾਬੀ ਸਾਹਿਤ ਸਭਾ ਚੋਗਾਵਾਂ ਨੇ 37ਵਾਂ ਸਾਲਾਨਾ ਸਨਮਾਨ ਸਮਾਰੋਹ ਤੇ ਕਵੀ ਦਰਬਾਰ ਕਰਵਾਇਆ

ਚੇਤਨਪੁਰਾ (ਸੁਖਵੰਤ ਚੇਤਨਪੁਰੀ) - ਪੰਜਾਬੀ ਸਾਹਿਤਕ ਖੇਤਰ ਵਿੱਚ ਆਪਣੀਆਂ ਨਿਰੰਤਰ ਸਰਗਰਮੀਆਂ ਅਤੇ ਮਾਂ-ਬੋਲੀ ਦੀ ਪ੍ਰਫੁੱਲਤਾ ਲਈ ਯਤਨਸ਼ੀਲ ਪੰਜਾਬੀ ਸਾਹਿਤ ਸਭਾ ਚੋਗਾਵਾਂ (ਰਜਿ.) ਅੰਮ੍ਰਿਤਸਰ ਵੱਲੋਂ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੇ ਸਹਿਯੋਗ ਨਾਲ ਸੇਂਟ ਸੋਲਜਰ ਇਲੀਟ ਕੈਂਬਰਿਜ ਸਕੂਲ, ਰਾਮ ਤੀਰਥ ਰੋਡ ਵਿਖੇ 37ਵਾਂ ਸਾਲਾਨਾ ਸਨਮਾਨ ਸਮਾਰੋਹ ਅਤੇ ਕਵੀ ਦਰਬਾਰ ਕਰਵਾਇਆ ਗਿਆ।

ਸਾਹਿਤਕ ਰੰਗ ਵਿੱਚ ਰੰਗੇ ਇਸ ਸਮਾਗਮ ਦੌਰਾਨ ਜਿੱਥੇ ਸਾਹਿਤ, ਕਲਾ ਅਤੇ ਪੰਜਾਬੀ ਭਾਸ਼ਾ ਦੀ ਮਹੱਤਤਾ ਬਾਰੇ ਵਿਚਾਰ-ਚਰਚਾ ਹੋਈ, ਉੱਥੇ ਵੱਖ-ਵੱਖ ਸਾਹਿਤਕ ਤੇ ਕਲਾਤਮਕ ਖੇਤਰਾਂ ਵਿੱਚ ਯੋਗਦਾਨ ਪਾਉਣ ਵਾਲੀਆਂ ਪੰਜ ਸ਼ਖ਼ਸੀਅਤਾਂ ਨੂੰ ਵੱਕਾਰੀ ਸਨਮਾਨਾਂ ਨਾਲ ਨਿਵਾਜਿਆ ਗਿਆ।ਸਮਾਗਮ ਵਿੱਚ ਪ੍ਰਗਤੀਸ਼ੀਲ ਲੇਖਕ ਸੰਘ ਪੰਜਾਬ ਦੇ ਪ੍ਰਧਾਨ ਪ੍ਰੋ. ਸੁਰਜੀਤ ਜੱਜ ਨੇ ਮੁੱਖ ਮਹਿਮਾਨ ਅਤੇ ਪ੍ਰਮੁੱਖ ਸ਼ਾਇਰ ਹਰਮੀਤ ਵਿਦਿਆਰਥੀ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੀ ਪ੍ਰਧਾਨਗੀ ਡਾ. ਕਰਨੈਲ ਸ਼ੇਰਗਿੱਲ ਯੂ.ਕੇ. ਸੰਪਾਦਕ ਅੱਖਰ ਮੈਗਜ਼ੀਨ, ਰਮੇਸ਼ ਯਾਦਵ, ਸੁੱਚਾ ਸਿੰਘ ਰੰਧਾਵਾ, ਸਕੂਲ ਦੇ ਐੱਮ.ਡੀ. ਡਾ. ਮੰਗਲ ਸਿੰਘ ਕਿਸ਼ਨਪੁਰੀ, ਹਰਭਜਨ ਸਿੰਘ ਭਗਰਥ, ਮਾਸਟਰ ਅਵਤਾਰ ਸਿੰਘ ਗੋਇੰਦਵਾਲੀਆ, ਮਝੈਲਾਂ ਦੀ ਸੱਥ ਦੇ ਪ੍ਰਧਾਨ ਡਾ. ਗਗਨਦੀਪ ਸਿੰਘ ਖਾਲਸਾ, ਪ੍ਰਗਤੀਸ਼ੀਲ ਲੇਖਕ ਸੰਘ ਦੀ ਤਰਨ ਤਾਰਨ ਇਕਾਈ ਦੇ ਪ੍ਰਧਾਨ ਹਰਦਰਸ਼ਨ ਸਿੰਘ ਕਮਲ ਅਤੇ ਮਜੀਠਾ ਇਕਾਈ ਦੇ ਪ੍ਰਧਾਨ ਸੁਖਬੀਰ ਸਿੰਘ ਭੁੱਲਰ ਨੇ ਸਾਂਝੇ ਤੌਰ 'ਤੇ ਕੀਤੀ। ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ ਨੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਬਾਖ਼ੂਬੀ ਨਿਭਾਉਂਦਿਆਂ ਸਮੁੱਚੇ ਸਮਾਗਮ ਨੂੰ ਲੜੀਬੱਧ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਤੋਰਿਆ। ਸਮਾਗਮ ਦੇ ਆਰੰਭ ਵਿੱਚ ਡਾ. ਮੰਗਲ ਸਿੰਘ ਕਿਸ਼ਨਪੁਰੀ ਨੇ ਆਏ ਹੋਏ ਸਾਹਿਤਕਾਰਾਂ, ਕਲਮਕਾਰਾਂ ਅਤੇ ਮਹਿਮਾਨਾਂ ਨੂੰ ਜੀ ਆਇਆਂ ਆਖਿਆ।

ਸਭਾ ਦੇ ਜਨਰਲ ਸਕੱਤਰ ਗੁਰਬਾਜ ਸਿੰਘ ਛੀਨਾ ਨੇ ਸਭਾ ਦੀਆਂ ਸਾਹਿਤਕ ਸਰਗਰਮੀਆਂ, ਪ੍ਰਾਪਤੀਆਂ ਅਤੇ ਮਾਂ-ਬੋਲੀ ਦੀ ਸੇਵਾ ਲਈ ਕੀਤੇ ਜਾ ਰਹੇ ਯਤਨਾਂ ਦੀ ਰਿਪੋਰਟ ਪੇਸ਼ ਕੀਤੀ। ਇਸ ਮੌਕੇ ਅੱਖਰ ਮੈਗਜ਼ੀਨ ਦੇ ਸਰਪ੍ਰਸਤ ਡਾ. ਵਿਕਰਮਜੀਤ ਦੀ ਕਾਵਿ-ਪੁਸਤਕ 'ਸੁਪਨਾ ਸ਼ੀਸ਼ਾ ਲਹਿਰ' ਦਾ ਦੂਜਾ ਐਡੀਸ਼ਨ ਲੋਕ ਅਰਪਣ ਕੀਤਾ ਗਿਆ। ਸਨਮਾਨ ਸਮਾਰੋਹ ਦੌਰਾਨ ਪ੍ਰਸਿੱਧ ਸ਼ਾਇਰ ਮਾਹੀ ਮਰ ਜਾਣਾ ਨੂੰ ਸਤਨਾਮ ਸਿੱਧੂ ਫ਼ਰੀਦਕੋਟੀ ਪੁਰਸਕਾਰ, ਸਾਹਿਤਕ ਮੈਗਜ਼ੀਨ ਅਨੁਤਾਸ਼ ਦੇ ਸੰਪਾਦਕ ਕਮਲ ਗਿੱਲ ਨੂੰ ਕਾਮਰੇਡ ਸੋਹਣ ਸਿੰਘ ਜੋਸ਼ ਪੁਰਸਕਾਰ, ਰੋਜ਼ੀ ਸਿੰਘ ਨੂੰ ਕਥਾਕਾਰ ਦਰਸ਼ਨ ਸਿੰਘ ਧੰਜਲ ਪੁਰਸਕਾਰ, ਅਦਾਕਾਰ ਦਲਜੀਤ ਸੋਨਾ ਨੂੰ ਹਰਭਜਨ ਸਿੰਘ ਜੱਬਲ ਪੁਰਸਕਾਰ ਅਤੇ ਸਤਨਾਮ ਸਿੰਘ ਜੱਸੜ ਨੂੰ ਕਵੀ ਹਰੀ ਸਿੰਘ ਗਰੀਬ ਪੁਰਸਕਾਰ ਪ੍ਰਦਾਨ ਕਰਕੇ ਉਨ੍ਹਾਂ ਦੀਆਂ ਸਾਹਿਤਕ ਤੇ ਕਲਾਤਮਕ ਸੇਵਾਵਾਂ ਦਾ ਸਨਮਾਨ ਕੀਤਾ ਗਿਆ। ਸਨਮਾਨਿਤ ਸ਼ਖ਼ਸੀਅਤਾਂ ਦੇ ਮਾਣ-ਪੱਤਰ ਡਾ. ਅਮਰਜੀਤ ਸਿੰਘ ਗਿੱਲ, ਗੁਰਜਿੰਦਰ ਸਿੰਘ ਬਗਿਆੜੀ, ਸਰਤਾਜ ਸਿੰਘ ਸੰਧੂ ਰਣੀਕੇ, ਇਕਵਾਕ ਸਿੰਘ ਪੱਟੀ ਅਤੇ ਗੁਰਬਾਜ ਸਿੰਘ ਛੀਨਾ ਵੱਲੋਂ ਪੜ੍ਹੇ ਗਏ। ਸਮਾਗਮ ਦਾ ਅਹਿਮ ਆਕਰਸ਼ਣ ਕਵੀ ਦਰਬਾਰ ਰਿਹਾ । ਕਵੀ ਦਰਬਾਰ ਵਿੱਚ ਨਿਸ਼ਾਨ ਸਿੰਘ ਛੀਨਾ, ਸਹਿਜ ਕੌਰ ਸੰਧੂ, ਸੁਰਿੰਦਰ ਸਿੰਘ ਚੋਹਕਾਂ, ਨਾਨਕ ਚੰਦ ਵਸ਼ਿਸ਼ਟ, ਰਮੇਸ਼ ਕੁਮਾਰ ਜਾਨੂੰ, ਐੱਸ. ਪੁਰਸ਼ੋਤਮ, ਰਾਜ ਕੁਮਾਰ ਰਾਜ, ਗੁਰਪ੍ਰੀਤ ਕੌਰ ਪ੍ਰੀਤ ਬਠਿੰਡਾ, ਡਾ. ਕੇਵਲ ਸਿੰਘ ਰੰਧਾਵਾ, ਮਨਿੰਦਰ ਸਿੰਘ ਨੁਸ਼ਹਿਰਾ, ਗਾਇਕ ਸੁਰਿੰਦਰ ਸਾਗਰ, ਮਾਸਟਰ ਨਿਸ਼ਾਨ ਸਿੰਘ, ਡਾ. ਦਿਲਜੀਤ ਸਿੰਘ ਨੰਦਪੁਰ, ਸੋਨੂੰ ਸੁਲਤਾਨ, ਮਾਸਟਰ ਜਸਪਾਲ ਸਿੰਘ, ਦਵਿੰਦਰ ਸਿੰਘ ਘਰਿਆਲਾ, ਮਾਹੀ ਸ਼ਾਇਰ ਘਰਿਆਲਾ, ਮੁੰਦਰਾਂ ਵਾਲਾ ਮੁੰਡਾ, ਕੁਲਵੰਤ ਸਿੰਘ ਕੰਤ, ਇੰਦਰਜੀਤ ਕੌਰ ਲੋਟੇ, ਆਕਾਸ਼ਦੀਪ ਸਿੰਘ ਮਝੈਲਾਂ ਦੀ ਸੱਥ, ਗੁਰਵੇਲ ਕੋਹਾਲਵੀ, ਰਾਜਪਾਲ ਸ਼ਰਮਾ, ਨਿਰੰਜਨ ਸਿੰਘ ਗਿੱਲ, ਮਾਹੀ ਘਰਿਆਲਾ, ਗੋਲਡੀ ਗੁਸਤਾਖ਼ ਮਝੈਲ, ਜੋਤੀ ਬਜਾਜ ਨੂਰ ਲੁਧਿਆਣਾ, ਮੰਨਤ ਲਵਲੀ, ਜਤਿੰਦਰ ਸਿੰਘ ਔਲਖ, ਮੱਖਣ ਭੈਣੀ ਵਾਲਾ, ਡਾ. ਗਗਨਦੀਪ ਸਿੰਘ ਖਾਲਸਾ ਅਤੇ ਮਨਦੀਪ ਸਿੰਘ ਬੋਪਾਰਾਏ ਸਮੇਤ ਹੋਰਨਾਂ ਕਵੀਆਂ ਨੇ ਸ਼ਿਰਕਤ ਕੀਤੀ। ਇਸ ਮੌਕੇ ਬਲਦੇਵ ਸਿੰਘ ਕੰਬੋ ਅਤੇ ਪਲਵਿੰਦਰ ਸਿੰਘ ਪਾਂਧੀ ਨੇ ਕਵੀਸ਼ਰੀ ਦੀ ਪੇਸ਼ ਕੀਤੀ ।

ਮੁੱਖ ਮਹਿਮਾਨ ਪ੍ਰੋ. ਸੁਰਜੀਤ ਜੱਜ, ਵਿਸ਼ੇਸ਼ ਮਹਿਮਾਨ ਹਰਮੀਤ ਵਿਦਿਆਰਥੀ, ਪ੍ਰਿੰਸੀਪਲ ਡਾ. ਇੰਦਰਜੀਤ ਗਿੱਲ, ਡਾ. ਹੀਰਾ ਸਿੰਘ ਅਤੇ ਪ੍ਰਤਾਪ ਸਿੰਘ ਯੂ.ਐੱਸ.ਏ. ਨੇ ਸਾਹਿਤ ਦੀ ਸਮਾਜਿਕ ਭੂਮਿਕਾ, ਪੰਜਾਬੀ ਭਾਸ਼ਾ ਦੀ ਅਹਿਮੀਅਤ ਅਤੇ ਸਾਹਿਤਕਾਰਾਂ ਦੀਆਂ ਜ਼ਿੰਮੇਵਾਰੀਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਸਮਾਗਮ ਵਿੱਚ ਡਾ. ਰੁਪਿੰਦਰ ਸਿੰਘ, ਡਾ. ਅਮਨਦੀਪ ਕੌਰ, ਪ੍ਰਗਟ ਸਿੰਘ ਔਲਖ, ਪੱਤਰਕਾਰ ਗੁਰਮੀਤ ਸਿੰਘ ਸੂਰੀ, ਮਨਜਿੰਦਰਪ੍ਰੀਤ ਸਿੰਘ ਗੋਲਡੀ ਢੁੱਲ, ਸਤਿੰਦਰਪਾਲ ਸਿੰਘ ਲੱਕੀ ਛੀਨਾ, ਗੁਰਦੇਵ ਸਿੰਘ ਮਹਿਲਾਂਵਾਲਾ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਤੋਂ ਲੋਕ ਸੰਪਰਕ ਵਿਭਾਗ ਦੇ ਡਾਇਰੈਕਟਰ ਪ੍ਰਵੀਨ ਪੁਰੀ ਸਮੇਤ ਹੋਰ ਸਾਹਿਤ ਪ੍ਰੇਮੀਆਂ ਅਤੇ ਪਤਵੰਤਿਆਂ ਨੇ ਸ਼ਿਰਕਤ ਕੀਤੀ।



ਗੁਰਨੇਕ ਸਿੰਘ ਦੀ ਬਰਸੀ ਮੌਕੇ ਕੈਂਪ 'ਚ 46 ਮਰੀਜ਼ ਅਪ੍ਰੇਸ਼ਨ ਲਈ ਚੁਣੇ

ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)- ਸਵ. ਗੁਰਨੇਕ ਸਿੰਘ ਗਿੱਲ ਦੀ ਬਰਸੀ ਨੂੰ ਸਮਰਪਤ ਉਨ੍ਹਾਂ ਦੇ ਸਪੁੱਤਰ ਮਨੀ ਗਿੱਲ ਅਤੇ ਸਮੂਹ ਪਰਵਾਰ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਹੈਲਪਿੰਗ ਹੈਂਡ ਸੁਸਾਇਟੀ ਦੇ ਸਹਿਯੋਗ ਨਾਲ ਅੱਖਾਂ ਦਾ ਫ੍ਰੀ ਚੈਕਅੱਪ ਅਤੇ ਅਪ੍ਰੇਸ਼ਨ ਕੈਂਪ ਪਿੰਡ ਸਭਰਾ ਵਿਖੇ ਲਗਾਇਆ ਗਿਆ, ਜਿਸ ਦੌਰਾਨ 410 ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ 46 ਮਰੀਜ਼ ਅਪਰੇਸ਼ਨ ਲਈ ਚੁਣੇ ਗਏ। ਸੁਸਾਇਟੀ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਪਨਗੋਟਾ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਸਮੇਂ-ਸਮੇਂ 'ਤੇ ਅੱਖਾਂ ਦੇ ਫ੍ਰੀ ਕੈਂਪ ਲਗਾਏ ਜਾਂਦੇ ਹਨ ਤਾਂ ਜੋ ਸਾਡੇ ਬਜ਼ੁਰਗ ਇਸ ਖ਼ੂਬਸੂਰਤ ਦੁਨੀਆ ਨੂੰ ਦੇਖ ਸਕਣ। ਇਸੇ ਲੜੀ ਤਹਿਤ ਪ੍ਰਦੇਸ਼ ਰਹਿੰਦੇ ਮਨੀ ਗਿੱਲ ਵੱਲੋਂ ਆਪਣੇ ਪਿਤਾ ਗੁਰਨੇਕ ਸਿੰਘ ਗਿੱਲ ਦੀ ਬਰਸੀ ਮੌਕੇ ਅੱਖਾਂ ਦਾ ਫ੍ਰੀ ਕੈਂਪ ਲਗਾਉਣ ਬਾਰੇ ਸੁਸਾਇਟੀ ਨਾਲ ਰਾਬਤਾ ਕੀਤਾ ਸੋ ਪਰਵਾਰ ਦੇ ਯਤਨਾਂ ਸਦਕਾ ਸੁਸਾਇਟੀ ਦੇ ਸਹਿਯੋਗ ਨਾਲ ਪਿੰਡ ਸਭਰਾ ਗੁਰਦੁਆਰਾ ਬੀਰਾ ਸਿੰਘ ਵਿਖੇ ਅੱਖਾਂ ਦੇ ਫ੍ਰੀ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਮਰੀਜਾਂ ਦਾ ਚੈੱਕਅਪ ਲੁਧਿਆਣਾ ਦੇ ਮਸ਼ਹੂਰ ਹਸਪਤਾਲ ਸ਼ੰਕਰਾ ਆਈ ਕੇਅਰ ਦੇ ਡਾਕਟਰਾਂ ਦੀ ਟੀਮ ਵੱਲੋਂ ਕੀਤਾ ਗਿਆ। ਉਨ੍ਹਾਂ ਦੱਸਿਆ ਕੈਂਪ ਦੌਰਾਨ 410 ਮਰੀਜ਼ਾਂ ਨੇ ਆਪਣਾ ਚੈੱਕਅੱਪ ਕਰਵਾਇਆ, 400 ਲੋੜਵੰਦ ਮਰੀਜ਼ਾਂ ਨੂੰ ਨਜ਼ਰ ਦੀਆਂ ਐਨਕਾਂ ਤਕਸੀਮ ਕਰਨ ਤੋਂ ਇਲਾਵਾ 46 ਮਰੀਜ਼ ਆਪ੍ਰੇਸ਼ਨ ਲਈ ਚੁਣੇ ਗਏ। ਜਿਨ੍ਹਾਂ ਨੂੰ ਮੌਕੇ 'ਤੇ ਆਪ੍ਰੇਸ਼ਨ ਲਈ ਸੰਕਰਾ ਆਈ ਕੇਅਰ ਹਸਪਤਾਲ ਲੁਧਿਆਣਾ ਲਈ ਰਵਾਨਾ ਕਰ ਦਿੱਤਾ ਗਿਆ। ਇਸ ਮੌਕੇ ਸੁਸਾਇਟੀ ਮੈਂਬਰ ਗੁਰਵਿੰਦਰ ਸਿੰਘ ਬਰਵਾਲਾ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਰਹਿੰਦੇ ਨੌਜਵਾਨਾਂ ਨੂੰ ਆਪਣੇ ਪਿੰਡਾਂ ਵਿੱਚ ਅੱਖਾਂ ਦੇ ਕੈਂਪ ਜਿਹੇ ਸਮਾਜ ਸੇਵੀ ਉਪਰਾਲੇ ਕਰਨੇ ਚਾਹੀਦੇ ਹਨ। ਉਹਨਾਂ ਕੈਂਪ 'ਚ ਸਹਿਯੋਗ ਕਰਨ ਵਾਲੇ ਸਮੂਹ ਸੇਵਾਦਾਰਾਂ, ਸਹਿਯੋਗੀਆਂ, ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ। ਕੈਂਪ ਦੇ ਅੰਤ ਵਿੱਚ ਸੁਸਾਇਟੀ ਵੱਲੋਂ ਗਿੱਲ ਪਰਵਾਰ ਦੇ ਪਰਵਾਰਕ ਮੈਂਬਰ ਕੰਵਲਜੀਤ ਕੌਰ, ਅਮਨਦੀਪ ਸਿੰਘ, ਗੁਰਪ੍ਰੀਤ ਸਿੰਘ ਗੋਪੀ, ਹਰਜੀਤ ਸਿੰਘ, ਗੁਰਮੀਤ ਸਿੰਘ ਰਾਣਾ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਸਿਮਰਪ੍ਰੀਤ ਕੌਰ, ਡਾ. ਸਰਬਪ੍ਰੀਤ ਸਿੰਘ, ਰਵਿੰਦਰ ਸਿੰਘ, ਡਾ. ਇੰਦਰਪ੍ਰੀਤ ਸਿੰਘ ਧਾਮੀ, ਵਿਸ਼ਾਲ ਸੂਦ, ਜਸਪ੍ਰੀਤ ਸਿੰਘ, ਸੰਜੀਵ ਚੌਧਰੀ, ਗੁਰਵਿੰਦਰ ਸਿੰਘ ਬਰਵਾਲਾ, ਭੁਪਿੰਦਰ ਸਿੰਘ ਸਭਰਾ ਹਾਜ਼ਰ ਸਨ।



ਨਵਾਂ ਜ਼ਮਾਨਾ

ਮੰਗਲਵਾਰ, 3 ਨਵੰਬਰ 2026

ਰਾਮਲੀਲ੍ਹਾ ਮੈਦਾਨ ਦਾ ਸੁਨੇਹਾ

ਇਤਿਹਾਸਕ ਘਟਨਾਵਾਂ ਤੇ ਤਬਦੀਲੀਆਂ ਦੇ ਗਵਾਹ ਕੌਮੀ ਰਾਜਧਾਨੀ ਦੇ ਰਾਮਲੀਲ੍ਹਾ ਮੈਦਾਨ ਨੇ ਐਤਵਾਰ ਸੁਨੇਹਾ ਦਿੱਤਾ ਕਿ ਦੇਸ਼ ਵਾਸੀ ਵੋਟਰ ਸੂਚੀਆਂ ਦੀ ਡੂੰਘੀ ਸੁਧਾਈ (ਐੱਸ ਆਈ ਆਰ) ਰਾਹੀਂ 13 ਕਰੋੜ ਤੋਂ ਵੱਧ ਵੋਟਰਾਂ ਦੀਆਂ 'ਉਂਗਲੀਆਂ ਵੱਢਣ' ਲਈ ਜ਼ਿੰਮੇਵਾਰ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਗੁਪਤਾ ਨੂੰ ਅਸਤੀਫਾ ਦੇਣ ਲਈ ਮਜਬੂਰ ਕਰਨ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲਾਂਭੇ ਕਰਨ ਲਈ ਜ਼ੋਰ ਲਾ ਦੇਣਗੇ। ਸਰਕਾਰੀ ਰੋਕਾਂ ਦੇ ਬਾਵਜੂਦ ਲੱਖਾਂ ਲੋਕਾਂ ਨੇ ਰਾਜਧਾਨੀ ਪਹੁੰਚ ਕੇ ਦਰਸਾਇਆ ਕਿ ਉਹ 'ਵੋਟ ਚੋਰੀ' ਤੋਂ ਕਿੰਨੇ ਗੁੱਸੇ ਵਿੱਚ ਹਨ। ਰੈਲੀ ਵਿੱਚ ਸਿਰਫ ਰਾਜਧਾਨੀ ਦੇ ਨਾਲ ਲੱਗਦੇ ਹਰਿਆਣਾ, ਪੰਜਾਬ, ਯੂ ਪੀ ਤੇ ਰਾਜਸਥਾਨ ਹੀ ਨਹੀਂ, ਬਿਹਾਰ, ਝਾਰਖੰਡ, ਤਿਲੰਗਾਨਾ, ਮਹਾਰਾਸ਼ਟਰ ਤੇ ਧੁਰ ਦੱਖਣ ਤੋਂ ਲੋਕ ਪੁੱਜੇ। ਉਨ੍ਹਾਂ ਦੀਆਂ ਭਾਵਨਾਵਾਂ ਨੂੰ ਸ਼ਬਦਾਂ ਵਿੱਚ ਪਰੋਂਦਿਆਂ ਇੰਡੀਆ ਬਲਾਕ ਦੇ ਆਗੂਆਂ ਨੇ ਆਪਣੀਆਂ ਤਕਰੀਰਾਂ ਵਿੱਚ ਸਪੱਸ਼ਟ ਕੀਤਾ ਕਿ ਹੁਣ ਤਾਨਾਸ਼ਾਹੀ ਰੁਚੀਆਂ ਵਾਲੀ ਸਰਕਾਰ ਨੂੰ ਲਾਂਭੇ ਕਰਕੇ ਹੀ ਦਮ ਲਿਆ ਜਾਵੇਗਾ। ਤਕਰੀਰਾਂ ਦਾ ਨਿਚੋੜ ਸੀ : ਜੋ ਹੋਇਆ ਹੈ, ਉਹ ਕੋਈ ਆਮ ਚੋਰੀ ਨਹੀਂ ਹੈ...ਇਹ ਦੇਸ਼ਧ੍ਰੋਹ ਹੈ। ਗਿਆਨੇਸ਼ ਕੁਮਾਰ ਤੋਂ ਬਿਨਾਂ, ਨਰਿੰਦਰ ਮੋਦੀ ਪ੍ਰਧਾਨ ਮੰਤਰੀ ਨਾ ਬਣਦੇ, ਨਾ ਹੀ ਅਮਿਤ ਸ਼ਾਹ ਗ੍ਰਹਿ ਮੰਤਰੀ ਬਣਦੇ। ਆਰ ਐੱਸ ਐੱਸ ਦਾ ਇਸ ਦੇਸ਼ ਦੇ ਹਰ ਅਦਾਰੇ 'ਤੇ ਕਬਜ਼ਾ ਨਾ ਹੁੰਦਾ। ਮੁੱਖ ਚੋਣ ਕਮਿਸ਼ਨਰ ਨੂੰ ਹਟਾਉਣਾ ਦੇਸ਼ ਨੂੰ ਮੁੜ ਪਟੜੀ 'ਤੇ ਲਿਆਉਣ ਵੱਲ ਪਹਿਲਾ ਕਦਮ ਹੋਵੇਗਾ। ਗਿਆਨੇਸ਼ ਜੇਲ੍ਹ ਜਾਵੇਗਾ, ਮੋਦੀ ਤੇ ਸ਼ਾਹ ਵੀ ਨਹੀਂ ਬਚ ਸਕਦੇ। ਵਿਰੋਧੀ ਧਿਰ ਜਵਾਬਦੇਹੀ ਅਤੇ ਨਿਆਂ ਯਕੀਨੀ ਬਣਾਉਣ ਲਈ ਆਪਣੀ ਲੜਾਈ ਜਾਰੀ ਰੱਖੇਗੀ।

ਰੈਲੀ ਵਿੱਚ ਆਪੋਜ਼ੀਸ਼ਨ ਪਾਰਟੀਆਂ ਦੇ ਗੱਠਜੋੜ ਨੇ ਆਪਣੇ ਵਰਕਰਾਂ ਨੂੰ ਵੱਡੇ ਪੱਧਰ 'ਤੇ ਲਾਮਬੰਦ ਕੀਤਾ। ਪਾਰਟੀ ਕਾਰਕੁਨ ਬੱਸਾਂ, ਟਰੱਕਾਂ, ਰੇਲ ਗੱਡੀਆਂ ਅਤੇ ਆਪਣੇ ਵਹੀਕਲਾਂ 'ਤੇ ਕਾਂਗਰਸ, ਖੱਬੀਆਂ ਪਾਰਟੀਆਂ, ਸਮਾਜਵਾਦੀ ਪਾਰਟੀ, ਆਰ ਜੇ ਡੀ ਅਤੇ ਹੋਰ ਵੱਖ-ਵੱਖ ਪਾਰਟੀਆਂ ਦੇ ਝੰਡੇ ਲਹਿਰਾਉਂਦੇ ਹੋਏ ਪਹੁੰਚੇ। ਨੌਜਵਾਨਾਂ ਦੀ ਸ਼ਮੂਲੀਅਤ ਦੇਖਦਿਆਂ ਬਣਦੀ ਸੀ। ਇਸ ਤੋਂ ਵੀ ਵੱਡੀ ਗੱਲ ਇਹ ਰਹੀ ਕਿ ਬੱਚਿਆਂ ਤੋਂ ਲੈ ਕੇ ਬਜ਼ੁਰਗ, ਜਿਨ੍ਹਾਂ ਦਾ ਕਿਸੇ ਪਾਰਟੀ ਨਾਲ ਰਿਸ਼ਤਾ ਨਹੀਂ ਸੀ, ਵੀ ਕਾਫੀ ਗਿਣਤੀ 'ਚ ਪੁੱਜੇ। ਉਨ੍ਹਾਂ ਦੇ ਬੋਲ ਗਵਾਹੀ ਭਰਦੇ ਸਨ ਕਿ ਵਰਤਮਾਨ ਸਰਕਾਰ ਤੋਂ ਉਹ ਕਿੰਨੇ ਪ੍ਰੇਸ਼ਾਨ ਹਨ। ਅਯੁੱਧਿਆ ਦੇ ਸਾਧੂਆਂ ਦੇ ਇੱਕ ਸਮੂਹ ਦੇ ਇੱਕ ਮੈਂਬਰ ਨੇ ਕਿਹਾ : ਚੰਦਾ ਚੋਰੀ ਔਰ ਵੋਟ ਚੋਰੀ, ਸਬਕਾ ਹਿਸਾਬ ਹੋਗਾ। 40 ਸਾਲਾ ਅੰਕੁਰ ਨੇ ਇੱਕ ਕਾਲਾ ਅਤੇ ਸੁਨਹਿਰੀ ਤਾਜ ਪਹਿਨਿਆ ਹੋਇਆ ਸੀ, ਜਿਸ ਵਿੱਚੋਂ ਦੋ ਚਿੱਟੇ ਸਿੰਗ ਨਿਕਲੇ ਹੋਏ ਸਨ। ਉਹ ਆਪਣੇ ਆਪ ਨੂੰ 'ਕਾਲ' ਕਹਿੰਦਾ ਸੀ, ਜੋ ਦੇਸ਼ ਵਿੱਚ ਸਮੱਸਿਆਵਾਂ ਪੈਦਾ ਕਰਨ ਵਾਲਿਆਂ ਨੂੰ ਸਜ਼ਾ ਦੇਣ ਆਇਆ, ਜਿਸ ਵਿੱਚ ਵੋਟ ਚੋਰੀ ਵੀ ਸ਼ਾਮਲ ਹੈ। ਬਿਹਾਰ ਦੇ 93 ਸਾਲ ਦੇ ਧਨੁਸ਼ ਯਾਦਵ ਨੇ ਕਿਹਾ : ਮੈਂ ਬੁੱਢਾ ਹੋ ਗਿਆ ਹਾਂ, ਪਰ ਮੈਂ ਆਰਾਮ ਨਹੀਂ ਕਰਾਂਗਾ। ਮੈਂ ਸੰਵਿਧਾਨ ਨੂੰ ਬਚਾਉਣ ਆਇਆ ਹਾਂ। ਹਰਿਆਣਾ ਦੇ 72 ਸਾਲਾ ਕਿਸਾਨ ਬਨਵਾਰੀ ਲਾਲ ਨੇ ਕਿਹਾ ਕਿ ਉਨ੍ਹਾ ਨੂੰ ਵਿਤਕਰੇ ਵਿਰੁੱਧ ਆਵਾਜ਼ ਚੁੱਕਣ ਤੋਂ ਕੋਈ ਨਹੀਂ ਰੋਕ ਸਕਦਾ। ਵਾਰਾਨਸੀ ਦੀ 80 ਸਾਲਾ ਸੇਵਾਮੁਕਤ ਅਧਿਆਪਕਾ ਵਿਦਿਆ ਧਰ ਨੇ ਕਿਹਾ : ਉਮਰ ਸਿਰਫ ਇੱਕ ਗਿਣਤੀ ਹੈ। ਜਦੋਂ ਤੱਕ ਮੈਂ ਸਰਗਰਮ ਹਾਂ, ਮੈਂ ਆਪਣੀ ਆਵਾਜ਼ ਬੁਲੰਦ ਕਰਦੀ ਰਹਾਂਗੀ।

ਅੰਗਰੇਜ਼ਾਂ ਖਿਲਾਫ ਲੜਾਈ ਵਾਂਗ ਵੋਟ ਚੋਰਾਂ ਨੂੰ ਕਟਹਿਰੇ ਵਿੱਚ ਖੜ੍ਹੇ ਕਰਨ ਲਈ ਨੌਜਵਾਨਾਂ ਤੋਂ ਲੈ ਕੇ ਬਜ਼ੁਰਗ ਤੇ ਬੱਚੇ ਵੀ ਸੜਕਾਂ 'ਤੇ ਉੱਤਰ ਆਏ ਹਨ ਤੇ ਉਹ ਦਿਨ ਦੂਰ ਨਹੀਂ, ਜਦੋਂ ਉਹ ਨਿਆਂਕਾਰੀ ਰਾਜ ਦੇ ਆਪਣੇ ਉਦੇਸ਼ ਨੂੰ ਹਾਸਲ ਕਰ ਲੈਣਗੇ।

ਜੀਵਨ ਤੇ ਮੌਤ ਦਾ ਸੱਚ



ਗੁਰਚਰਨ ਸਿੰਘ ਨੂਰਪੁਰ

ਆਦਿ ਜੁਗਾਦਿ ਤੋਂ ਧਰਤੀ 'ਤੇ ਜੀਵਨ ਦਾ ਪ੍ਰਵਾਹ ਚੱਲ ਰਿਹਾ ਹੈ। ਅਸੀਂ ਜੀਵਨ ਦੀ ਯਾਤਰਾ ਦੇ ਹਿੱਸੇਦਾਰ ਉਦੋਂ ਬਣੇ ਸੀ, ਜਦੋਂ ਸਾਡਾ ਜਨਮ ਹੋਇਆ ਸੀ। ਇਹ ਸੱਚ ਹੈ ਕਿ ਇੱਕ ਦਿਨ ਅਜਿਹਾ ਹੋਵੇਗਾ ਕਿ ਅਸੀਂ ਇਸ ਯਾਤਰਾ ਤੋਂ ਸਦਾ ਲਈ ਅਲੱਗ ਹੋ ਜਾਵਾਂਗੇ ਤੇ ਜੀਵਨ ਦਾ ਕਾਫਲਾ ਅੱਗੇ ਚਲਦਾ ਰਹੇਗਾ।

ਮੌਤ ਤੋਂ ਬਾਅਦ ਜੀਵਨ ਹੈ ਜਾਂ ਨਹੀਂ? ਇਸ ਸਬੰਧੀ ਵੱਖ-ਵੱਖ ਧਰਮਾਂ ਦੀਆਂ ਵੱਖ-ਵੱਖ ਧਾਰਨਾਵਾਂ ਹਨ। ਵਿਗਿਆਨਕ ਵਿਚਾਰਧਾਰਾ ਇਹਨਾਂ ਧਾਰਨਾਵਾਂ ਤੋਂ ਬਿਲਕੁਲ ਹੀ ਉਲਟ ਹੈ। ਆਦਿ ਕਾਲ ਦਾ ਮਨੁੱਖ ਜੋ ਜੀਵਨ ਅਤੇ ਮੌਤ ਦੇ ਗੁੱਝੇ ਭੇਦਾਂ ਤੋਂ ਅਣਜਾਣ ਸੀ, ਉਹ ਦੇਖਦਾ ਕਿ ਜਦੋਂ ਉਸ ਦੇ ਕਬੀਲੇ ਦਾ ਕੋਈ ਬੰਦਾ ਮਰ ਜਾਂਦਾ ਤਾਂ ਕਬੀਲੇ ਦੇ ਸਿਆਣੇ ਬੰਦੇ ਉਸ ਮਰ ਗਏ ਵਿਅਕਤੀ ਦੇ ਸਰੀਰ ਦੀ ਪਰਖ-ਪੜਤਾਲ ਕਰਕੇ ਵੇਖਦੇ। ਉਹ ਵੇਖਦੇ ਕਿ ਉਸ ਦੇ ਸਰੀਰ ਦੇ ਅੰਗ ਸਾਬਤ ਹਨ, ਪਰ ਕਿਹੜੀ ਚੀਜ਼ ਸੀ? ਜਿਸ ਨਾਲ ਇਸ ਦਾ ਸਰੀਰ ਚਲਦਾ-ਫਿਰਦਾ ਸੀ, ਗੱਲਾਂ ਕਰਦਾ ਸੀ, ਸੌਂਦਾ, ਜਾਗਦਾ ਸੀ, ਖਾਂਦਾ-ਪੀਂਦਾ ਸੀ, ਸ਼ਿਕਾਰ ਕਰਦਾ ਸੀ ਅਤੇ ਹੁਣ ਕਿਹੜੀ ਚੀਜ਼ ਹੈ, ਜੋ ਇਸ ਸਰੀਰ ਵਿੱਚ ਨਹੀਂ ਰਹੀ। ਸਦੀਆਂ ਦੇ ਚਿੰਤਨ, ਮੰਥਨ ਤੋਂ ਮਗਰੋਂ ਇਸ ਦੇ ਪਿੱਛੇ ਕੰਮ ਕਰਨ ਵਾਲੇ ਕਾਰਜ ਦੀ ਕਲਪਨਾ ਹੋਈ। ਇਹ ਕਲਪਨਾ ਆਤਮਾ ਜਾਂ ਰੂਹ ਦੇ ਰੂਪ ਵਿੱਚ ਹੋਈ। ਪੁਰਾਣੇ ਵੇਲਿਆਂ ਵਿੱਚ ਮਨੁੱਖ ਨੂੰ ਜਦੋਂ ਕਿਸੇ ਵਰਤਾਰੇ ਦੇ ਕਾਰਨਾਂ ਦਾ ਠੀਕ ਪਤਾ ਨਹੀਂ ਚਲਦਾ ਸੀ ਤਾਂ ਉਹ ਉਸ ਲਈ ਕਲਪਨਾ ਕਰਦਾ ਸੀ। ਜਿਵੇਂ ਸੱਪ ਦੇ ਡੰਗਣ ਨਾਲ ਵਿਅਕਤੀ ਦੀ ਮੌਤ ਹੋ ਜਾਂਦੀ ਤਾਂ ਸਮਝਿਆ ਜਾਂਦਾ ਕਿ ਏਨੇ ਕੁ ਜ਼ਖਮ ਨਾਲ ਕੋਈ ਮਰ ਤਾਂ ਨਹੀਂ ਸਕਦਾ, ਇਸ ਲਈ ਸੱਪ ਕੋਈ ਬਹੁਤ ਵੱਡੀ ਸ਼ਕਤੀ ਹੈ। ਇਸੇ ਲਈ ਸੱਪ ਨੂੰ ਦੇਵਤਾ ਮੰਨ ਲਿਆ ਗਿਆ ਅਤੇ ਬੰਦਾ ਇਸ ਦੀ ਪੂਜਾ ਕਰਨ ਲੱਗ ਪਿਆ। ਪੁਰਾਣੇ ਸਮਿਆਂ ਵਿੱਚ ਜਦੋਂ ਕੋਈ ਮਰਦਾ ਸੀ ਤਾਂ ਇਹ ਸਮਝਿਆ ਜਾਣ ਲੱਗਾ ਕਿ ਇਸ ਵਿੱਚੋਂ ਰੂਹ ਨਿਕਲ ਗਈ ਹੈ ਅਤੇ ਇਹ ਰੂਹ ਕਿਸੇ ਹੋਰ ਸਰੀਰ ਵਿੱਚ ਪ੍ਰਵੇਸ਼ ਕਰ ਗਈ ਹੈ। ਇਸ ਬਾਰੇ ਵੱਖ-ਵੱਖ ਧਰਮਾਂ ਦੀਆਂ ਵੱਖ-ਵੱਖ ਧਾਰਨਾਵਾਂ ਹਨ। ਕਿਸੇ ਧਰਮ ਦੀ ਧਾਰਨਾ ਹੈ ਕਿ ਬੰਦੇ ਦੇ ਮਰਨ ਸਮੇਂ ਉਸ ਨੂੰ ਯਮਰਾਜ ਲੈਣ ਆਉਂਦਾ ਹੈ। ਧਰਮਰਾਜ ਦੀ ਕਚਹਿਰੀ ਵਿੱਚ ਉਸ ਦੇ ਕਰਮਾਂ ਦਾ ਲੇਖਾ-ਜੋਖਾ ਹੁੰਦਾ ਹੈ। ਇਸ ਦੇ ਆਧਾਰ 'ਤੇ ਉਸ ਆਤਮਾ ਨੂੰ ਫਿਰ ਨਰਕ, ਸਵਰਗ ਜਾਂ ਅਗਲਾ ਜਨਮ ਮਿਲਦਾ ਹੈ। ਇਸੇ ਤਰ੍ਹਾਂ ਧਰਤੀ ਦੇ ਕੁਝ ਵੱਡੇ ਧਰਮਾਂ ਦੀਆਂ ਧਾਰਨਾਵਾਂ ਅਨੁਸਾਰ ਮਰਨ ਉਪਰੰਤ ਬੰਦੇ ਦੀ ਦੇਹ ਨੂੰ ਕਬਰ ਵਿੱਚ ਦਫਨਾ ਦਿੱਤਾ ਜਾਂਦਾ ਹੈ। ਸਮਝਿਆ ਜਾਂਦਾ ਹੈ ਕਿ 'ਕਿਆਮਤ ਦੇ ਦਿਨ' ਧਰਤੀ ਦੇ ਸਾਡੇ ਦੱਬੇ ਮੁਰਦੇ ਕਬਰਾਂ 'ਚੋਂ ਉਠਾ ਲਏ ਜਾਣਗੇ ਅਤੇ ਰੱਬ ਇਹਨਾਂ ਦੇ ਕਰਮਾਂ ਦਾ ਹਿਸਾਬ ਕਰੇਗਾ।

ਧਰਤੀ ਦੇ ਗਰਮ ਖਿੱਤਿਆਂ ਦੇ ਲੋਕ ਸਮਝਦੇ ਹਨ ਕਿ ਨਰਕ ਵਿੱਚ ਸਰੀਰ ਨੂੰ ਸਾੜ ਦੇਣ ਵਾਲੀ ਗਰਮੀ ਪੈਂਦੀ ਹੈ। ਉਥੇ ਬੰਦਿਆਂ ਨੂੰ ਸਜ਼ਾਵਾਂ ਦੇਣ ਲਈ ਅੱਗ ਦੇ ਦਰਿਆ 'ਚੋਂ ਲੰਘਣਾ ਪੈਂਦਾ ਹੈ। ਤੇਲ ਦੇ ਗਰਮ ਕੜਾਹਿਆਂ ਵਿੱਚ ਬੰਦਿਆਂ ਨੂੰ ਸਾੜ ਕੇ ਸਖਤ ਸਜਾਵਾਂ ਦਿੱਤੀਆਂ ਜਾਂਦੀਆਂ ਹਨ, ਜਦਕਿ ਧਰਤੀ ਦੇ ਠੰਡੇ ਤਿੱਬਤ ਵਰਗੇ ਇਲਾਕਿਆਂ ਜਿੱਥੇ ਠੰਢ ਅਤੇ ਬਰਫ ਲੋਕਾਂ ਲਈ ਅਜ਼ਾਬ ਬਣੀ ਰਹਿੰਦੇ ਹੈ, ਇਹਨਾਂ ਇਲਾਕਿਆਂ ਵਿੱਚ ਨਰਕ ਬੇਹੱਦ ਠੰਢਾ ਹੈ। ਇੱਥੇ ਨਰਕ ਵਿੱਚ ਗਏ ਬੰਦੇ ਨੂੰ ਬਰਫਾਂ 'ਤੇ ਲਿਟਾਇਆ ਜਾਂਦਾ ਹੈ।

ਵਿਗਿਆਨਕ ਵਿਚਾਰਧਾਰਾ ਅਨੁਸਾਰ ਜੀਵਨ ਪਹਿਲਾਂ ਪਾਣੀ ਵਿੱਚ ਪੈਦਾ ਹੋਇਆ। ਪਹਿਲਾਂ ਇੱਕ ਸੈੱਲੇ ਤੇ ਮੁੜ ਸਦੀਆਂ ਮਗਰੋਂ ਬਹੁ ਸੈੱਲੇ ਜੀਵ ਪੈਦਾ ਹੋਏ। ਲੱਖਾਂ ਸਾਲਾਂ ਦੇ ਧੀਮੇ ਪ੍ਰੀਵਰਤਨਾਂ, ਮਿੱਟੀ, ਮਾਹੌਲ, ਹਵਾ-ਪਾਣੀ ਵਿੱਚ ਆਈਆਂ ਤਬਦੀਲੀਆਂ ਨਾਲ ਜੀਵਾਂ ਦੇ ਸਰੀਰ ਵਿੱਚ ਤਬਦੀਲੀਆਂ ਵਾਪਰੀਆਂ। ਡਾਰਵਿਨ ਦੀ ਖੋਜ ਨੇ ਦੱਸਿਆ ਕਿ ਉੱਡਣ ਵਾਲੇ ਪੰਛੀ ਅਤੇ ਧਰਤੀ 'ਤੇ ਰਹਿਣ ਵਾਲੇ ਜੀਵਾਂ ਦੀਆਂ ਹੱਡੀਆ ਦੀਆਂ ਬਣਤਰਾਂ ਵਿੱਚ ਕੁਝ ਬੁਨਿਆਦੀ ਸਾਂਝਾਂ ਹਨ। ਜਿਵੇਂ ਮੱਛੀਆਂ ਕੇਵਲ ਪਾਣੀ ਵਿੱਚ ਰਹਿ ਸਕਦੀਆਂ ਹਨ। ਇਸੇ ਤਰ੍ਹਾਂ ਕੁਝ ਜੀਵ ਜਿਵੇਂ ਡੱਡੂ ਜਾਂ ਕੁਝ ਹੋਰ ਜੀਵ ਜਾਤੀਆਂ ਹਨ, ਇਹ ਪਾਣੀ ਵਿੱਚ ਰਹਿਣ ਵਾਲੇ ਜੀਵ ਸਨ, ਜੋ ਧਰਤੀ ਅਤੇ ਪਾਣੀ ਦੋਹਾਂ ਵਿੱਚ ਰਹਿਣ ਲੱਗੇ। ਕੁਝ ਜੀਵ ਜਾਤੀਆਂ ਪਾਣੀ ਤੋਂ ਵੱਧ ਧਰਤੀ 'ਤੇ ਰਹਿਣ ਲੱਗੀਆਂ ਅਤੇ ਇਹਨਾਂ ਤੋਂ ਅਗਾਂਹ ਜੀਵਨ ਦੇ ਵਿਕਾਸ ਦਾ ਮੁੱਢ ਬੱਝਾ। ਭਾਵ ਇਸ ਧਰਤੀ ਤੋਂ ਜੀਵਨ ਪੈਦਾ ਹੋਇਆ ਅਤੇ ਲੱਖਾਂ ਸਾਲਾਂ ਦੀਆਂ ਵਾਤਾਵਰਣ, ਮਾਹੌਲ ਅਤੇ ਮੌਸਮੀ ਤਬਦੀਲੀਆਂ ਕਰਕੇ ਧੀਮੇ ਪ੍ਰੀਵਰਤਨਾਂ ਕਰਕੇ ਜੀਵਨ ਦਾ ਪ੍ਰਵਾਹ ਅੱਜ ਤੱਕ ਆਇਆ। ਆਦਿ ਕਾਲ ਤੋਂ ਚੱਲ ਰਹੇ ਇਹ ਧੀਮੇ ਪ੍ਰੀਵਰਤਨ ਅੱਜ ਵੀ ਜਾਰੀ ਹੈ। ਕੁਝ ਮੁਲਕਾਂ ਜਿਵੇਂ ਸਾਊਦੀ ਅਰਬ ਵਰਗੇ ਇਲਾਕਿਆਂ ਵਿੱਚ ਲੋਕਾਂ ਦੇ ਔਸਤਨ ਕੱਦ ਆਮ ਮਨੁੱਖਾਂ ਨਾਲੋਂ ਲੰਮੇ ਹਨ। ਦੂਜੇ ਪਾਸੇ ਮਨੀਪੁਰ, ਨਾਗਾਲੈਂਡ ਵਰਗੇ ਇਲਾਕਿਆਂ ਵਿੱਚ ਲੋਕਾਂ ਦੇ ਕੱਦ ਛੋਟੇ ਹਨ। ਮੈਦਾਨੀ ਖੇਤਰਾਂ ਵਿੱਚ ਰਹਿਣ ਵਾਲੀਆਂ ਗਾਵਾਂ ਦੇ ਸਰੀਰ ਭਾਰੇ ਅਤੇ ਉੱਚੇ ਹੁੰਦੇ ਹਨ, ਜਦਕਿ ਪਹਾੜੀ ਖੇਤਰਾਂ ਵਿੱਚ ਰਹਿਣ ਵਾਲੀਆਂ ਗਾਵਾਂ ਅਤੇ ਹੋਰ ਪਸ਼ੂਆਂ ਦੇ ਸਰੀਰ ਕਾਫੀ ਛੋਟੇ ਤੇ ਹੌਲੇ ਹੁੰਦੇ ਹਨ। ਬੰਦਿਆਂ ਦੀਆਂ ਮੋਟੇ ਤੌਰ 'ਤੇ ਚਾਰ ਨਸਲਾਂ: ਕਕੇਸ਼ੀਅਨ, ਮੰਗੋਲ, ਨੀਗਰੋ ਅਤੇ ਆਸਟ੍ਰਾਲੋਇਡ ਵੀ ਜੀਵਨ ਦੇ ਵਿਕਾਸ ਅਤੇ ਜਲਵਾਯੂ ਪ੍ਰਵਰਤਨਾਂ ਦਾ ਦਾ ਪ੍ਰਤੱਖ ਪ੍ਰਮਾਣ ਹਨ।

ਵਿਗਿਆਨ ਅਨੁਸਾਰ ਧਰਤੀ 'ਤੇ ਜੀਵਨ ਇਸ ਲਈ ਪੈਦਾ ਹੋਇਆ, ਕਿਉਂ ਕਿ ਧਰਤੀ 'ਤੇ ਜੀਵਨ ਲਈ ਲੋੜੀਂਦੀਆ ਗੈਸਾਂ ਅਤੇ ਪਾਣੀ ਮੌਜੂਦ ਸੀ। ਅਜਿਹਾ ਇਸ ਲਈ ਸੰਭਵ ਹੋ ਸਕਿਆ ਕਿ ਧਰਤੀ ਸੂਰਜ ਤੋਂ ਇੱਕ ਖਾਸ ਦੂਰੀ 'ਤੇ ਸਥਿਤ ਹੈ। ਹੁਣ ਤੱਕ ਬੰਦੇ ਨੇ ਕਈ ਟੱਕਰਾਂ ਮਾਰ ਕੇ ਵੇਖ ਲਈਆਂ, ਪਰ ਕਿਸੇ ਹੋਰ ਗ੍ਰਹਿ 'ਤੇ ਜੀਵਨ ਦਾ ਕੋਈ ਸਬੂਤ ਨਹੀਂ ਮਿਲਿਆ। ਹੋ ਸਕਦਾ ਹੈ ਕਿ ਦੂਰ ਕਿਸੇ ਹੋਰ ਗ੍ਰਹਿ 'ਤੇ ਜੀਵਨ ਹੋਵੇ ਵੀ, ਪਰ ਫਿਲਹਾਲ ਸਾਨੂੰ ਧਰਤੀ ਵਾਸੀਆਂ ਨੂੰ ਇਸ ਦਾ ਕੋਈ ਇਲਮ ਨਹੀਂ। ਇਸ ਦਾ ਭਾਵ ਇਹ ਹੈ ਕਿ ਧਰਤੀ ਦਾ ਜੀਵਨ ਮਾਦੇ, ਭਾਵ ਪਦਾਰਥ ਤੋਂ ਪੈਦਾ ਹੋਇਆ ਅਤੇ ਇਸ ਨੇ ਇਸੇ ਪਦਾਰਥ ਵਿੱਚ ਹੀ ਵਿਲੀਨ ਹੋ ਜਾਣਾ ਹੁੰਦਾ ਹੈ। ਭਾਵ ਇੱਥੋਂ ਬੰਦਾ ਪੈਦਾ ਹੁੰਦਾ ਹੈ ਅਤੇ ਇੱਥੇ ਹੀ ਸਮਾਪਤ ਹੋ ਜਾਂਦਾ ਹੈ। ਆਯੁਰਵੇਦ ਅਤੇ ਭਾਰਤੀ ਦਰਸ਼ਨ ਅਨੁਸਾਰ ਬੰਦੇ ਦਾ ਸਰੀਰ ਪੰਜ ਤੱਤਾਂ ਤੋਂ ਬਣਿਆ ਹੈ ਇਹ ਤੱਤ ਹਨ, ਮਿੱਟੀ, ਪਾਣੀ, ਹਵਾ, ਅੱਗ ਅਤੇ ਆਕਾਸ਼। ਮਰਨ ਮਗਰੋਂ ਬੰਦਾ ਇਹਨਾਂ ਪੰਜ ਤੱਤਾਂ ਵਿੱਚ ਵਿਲੀਨ ਹੋ ਜਾਂਦਾ ਹੈ। ਆਧੁਨਿਕ ਵਿਗਿਆਨ ਅਨੁਸਾਰ ਬੰਦੇ ਦਾ ਸਰੀਰ 20 ਤੋਂ 25 ਤੱਤਾਂ ਤੋਂ ਨਿਰਮਤ ਹੋਇਆ ਹੈ। ਅਸੀਂ ਇਹ ਵੀ ਸਮਝ ਸਕਦੇ ਹਾਂ ਕਿ ਪੁਰਾਣੇ ਵੇਲਿਆਂ ਦੇ ਮਨੁੱਖਾਂ ਨੇ ਬੰਦੇ ਦੇ ਜੀਵਨ ਅਤੇ ਮਰਨ ਸੰਬੰਧੀ ਆਪਣੀਆਂ ਕਾਲਪਨਿਕ ਧਾਰਨਾਵਾਂ ਬਣਾਈਆਂ ਅਤੇ ਵਿਗਿਆਨਕ ਸਮਝ ਇਸ ਤੋਂ ਵੱਖਰੀ ਹੈ।

ਕਈ ਵਾਰ ਸਾਨੂੰ ਇਹ ਖਬਰਾਂ ਮਿਲਦੀਆ ਹਨ ਕਿ ਫਲਾਣੇ ਪਿੰਡ ਵਿੱਚ ਕੋਈ ਬੱਚਾ ਪੈਦਾ ਹੋਇਆ ਹੈ ਅਤੇ ਉਹ ਆਪਣੇ ਪਿਛਲੇ ਜਨਮ ਬਾਰੇ ਦੱਸਦਾ ਹੈ। ਇਸ ਸੰਬੰਧੀ ਜ਼ਿਆਦਾ ਵਿਸਥਾਰ ਵਿੱਚ ਨਾ ਜਾਂਦੇ ਹੋਏ ਇਹੋ ਹੀ ਕਿਹਾ ਜਾ ਸਕਦਾ ਹੈ ਕਿ ਆਪਣੇ ਪ੍ਰੀਵਾਰਕ ਮਾਹੌਲ ਵਿੱਚੋਂ ਕੁਝ ਸੀਮਤ ਜਿਹੀਆਂ ਗੱਲਾਂ ਕਈ ਵਾਰ ਕੁਝ ਬੱਚੇ ਸਿੱਖ ਲੈਂਦੇ ਹਨ ਅਤੇ ਉਹ ਗੱਲਾਂ ਕਰਨ ਲੱਗਦੇ ਹਨ, ਜੋ ਮਗਰੋਂ ਖਬਰਾਂ ਬਣ ਜਾਂਦੀਆਂ ਹਨ। ਇਹਨਾਂ ਦੀਆਂ ਸਾਰੀਆਂ ਘਟਨਾਵਾਂ ਵਿੱਚ ਇਹ ਸਭ ਕੁਝ ਸਾਲਾਂ ਬਾਅਦ ਬਿਲਕੁਲ ਹੀ ਦਰਕਿਨਾਰ ਹੋ ਜਾਂਦਾ ਹੈ। ਇਹ ਇੱਕ ਵਕਤੀ ਜਿਹਾ ਵਰਤਾਰਾ ਹੁੰਦਾ ਹੈ, ਜਿਸ ਦੇ ਪਿੱਛੇ ਕਈ ਕਾਰਨ ਹੁੰਦੇ ਹਨ। ਅੱਜ ਤੱਕ ਕਦੇ ਵੀ ਕਿਸੇ ਤੀਹ ਜਾਂ ਚਾਲੀ ਸਾਲ ਦੇ ਬੰਦੇ ਨੇ ਕਦੇ ਨਹੀਂ ਕਿਹਾ ਕਿ ਪਹਿਲੇ ਜਨਮ ਵਿੱਚ ਮੇਰਾ ਫਲਾਣਾ ਘਰ ਸੀ, ਇਹ ਮੇਰੀ ਮਾਂ ਸੀ ਅਤੇ ਇਹ ਮੇਰੇ ਬੱਚੇ ਸਨ। ਇਸਾਈ ਅਤੇ ਇਸਲਾਮ ਨੂੰ ਮੰਨਣ ਵਾਲੇ ਲੱਖਾਂ ਕਰੋੜਾਂ ਲੋਕਾਂ ਵਿੱਚ ਇਸ ਤਰ੍ਹਾਂ ਦੀਆਂ ਧਾਰਨਾਵਾਂ ਬਿਲਕੁਲ ਹੀ ਪ੍ਰਚਲਤ ਨਹੀਂ ਹੁੰਦੀਆਂ।

ਪੂਰੀ ਧਰਤੀ ਦੇ ਮਨੁੱਖਾਂ ਦੀ ਅੱਜ ਔਸਤ ਉਮਰ ਲਗਭੱਗ 73 ਸਾਲ ਹੈ। ਅੱਜ ਤੋਂ 100 ਸਾਲ ਪਹਿਲਾਂ ਇਹ 40 ਸਾਲ ਦੇ ਆਸਪਾਸ ਸੀ। ਹੋ ਸਕਦਾ ਹੈ ਕਿ ਭਵਿੱਖ ਵਿੱਚ ਬੰਦੇ ਦੀ ਉਮਰ ਨੂੰ 150 ਜਾਂ ਇਸ ਤੋਂ ਵੱਧ 200 ਸਾਲਾਂ ਤੱਕ ਵੀ ਲੰਮਾ ਕਰ ਲਿਆ ਜਾਵੇ। ਖੋਜਾਂ ਇਹ ਵੀ ਹੋ ਰਹੀਆਂ ਹਨ ਕਿ ਕਿਸੇ ਹਾਦਸੇ ਨਾਲ ਹੋਈ ਮੌਤ ਵਿੱਚ ਬੰਦੇ ਨੂੰ ਦੁਬਾਰਾ ਜ਼ਿੰਦਾ ਕੀਤਾ ਜਾ ਸਕੇਗਾ। ਇਸ ਸੰਬੰਧੀ ਅਜੇ ਕੋਈ ਖਾਸ ਸਫਲਤਾ ਹਾਸਲ ਨਹੀਂ ਹੋ ਸਕੀ। ਬੰਦੇ ਦੀ ਉਮਰ ਬੇਸ਼ੱਕ ਹੋਰ ਲੰਮੀ ਹੋ ਜਾਵੇ, ਪਰ ਮੌਤ ਦਾ ਵਰਤਾਰਾ ਜਾਰੀ ਰਹੇਗਾ, ਕਿਉਂ ਕਿ ਇਸ ਧਰਤੀ 'ਤੇ ਜੋ ਕੁਝ ਬਣਿਆ ਹੈ, ਉਸ ਨੇ ਇੱਕ ਨਾ ਇੱਕ ਦਿਨ ਬਿਨਸ ਜਾਣਾ ਹੈ। ਵਿਗਿਆਨ ਅਨੁਸਾਰ ਚਾਲੀ ਸਾਲ ਮਗਰੋਂ ਬੰਦੇ ਦਾ ਸਰੀਰ ਮੌਤ ਵੱਲ ਵਧਣ ਲੱਗ ਪੈਂਦਾ ਹੈ। ਚਮੜੀ ਦੇ ਸੈੱਲ ਮਰਨ ਲੱਗਦੇ ਹਨ। ਚਮੜੀ ਢਿੱਲੀ ਪੈਣ ਲੱਗਦੀ ਹੈ। ਉਮਰ ਹੋਰ ਵਧਦੀ ਹੈ ਤਾਂ ਬਾਹਾਂ, ਲੱਤਾਂ ਦੀ ਚਮੜੀ ਇੱਕ ਤਰ੍ਹਾਂ ਨਾਲ ਲਮਕਣ ਲੱਗ ਪੈਂਦੀ ਹੈ। ਅੱਖਾਂ ਦੇ ਦੇਖਣ, ਕੰਨਾਂ ਦੇ ਸੁਣਨ, ਦੰਦਾਂ ਦੇ ਚਬਾਉਣ ਅਤੇ ਜੀਭ ਦੇ ਸਵਾਦ ਚੱਖਣ ਦੀ ਸਮਰੱਥਾ ਘੱਟ ਹੋਣ ਲੱਗਦੀ ਹੈ। ਇਹ ਸਭ ਕੁਝ ਦੱਸਦਾ ਹੈ ਕਿ ਬੰਦੇ ਦੀ ਮੌਤ ਵੱਲ ਵਧਣ ਦੀ ਪ੍ਰੀਕ੍ਰਿਆ ਤੇਜ਼ ਹੋ ਗਈ ਹੈ।

ਇਹ ਠੀਕ ਹੈ ਕਿ ਬੰਦਾ ਧਰਤੀ 'ਤੇ ਆਉਂਦਾ ਹੈ ਅਤੇ ਇੱਕ ਦਿਨ ਮੌਤ ਦੀ ਅਗੋਸ਼ ਵਿੱਚ ਚਲਾ ਜਾਂਦਾ ਹੈ, ਪਰ ਫਿਰ ਬੰਦੇ ਦੇ ਜੀਵਨ ਦਾ ਹਾਸਲ ਕੀ ਹੋਇਆ? ਬੰਦੇ ਦੇ ਜੀਵਨ ਦਾ ਹਾਸਲ ਸ਼ਾਇਦ ਇਹ ਹੈ ਕਿ ਧਰਤੀ 'ਤੇ ਬੰਦਾ ਕਿਵੇਂ ਜੀਵਿਆ, ਕਿਵੇਂ ਵਿਚਰਿਆ। ਧਰਤੀ ਦੇ ਸਾਰੇ ਪਸ਼ੂ, ਪੰਛੀਆਂ, ਪਰਿੰਦਿਆਂ ਕੋਲ ਪੜ੍ਹਨ ਲਈ ਗ੍ਰੰਥ ਸ਼ਾਸਤਰ ਨਹੀਂ ਹਨ। ਇਹ ਸਭ ਕੁਝ ਬੰਦੇ ਦੇ ਦਿਮਾਗ ਨੇ ਈਜ਼ਾਦ ਕੀਤੇ। ਇੱਥੇ ਵਿਚਾਰਨ ਵਾਲੀ ਗੱਲ ਇਹ ਹੈ ਕਿ ਏਨੀਆਂ ਮਹਾਨ ਸਿਖਿਆਵਾਂ ਦੇ ਬਾਵਜੂਦ ਬੰਦਾ ਇਸ ਧਰਤੀ 'ਤੇ ਰਹਿੰਦਾ ਇੰਝ ਹੈ, ਜਿਵੇਂ ਇਹ ਇੱਥੇ ਸਦੀਵੀ ਹੋਵੇ ਅਤੇ ਇੱਥੋਂ ਚਲਾ ਇੱਕ ਦਿਨ ਇੰਝ ਜਾਂਦਾ ਹੈ ਜਿਵੇਂ ਕਦੇ ਇਹ ਇੱਥੇ ਆਇਆ ਹੀ ਨਾ ਹੋਵੇ। ਬੰਦੇ ਦੀ ਸਿੱਖਿਆ ਲਈ ਧਰਮ ਅਸਥਾਨ ਹਨ, ਸਕੂਲ, ਕਾਲਜ, ਯੂਨੀਵਰਸਿਟੀਆਂ ਹਨ, ਇਸ ਦੇ ਬਾਵਜੂਦ ਹਰ ਦਿਨ ਇਸ ਦੇ ਲਾਲਚਾਂ, ਇਛਾਵਾਂ ਅਤੇ ਲਾਲਸਾਵਾਂ ਦੇ ਕੋਈ ਪਾਰਾਵਾਰ ਨਹੀਂ। ਇਸੇ ਲਈ ਇਹ ਧਰਤੀ ਨੂੰ ਹਰ ਦਿਨ ਨਰਕ ਬਣਾਈ ਜਾ ਰਿਹਾ ਹੈ।

ਬੰਦੇ ਕੋਲ ਸਿੱਖਣ ਦੇ ਏਨੇ ਸਰੋਤ ਹੋਣ ਦੇ ਬਾਵਜੂਦ ਬੰਦਾ ਅਜੇ ਤੱਕ ਬੰਦਾ ਨਹੀਂ ਬਣ ਸਕਿਆ ਤਾਂ ਇਹ ਸਭ ਕੁਝ ਦੱਸਦਾ ਹੈ ਜਿਹੜੀਆਂ ਤਰਜੀਹਾਂ 'ਤੇ ਮਨੁੱਖੀ ਸੱਭਿਅਤਾ ਦੀ ਉਸਾਰੀ ਹੋਈ ਹੈ, ਉਸ 'ਤੇ ਮੁੜ ਚਿੰਤਨ-ਮਨਨ ਕਰਨ ਦੀ ਲੋੜ ਹੈ। ਬੰਦਾ ਇੱਕ ਚੰਗਾ ਬੰਦਾ ਕਿਵੇ ਬਣੇ? ਬੰਦੇ ਵੱਲੋਂ ਇਹ ਸਿੱਖਿਆ ਜਾਣਾ ਅਜੇ ਬਾਕੀ ਹੈ ਸ਼ਾਇਦ।

 # ਸੰਪਰਕ : 98550-51099

ਭਾਰਤ ਦੀਆਂ ਸਿਆਸੀ ਧਿਰਾਂ ਦੇ ਨਾਂਅ ਖੁੱਲ੍ਹਾ ਖ਼ਤ

ਕੇਵਲ ਸਿੰਘ

ਭਾਰਤ ਵੱਖ-ਵੱਖ ਮਜ਼੍ਹਬੀ ਵਿਸ਼ਵਾਸ ਰੱਖਣ ਵਾਲੇ ਭਾਰਤੀਆਂ ਦਾ ਦੇਸ਼ ਹੈ ।ਇਹ ਭਾਂਤ-ਸੁਭਾਂਤੀ ਸੱਭਿਆਚਾਰਾਂ ਦਾ ਅਦੁੱਤੀ ਗੁਲਦਸਤਾ ਹੈ । ਇਥੇ ਕੁਦਰਤ ਦੇ ਕਾਦਰ ਨੇ ਵੱਖ-ਵੱਖ ਰੁੱਤਾਂ ਅਤੇ ਮੌਸਮ ਦੀ ਰਹਿਮਤ ਵਰੋਸਾਈ ਹੈ । ਇਥੇ ਵੱਸਦੇ ਹਰ ਸ਼ਹਿਰੀ ਨੂੰ ਆਪਣੇ ਭਾਰਤ ਦੇਸ਼ 'ਤੇ ਮਾਣ ਰਿਹਾ ਹੈ।

ਭਾਰਤ ਦੀ ਆਜ਼ਾਦੀ ਦੀ ਲੜਾਈ ਸਾਰੇ ਭਾਰਤੀਆਂ ਨੇ ਲੜੀ ਹੈ । ਕਿਸੇ ਨੇ ਇਹ ਨਹੀਂ ਸੋਚਿਆ ਕਿ ਸਾਡੇ ਮਜ਼੍ਹਬ ਵਾਲਿਆਂ ਦੀ ਗਿਣਤੀ ਘੱਟ ਹੈ, ਸਾਨੂੰ ਕੀ ਲੋੜ ਹੈ ਲੜਨ ਦੀ। ਬਹੁਗਿਣਤੀ ਵਾਲੇ ਹੀ ਕੇਵਲ ਲੜਨ। ਇੱਥੇ ਤੇ ਉਲਟਾ ਹੋਇਆ ਘੱਟ ਗਿਣਤੀ ਮਜ਼੍ਹਬ ਵਾਲਿਆਂ ਨੇ ਬਹੁਗਿਣਤੀ ਵਾਲੇ ਭਾਈਚਾਰੇ ਨਾਲੋਂ ਵਧੇਰੇ ਕੁਰਬਾਨੀ ਦੇਣ ਵਿਚ ਮਾਣ ਮਹਿਸੂਸ ਕੀਤਾ ਸੀ। ਅੱਜ ਵੀ ਸਾਰੇ ਹੀ ਭਾਰਤ ਦੇਸ਼ ਨੂੰ ਆਪਣੇ ਦੇਸ਼ ਵਜੋਂ ਸੰਸਾਰ ਸਾਹਮਣੇ ਦੱਸਦਿਆਂ ਮਾਣ ਮਹਿਸੂਸ ਕਰਦੇ ਹਨ।

ਸਿਆਸੀ ਆਗੂ ਜਨੋਂ! ਹੁਣ ਤੁਹਾਡੇ ਅੰਦਰ ਉਹ ਪੀੜ੍ਹੀ, ਜਿਸ ਨੇ ਆਜ਼ਾਦੀ ਦੀ ਲੜਾਈ ਜਾਨਾਂ ਹੂਲ ਕੇ ਲੜੀ ਸੀ ਨਹੀਂ ਰਹੀ। ਜ਼ਿੰਦਗੀ ਜੀਊ ਕੇ ਬਹੁਤੀ ਸੰਸਾਰ ਤੋਂ ਜਾ ਚੁੱਕੀ ਹੈ, ਜੋ ਹਨ ਉਹ ਸਰਗਰਮ ਭੂਮਿਕਾ ਵਿਚ ਨਹੀਂ ਹਨ। ਹਾਂ, ਸਿਆਸਤ ਕਰ ਰਹੇ ਦੇਸ਼ ਵਾਸੀਓ! ਉਨ੍ਹਾਂ ਮਹਾਨ ਦੇਸ਼ ਭਗਤਾਂ ਦੇ ਖ਼ਾਨਦਾਨ ਜ਼ਰੂਰ ਆਪਣੇ ਪੁਰਖਿਆਂ ਦੀ ਕੁਰਬਾਨੀ 'ਤੇ ਮਾਣ ਕਰਦਿਆਂ ਉਨ੍ਹਾਂ ਇਤਿਹਾਸਕ ਪਲਾਂ ਨੂੰ ਆਪਣੀ ਸੋਚ-ਵਿਚਾਰ ਦਾ ਹਿੱਸਾ ਬਣਾ ਦਰਦ ਮਹਿਸੂਸ ਕਰ ਸਕਦੇ ਹਨ ਜਾਂ ਕਰਦੇ ਹੋਣਗੇ! ਉਸ ਵਕਤ ਤਿੰਨ ਮਜ਼੍ਹਬਾਂ ਦੇ ਵਾਰਸਾਂ ਨੂੰ ਦੇਸ਼ ਦੇ ਵਾਰਸ ਅੰਗਰੇਜ਼ਾਂ ਨੇ ਸਵੀਕਾਰ ਕੀਤਾ ਸੀ ਹਿੰਦੂ, ਮੁਸਲਮਾਨ ਅਤੇ ਸਿੱਖ । ਵੰਡ ਸੰਬੰਧੀ ਅੰਗਰੇਜ਼ੀ ਹਕੂਮਤ ਨਾਲ ਹੁੰਦੀ ਗੱਲਬਾਤ ਵਿਚ ਤਿੰਨਾਂ ਹੀ ਮਜ਼੍ਹਬੀ ਭਾਈਚਾਰਿਆਂ ਦੇ ਨੁਮਾਇੰਦੇ ਸ਼ਾਮਲ ਹੁੰਦੇ ਸਨ।

ਸਿਆਸੀ ਜਨੋਂ! ਦੇਸ਼ ਦੀ ਸੰਵਿਧਾਨ ਘੜਨੀ ਸਭਾ ਵਿਚ ਵੀ ਤਿੰਨ ਮਜ਼੍ਹਬਾਂ ਦੇ ਨੁਮਾਇੰਦਿਆਂ ਨੂੰ ਥਾਂ ਦਿੱਤੀ ਗਈ ਸੀ। ਬਹੁਤ ਅਫ਼ਸੋਸ ਦੀ ਗੱਲ ਹੈ ਇੱਥੇ ਸੰਵਿਧਾਨ ਬਣਾਉਣ ਮੌਕੇ ਹਿੰਦੂ ਬਹੁਗਿਣਤੀ ਦਾ ਗ਼ਲਬਾ ਮਜ਼ਬੂਤ ਹੋ ਗਿਆ। ਘੱਟ ਗਿਣਤੀਆਂ ਦੀ ਦਿਲੀ ਸਹਿਮਤੀ ਵੀ ਹਾਸਲ ਨਹੀਂ ਕੀਤੀ ਗਈ। ਜੋ ਸੰਵਿਧਾਨ ਬਣਿਆ ਉਸ ਵਿਚ ਦੇਸ਼ ਵਾਸੀਆਂ ਨੂੰ ਜੋ ਆਜ਼ਾਦੀ ਹਰ ਦੇਸ਼ ਵਾਸੀ ਨੂੰ ਦਿੱਤੀ ਗਈ ਹੈ ਉਸ ਦੀ ਕਦਰ ਸਨਮਾਨ ਦੀ ਮਜ਼ਬੂਤੀ ਕਾਇਮ ਨਹੀਂ ਰੱਖੀ ਗਈ। ਸੱਤਾਧਾਰੀ ਧਿਰਾਂ ਨੇ ਸਮੂਹ ਦੇਸ਼ ਵਾਸੀਆਂ ਦੀਆਂ ਭਾਵਨਾਵਾਂ ਨੂੰ ਆਪਣੇ ਆਪਣੇ ਧੜਿਆਂ ਦੀ ਹੈਂਕੜ ਦੇ ਪੱਥਰਾਂ ਹੇਠ ਮਸਲਣ ਦੀ ਕਰੂਰ ਨੀਤੀ ਅਪਣਾਈ। ਦੇਸ਼ ਅੰਦਰ ਜੋ ਮੁਹੱਬਤ ਪਿਆਰ ਵਿਸ਼ਵਾਸ ਆਪਸ ਵਿੱਚ ਦੇਸ਼ ਵਾਸੀਆਂ ਅੰਦਰ ਭਰਿਆ ਜਾਣਾ ਜ਼ਰੂਰੀ ਸੀ ਨਹੀਂ ਭਰਿਆ ਗਿਆ। ਖ਼ਾਸ ਕਰਕੇ ਘੱਟ ਗਿਣਤੀਆਂ ਨਾਲ ਛਲ-ਛਲਾਵਾ ਕੀਤਾ ਗਿਆ ਇਹ ਬਹੁਤ ਵੱਡਾ ਧੋਖਾ ਹੈ, ਜੋ ਭਾਰਤੀ ਸਿਆਸਤਦਾਨ ਹੁਣ ਤੱਕ ਭਾਰਤੀ ਘੱਟ ਗਿਣਤੀਆਂ ਨੂੰ ਦੇ ਚੁੱਕੇ ਹਨ।

ਗੱਲ ਇਥੇ ਹੀ ਨਹੀਂ ਰੁਕੀ ਭਾਰਤ ਦੇ ਵੱਡੀ ਗਿਣਤੀ ਪਛੜੇ ਵਰਗਾਂ ਦੀ ਹੈ, ਉਸ ਨੂੰ ਸੰਵਿਧਾਨ ਵਿਚ ਦਿੱਤੇ ਗਏ ਹੱਕ ਅਧਿਕਾਰ ਵੀ ਖ਼ਾਸ ਕਿਸਮ ਦੀ ਸਿਆਸੀ ਬਿਰਤੀ ਵਾਲਿਆਂ ਵੱਲੋਂ ਅੱਜ ਤੱਕ ਦੇਣ ਦੀ ਵਫ਼ਾ ਨਹੀਂ ਨਿਭਾਈ ਗਈ।ਭਾਰਤ ਦੇ ਸਾਰੇ ਸਰਮਾਏ ਤੇ ਸਮੂਹ ਭਾਰਤ ਵਾਸੀਆਂ ਦਾ ਬਰਾਬਰ ਦਾ ਅਧਿਕਾਰ ਚਾਹੀਦਾ ਸੀ ਉਸ ਵੱਲ ਅੱਜ ਤੱਕ ਸਿਆਸੀ ਧਿਰਾਂ ਨੇ ਕਦੇ ਧਿਆਨ ਹੀ ਨਹੀਂ ਦਿੱਤਾ। ਅਮੀਰ ਵਰਗ ਦੀ ਪੁਸ਼ਤ-ਪਨਾਹੀ ਕੀਤੀ ਜਾਂਦੀ ਰਹੀ ਹੈ ਅਤੇ ਜਾਰੀ ਹੈ।ਅੱਜ ਤੁਹਾਡੀ ਸੋਚ ਅੰਦਰ ਦੇਸ਼ ਅਤੇ ਦੇਸ਼ ਵਾਸੀਆਂ ਦੇ ਹਿੱਤਾਂ ਨਾਲੋਂ ਆਪਣੀ ਆਪਣੀ ਸੋਚ ਭਾਰੂ ਹੈ ਜੋ ਹਕੀਕਤ ਵਿੱਚ ਦੇਸ਼ ਮਾਰੂ ਹੈ। ਕਸਮ ਸੰਵਿਧਾਨ ਦੀ ਚੁੱਕਦੇ ਹੋ , ਲੋਕਤੰਤਰੀ ਵਿਸ਼ਵਾਸ ਦੀ ਚੁੱਕਦੇ ਹੋ , ਨਿਰਪੱਖਤਾ ਦੀ ਚੁੱਕਦੇ ਹੋ! ਸੱਤਾ 'ਤੇ ਬੈਠ ਕੇ ਕੰਮ ਗੈਰ-ਸੰਵਿਧਾਨਕ ਕਰਦੇ ਹੋ। ਲੋਕਤੰਤਰੀ ਸੁਰਤੀ-ਬਿਰਤੀ ਤੁਹਾਡੇ ਵਿਚੋਂ ਮਰ ਜਾਂਦੀ, ਤੁਸੀਂ ਤਾਨਾਸ਼ਾਹੀ ਨੂੰ ਸ਼ਰਮਿੰਦਾ ਕਰਨ ਵਾਲਾ ਵਿਹਾਰ ਆਪਣੇ ਹੀ ਦੇਸ਼ ਵਾਸੀਆਂ ਨਾਲ ਕਰਨ ਲਗਦੇ ਹੋ। ਘੱਟ ਗਿਣਤੀਆਂ ਵੱਲ ਪਿੱਠ ਕਰਕੇ ਸੱਤਾ ਦੇ ਕਬਜ਼ੇ ਦੀ ਸੋਚ ਨੂੰ ਆਪਣੇ ਆਪ 'ਤੇ ਭਾਰੂ ਕਰ ਲੈਂਦੇ ਹੋ!

ਡਾਕਟਰ ਇਲਾਮਾ ਇਕਬਾਲ ਦੇ ਆਪਣੇ ਦੇਸ਼ ਪ੍ਰਤੀ ਕਹੇ ਹੋਏ ਦੋ ਤਰ੍ਹਾਂ ਦੇ ਵੱਖ-ਵੱਖ ਮੌਕਿਆਂ 'ਤੇ ਵਿਚਾਰ ਤੁਹਾਡੇ ਬਹੁਰੂਪੀਏਪਨ ਦਾ ਰੂਪ ਹੋ ਜਾਂਦਾ ਹੈ।

ਪਹਿਲਾਂ ਡਾਕਟਰ ਇਲਾਮਾ ਇਕਬਾਲ ਦੇਸ਼ ਬਾਰੇ ਕਹਿੰਦੇ ਹਨ 'ਸਾਰੇ ਜਹਾਂ ਸੇ ਅੱਛਾ ਹਿੰਦੋਸਤਾਨ ਹਮਾਰਾ। ਹਮ ਬੁਲਬੁਲੇ ਹੈਂ ਇਸ ਕੀ ਇਹ ਗੁਲਸਤਾਨ ਹਮਾਰਾ।'

ਫਿਰ ਮੌਕਾ ਆਉਂਦਾ ਹੈ ਡਾਕਟਰ ਇਲਾਮਾ ਇਕਬਾਲ ਇਸੇ ਹੀ ਦੇਸ਼ ਨੂੰ ਦੇਸ਼ ਕਹਿਣ ਲੱਗਿਆਂ ਸ਼ਰਮ ਮਹਿਸੂਸ ਕਰਦੇ ਹਨ ।'ਸ਼ਰਮ ਆਤੀ ਹੈ ਇਸ ਵਤਨ ਕਉ ਵਤਨ ਕਹਿਤੇ ਹੁਏ।'

ਅੱਜ ਭਾਰਤ ਦੇਸ਼ ਅੰਦਰੂਨੀ ਹਾਲਾਤ ਆਪ ਜੀ ਸਿਆਸਤਦਾਨਾਂ ਨੇ ਕੀ ਬਣਾ ਕੇ ਰੱਖ ਦਿੱਤੀ ਹੈ, ਕਦੇ ਠੰਢੇ ਦਿਲ-ਦਿਮਾਗ ਨਾਲ ਸੋਚ ਵਿਚਾਰ ਕੇ ਤੇ ਦੇਖੋ। ਚਾਰੇ ਪਾਸੇ ਨਫ਼ਰਤ ਹੀ ਨਫ਼ਰਤ ਦੀ ਬਦਬੂ ਫੈਲੀ ਮਿਲਦੀ ਹੈ।

ਭਾਰਤੀ ਸਿਆਸਤਦਾਨੋ! ਆਪਣੇ ਧੜਿਆਂ ਦੀ ਸੋਚ ਪਕੜ ਵਿਚੋਂ ਬਾਹਰ ਨਿਕਲ ਕੇ ਦੇਸ਼ ਅਤੇ ਦੇਸ਼ ਵਾਸੀਆਂ ਬਾਰੇ ਤਾਂ ਨੇਕ ਨੀਤੀ ਨਾਲ ਸੋਚ-ਵਿਚਾਰ ਕਰ ਲਵੋ! ਦੇਸ਼ ਵਾਸੀਆਂ ਨੂੰ ਭਿਖਾਰੀ ਬਣਾਉਣ ਦਾ ਜੋ ਖੇਲ ਆਪ ਜੀ ਖੇਡ ਰਹੇ ਹੋ, ਇਹ ਗੁਲਾਮੀ ਦੀ ਨਵੀਂ ਪ੍ਰਥਾ ਚਾਲੂ ਕਰ ਦਿੱਤੀ ਗਈ ਹੈ। ਮੁਫ਼ਤ ਵਿਚ ਫਲਾਣੇ ਨੂੰ ਇਹ ਮਿਲੇਗਾ ਫਲਾਣੇ ਨੂੰ ਇਹ ਮਿਲੇਗਾ, ਇਹ ਕੀ ਹੈ, ਕਿਉਂ ਹੈ, ਕੀ ਇਹੀ ਲੋਕਤੰਤਰ ਦੀ ਖ਼ੂਬਸੂਰਤੀ ਹੈ? ਸਿਹਤ ਤੇ ਸਿੱਖਿਆ ਕਦੋਂ ਸਭ ਲਈ ਬਰਾਬਰ ਹੋਵੇਗੀ? ਗ਼ਰੀਬੀ ਅਮੀਰੀ ਦੀਆਂ ਕੰਧਾਂ ਕਦੋਂ ਟੁੱਟਣਗੀਆਂ? ਅਮੀਰ ਮੁਲਕ ਭਾਗੋਆਂ ਦੇ ਘਰ ਪਇਆ ਸਰਮਾਇਆ ਕਦੋਂ ਕਿਰਤੀ ਭਾਈ ਲਾਲੋਆਂ ਵਿਚ ਵੰਡ ਕੇ ਬਰਾਬਰਤਾ ਸਥਾਪਤ ਕੀਤੀ ਜਾਵੇਗੀ? ਮਸ਼ੀਨੀਕਰਨ ਰਾਹੀਂ ਕਿਰਤੀ ਦੀ ਕਿਰਤ ਤੇ ਹੁਨਰ ਤਬਾਹ ਕਰਨਾ ਕਦੋਂ ਰੁਕੇਗਾ?

ਭਾਰਤੀ ਨੌਜਵਾਨਾਂ ਨੂੰ ਦੇਸ਼ ਪ੍ਰਤੀ ਵਫ਼ਾਦਾਰੀ ਕੌਣ ਸਿਖਾਵੇਗਾ, ਜਦੋਂ ਬੇਈਮਾਨੀ ਦਾ ਬੋਲਬਾਲਾ ਤੁਹਾਡੇ ਹੁੰਦਿਆਂ ਵਧੀ ਤੁਰਿਆ ਜਾ ਰਿਹਾ ਹੈ।

ਵਕਤ ਦੀ ਕੰਧ 'ਤੇ ਲਿਖੇ ਲੇਖ ਦੇਸ਼ ਅਤੇ ਦੇਸ਼ ਵਾਸੀਆਂ ਦੇ ਹਿੱਤ ਵਿਚ ਛੇਤੀ ਪੜ੍ਹ ਕੇ ਧੜਿਆਂ ਦੀ ਥਾਂ ਦੇਸ਼ ਨਾਲ ਖੜ੍ਹੇ ਹੋ ਜਾਓ।

 # ਸੰਪਰਕ : 95920-93472

ਵਿਧਾਨ ਸਭਾ ਚੋਣਾਂ ਲਈ ਸਿਆਸੀ ਸਰਗਰਮੀਆਂ ਸ਼ੁਰੂ



ਜਸਪਾਲ ਸਿੰਘ ਲੋਹਾਮ

ਪੰਜਾਬ ਵਿਧਾਨ ਸਭਾ ਚੋਣਾਂ-2027 ਵਿਚ ਵੱਖ-ਵੱਖ ਸਿਆਸੀ ਪਾਰਟੀਆਂ ਅਤੇ ਸਿਆਸੀ ਆਗੂਆਂ ਦੇ ਵੱਖਰੇ-ਵੱਖਰੇ ਬਿਆਨ ਅਤੇ ਵੱਖਰੀ ਵਿਚਾਰਧਾਰਾ ਹੈ, ਜਿਨ੍ਹਾਂ ਨੂੰ ਲੈ ਕੇ ਉਹ ਆਉਣ ਵਾਲੇ ਸਮੇਂ ਦੇ ਵਿਚ ਪੰਜਾਬ ਵਿਧਾਨ ਸਭਾ ਚੋਣਾਂ ਵਿਚ ਆਪਣੀ ਪਾਰਟੀ ਦੀਆਂ ਚੋਣਾਂ ਲੜਨਗੇ । ਇਸ ਸਬੰਧ ਦੇ ਵਿਚ ਭਾਰਤੀ ਜਨਤਾ ਪਾਰਟੀ ਦੇ ਆਗੂ ਅਤੇ ਕੌਮੀ ਸਕੱਤਰ ਇੰਚਾਰਜ ਪੰਜਾਬ ਡਾਕਟਰ ਸਤੀਸ਼ ਪੂਨੀਆ ਨੇ ਸਪੱਸ਼ਟ ਕਰ ਦਿੱਤਾ ਕਿ ਪੰਜਾਬ ਵਿਚ ਵਿਧਾਨ ਸਭਾ ਚੋਣਾਂ 2027 ਵਿਚ ਪਾਰਟੀ ਸਾਰੀਆਂ 117 ਸੀਟਾਂ 'ਤੇ ਚੋਣ ਲੜੇਗੀ । ਉਹ ਸੂਬੇ ਵਿਚ ਤਿੰਨ ਦਿਨਾਂ ਵਾਸਤੇ ਪ੍ਰਚਾਰ ਕਰਨ ਆਏ ਸਨ । ਉਹਨਾ ਪਹਿਲੀ ਵਾਰ ਚੰਡੀਗੜ੍ਹ ਵਿਚ ਭਾਜਪਾ ਆਗੂਆਂ ਨਾਲ ਮੀਟਿੰਗ ਕੀਤੀ। ਉਹਨਾਂ ਪ੍ਰੈੱਸ ਬਿਆਨ ਰਾਹੀਂ ਸਪੱਸ਼ਟ ਕੀਤਾ ਕਿ ਹਾਈਕਮਾਂਡ ਦੇ ਅਨੁਸਾਰ ਪਾਰਟੀ ਆਪਣੇ ਬਲਬੂਤੇ 'ਤੇ ਚੋਣਾਂ ਵਿਚ ਉਤਰੇਗੀ ਤੇ ਉਹਨਾ ਨੇ ਰਾਜ ਵਿਚ ਕਿਸੇ ਨਾਲ ਗੱਠਜੋੜ ਦੀਆਂ ਸੰਭਾਵਨਾਵਾਂ ਨੂੰ ਮੁੱਢੋਂ ਨਕਾਰ ਦਿੱਤਾ । ਉਹਨਾ ਇਹ ਵੀ ਸਪਸ਼ਟ ਕਰ ਦਿੱਤਾ ਕਿ ਜੇਕਰ ਰਾਜ ਦੇ ਆਗੂ ਵੀ ਗਠਜੋੜ ਦੀ ਗੱਲ ਕਰਨਗੇ ਤਾਂ ਵੀ ਹਾਈ ਕਮਾਨ ਦੇ ਫ਼ੈਸਲੇ ਅਨੁਸਾਰ ਭਾਜਪਾ ਸਾਰੀਆਂ ਸੀਟਾਂ 'ਤੇ ਉਮੀਦਵਾਰ ਖੜ੍ਹਾ ਕਰਕੇ ਚੋਣਾਂ ਲੜੇਗੀ । ਉਹਨਾ ਇਹ ਵੀ ਸਪਸ਼ਟ ਕੀਤਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੇਸ਼ ਦੀਆਂ ਸਿਆਸੀ ਪਾਰਟੀਆਂ ਦੇ ਆਗੂ ਅਕਸਰ ਹੀ ਮਿਲਦੇ ਰਹਿੰਦੇ ਹਨ, ਇਸ ਦਾ ਇਹ ਮਤਲਬ ਨਹੀਂ ਕਿ ਉਸ ਨੂੰ ਗੱਠਜੋੜ ਸਮਝ ਕੇ ਦੇਖਿਆ ਜਾਵੇ। ਕੋਈ ਵੀ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਮਿਲ ਸਕਦਾ ਹੈ ।

ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਅਕਾਲੀ ਦਲ (ਵਾਰਸ ਪੰਜਾਬ ਦੇ) ਦੀ ਪਾਰਟੀ ਨਾਲ ਭਾਜਪਾ ਦੀ ਸਿਆਸੀ ਸਾਂਝ ਦੀ ਗੱਲ ਨੂੰ ਉਹਨਾ ਨੇ ਨਕਾਰ ਦਿੱਤਾ । ਉਹਨਾ ਕਿਹਾ ਕਿ ਪਿਛਲੇ ਸਮੇਂ ਵਿਚ ਕੇਂਦਰ ਅਤੇ ਰਾਜਾਂ ਵਿਚ ਭਾਜਪਾ ਨੇ ਆਪਣਾ ਘੇਰਾ ਵਿਸ਼ਾਲ ਕਰ ਲਿਆ ਹੈ । ਪੰਜਾਬ ਵਿਚ ਆਪਣਾ ਪ੍ਰਭਾਵ ਬਣਾ ਲਿਆ ਹੈ। ਉਹ ਹਰ ਪੱਧਰ 'ਤੇ ਭਾਜਪਾ ਨੂੰ ਹੋਰ ਤਗੜਾ ਕਰਨ ਲਈ ਅੰਤਮ ਯੋਜਨਾ ਬਣਾ ਰਹੇ ਹਨ । ਖੇਤੀ ਕਨੂੰਨਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਨੇ ਭਾਰਤੀ ਜਨਤਾ ਪਾਰਟੀ ਤੋਂ ਕਿਨਾਰਾ ਕਰ ਲਿਆ ਸੀ ਤੇ ਉਹਨਾਂ ਵਿਚ ਕਾਫ਼ੀ ਲੰਮੇ ਸਮੇਂ ਤੋਂ ਦੂਰੀਆਂ ਹਨ ।

ਕਾਂਗਰਸ ਪਾਰਟੀ ਨੇ ਵੀ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ । ਕਾਂਗਰਸ ਪਾਰਟੀ ਨੇ ਪਾਰਟੀ ਚੋਣ ਮੈਨੀਫ਼ੈਸਟੋ ਤਿਆਰ ਕਰਨ ਲਈ ਕਾਂਗਰਸ ਆਗੂ ਅਮਰ ਸਿੰਘ, ਪ੍ਰਗਟ ਸਿੰਘ ਅਤੇ ਗੁਰਜੀਤ ਔਜਲਾ ਆਗੂਆਂ ਦੀ ਅਗਵਾਈ ਹੇਠ ਕਾਰਵਾਈ ਆਰੰਭ ਕਰ ਦਿੱਤੀ ਹੈ । ਕਾਂਗਰਸ ਪਾਰਟੀ ਦੀ ਰਾਏ ਹੈ ਕਿ ਮੈਨੀਫ਼ੈਸਟੋ ਆਮ ਜਨਤਾ, ਐਸੋਸੀਏਸ਼ਨਾਂ, ਬੁੱਧੀਜੀਵੀਆਂ ਅਤੇ ਸਿਵਲ ਸੁਸਾਇਟੀ ਦੇ ਸੁਝਾਵਾਂ ਨਾਲ ਤਿਆਰ ਕੀਤਾ ਜਾਵੇਗਾ । ਸਾਰੇ ਸੂਬੇ ਵਿਚ ਚੱਕਰ ਲਾਉਣ ਤੋਂ ਬਾਅਦ ਹਰ ਵਰਗ ਦੀ ਸਲਾਹ ਲਈ ਜਾਵੇਗੀ । ਇਸ ਵਾਰ ਪਾਰਟੀ 60-70 ਨਵੇਂ ਚੇਹਰਿਆਂ ਨੂੰ ਵੀ ਮੌਕਾ ਦੇ ਸਕਦੀ ਹੈ । ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਰਾਹੁਲ ਗਾਂਧੀ ਦੀ ਅਗਵਾਈ ਵਿਚ ਰਾਜ ਦੇ ਲੀਡਰਾਂ ਨਾਲ ਬੈਠਕਾਂ ਕਰਕੇ ਰਣਨੀਤੀ ਬਣਾਈ ਜਾ ਰਹੀ ਹੈ । ਸੂਬੇ ਨੂੰ ਅਜਿਹੀ ਸਰਕਾਰ ਦੀ ਜ਼ਰੂਰਤ ਹੈ, ਜਿਹੜੀ ਲੋਕਾਂ ਲਈ ਜਵਾਬਦੇਹ ਹੋਵੇ, ਵਿਕਾਸ ਕਾਰਜਾਂ ਨੂੰ ਪਹਿਲ ਦੇਵੇ ਅਤੇ ਲੋਕਾਂ ਦੀ ਆਵਾਜ਼ ਬਣੇ । ਕਾਂਗਰਸ ਪਾਰਟੀ ਰਾਜ ਦੇ ਲੋਕਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਾ, ਰਾਜ ਨੂੰ ਮੁੜ ਤਰੱਕੀ, ਖੁਸ਼ਹਾਲੀ ਅਤੇ ਭਰੋਸੇ ਦੇ ਰਾਹ 'ਤੇ ਲੈ ਕੇ ਜਾਣ ਲਈ ਦ੍ਰਿੜ੍ਹ ਹੋਵੇਗੀ ।

ਸ਼੍ਰੋਮਣੀ ਅਕਾਲੀ ਦਲ ਨੇ 2027 ਵਿਧਾਨ ਸਭਾ ਚੋਣਾਂ ਲਈ ਰਣਨੀਤੀ ਤੇਜ਼ ਕਰ ਦਿੱਤੀ ਹੈ । ਸ਼੍ਰੋਮਣੀ ਅਕਾਲੀ ਦਲ ਵੱਲੋਂ ਰਣਨੀਤੀ ਅਨੁਸਾਰ ਵਰਕਰਾਂ ਨੂੰ ਮਿਲਣ ਅਤੇ ਚੋਣ ਮੈਨੀਫ਼ੈਸਟੋ 'ਤੇ ਕੰਮ ਕਰ ਰਹੀ ਹੈ । ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਵੱਖ-ਵੱਖ ਇਲਾਕਿਆਂ ਵਿਚ ਵਰਕਰ ਮਿਲਣੀਆਂ ਦਾ ਸਿਲਸਿਲਾ ਰੈਲੀਆਂ ਦੌਰਾਨ ਕੀਤਾ ਜਾ ਰਿਹਾ ਹੈ । ਪਾਰਟੀ ਦਾ ਕਹਿਣਾ ਹੈ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿਚ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਵਿਕਾਸ ਅਤੇ ਲੋਕ ਭਲਾਈ ਮੁੱਦਿਆਂ ਨੂੰ ਲੈ ਕੇ ਚੋਣ ਮੈਦਾਨ ਵਿਚ ਉਤਰੇਗੀ ਅਤੇ 2027 ਵਿਚ ਪਾਰਟੀ ਪੰਜਾਬ ਵਿਚ ਆਪਣੀ ਸਰਕਾਰ ਬਣਾਏਗੀ । ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸ਼ਰਨਜੀਤ ਸਿੰਘ ਢਿੱਲੋਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹੋਰ ਮਜ਼ਬੂਤ ਹੋਇਆ ਹੈ ਅਤੇ 2027 ਵਿਚ ਸ਼੍ਰੋਮਣੀ ਅਕਾਲੀ ਦਲ ਆਪਣੀ ਸਰਕਾਰ ਬਣਾਏਗਾ । ਸ਼੍ਰੋਮਣੀ ਅਕਾਲੀ ਦਲ ਨੂੰ ਖਤਮ ਕਰਨ ਲਈ ਏਜੰਸੀਆਂ ਕੋਸ਼ਿਸ਼ਾਂ ਕਰ ਰਹੀਆਂ ਹਨ । ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੇ ਜਥੇਬੰਦਕ ਢਾਂਚੇ ਵਿਚ ਵਾਧਾ ਕਰਦਿਆਂ ਅੱਠ ਜ਼ਿਲ੍ਹਿਆਂ ਲਈ ਪਾਰਟੀ ਦੀ ਜਨਰਲ ਕੌਂਸਲ ਮੈਂਬਰਾਂ ਦਾ ਐਲਾਨ ਕੀਤਾ । ਇਸ ਤਰ੍ਹਾਂ ਜ਼ਿੰਮੇਵਾਰੀ ਦੇ ਕੇ ਪਾਰਟੀ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ । ਹਲਕਿਆਂ ਵਿਚ ਰੈਲੀਆਂ ਕਰਕੇ ਲੋਕਾਂ ਨੂੰ ਸੱਚ ਦਾ ਸ਼ੀਸ਼ਾ ਦਿਖਾਇਆ ਜਾ ਰਿਹਾ ਹੈ ।

ਆਮ ਆਦਮੀ ਪਾਰਟੀ ਦਾ ਕਹਿਣਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸਾਢੇ ਚਾਰ ਸਾਲ ਵਿਚ ਚੋਣਾਂ ਦੌਰਾਨ ਕੀਤੇ ਵਾਅਦਿਆਂ ਨੂੰ ਪੂਰਾ ਕਰ ਦਿੱਤਾ ਹੈ । ਆਪਣੀਆਂ ਸਾਰੀਆਂ ਕਹੀਆਂ ਗੱਲਾਂ ਨੂੰ ਪੁਗਾ ਦਿੱਤਾ ਹੈ, ਜਿਸ ਕਰਕੇ ਰਾਜ ਦੇ ਲੋਕ ਆਮ ਆਦਮੀ ਪਾਰਟੀ ਦੀ ਕਾਰਗੁਜ਼ਾਰੀ ਤੋਂ ਖੁਸ਼ ਅਤੇ ਸੰਤੁਸ਼ਟ ਹਨ । ਅੱਜ ਵੀ ਜਨਤਾ ਆਮ ਆਦਮੀ ਪਾਰਟੀ ਦੇ ਨਾਲ ਡਟ ਕੇ ਖੜੀ ਹੈ । ਆਮ ਆਦਮੀ ਪਾਰਟੀ ਨੇ ਆਪਣੀਆਂ ਸਿਆਸੀ ਸਰਗਰਮੀਆਂ ਅੱਗੇ ਨਾਲੋਂ ਵਧਾ ਦਿੱਤੀਆਂ ਹਨ ਤੇ ਹੁਣ ਲੋਕ ਮਿਲਣੀਆਂ ਸ਼ੁਰੂ ਕਰ ਦਿੱਤੀਆਂ ਹਨ । ਇਸ ਵਿਚ ਕੋਈ ਸ਼ੱਕ ਨਹੀਂ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਵਿਧਾਨ ਸਭਾ ਚੋਣਾਂ ਲਈ ਆਪਣੇ ਆਪ ਨੂੰ ਪੂਰੀ ਤਰ੍ਹਾਂ ਤਿਆਰ ਕਰ ਲਿਆ ਹੈ ।

ਮੁੱਖ ਮੰਤਰੀ ਦਾ ਕਹਿਣਾ ਹੈ ਕਿ ਪੰਜਾਬ ਦੇ ਲੋਕਾਂ ਨੇ 2027 ਚੋਣਾਂ ਵਿਚ ਆਮ ਆਦਮੀ ਪਾਰਟੀ ਦੀ ਮੁੜ ਸਰਕਾਰ ਬਣਾਉਣ ਦਾ ਮਨ ਬਣਾ ਲਿਆ ਹੈ ਅਤੇ ਸਰਕਾਰ ਦੇ ਲੋਕ ਪੱਖੀ ਕਾਰਜਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ । ਸਰਕਾਰ ਦੇ ਇਸ ਭਲਾਈ ਕਾਰਜਾਂ ਨੇ ਜ਼ਮੀਨੀ ਪੱਧਰ 'ਤੇ ਬਹੁਤ ਵੱਡਾ ਬਦਲਾਅ ਲਿਆਂਦਾ ਹੈ । ਸਰਕਾਰੀ ਖਜ਼ਾਨੇ ਦਾ ਇੱਕ-ਇੱਕ ਪੈਸਾ ਲੋਕਾਂ ਦੀ ਭਲਾਈ ਲਈ ਇਮਾਨਦਾਰੀ ਨਾਲ ਖਰਚ ਕੀਤਾ ਜਾ ਰਿਹਾ ਹੈ । ਪੰਜਾਬ ਦੇ 90 ਪ੍ਰਤੀਸ਼ਤ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਤੇ ਕਿਸਾਨਾਂ ਨੂੰ ਵੀ ਦਿਨ ਵੇਲੇ ਬਿਜਲੀ ਮਿਲ ਰਹੀ ਹੈ । ਵਿਰੋਧੀ ਧਿਰਾਂ ਆਖਰੀ ਸਾਹਾਂ 'ਤੇ ਹਨ ਤੇ ਬਹੁਤ ਛੇਤੀ ਖਤਮ ਹੋ ਜਾਣਗੇ । ਵਿਰੋਧੀ ਧਿਰਾਂ ਦਾ ਖਿੰਡਰਿਆ ਹੋਇਆ ਘਰ ਹੈ । ਇਹ ਅੰਦਰੂਨੀ ਲੜਾਈਆਂ ਨਾਲ ਢਹਿ-ਢੇਰੀ ਹੋ ਜਾਵੇਗਾ । ਉਹਨਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ, ਜਿਸ ਨਾਲ ਲੋਕਾਂ ਦੇ ਲੱਖਾਂ ਰੁਪਏ ਬਚ ਰਹੇ ਹਨ ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਆਪਣੇ ਉਮੀਦਵਾਰ ਵੀ ਐਲਾਨ ਦਿੱਤੇ ਹਨ । ਪਾਰਟੀ ਵੱਲੋਂ ਮਿਸ਼ਨ 2027 ਗੱਲ ਪੰਜਾਬ ਦੀ ਅਧੀਨ ਕਿਸਾਨਾਂ ਤੇ ਨੌਜਵਾਨਾਂ ਦੇ ਮੁੱਦਿਆਂ ਨੂੰ ਮੁੱਖ ਰੱਖਦੇ ਹੋਏ ਤਿਆਰੀਆਂ ਚੱਲ ਰਹੀਆਂ ਹਨ । ਪਾਰਟੀ ਦਾ ਕਾਫ਼ਲਾ ਵਧ ਰਿਹਾ ਹੈ । ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਪੰਥਕ ਸਿਧਾਂਤਾਂ, ਪੰਜਾਬ ਦੇ ਹੱਕਾਂ ਅਤੇ ਨੌਜਵਾਨਾਂ ਦੀ ਆਵਾਜ਼ ਬਣ ਰਿਹਾ ਹੈ । ਪਾਰਟੀ ਆਗੂਆਂ ਨੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਵਰਕਰਾਂ ਤੇ ਪਾਰਟੀ ਅਹੁਦੇਦਾਰਾਂ ਨੂੰ ਪੂਰੀ ਤਨਦੇਹੀ ਨਾਲ ਮੈਦਾਨ ਵਿਚ ਡਟਣ ਦੀ ਅਪੀਲ ਕੀਤੀ ਹੈ ।

ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਨੇ ਵਿਧਾਨ ਸਭਾ ਹਲਕਿਆਂ ਦੇ ਕੋਆਰਡੀਨੇਟਰਾਂ ਦੀ ਪਹਿਲੀ ਸੂਚੀ ਜਾਰੀ ਕਰ ਦਿੱਤੀ ਹੈ । ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਵਿਜ਼ਨ ਡਾਕੂਮੈਂਟ ਵਿਚ ਪੰਥ, ਸਿਹਤ, ਸਿੱਖਿਆ, ਸੁਰੱਖਿਆ, ਕਿਸਾਨੀ ਅਤੇ ਮੁਲਾਜ਼ਮਾਂ ਸਮੇਤ ਹਰ ਵਰਗ ਦਾ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ । ਪਾਰਟੀ ਵਿਚ 40 ਫੀਸਦੀ ਨੌਜਵਾਨਾਂ ਅਤੇ 35 ਫੀਸਦੀ ਔਰਤਾਂ ਨੂੰ ਵਿਸ਼ੇਸ਼ ਨੁਮਾਇੰਦਗੀ ਦਿੱਤੀ ਜਾਵੇਗੀ ਅਤੇ ਪਾਰਟੀ ਪ੍ਰਧਾਨ ਵੱਲੋਂ ਕੋਈ ਵੀ ਚੋਣ ਨਹੀਂ ਲੜੀ ਜਾਵੇਗੀ, ਉਹ ਸਿਰਫ ਪਾਰਟੀ ਲਈ ਕੰਮ ਕਰੇਗਾ । ਪੰਜਾਬ ਨੂੰ ਵੱਧ ਅਧਿਕਾਰਾਂ ਦੀ ਪੈਰਵਾਈ ਦੀ ਮੰਗ ਕੀਤੀ ਜਾਵੇਗੀ ।

ਪੰਜਾਬ ਵਿਧਾਨ ਸਭਾ ਚੋਣਾਂ ਸਿਰ 'ਤੇ ਆਉਣ ਵਾਲੀਆਂ ਹਨ ਤੇ ਹਰ ਪਾਰਟੀ ਪੂਰੀ ਤਰ੍ਹਾਂ ਵੋਟਰਾਂ ਨੂੰ ਵੋਟ ਪਾਉਣ ਲਈ ਪ੍ਰਭਾਵਤ ਕਰੇਗੀ । ਉਦੋਂ ਸਮਝਦਾਰ ਵੋਟਰ ਸੋਚਣਗੇ ਕਿ ਕਿਸ ਪਾਰਟੀ ਨੇ ਬੀਤੇ ਸਮੇਂ ਵਿਚ ਕੁੱਝ ਕੀਤਾ ? ਕਿਸ ਨੇ ਚੰਗਾ ਕੀਤਾ? ਕਿਸ ਨੇ ਗੱਲਾਂ ਹੀ ਕੀਤੀਆਂ ? ਕਿਸ ਨੇ ਪੰਥ ਲਈ ਕੀਤਾ? ਕਿਸ ਨੇ ਨਿੱਜੀ ਕੰਮ ਕੀਤੇ ? ਇਹ ਸੋਚ ਵਿਚਾਰਨ ਵਾਲੀ ਗੱਲ ਹੈ । ਇਸ ਤਰ੍ਹਾਂ ਵੋਟਰ ਨਾਪ-ਤੋਲ ਕਰੇਗਾ, ਫਿਰ ਵੋਟ ਪਾਵੇਗਾ ਤੇ ਪੰਜਾਬ ਵਿਚ ਵਧੀਆ ਸਰਕਾਰ ਬਣਾਉਣ ਵਿਚ ਯੋਗਦਾਨ ਪਾਵੇਗਾ ।

 # ਸੰਪਰਕ : 97810-40140

ਪੰਜਾਬ 'ਚ ਨਸ਼ਿਆਂ ਦਾ ਕਹਿਰ

ਬਲਬੀਰ ਸਿੰਘ ਬੱਬੀ

ਮੌਜੂਦਾ ਸਮੇਂ ਸਮੁੱਚੇ ਪੰਜਾਬ ਭਾਰਤ ਤੋਂ ਇਲਾਵਾ ਦੁਨੀਆ 'ਤੇ ਅਨੇਕਾਂ ਵੱਡੇ-ਛੋਟੇ ਦੇਸ਼ਾਂ ਵਿੱਚ ਨਸ਼ੇ ਦੀ ਸਮੱਸਿਆ ਹੈ। ਸਮੱਸਿਆ ਇਸ ਕਰਕੇ ਕਿ ਨਸ਼ਾ ਲੋਕਾਂ ਨੂੰ ਕਿਸ ਤਰ੍ਹਾਂ ਮਾਰ ਰਿਹਾ, ਹੈ ਘਰਾਂ ਦੇ ਘਰ ਉਜਾੜ ਰਿਹਾ ਹੈ, ਇਸ ਸੰਦਰਭ ਵਿੱਚ ਪੰਜਾਬ ਵਿੱਚ ਨਸ਼ਿਆਂ ਦਾ ਪ੍ਰਚਲਨ ਹੋਇਆ, ਜਿਸ ਦੀਆਂ ਮੁੱਖ ਜ਼ਿੰਮੇਵਾਰ ਹਨ ਪੰਜਾਬ ਨਾਲ ਸੰਬੰਧਤ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਕੁਝ ਲਾਲਚੀ ਤੇ ਖੁਦਗਰਜ਼ ਆਗੂ, ਜੋ ਪੰਜਾਬ ਦੇ ਵੈਰੀ ਨਿਕਲੇ। ਨਸ਼ੇ ਨੂੰ ਲੋਕਾਂ ਵਿੱਚ ਲੈ ਕੇ ਜਾਣ ਲਈ ਇਹਨਾਂ ਖੁਦਗਰਜ ਰਾਜਨੀਤਕ ਲੋਕਾਂ ਨੇ ਪੁਲਸ ਵਿਭਾਗ ਦੇ ਵਿੱਚੋਂ ਲਾਲਚੀ ਭੇਡਾਂ ਰਲਾ ਲਈਆਂ, ਜਿਨ੍ਹਾਂ ਨੇ ਖਾਕੀ ਵਰਦੀ ਦੀ ਸ਼ਰਮ ਨਾ ਕੀਤੀ, ਵੱਡੇ ਅਫਸਰਾਂ ਤੋਂ ਲੈ ਕੇ ਛੋਟੇ ਮੁਲਾਜ਼ਮਾਂ ਨੇ ਅਨੇਕਾਂ ਤਰੀਕਿਆਂ ਨਾਲ ਨਸ਼ੇ ਵਿੱਚ ਹੱਥ ਰੰਗੇ ਤੇ ਸਭ ਕੁਝ ਸਾਹਮਣੇ ਵੀ ਆਉਂਦਾ ਰਹਿੰਦਾ ਹੈ। ਮੌਜੂਦਾ ਸਮੇਂ ਵੀ ਜਦੋਂ ਕੋਈ ਪੁਲਸ ਮੁਲਾਜ਼ਮ 50 ਹਜਾਰ ਲੱਖ ਰੁਪਏ ਦੀ ਰਿਸ਼ਵਤ ਨਾਲ ਫੜਿਆ ਜਾਂਦਾ ਹੈ ਤਾਂ ਉਸ ਦਾ ਮਾਮਲਾ ਨਸ਼ਿਆਂ ਦੇ ਨਾਲ ਜੁੜਦਾ ਹੈ, ਜਦੋਂ ਵੀ ਕੋਈ ਸਰਕਾਰ ਪੰਜਾਬ ਵਿੱਚ ਚੋਣ ਪ੍ਰਚਾਰ ਕਰਦੀ ਹੈ ਤਾਂ ਮੁੱਖ ਮੁੱਦਾ ਹੁੰਦਾ ਹੈ ਸਭ ਤੋਂ ਪਹਿਲਾਂ ਪੰਜਾਬ ਵਿੱਚ ਨਸ਼ਾ ਬੰਦ ਕਰਾਂਗੇ। ਅਕਾਲੀ ਦਲ ਉੱਤੇ ਨਸ਼ੇ ਲਿਆਉਣ ਦਾ ਦੋਸ਼ ਲੱਗ ਰਿਹਾ ਹੈ। ਕਾਂਗਰਸ ਦੇ ਉੱਪਰ ਗੁਟਕਾ ਚੁੱਕ ਕੇ ਕੈਪਟਨ ਦੀ ਸਹੁੰ ਵਾਲਾ ਦੋਸ ਲੱਗ ਰਿਹਾ ਹੈ।

ਇੱਕ ਪਾਸੇ ਪੰਜਾਬ ਪੁਲਿਸ ਦੇ ਡੀ ਜੀ ਪੀ ਇਹ ਕਹਿੰਦੇ ਨਹੀਂ ਥੱਕਦੇ ਕਿ ਅਸੀਂ ਪੰਜਾਬ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ, ਨਤੀਜੇ ਨਿਕਲੇ ਠੀਕ ਹੈ, ਅਸੀਂ ਵੀ ਸਹਿਮਤ ਹਾਂ, ਠੀਕ ਹੋਇਆ, ਪਰ ਇਸ ਨਸ਼ਿਆਂ ਦੇ ਯੁੱਧ ਨਸ਼ਿਆ ਵਿਰੁੱਧ ਦੇ ਵਿੱਚ ਨਸ਼ੇ ਆਮ ਹੋ ਗਏ ਜਿਹੜੇ ਕਿਤੇ ਲੁਕ ਕੇ ਮਿਲਦੇ ਸਨ, ਉਹਦੀ ਹੋਮ ਡਿਲੀਵਰੀ ਮੋਬਾਇਲ ਰਾਹੀਂ ਹੋ ਰਹੀ ਹੈ। ਸਭ ਤੋਂ ਵੱਡੀ ਦੁਖਦ ਗੱਲ ਜਿਹੜੇ ਪੰਜਾਬ ਦੇ ਨੌਜਵਾਨ ਨਸ਼ਿਆਂ ਵਿਰੁੱਧ ਲੜ ਰਹੇ ਹਨ। ਉਹਨਾਂ ਉਪਰ ਜਾਨਲੇਵਾ ਹਮਲੇ ਹੋ ਰਹੇ ਨੇ, ਕਿਸੇ ਦੀਆਂ ਲੱਤਾਂ ਤੋੜ ਦਿੱਤੀਆਂ ਗਈਆਂ ਹਨ ਕਿਸੇ ਦੇ ਗੋਲੀਆਂ ਮਾਰ ਦਿੱਤੀਆਂ ਗਈਆਂ ਹਨ ।ਨਸ਼ੇ ਦੇ ਅੱਤਵਾਦ ਨੇ ਪੰਜਾਬ ਦੇ ਕਾਲੇ ਦੌਰ ਤੋਂ ਵੀ ਭਿਆਨਕ ਦ੍ਰਿਸ਼ ਪੇਸ਼ ਕਰ ਦਿੱਤੇ। ਉਸ ਵੇਲੇ ਤਾਂ ਮਰੇ ਹੋਏ ਵਿਅਕਤੀਆਂ ਦਾ ਮੂੰਹ ਪਰਵਾਰ ਨੂੰ ਦਿਖਾ ਦਿੱਤਾ ਜਾਂਦਾ ਸੀ, ਪਰ ਇੱਥੇ ਤਾਂ ਨਸ਼ੇ ਨਾਲ ਮਰੇ ਵਿਅਕਤੀ ਦੀ ਲਾਸ਼ ਨੂੰ ਖੋਹਿਆ ਜਾ ਰਿਹਾ, ਅਗਵਾ ਕੀਤਾ ਜਾ ਰਿਹਾ ਕਿਵੇਂ-ਕਿਵੇਂ ਨਸ਼ਾ ਵਿਕ ਰਿਹਾ, ਕੌਣ ਇਸ ਦੇ ਮਗਰ ਹੈ ਹਾਲੇ ਤੱਕ ਇੱਥੇ ਤੱਕ ਹੀ ਨਹੀਂ ਪਹੁੰਚਿਆ ਗਿਆ ਕਿ ਨਸ਼ਾ ਆ ਕਿਧਰੋਂ ਰਿਹਾ ਹੈ। ਇੱਕ-ਇੱਕ ਬੰਦੇ 'ਤੇ ਪੰਜ-ਪੰਜ ਪਰਚੇ ਹਨ, ਪਰ ਉਸ ਰਾਹੀਂ ਪੁਲਸ ਕਿਸੇ ਵੱਡੇ ਮਗਰਮੱਛ ਤੱਕ ਨਹੀਂ ਜਾ ਰਹੀ, ਇਹ ਕਾਹਦਾ ਯੁੱਧ ਨਸ਼ਿਆਂ ਵਿਰੁੱਧ।

 # ਸੰਪਰਕ : 70091-07300

ਨਵੀਂ ਕੇ ਸੀ ਸੀ ਨੀਤੀ ਖਿਲਾਫ ਸੰਯੁਕਤ ਕਿਸਾਨ ਮੋਰਚੇ ਵੱਲੋਂ ਵੱਖ-ਵੱਖ ਥਾਈਂ ਧਰਨੇ ਪ੍ਰਦਰਸ਼ਨ

• ਕਿਸਾਨਾਂ ਦੇ ਹੱਕਾਂ 'ਤੇ ਡਾਕਾ ਮਾਰਨ ਵਾਲੀਆਂ ਸ਼ਰਤਾਂ ਵਾਪਸ ਲਵੇ ਸਰਕਾਰ • ਕੇਂਦਰ ਸਰਕਾਰ ਕਿਸਾਨਾਂ ਨੂੰ ਰਾਹਤ ਦੇਣ ਦੀ ਬਜਾਏ ਕਰਜ਼ੇ ਦੇ ਜਾਲ 'ਚ ਫਸਾਉਣ ਵਾਲੀਆਂ ਨੀਤੀਆਂ ਬਣਾ ਰਹੀ





ਮੋਗਾ (ਇਕਬਾਲ ਸਿੰਘ ਖਹਿਰਾ)
ਸੰਯੁਕਤ ਕਿਸਾਨ ਮੋਰਚਾ ਵੱਲੋਂ ਸੋਮਵਾਰ ਨਵੀਂ ਪੰਜਾਬ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਨੀਤੀ 2026 ਤਹਿਤ ਸਹਿਕਾਰੀ ਸਭਾਵਾਂ ਤੇ ਕਿਸਾਨਾਂ ਉੱਪਰ ਲਾਗੂ ਕੀਤੀਆਂ ਜਾ ਰਹੀਆਂ ਕਿਸਾਨ ਵਿਰੋਧੀ ਸ਼ਰਤਾਂ ਦੇ ਵਿਰੋਧ ਵਿੱਚ ਵੱਖ-ਵੱਖ ਥਾਵਾਂ 'ਤੇ ਰੋਸ ਧਰਨੇ ਦਿੱਤੇ ਗਏ।ਇਨ੍ਹਾਂ ਧਰਨਿਆਂ ਨੂੰ ਸੰਬੋਧਨ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪਰਗਟ ਸਿੰਘ ਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਦੇ ਆਗੂ ਕਸ਼ਮੀਰ ਸਿੰਘ ਭੇਖਾ ਨੇ ਕੇਂਦਰ ਤੇ ਸੂਬਾ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦੀ ਸਖ਼ਤ ਨਿਖੇਧੀ ਕੀਤੀ।ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਕਿਸਾਨਾਂ ਦੀ ਆਰਥਿਕ ਹਾਲਤ ਸੁਧਾਰਨ ਤੇ ਉਨ੍ਹਾਂ ਨੂੰ ਕਰਜ਼ੇ ਦੇ ਬੋਝ ਤੋਂ ਮੁਕਤ ਕਰਨ ਦੀ ਬਜਾਏ ਨਵੀਆਂ ਨੀਤੀਆਂ ਰਾਹੀਂ ਉਨ੍ਹਾਂ ਨੂੰ ਹੋਰ ਕਰਜ਼ੇ ਦੇ ਜਾਲ ਵਿੱਚ ਫਸਾਉਣ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ।ਪਹਿਲਾਂ ਹੀ ਖੇਤੀ ਲਾਗਤਾਂ ਵਿੱਚ ਬੇਤਹਾਸ਼ਾ ਵਾਧਾ ਹੋ ਰਿਹਾ ਹੈ, ਕਿਸਾਨਾਂ ਨੂੰ ਫ਼ਸਲਾਂ ਦੇ ਲਾਹੇਵੰਦ ਭਾਅ ਨਹੀਂ ਮਿਲ ਰਹੇ ਤੇ ਕਰਜ਼ੇ ਦੀ ਮਾਰ ਕਾਰਨ ਕਿਸਾਨੀ ਲਗਾਤਾਰ ਆਰਥਿਕ ਸੰਕਟ ਵਿੱਚੋਂ ਗੁਜ਼ਰ ਰਹੀ ਹੈ।ਅਜਿਹੇ ਹਾਲਾਤ ਵਿੱਚ ਨਵੀਂ ਕੇ.ਸੀ.ਸੀ. ਨੀਤੀ ਤਹਿਤ ਲਿਆਂਦੀਆਂ ਜਾ ਰਹੀਆਂ ਸ਼ਰਤਾਂ ਕਿਸਾਨਾਂ ਲਈ ਹੋਰ ਮੁਸ਼ਕਲਾਂ ਪੈਦਾ ਕਰਨਗੀਆਂ।

ਉਨ੍ਹਾਂ ਕਿਹਾ ਕਿ ਨਵੇਂ ਨਿਯਮਾਂ ਤਹਿਤ ਜਿਨ੍ਹਾਂ ਕਿਸਾਨਾਂ ਦਾ ਸਹਿਕਾਰੀ ਸਭਾਵਾਂ ਵਿੱਚ ਕਰਜ਼ਾ ਦੋ ਲੱਖ ਰੁਪਏ ਤੋਂ ਵੱਧ ਹੋਵੇਗਾ, ਉਨ੍ਹਾਂ ਨੂੰ ਆਪਣੀ ਜ਼ਮੀਨ ਬੈਂਕ ਕੋਲ ਗਹਿਣੇ ਰੱਖਣ ਦੀ ਸ਼ਰਤ ਦਾ ਸਾਹਮਣਾ ਕਰਨਾ ਪਵੇਗਾ।ਇਸ ਤੋਂ ਇਲਾਵਾ ਸਹਿਕਾਰੀ ਸਭਾਵਾਂ ਤੋਂ ਬਾਹਰਲੇ ਬੈਂਕਾਂ ਤੋਂ ਫ਼ਸਲੀ ਕਰਜ਼ਾ ਲੈਣ ਵਾਲੇ ਕਿਸਾਨਾਂ ਲਈ ਵਿਆਜ ਦਰ 4 ਫ਼ੀਸਦੀ ਤੋਂ ਵਧਾ ਕੇ 11 ਫ਼ੀਸਦੀ ਕਰਨ ਤੇ ਹਮਾਇਤੀ ਵਿਆਜ ਦਰਾਂ ਵਿੱਚ ਵੀ ਵਾਧਾ ਕਰਨ ਦੀ ਵਿਵਸਥਾ ਕੀਤੀ ਜਾ ਰਹੀ ਹੈ।ਇਸ ਦੇ ਨਾਲ ਹੀ 30 ਸਤੰਬਰ ਤੇ 31 ਮਾਰਚ ਤੋਂ ਬਾਅਦ ਵਿਆਜ ਨੂੰ ਮੂਲ ਧਨ ਵਿੱਚ ਜੋੜਨ ਦੀ ਸ਼ਰਤ ਕਿਸਾਨਾਂ ਉੱਪਰ ਚੱਕਰਵਰਤੀ ਵਿਆਜ ਦਾ ਵਾਧੂ ਬੋਝ ਪਾਵੇਗੀ।ਕਿਸਾਨ ਆਗੂਆਂ ਨੇ ਕਿਹਾ ਕਿ ਸਹਿਕਾਰੀ ਸਭਾਵਾਂ ਦਾ ਮੁੱਖ ਮੰਤਵ ਕਿਸਾਨਾਂ ਨੂੰ ਘੱਟ ਵਿਆਜ ਦਰਾਂ 'ਤੇ ਕਰਜ਼ਾ ਮੁਹੱਈਆ ਕਰਵਾਉਣਾ ਤੇ ਉਨ੍ਹਾਂ ਦੀ ਆਰਥਿਕ ਮਦਦ ਕਰਨਾ ਹੈ, ਪਰ ਨਵੀਂ ਨੀਤੀ ਰਾਹੀਂ ਸਹਿਕਾਰੀ ਪ੍ਰਬੰਧ ਨੂੰ ਵੀ ਕਿਸਾਨਾਂ ਲਈ ਮੁਸ਼ਕਲ ਬਣਾਇਆ ਜਾ ਰਿਹਾ ਹੈ।ਕਿਸਾਨਾਂ ਦੀਆਂ ਜ਼ਮੀਨਾਂ ਗਹਿਣੇ ਰੱਖਣ ਦੀਆਂ ਸ਼ਰਤਾਂ ਤੇ ਵਿਆਜ ਦਰਾਂ ਵਿੱਚ ਵਾਧਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਨਵੀਂ ਕੇ.ਸੀ.ਸੀ. ਨੀਤੀ ਤਹਿਤ ਲਿਆਂਦੀਆਂ ਕਿਸਾਨ ਵਿਰੋਧੀ ਸ਼ਰਤਾਂ ਤੁਰੰਤ ਵਾਪਸ ਲਈਆਂ ਜਾਣ, ਕਿਸਾਨਾਂ ਨੂੰ ਪਹਿਲਾਂ ਵਾਂਗ ਘੱਟ ਵਿਆਜ ਦਰਾਂ 'ਤੇ ਫ਼ਸਲੀ ਕਰਜ਼ਾ ਦਿੱਤਾ ਜਾਵੇ ਅਤੇ ਚੱਕਰਵਰਤੀ ਵਿਆਜ ਦੀ ਵਿਵਸਥਾ ਖ਼ਤਮ ਕੀਤੀ ਜਾਵੇ।ਸਰਕਾਰ ਨੂੰ ਚਾਹੀਦਾ ਹੈ ਕਿ ਕਿਸਾਨਾਂ ਉੱਪਰ ਨਵੀਆਂ ਆਰਥਿਕ ਪਾਬੰਦੀਆਂ ਲਾਉਣ ਦੀ ਬਜਾਏ ਕਿਸਾਨ ਪੱਖੀ ਨੀਤੀਆਂ ਬਣਾਵੇ ਤੇ ਕਿਸਾਨਾਂ ਨੂੰ ਕਰਜ਼ੇ ਤੋਂ ਰਾਹਤ ਦੇਣ ਲਈ ਠੋਸ ਕਦਮ ਚੁੱਕੇ।ਅੰਤ ਵਿੱਚ ਕਿਸਾਨ ਆਗੂਆਂ ਨੇ ਸੰਯੁਕਤ ਕਿਸਾਨ ਮੋਰਚੇ ਨਾਲ ਜੁੜੀਆਂ ਸਮੂਹ ਕਿਸਾਨ ਜਥੇਬੰਦੀਆਂ ਨੂੰ ਇਕਜੁੱਟ ਹੋ ਕੇ ਇਸ ਕਿਸਾਨ ਵਿਰੋਧੀ ਨੀਤੀ ਦਾ ਵਿਰੋਧ ਜਾਰੀ ਰੱਖਣ ਦਾ ਸੱਦਾ ਦਿੱਤਾ ਤੇ ਕਿਹਾ ਕਿ ਜੇਕਰ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸਾਨਾਂ ਦੇ ਹੱਕਾਂ ਤੇ ਜ਼ਮੀਨਾਂ ਦੀ ਰਾਖੀ ਲਈ ਕਿਸਾਨ ਜਥੇਬੰਦੀਆਂ ਹਰ ਪੱਧਰ 'ਤੇ ਸੰਘਰਸ਼ ਕਰਨਗੀਆਂ।ਇਸ ਮੌਕੇ ਬੀਕੇਯੂ ਲੱਖੋਵਾਲ, ਇਕਬਾਲ ਸਿੰਘ ਲੋਟੀ, ਲਖਵਿੰਦਰ ਸਿੰਘ ਰੌਲੀ, ਬਲਕਰਨ ਸਿੰਘ ਢਿੱਲੋਂ, ਜਸਵੰਤ ਸਿੰਘ ਪੰਡੋਰੀ, ਹਰਪ੍ਰੀਤ ਸਿੰਘ, ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ, ਨਿਰਮਲ ਸਿੰਘ ਮਨਾਵਾ, ਹਰਵਿੰਦਰ ਸਿੰਘ ਮਾਨੂਕੇ, ਭੋਲਾ, ਬਿੰਦਰ ਸਿੰਘ ਮਾਨੂਕੇ, ਮੋਨ ਸਿੰਘ ਨੇਦਾਂਵਾਲਾ, ਮੇਜਰ ਸਿੰਘ ਟਰੌਲੀ, ਰਕੇਸ਼ ਸਿੰਘ ਭੇਖਾ, ਗੁਰਮੇਲ ਸਿੰਘ ਡਗਰੂ, ਕਰਮਜੀਤ ਸਿੰਘ, ਪ੍ਰੇਮ ਲਾਲਪੁਰੀ ਆਦਿ ਕਿਸਾਨ ਆਗੂ ਹਾਜ਼ਰ ਸਨ ।

ਮਾਨਸਾ (ਆਤਮਾ ਸਿੰਘ ਪਮਾਰ) : ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ ਤਹਿਤ ਸਹਿਕਾਰੀ ਸਭਾਵਾਂ ਦੇ ਡਿਪਟੀ ਰਜਿਸਟਰਾਰ ਦਫ਼ਤਰ ਮਾਨਸਾ ਅੱਗੇ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਮੁੱਖ ਮੰਤਰੀ ਤੇ ਸਹਿਕਾਰਤਾ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਂ ਡਿਪਟੀ ਰਜਿਸਟਰਾਰ ਰਾਹੀਂ ਇੱਕ ਮੰਗ ਪੱਤਰ ਵੀ ਸੌਂਪਿਆ ਗਿਆ, ਜਿਸ 'ਚ ਮੰਗ ਕੀਤੀ ਗਈ ਕਿ ਪੰਜਾਬ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਨੀਤੀ 2026 ਨੂੰ ਤੁਰੰਤ ਵਾਪਸ ਲਿਆ ਜਾਵੇ।ਇਕੱਠ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਸਹਿਕਾਰਤਾ ਖੇਤਰ ਪੰਜਾਬ ਦੇ ਸਮੁੱਚੇ ਕਿਸਾਨਾਂ, ਖਾਸ ਕਰਕੇ ਛੋਟੇ ਤੇ ਦਰਮਿਆਨੇ ਵਰਗ ਦੀ ਰੀੜ੍ਹ ਦੀ ਹੱਡੀ ਹੈ।ਨਵੀਂ ਕੇ.ਸੀ.ਸੀ. ਨੀਤੀ 2026 ਰਾਹੀਂ ਕੇਂਦਰੀਕਰਨ ਕਰਕੇ ਸਹਿਕਾਰੀ ਸਭਾਵਾਂ ਦੇ ਬੁਨਿਆਦੀ ਸਿਧਾਂਤਾਂ ਦੀ ਉਲੰਘਣਾ ਕੀਤੀ ਜਾ ਰਹੀ ਹੈ, ਜਿਸ ਨਾਲ ਕਿਸਾਨਾਂ, ਸਹਿਕਾਰੀ ਸਭਾਵਾਂ ਤੇ ਇਨ੍ਹਾਂ ਦੇ ਮੁਲਾਜ਼ਮਾਂ ਨੂੰ ਵੀ ਭਾਰੀ ਨੁਕਸਾਨ ਪਹੁੰਚੇਗਾ। ?ਕਿਸਾਨ ਮੋਰਚੇ ਨੇ ਚਿਤਾਵਨੀ ਦਿੱਤੀ ਕਿ ਜੇਕਰ ਇਹ ਲੋਕ-ਵਿਰੋਧੀ ਨੀਤੀ ਬਿਨਾਂ ਦੇਰੀ ਵਾਪਸ ਨਾ ਲਈ ਗਈ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਆਗੂ ਕੁਲਵੰਤ ਸਿੰਘ ਕਿਸ਼ਨਗੜ੍ਹ, ਬਲਜੀਤ ਸਿੰਘ ਭੈਣੀ ਬਾਘਾ, ਸੂਬਾ ਕਮੇਟੀ ਮੈਂਬਰ ਲਛਮਣ ਸਿੰਘ ਚੱਕ ਅਲੀਸ਼ੇਰ, ਮਹਿੰਦਰ ਸਿੰਘ ਭੈਣੀ ਬਾਘਾ, ਕੁੱਲ ਹਿੰਦ ਕਿਸਾਨ ਸਭਾ ਦੇ ਰੂਪ ਸਿੰਘ ਢਿੱਲੋਂ, ਕੁੱਲ ਹਿੰਦ ਕਿਸਾਨ ਮਹਾ ਸਭਾ ਦੇ ਗੋਰਾ ਸਿੰਘ ਭੈਣੀ ਬਾਘਾ, ਬੀਕੇਯੂ ਲੱਖੋਵਾਲ ਦੇ ਪ੍ਰਸ਼ੋਤਮ ਸਿੰਘ ਉੱਡਤ, ਨਿਰਮਲ ਸਿੰਘ ਝੰਡੂਕੇ, ਬੀਕੇਯੂ ਸਿੱਧੂਪੁਰ ਦੇ ਬੋਘ ਸਿੰਘ ਮਾਨਸਾ, ਉੱਗਰ ਸਿੰਘ, ਬੀਕੇਯੂ ਮਾਲਵਾ ਦੇ ਸੁੱਚਾ ਸਿੰਘ ਮਲਕੋ, ਬੀਕੇਯੂ ਰਾਜੇਵਾਲ ਦੇ ਦਿਲਬਾਗ ਸਿੰਘ, ਗੱਗੀ ਕਲੀਪੁਰ, ਇਟਕੂ ਦੇ ਰਾਜਵਿੰਦਰ ਸਿੰਘ ਰਾਣਾ, ਕੋਆਪ੍ਰੇਟਿਵ ਸੁਸਾਇਟੀ ਮਾਨਸਾ ਦੇ ਪ੍ਰਧਾਨ ਰਮਨਦੀਪ ਸਿੰਘ ਤੇ ਹੰਸ ਰਾਜ, ਮੈਡੀਕਲ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਧੰਨਾ ਮੱਲ ਗੋਇਲ ਸਮੇਤ ਵੱਡੀ ਗਿਣਤੀ 'ਚ ਕਿਸਾਨ ਤੇ ਆਗੂ ਹਾਜ਼ਰ ਸਨ।

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸੰਯੁਕਤ ਕਿਸਾਨ ਮੋਰਚਾ ਪੰਜਾਬ ਵੱਲੋਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਸਹਿਕਾਰਤਾ ਮੰਤਰੀ ਨੂੰ ਪੱਤਰ ਲਿਖ ਕੇ ਪੰਜਾਬ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਨੀਤੀ 2026 ਵਿੱਚ ਕਿਸਾਨ ਵਿਰੋਧੀ ਮੱਦਾਂ 'ਤੇ ਮੁੜ ਵਿਚਾਰ ਕਰਨ ਤੇ ਇਨ੍ਹਾਂ ਨੂੰ ਰੱਦ ਕਰਨ ਦੀ ਮੰਗ ਕੀਤੀ ਗਈ ਹੈ। ਕਿਸਾਨ ਜਥੇਬੰਦੀ ਨੇ ਕਿਹਾ ਕਿ ਸਹਿਕਾਰੀ ਕਿਸਾਨ ਸਭਾਵਾਂ ਕਿਸਾਨਾਂ ਦੀ ਰੀੜ੍ਹ ਦੀ ਹੱਡੀ ਹਨ। ਇਨ੍ਹਾਂ ਰਾਹੀਂ ਕਿਸਾਨਾਂ ਨੂੰ ਖੇਤੀਬਾੜੀ ਲਈ ਕਰਜ਼ਾ ਤੇ ਹੋਰ ਸਹੂਲਤਾਂ ਮਿਲਦੀਆਂ ਹਨ, ਪਰ ਨਵੀਂ ਕੇ.ਸੀ.ਸੀ. ਨੀਤੀ ਕਾਰਨ ਕਿਸਾਨਾਂ ਤੇ ਸਹਿਕਾਰੀ ਸਭਾਵਾਂ ਨੂੰ ਗੰਭੀਰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਮੋਰਚੇ ਨੇ ਨੀਤੀ ਦੀਆਂ ਮੁੱਖ ਮੱਦਾਂ 'ਤੇ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਪਹਿਲਾਂ ਕਿਸਾਨਾਂ ਨੂੰ ਬਿਨਾਂ ਜ਼ਮੀਨ ਗਹਿਣੇ ਰੱਖੇ ਦੋ ਲੱਖ ਰੁਪਏ ਤੱਕ ਦਾ ਕਰਜ਼ਾ ਮਿਲਦਾ ਸੀ, ਪਰ ਨਵੀਂ ਨੀਤੀ ਅਨੁਸਾਰ ਇਹ ਹੱਦ ਦੋ ਲੱਖ ਰੁਪਏ ਤੋਂ ਵੱਧ ਨਹੀਂ ਹੋਵੇਗੀ ਤੇ ਇਸ ਤੋਂ ਵੱਧ ਕਰਜ਼ੇ ਲਈ ਜ਼ਮੀਨ ਗਹਿਣੇ ਰੱਖਣੀ ਪਵੇਗੀ। ਇਸ ਤੋਂ ਇਲਾਵਾ ਜੇਕਰ ਕਿਸਾਨ ਸਹਿਕਾਰੀ ਸਭਾ ਦੀ ਬਜਾਏ ਕਿਸੇ ਹੋਰ ਬੈਂਕ ਤੋਂ ਕਰਜ਼ਾ ਲੈਂਦਾ ਹੈ ਤਾਂ ਉਸ ਦੇ ਕਰਜ਼ੇ ਦੀ ਵਿਆਜ ਦਰ ਚਾਰ ਫ਼ੀਸਦੀ ਤੋਂ ਵਧਾ ਕੇ ਗਿਆਰਾਂ ਫ਼ੀਸਦੀ ਕੀਤੇ ਜਾਣ ਦੀ ਵਿਵਸਥਾ ਦਾ ਵੀ ਵਿਰੋਧ ਕੀਤਾ ਗਿਆ। ਮੋਰਚੇ ਨੇ ਕਿਹਾ ਕਿ ਕਿਸਾਨਾਂ ਦੀ ਹਿੱਸੇਦਾਰੀ ਵਾਲੇ ਕਰਜ਼ੇ ਦੀ ਰਕਮ 'ਤੇ ਵਿਆਜ ਦਰਾਂ ਵਧਾਉਣਾ ਕਿਸਾਨਾਂ ਉੱਤੇ ਹੋਰ ਆਰਥਿਕ ਬੋਝ ਪਾਵੇਗਾ। ਪੱਤਰ ਵਿਚ ਕਰਜ਼ੇ ਦੀ ਹੱਦ ਵਧਾਉਣ, ਵਿਆਜ ਦਰਾਂ ਵਿਚ ਕੀਤੇ ਵਾਧੇ ਅਤੇ 30 ਸਤੰਬਰ ਤੇ 31 ਮਾਰਚ ਤੋਂ ਬਾਅਦ ਵਿਆਜ ਦੀ ਗਣਨਾ ਕਰਨ ਦੇ ਤਰੀਕੇ ਉੱਤੇ ਵੀ ਇਤਰਾਜ਼ ਜਤਾਇਆ ਗਿਆ ਹੈ। ਮੋਰਚੇ ਨੇ ਕਿਹਾ ਕਿ ਇਨ੍ਹਾਂ ਨਿਯਮਾਂ ਨਾਲ ਕਿਸਾਨਾਂ ਸਿਰ ਕਰਜ਼ੇ ਦਾ ਬੋਝ ਹੋਰ ਵਧੇਗਾ। ਸੰਯੁਕਤ ਕਿਸਾਨ ਮੋਰਚਾ ਪੰਜਾਬ ਨੇ ਸਰਕਾਰ ਤੋਂ ਮੰਗ ਕੀਤੀ ਕਿ ਨਵੀਂ ਕੇ.ਸੀ.ਸੀ. ਨੀਤੀ 2026 ਦੀਆਂ ਕਿਸਾਨ ਵਿਰੋਧੀ ਮੱਦਾਂ ਨੂੰ ਤੁਰੰਤ ਰੱਦ ਕੀਤਾ ਜਾਵੇ ਤੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਯਕੀਨੀ ਬਣਾਈ ਜਾਵੇ। ਇਸ ਮੌਕੇ ਦਿਲਬਾਗ ਸਿੰਘ ਸੁਰਸਿੰਘ ਵਾਲਾ, ਜਾਗੀਰ ਸਿੰਘ ਖਹਿਰਾ, ਗੁਰਮੀਤ ਸਿੰਘ ਘੋੜੇਚੱਕ, ਗੁਰਦਿੱਤ ਸਿੰਘ ਸਿੱਧੂ, ਪ੍ਰਗਟ ਸਿੰਘ ਤਲਵੰਡੀ ਨਪਾਲਾ, ਮਹਿੰਦਰ ਸਿੰਘ ਗਿੱਲ ਪ੍ਰਕਾਸ਼ ਸਿੰਘ ਵਸਤੀ ਆਦਿ ਸਮੇਤ ਵੱਡੀ ਗਿਣਤੀ ਕਿਸਾਨ ਆਗੂ ਹਾਜ਼ਰ ਸਨ।

ਕਿਸਾਨ ਜਥੇਬੰਦੀਆਂ ਵੱਲੋਂ ਸਹਿਕਾਰਤਾ ਵਿਭਾਗ ਦੇ ਦਫ਼ਤਰ ਅੱਗੇ ਰੋਸ ਧਰਨਾ



ਲੁਧਿਆਣਾ (ਸਤੀਸ਼ ਸਚਦੇਵਾ)
ਕਿਸਾਨ ਵਿਰੋਧੀ ਸਹਿਕਾਰਤਾ ਸ਼ਰਤਾਂ ਖਿਲਾਫ ਵਿਸ਼ਾਲ ਰੋਸ ਪ੍ਰਦਰਸ਼ਨ ਪੰਜਾਬ ਕਿਸਾਨ ਕ੍ਰੈਡਿਟ ਕਾਰਡ ਨੀਤੀ 2026 ਵਾਪਸ ਲੈਣ ਦੀ ਮੰਗ ਨੂੰ ਲੈ ਕੇ ਸਹਿਕਾਰੀ ਸਭਾਵਾਂ ਤੇ ਸੰਯੁਕਤ ਕਿਸਾਨ ਮੋਰਚੇ ਨਾਲ ਸਬੰਧਤ ਕਿਸਾਨ ਜਥੇਬੰਦੀਆਂ ਵੱਲੋਂ ਸਹਿਕਾਰਤਾ ਵਿਭਾਗ ਦੇ ਜ਼ਿਲ੍ਹਾ ਰਜਿਸਟਰਾਰ ਲੁਧਿਆਣਾ ਦੇ ਦਫ਼ਤਰ ਸਾਹਮਣੇ ਰੋਸ ਧਰਨਾ ਦਿੱਤਾ ਗਿਆ।ਇਸ ਧਰਨੇ ਰਾਹੀਂ ਮੁੱਖ ਮੰਤਰੀ ਪੰਜਾਬ ਸਰਕਾਰ ਨੂੰ ਭੇਜੇ ਗਏ ਮੰਗ ਪੱਤਰ ਰਾਹੀਂ ਮੰਗ ਕੀਤੀ ਗਈ ਕਿ ਜਿਨ੍ਹਾਂ ਕਿਸਾਨਾਂ ਨੇ ਦੋ ਲੱਖ ਤੋਂ ਵੱਧ ਦਾ ਕਰਜ਼ਾ ਲੈਣਾ ਹੈ, ਉਨ੍ਹਾਂ ਨੂੰ ਆਪਣੀ ਜ਼ਮੀਨ ਸਹਿਕਾਰੀ ਬੈਂਕ ਕੋਲ ਗਹਿਣੇ ਕਰਨ ਦੀ ਲਾਈ ਸ਼ਰਤ ਤੁਰੰਤ ਰੱਦ ਕੀਤੀ ਜਾਵੇ, ਕਿਉਂਕਿ ਪੰਜਾਬ ਰਾਜ ਸਹਿਕਾਰੀ ਸੁਸਾਇਟੀ ਐਕਟ 1962 ਰਾਹੀਂ ਕਿਸਾਨ ਕਰਜ਼ੇ ਦੀ ਸੁਰੱਖਿਆ ਦਾ ਪਹਿਲਾਂ ਹੀ ਪ੍ਰਬੰਧ ਕੀਤਾ ਹੋਇਆ ਹੈ। ਧਰਨਾਕਾਰੀਆਂ ਨੇ ਮੰਗ ਕੀਤੀ ਕਿ ਕਿਸੇ ਹੋਰ ਬੈਂਕ ਤੋਂ ਚਾਰ ਪ੍ਰਤੀਸ਼ਤ 'ਤੇ ਕਰਜ਼ਾ ਲੈਣ ਤੇ ਸਹਿਕਾਰੀ ਬੈਂਕ ਵੱਲੋਂ ਵਿਆਜ ਦਰ ਗਿਆਰਾਂ ਪ੍ਰਤੀਸ਼ਤ ਕਰਨ ਦੀ ਸ਼ਰਤ ਤੁਰੰਤ ਰੱਦ ਕੀਤੀ ਜਾਵੇ।ਉਨ੍ਹਾਂ ਮੰਗ ਕੀਤੀ ਕਿ ਸਹਿਕਾਰੀ ਸੁਸਾਇਟੀਆਂ ਵਿੱਚ ਕਿਸਾਨਾਂ ਦੀ ਹਿੱਸਾ ਦਰ ਵਧਾਉਣ ਦੀ ਸ਼ਰਤ ਵੀ ਰੱਦ ਕੀਤੀ ਜਾਵੇ।ਕਿਸਾਨਾਂ ਉੱਪਰ ਸਤੰਬਰ ਤੇ ਮਾਰਚ ਮਹੀਨਿਆਂ ਵਿੱਚ ਵਿਆਜ ਨੂੰ ਮੂਲ ਵਿੱਚ ਜਮ੍ਹਾਂ ਕਰਨ ਦੀ ਨੀਤੀ ਵਾਪਸ ਲਈ ਜਾਵੇ, ਕਿਉਂਕਿ ਪਹਿਲਾਂ ਕਿਸਾਨ ਨੂੰ ਸਾਧਾਰਣ ਵਿਆਜ ਦੇਣਾ ਪੈਂਦਾ ਸੀ ਸੋ ਕਿ ਨਵੀਂ ਸ਼ਰਤ ਰਾਹੀਂ ਵਿਆਜ ਦਰ ਵਿਆਜ ਲਗਾ ਕੇ ਕਿਸਾਨ ਨੂੰ ਆਰਥਿਕ ਤੌਰ ਤੇ ਹੋਰ ਨੰਗ ਕੀਤਾ ਜਾਵੇਗਾ।ਕਿਸਾਨ ਆਗੂਆਂ ਨੇ ਜ਼ਿਲ੍ਹਾ ਰਜਿਸਟਰਾਰ ਸ੍ਰ: ਤੇਜੇਸ਼ਵਰ ਸਿੰਘ ਰਾਹੀਂ ਇਹ ਮੰਗ ਪੱਤਰ ਸਰਕਾਰ ਨੂੰ ਭੇਜਦਿਆਂ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸਲ 'ਚ ਇਨਾਂ ਕਦਮਾਂ ਰਾਹੀਂ ਕੇਂਦਰ ਤੇ ਪੰਜਾਬ ਦੀਆਂ ਸਰਕਾਰਾਂ ਸਹਿਕਾਰੀ ਸੁਸਾਇਟੀਆਂ ਦਾ ਭੋਗ ਪਾਉਣ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ 'ਚ 80 ਪ੍ਰਤੀਸ਼ਤ ਗਰੀਬ ਕਿਸਾਨ ਸਹਿਕਾਰੀ ਸੁਸਾਇਟੀਆਂ ਦੇ ਹੱਦ ਕਰਜ਼ੇ ਦੀ ਮਦਦ ਰਾਹੀਂ ਆਪਣੀ ਫਸਲ ਬੀਜਦਾ ਤੇ ਪਾਲਦਾ ਹੈ।ਇਨ੍ਹਾਂ ਸ਼ਰਤਾਂ ਦੇ ਲਾਗੂ ਹੋਣ 'ਤੇ ਛੋਟੀ ਕਿਸਾਨੀ ਬੁਰੀ ਤਰ੍ਹਾਂ ਬਰਬਾਦ ਹੋ ਜਾਵੇਗੀ।ਇਸ ਸਮੇਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਦੇਹੜਕਾ, ਬਲਾਕ ਪ੍ਰਧਾਨ ਤਰਸੇਮ ਸਿੰਘ ਬੱਸੂਵਾਲ, ਰਜਿੰਦਰ ਸਿੰਘ ਲੁਧਿਆਣਾ, ਭਾਰਤੀ ਕਿਸਾਨ ਯੂਨੀਅਨ ਏਕਤਾ ਲੱਖੋਵਾਲ ਦੇ ਆਗੂ ਕੈਪਟਨ ਸੁਖਚੈਨ ਸਿੰਘ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਆਗੂ ਰਣਬੀਰ ਸਿੰਘ, ਬੀ ਕੇ ਯੂ ਡਕੌਂਦਾ ਬੁਰਜਗਿੱਲ ਦੇ ਆਗੂ ਰਾਜਬੀਰ ਸਿੰਘ ਘੁਡਾਣੀ, ਸਹਿਕਾਰੀ ਵਿਭਾਗ ਸੱਕਤਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਵਰਿਆਮ ਸਿੰਘ ਭਰੋਵਾਲ ਆਦਿ ਨੇ ਸੰਬੋਧਨ ਕੀਤਾ।ਇਸ ਸਮੇਂ ਹਾਕਮ ਸਿੰਘ ਭੱਟੀਆਂ, ਕਰਮਜੀਤ ਸਿੰਘ ਕਾਉਂਕੇ, ਰਣਬੀਰ ਸਿੰਘ ਰੁੜਕਾ ਸਾਬਕਾ ਸਰਪੰਚ, ਮਹਿੰਦਰ ਸਿੰਘ ਕਮਾਲਪੁਰਾ, ਮਨਜਿੰਦਰ ਸਿੰਘ ਮੋਰਕਰੀਮਾਂ, ਬੇਅੰਤ ਸਿੰਘ ਬਾਣੀਏਵਾਲ ਆਦਿ ਹਾਜ਼ਰ ਸਨ।

ਸਰਕਾਰੀ ਆਈ ਟੀ ਆਈ ਦੀ ਕੰਧ ਢਾਹੁਣ ਵਾਲਿਆਂ ਨੂੰ ਗ੍ਰਿਫ਼ਤਾਰ ਕਰਨ ਦੀ ਮੰਗ

ਤਿੰਨ ਦਿਨਾਂ 'ਚ ਕਾਰਵਾਈ ਨਾ ਹੋਣ 'ਤੇ ਡੀ ਸੀ ਦਾ ਪੁਤਲਾ ਫੂਕ ਕੇ ਕੀਤਾ ਜਾਵੇਗਾ ਰੋਸ ਪ੍ਰਦਰਸ਼ਨ



ਫਾਜ਼ਿਲਕਾ (ਪਰਮਜੀਤ ਢਾਬਾਂ/ਬਲਵਿੰਦਰ ਸਿੰਘ)
ਸਰਕਾਰੀ ਆਈ.ਟੀ.ਆਈ. ਫਾਜ਼ਿਲਕਾ ਦੀ ਬਾਉਂਡਰੀਵਾਲ ਢਾਹੁਣ ਤੇ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਦੇ ਮਾਮਲੇ ਨੂੰ ਲੈ ਕੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਤੇ ਪੰਜਾਬ ਸਟੂਡੈਂਟ ਯੂਨੀਅਨ ਵੱਲੋਂ ਸਾਂਝੀ ਮੀਟਿੰਗ ਕੀਤੀ ਗਈ।ਮੀਟਿੰਗ ਦੀ ਪ੍ਰਧਾਨਗੀ ਏ.ਆਈ.ਐੱਸ.ਐੱਫ. ਦੇ ਪ੍ਰਧਾਨ ਦੀਪਕ ਕੁਮਾਰ, ਕੁਲਵੰਤ ਮੁਹਾਰ ਸੋਨਾ ਆਈਟੀਆਈ ਤੇ ਏਆਈਐੱਸਐੱਫ ਦੇ ਸਕੱਤਰ ਧੀਰਜ ਕੁਮਾਰ ਨੇ ਕੀਤੀ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਧਰਮੂ ਵਾਲਾ, ਪੰਜਾਬ ਸਟੂਡੈਂਟ ਯੂਨੀਅਨ ਦੇ ਜ਼ਿਲ੍ਹਾ ਆਗੂ ਦਿਲਕਰਨ ਰਤਨਪੁਰਾ, ਏ.ਆਈ.ਐੱਸ.ਐੱਫ. ਦੇ ਜ਼ਿਲ੍ਹਾ ਸਕੱਤਰ ਸਟਾਲਿਨ, ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸ਼ੁਬੇਗ ਝੰਗੜ ਭੈਣੀ, ਨੌਜਵਾਨ ਭਾਰਤ ਸਭਾ ਦੇ ਜ਼ਿਲ੍ਹਾ ਪ੍ਰਧਾਨ ਰਾਜਨ ਮੁਹਾਰ ਸੋਨਾ ਤੇ ਸਰਬ ਭਾਰਤ ਨੌਜਵਾਨ ਸਭਾ ਦੇ ਮੁੱਖ ਸਲਾਹਕਾਰ ਗੁਰਦਿਆਲ ਢਾਬਾਂ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਦੌਰਾਨ ਸਰਕਾਰੀ ਆਈ.ਟੀ.ਆਈ. 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਤੇ ਬਾਉਂਡਰੀਵਾਲ ਢਾਹੁਣ ਦੇ ਮਾਮਲੇ ਨੂੰ ਲੈ ਕੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਵਿਦਿਆਰਥੀ ਜਥੇਬੰਦੀਆਂ ਦੇ ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਵਾਲੇ ਵਿਅਕਤੀਆਂ ਤੇ ਇਸ ਪਿੱਛੇ ਕਥਿਤ ਸਾਜ਼ਿਸ਼ ਕਰਨ ਵਾਲਿਆਂ ਖ਼ਿਲਾਫ਼ ਤੁਰੰਤ ਐੱਫ.ਆਈ.ਆਰ. ਦਰਜ ਕੀਤੀ ਜਾਵੇ ਤੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ।ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਇਸ ਮਾਮਲੇ ਵਿੱਚ ਕਾਰਵਾਈ ਕਰਨ ਲਈ ਤਿੰਨ ਦਿਨਾਂ ਦਾ ਸਮਾਂ ਦਿੱਤਾ ਜਾਂਦਾ ਹੈ।ਜੇਕਰ ਵੀਰਵਾਰ ਤੱਕ ਐੱਫ.ਆਈ.ਆਰ. ਦਰਜ ਕਰਕੇ ਦੋਸ਼ੀਆਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਨਾ ਕੀਤੀ ਗਈ, ਤਾਂ ਸ਼ੁੱਕਰਵਾਰ ਨੂੰ ਡਿਪਟੀ ਕਮਿਸ਼ਨਰ ਫਾਜ਼ਿਲਕਾ ਦਾ ਪੁਤਲਾ ਫੂਕ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਆਗੂਆਂ ਨੇ ਕਿਹਾ ਕਿ ਸਰਕਾਰੀ ਵਿੱਦਿਅਕ ਸੰਸਥਾਵਾਂ ਦੀ ਜਾਇਦਾਦ ਦੀ ਰਾਖੀ ਕਰਨਾ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ ਅਤੇ ਕਿਸੇ ਵੀ ਕੀਮਤ 'ਤੇ ਸਰਕਾਰੀ ਆਈ.ਟੀ.ਆਈ. ਦੀ ਜਗ੍ਹਾ 'ਤੇ ਨਜਾਇਜ਼ ਕਬਜ਼ਾ ਨਹੀਂ ਹੋਣ ਦਿੱਤਾ ਜਾਵੇਗਾ।ਇਸ ਮੌਕੇ ਵਿਦਿਆਰਥੀ ਲੜਕੀਆਂ ਦੇ ਆਗੂ ਰਾਜ ਕੌਰ, ਕਾਜਲ, ਸੰਜਨਾ, ਪੁਨੀਤ, ਸਾਹਿਲ, ਸੁਨੀਲ, ਅੰਕਿਤ ਆਦਿ ਵਿਦਿਆਰਥੀ ਹਾਜ਼ਰ ਸਨ।

ਰਾਜੋਆਣਾ ਕਲਾਂ ਗੁਰਦੁਆਰਾ ਸਾਹਿਬ 'ਚ ਫਾਇਰਿੰਗ ਦਾ ਮੁੱਖ ਮੁਲਜ਼ਮ ਗ੍ਰਿਫ਼ਤਾਰ

■ ਮੁਲਜ਼ਮ ਖ਼ਿਲਾਫ਼ ਲੁੱਟ-ਖੋਹ ਤੇ ਨਸ਼ਾ ਤਸਕਰੀ ਦੇ ਅੱਧੀ ਦਰਜਨ ਤੋਂ ਵਧੇਰੇ ਮੁਕੱਦਮੇ ਦਰਜ : ਜ਼ਿਲ੍ਹਾ ਪੁਲਸ ਮੁਖੀ



ਰਾਏਕੋਟ (ਸੰਤੋਖ ਗਿੱਲ)-ਪਿੰਡ ਰਾਜੋਆਣਾ ਕਲਾਂ ਦੇ ਇਤਿਹਾਸਕ ਗੁਰਦੁਆਰਾ ਮੰਜੀ ਸਾਹਿਬ ਵਿੱਚ ਪਿਛਲੇ ਬੁੱਧਵਾਰ ਹੋਈ ਗੋਲੀਬਾਰੀ ਦੀ ਘਟਨਾ ਦੇ ਮੁੱਖ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਗਈ ਹੈ, ਮੁਲਜ਼ਮ ਦੀ ਪਹਿਚਾਣ ਰਾਜ ਸਿੰਘ ਉਰਫ਼ ਰਾਜੂ ਪੁੱਤਰ ਸੰਪੂਰਨ ਸਿੰਘ ਵਾਸੀ ਨੂਰਪੁਰ ਮਾਛੀਵਾੜਾ ਜ਼ਿਲ੍ਹਾ ਫ਼ਿਰੋਜ਼ਪੁਰ ਵਜੋਂ ਹੋਈ ਹੈ।ਜ਼ਿਲ੍ਹਾ ਪੁਲਸ ਮੁਖੀ ਡਾਕਟਰ ਅੰਕੁਰ ਗੁਪਤਾ ਨੇ ਦੱਸਿਆ ਕਿ 28 ਅਕਤੂਬਰ ਨੂੰ ਤੜਕਸਾਰ ਕਰੀਬ 3:10 ਵਜੇ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਬਲਦੇਵ ਸਿੰਘ ਦੀ ਰਿਹਾਇਸ਼ ਨੂੰ ਨਿਸ਼ਾਨਾ ਬਣਾ ਕੇ ਗੋਲੀਬਾਰੀ ਬਾਅਦ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਏ ਸਨ।ਉਨ੍ਹਾਂ ਕਿਹਾ ਕਿ ਵਿਸ਼ੇਸ਼ ਟੀਮਾਂ ਵੱਲੋਂ ਤਕਨੀਕੀ ਤੇ ਮਨੁੱਖੀ ਸੂਚਨਾਵਾਂ ਦੇ ਆਧਾਰ 'ਤੇ ਜਾਂਚ ਸ਼ੁਰੂ ਕੀਤੀ ਗਈ ਸੀ।ਪੁਲਸ ਟੀਮਾਂ ਵੱਲੋਂ ਘਟਨਾ ਦੀਆਂ ਕੜੀਆਂ ਜੋੜਨ ਲਈ ਕਰੀਬ 200 ਕਿੱਲੋਮੀਟਰ ਦੇ ਘੇਰੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਗਈ ਹੈ।

ਪੁਲਸ ਅਨੁਸਾਰ ਮੁਲਜ਼ਮ ਖ਼ਿਲਾਫ਼ ਲੁੱਟ-ਖੋਹ, ਅਸਲਾ ਐਕਟ ਤੇ ਨਸ਼ਾ ਤਸਕਰੀ ਦੇ ਅੱਧੀ ਦਰਜਨ ਤੋਂ ਵਧੇਰੇ ਮੁਕੱਦਮੇ ਵੱਖ-ਵੱਖ ਥਾਣਿਆਂ ਵਿੱਚ ਪਹਿਲਾਂ ਹੀ ਦਰਜ ਹਨ।ਇਸ ਸਬੰਧੀ ਥਾਣਾ ਸੁਧਾਰ ਵਿੱਚ ਮੁਕੱਦਮਾ ਦਰਜ ਕੀਤਾ ਗਿਆ ਸੀ।ਜ਼ਿਲ੍ਹਾ ਪੁਲਸ ਮੁਖੀ ਡਾਕਟਰ ਅੰਕੁਰ ਗੁਪਤਾ ਨੇ ਜਾਂਚ ਦੌਰਾਨ ਪੁਲਸ ਕਪਤਾਨ (ਜਾਂਚ) ਰਾਜਨ ਸ਼ਰਮਾ, ਕਰਨ ਸੰਧੀ ਡੀ.ਐੱਸ.ਪੀ. ਦਾਖਾ, ਸੀਆਈਏ ਇੰਚਾਰਜ ਅੰਮ੍ਰਿਤਪਾਲ ਸਿੰਘ, ਕਾਊਂਟਰ ਇੰਟੈਲੀਜੈਂਸ ਦੇ ਇੰਸਪੈਕਟਰ ਕੈਲਾਸ਼ ਚੰਦ ਤੇ ਅਮਰੀਕ ਸਿੰਘ ਤੋਂ ਇਲਾਵਾ ਥਾਣਾ ਸੁਧਾਰ ਦੇ ਮੁਖੀ ਰਾਜਵਰਿੰਦਰਪਾਲ ਸਿੰਘ ਵੱਲੋਂ ਨਿਭਾਏ ਰੋਲ ਦੀ ਪ੍ਰਸੰਸਾ ਕੀਤੀ।ਉਨ੍ਹਾਂ ਦੱਸਿਆ ਕਿ ਪਿਛਲੇ ਅਰਸੇ ਦੌਰਾਨ ਬਾਬਾ ਬਲਦੇਵ ਸਿੰਘ ਨੂੰ ਬਲੈਕਮੇਲ ਕਰਨ ਲਈ ਫ਼ੋਨ ਕਰ ਕੇ ਧਮਕੀਆਂ ਦਿੱਤੀਆਂ ਗਈਆਂ ਸਨ, ਇਸੇ ਸਿਲਸਿਲੇ ਵਿੱਚ ਇਹ ਗੋਲੀਬਾਰੀ ਕੀਤੀ ਗਈ ਸੀ।ਉਨ੍ਹਾਂ ਇਹ ਵੀ ਕਿਹਾ ਕਿ ਦੂਜੇ ਸ਼ੂਟਰ ਨੂੰ ਵੀ ਜਲਦ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਤੇ ਜੇਕਰ ਕੋਈ ਹੋਰ ਵੀ ਇਸ ਵਿੱਚ ਸ਼ਾਮਲ ਹੋਇਆ ਤਾਂ ਉਸ ਨੂੰ ਵੀ ਬਖ਼ਸ਼ਿਆ ਨਹੀਂ ਜਾਵੇਗਾ।

ਅਕਤੂਬਰ ਮਹੀਨੇ 'ਚ 11 ਪਾਰਸਲ ਵੈਨਾਂ ਦੀ ਲੋਡਿੰਗ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਦੇ ਮਾਰਗਦਰਸ਼ਨ ਤੇ ਫਿਰੋਜ਼ਪੁਰ ਮੰਡਲ ਦੀ ਬਿਜ਼ਨੈੱਸ ਡਿਵੈਲਪਮੈਂਟ ਯੂਨਿਟ ਦੇ ਵਿਸ਼ੇਸ਼ ਯਤਨਾਂ ਨਾਲ ਲੁਧਿਆਣਾ ਪਾਰਸਲ ਦਫ਼ਤਰ ਵੱਲੋਂ ਅਕਤੂਬਰ 2026 ਦੌਰਾਨ ਕੁੱਲ 11 ਪਾਰਸਲ ਵੈਨਾਂ ਲੋਡ ਕੀਤੀਆਂ ਗਈਆਂ। ਇਨ੍ਹਾਂ ਪਾਰਸਲ ਵੈਨਾਂ ਦੇ ਜ਼ਰੀਏ ਕੁੱਲ 1,812 ਪੈਕੇਜਾਂ ਦੀ ਢੋਆ-ਢੁਆਈ ਕੀਤੀ ਗਈ, ਜਿਨ੍ਹਾਂ ਦਾ ਕੁੱਲ ਵਜ਼ਨ 264 ਟਨ ਰਿਹਾ। ਇਸ ਢੋਆ-ਢੁਆਈ ਨਾਲ ਰੇਲਵੇ ਨੂੰ 18.37 ਲੱਖ ਦਾ ਭਾੜਾ ਮਾਲੀਆ ਪ੍ਰਾਪਤ ਹੋਇਆ।

ਕੁੱਲ ਪਾਰਸਲ ਵੈਨਾਂ ਵਿੱਚੋਂ 06 ਵੈਨਾਂ ਕੋਲਕਾਤਾ, 02 ਵੈਨਾਂ ਧਨਬਾਦ, 02 ਵੈਨਾਂ ਗੁਹਾਟੀ ਤੇ 01 ਵੈਨ ਰਾਏਪੁਰ ਲਈ ਭੇਜੀ ਗਈ। ਸੀਨੀਅਰ ਮੰਡਲ ਕਮਰਸ਼ੀਅਲ ਮੈਨੇਜਰ/ਫਰੇਟ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਫਿਰੋਜ਼ਪੁਰ ਮੰਡਲ ਵੱਲੋਂ ਪਾਰਸਲ ਟਰਾਂਸਪੋਰਟ ਨੂੰ ਉਤਸ਼ਾਹਤ ਕਰਨ ਤੇ ਵਪਾਰੀਆਂ ਨੂੰ ਰੇਲ ਰਾਹੀਂ ਮਾਲ ਢੋਆ-ਢੁਆਈ ਦੀਆਂ ਬਿਹਤਰ ਸਹੂਲਤਾਂ ਉਪਲਬਧ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

ਲੋਕਾਂ ਦੇ ਭਾਰੀ ਉਤਸ਼ਾਹ ਤੇ ਮੰਗ ਦੇ ਮੱਦੇਨਜ਼ਰ ਦੀਵਾਲੀ ਧਮਾਕਾ ਸੇਲ 'ਚ ਦੋ ਦਿਨ ਦਾ ਵਾਧਾ

■ ਭਲਕ ਤੱਕ ਮਿਲੇਗੀ ਖਰੀਦਦਾਰੀ ਦੀ ਸੁਨਹਿਰੀ ਸੌਗਾਤ, ਨੋਟਬੁੱਕਾਂ 'ਤੇ ਮਿਲ ਰਹੀ ਹੈ 50 ਫੀਸਦੀ ਵਿਸ਼ੇਸ਼ ਛੋਟ
■ ਪਦਮਸ਼੍ਰੀ ਡਾ. ਰਜਿੰਦਰ ਗੁਪਤਾ ਦੀ ਲੋਕਪੱਖੀ ਸੋਚ ਤੇ ਦੂਰਅੰਦੇਸ਼ੀ ਦੀ ਲੋਕਾਂ ਵੱਲੋਂ ਭਰਪੂਰ ਸ਼ਲਾਘਾ



ਬਰਨਾਲਾ (ਰਜਿੰਦਰ ਬਰਾੜ/ਰਕੇਸ਼ ਨੀਟਾ)
ਟਰਾਈਡੈਂਟ ਗਰੁੱਪ ਦੀ ਦੀਵਾਲੀ ਧਮਾਕਾ ਸੇਲ ਤੇ ਸ਼ਾਨਦਾਰ ਦੀਵਾਲੀ ਮੇਲੇ ਨੂੰ ਮਿਲੇ ਲੋਕਾਂ ਦੇ ਭਰਵੇਂ ਹੁੰਗਾਰੇ ਤੇ ਖਰੀਦਦਾਰਾਂ ਦੀ ਲਗਾਤਾਰ ਵਧ ਰਹੀ ਮੰਗ ਨੂੰ ਦੇਖਦਿਆਂ ਟਰਾਈਡੈਂਟ ਪ੍ਰਬੰਧਨ ਵੱਲੋਂ ਇੱਕ ਵੱਡਾ ਫੈਸਲਾ ਲਿਆ ਗਿਆ ਹੈ।ਲੋਕਾਂ ਦੇ ਭਾਰੀ ਉਤਸ਼ਾਹ ਤੇ ਮੰਗ ਦੇ ਮੱਦੇਨਜ਼ਰ ਦੀਵਾਲੀ ਧਮਾਕਾ ਸੇਲ ਵਿੱਚ ਦੋ ਦਿਨਾਂ ਦਾ ਹੋਰ ਵਾਧਾ ਕਰ ਦਿੱਤਾ ਗਿਆ ਹੈ।ਹੁਣ ਇਹ ਸੇਲ 2 ਨਵੰਬਰ ਦੀ ਬਜਾਏ 4 ਨਵੰਬਰ ਤੱਕ ਜਾਰੀ ਰਹੇਗੀ।ਇਸ ਫੈਸਲੇ ਨਾਲ ਉਨ੍ਹਾਂ ਲੋਕਾਂ ਨੂੰ ਵੀ ਖਰੀਦਦਾਰੀ ਦਾ ਮੌਕਾ ਮਿਲੇਗਾ, ਜੋ ਕਿਸੇ ਕਾਰਨ ਕਰਕੇ ਪਹਿਲਾਂ ਸੇਲ ਵਿੱਚ ਨਹੀਂ ਪਹੁੰਚ ਸਕੇ ਸਨ ਜਾਂ ਹੋਰ ਖਰੀਦਦਾਰੀ ਕਰਨਾ ਚਾਹੁੰਦੇ ਸਨ।

ਰਾਏਕੋਟ ਰੋਡ 'ਤੇ ਸੰਘੇੜਾ ਵਿਖੇ ਟਰਾਈਡੈਂਟ ਗਰੁੱਪ ਦੇ ਹੈੱਡਕੁਆਰਟਰ ਦੇ ਸਾਹਮਣੇ ਸਥਿਤ ਤ੍ਰਿਵੈਣੀ ਕੰਪਲੈਕਸ ਵਿੱਚ ਲੱਗੀ ਇਸ ਦੀਵਾਲੀ ਧਮਾਕਾ ਸੇਲ ਨੂੰ ਲੈ ਕੇ ਲੋਕਾਂ ਵਿੱਚ ਲਗਾਤਾਰ ਖਾਸ ਖਿੱਚ ਦੇਖਣ ਨੂੰ ਮਿਲ ਰਹੀ ਹੈ।ਪਟਿਆਲਾ, ਸੰਗਰੂਰ, ਰਾਏਕੋਟ, ਲੁਧਿਆਣਾ, ਧੂਰੀ, ਮਾਨਸਾ, ਰਾਮਪੁਰਾ, ਬਠਿੰਡਾ ਤੇ ਮੋਗਾ ਸਮੇਤ ਆਲੇ-ਦੁਆਲੇ ਦੇ ਵੱਖ-ਵੱਖ ਸ਼ਹਿਰਾਂ ਤੇ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਲੋਕ ਇੱਥੇ ਪਹੁੰਚ ਕੇ ਖਰੀਦਦਾਰੀ ਕਰ ਰਹੇ ਹਨ।ਸੇਲ ਵਿੱਚ ਹਰ ਰੋਜ਼ ਲੱਗ ਰਹੀ ਖਰੀਦਦਾਰਾਂ ਦੀ ਭੀੜ ਇਸ ਗੱਲ ਦਾ ਸਬੂਤ ਹੈ ਕਿ ਟਰਾਈਡੈਂਟ ਗਰੁੱਪ ਵੱਲੋਂ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਵਿਸ਼ੇਸ਼ ਛੋਟਾਂ ਤੇ ਉੱਚ ਗੁਣਵੱਤਾ ਵਾਲੇ ਉਤਪਾਦਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਇਸ ਵਾਰ ਸੇਲ ਦਾ ਇੱਕ ਖਾਸ ਆਕਰਸ਼ਣ ਨੋਟਬੁੱਕਸ ਉੱਪਰ ਦਿੱਤਾ ਜਾ ਰਿਹਾ 50 ਫੀਸਦੀ ਦਾ ਵਿਸ਼ੇਸ਼ ਡਿਸਕਾਊਂਟ ਹੈ।ਵਿਦਿਆਰਥੀਆਂ, ਮਾਪਿਆਂ ਤੇ ਦਫ਼ਤਰੀ ਵਰਤੋਂ ਲਈ ਨੋਟਬੁੱਕਸ ਦੀ ਖਰੀਦਦਾਰੀ ਕਰਨ ਵਾਲਿਆਂ ਵੱਲੋਂ ਇਸ ਛੋਟ ਦਾ ਖਾਸ ਲਾਹਾ ਲਿਆ ਜਾ ਰਿਹਾ ਹੈ।ਇਸ ਤੋਂ ਇਲਾਵਾ ਸੁਪਰ ਸੌਫਟ ਟਾਵਲ, ਲਗਜ਼ਰੀ ਬਾਥਰੋਬ, ਪ੍ਰੀਮੀਅਮ ਬੈੱਡਸ਼ੀਟਾਂ, ਪਿਲੋ ਕਵਰ, ਕੰਫਰਟਰ, ਬਲੈਂਕਟ ਤੇ ਹੋਰ ਅਨੇਕਾਂ ਘਰੇਲੂ ਉਤਪਾਦ ਵੀ ਵਿਸ਼ੇਸ਼ ਛੋਟਾਂ 'ਤੇ ਉਪਲਬਧ ਕਰਵਾਏ ਜਾ ਰਹੇ ਹਨ।ਗੁਣਵੱਤਾ ਭਰਪੂਰ ਉਤਪਾਦਾਂ ਨੂੰ ਕਿਫਾਇਤੀ ਕੀਮਤਾਂ 'ਤੇ ਮਿਲਣ ਕਾਰਨ ਪਰਵਾਰਾਂ ਵਿੱਚ ਖਰੀਦਦਾਰੀ ਨੂੰ ਲੈ ਕੇ ਖਾਸ ਉਤਸ਼ਾਹ ਪਾਇਆ ਜਾ ਰਿਹਾ ਹੈ।

ਸੇਲ ਵਿੱਚ ਖਰੀਦਦਾਰੀ ਕਰਨ ਪਹੁੰਚ ਰਹੇ ਲੋਕਾਂ ਦਾ ਕਹਿਣਾ ਹੈ ਕਿ ਟਰਾਈਡੈਂਟ ਗਰੁੱਪ ਵੱਲੋਂ ਤਿਉਹਾਰਾਂ ਦੇ ਮੌਕੇ ਲੋਕਾਂ ਦੀ ਸਹੂਲਤ ਤੇ ਆਰਥਿਕ ਬੱਚਤ ਨੂੰ ਧਿਆਨ ਵਿੱਚ ਰੱਖਦਿਆਂ ਆਪਣੇ ਵੱਖ-ਵੱਖ ਉਤਪਾਦ ਭਾਰੀ ਛੋਟਾਂ 'ਤੇ ਮੁਹੱਈਆ ਕਰਵਾਉਣਾ ਬੇਹੱਦ ਸ਼ਲਾਘਾਯੋਗ ਉਪਰਾਲਾ ਹੈ।ਲੋਕਾਂ ਨੇ ਇਸ ਉਪਰਾਲੇ ਲਈ ਰਾਜ ਸਭਾ ਮੈਂਬਰ ਤੇ ਟਰਾਈਡੈਂਟ ਗਰੁੱਪ ਦੇ ਸੰਸਥਾਪਕ ਪਦਮਸ਼੍ਰੀ ਡਾ. ਰਜਿੰਦਰ ਗੁਪਤਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਉਨ੍ਹਾਂ ਦੀ ਭਰਪੂਰ ਸ਼ਲਾਘਾ ਕੀਤੀ।ਖਰੀਦਦਾਰਾਂ ਦਾ ਕਹਿਣਾ ਹੈ ਕਿ ਡਾ. ਰਜਿੰਦਰ ਗੁਪਤਾ ਦੀ ਦੂਰਅੰਦੇਸ਼ ਸੋਚ ਤੇ ਲੋਕਾਂ ਪ੍ਰਤੀ ਸੇਵਾ ਭਾਵਨਾ ਸਦਕਾ ਟਰਾਈਡੈਂਟ ਗਰੁੱਪ ਵੱਲੋਂ ਅਜਿਹੇ ਉਪਰਾਲੇ ਕੀਤੇ ਜਾ ਰਹੇ ਹਨ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਤੇ ਹਰ ਵਰਗ ਦੇ ਪਰਵਾਰਾਂ ਨੂੰ ਮਿਲ ਰਿਹਾ ਹੈ।

ਲੋਕਾਂ ਅਨੁਸਾਰ ਡਾ. ਰਜਿੰਦਰ ਗੁਪਤਾ ਦੀ ਅਗਵਾਈ ਹੇਠ ਟਰਾਈਡੈਂਟ ਗਰੁੱਪ ਵੱਲੋਂ ਉਦਯੋਗਿਕ ਵਿਕਾਸ ਦੇ ਨਾਲ-ਨਾਲ ਲੋਕ ਭਲਾਈ ਤੇ ਸਮਾਜਿਕ ਜ਼ਿੰਮੇਵਾਰੀਆਂ ਨੂੰ ਦਿੱਤੀ ਜਾ ਰਹੀ ਤਰਜੀਹ ਇੱਕ ਪ੍ਰੇਰਨਾਦਾਇਕ ਮਿਸਾਲ ਹੈ।ਜ਼ਿਕਰਯੋਗ ਹੈ ਕਿ ਤ੍ਰਿਵੈਣੀ ਕੰਪਲੈਕਸ ਵਿਖੇ ਕਰਵਾਇਆ ਗਿਆ ਦੋ ਰੋਜ਼ਾ ਦੀਵਾਲੀ ਮੇਲਾ 1 ਨਵੰਬਰ ਨੂੰ ਬੇਹੱਦ ਸ਼ਾਨਦਾਰ ਤੇ ਯਾਦਗਾਰੀ ਮਾਹੌਲ ਵਿੱਚ ਸੰਪੰਨ ਹੋ ਚੁੱਕਾ ਹੈ।ਮੇਲੇ ਦੇ ਦੋਵੇਂ ਦਿਨ ਸੰਗੀਤ, ਮਨੋਰੰਜਨ, ਖੇਡਾਂ, ਬੱਚਿਆਂ ਦੀਆਂ ਪੇਸ਼ਕਾਰੀਆਂ ਤੇ ਵੱਖ-ਵੱਖ ਗਤੀਵਿਧੀਆਂ ਨੇ ਲੋਕਾਂ ਦਾ ਖੂਬ ਮਨੋਰੰਜਨ ਕੀਤਾ।ਇਸ ਮੌਕੇ ਵੱਖ-ਵੱਖ ਮੁਕਾਬਲਿਆਂ ਵਿੱਚ ਜੇਤੂ ਰਹੇ ਬੱਚਿਆਂ ਤੇ ਕਲਾਕਾਰਾਂ ਨੂੰ ਮੁੱਖ ਮਹਿਮਾਨਾਂ ਵੱਲੋਂ ਇਨਾਮ ਵੀ ਵੰਡੇ ਗਏ।ਮੇਲਾ ਭਾਵੇਂ ਸਮਾਪਤ ਹੋ ਗਿਆ ਹੈ, ਪਰ ਲੋਕਾਂ ਲਈ ਖਰੀਦਦਾਰੀ ਦਾ ਇਹ ਸੁਨਹਿਰੀ ਮੌਕਾ ਹੁਣ 4 ਨਵੰਬਰ ਤੱਕ ਜਾਰੀ ਰਹੇਗਾ।ਸੇਲ ਰੋਜ਼ਾਨਾ ਸਵੇਰੇ 10 ਵਜੇ ਤੋਂ ਰਾਤ 9 ਵਜੇ ਤੱਕ ਜਾਰੀ ਰਹੇਗੀ।

ਵਰਲਡ ਯੂਨੀਵਰਸਿਟੀ ਵੱਲੋਂ ਮਿੰਨੀ ਮੈਰਾਥਨ ਦਾ ਆਯੋਜਨ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)
ਨਸ਼ਾ ਮੁਕਤ ਭਾਰਤ ਦੀ ਸਿਰਜਣਾ ਦੇ ਕੌਮੀ ਉਦੇਸ਼ ਪ੍ਰਤੀ ਆਪਣਾ ਅਹਿਦ ਦੁਹਰਾਉਂਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਵੱਲੋਂ 'ਨਸ਼ਾ ਮੁਕਤ ਯੁਵਾ ਫਾਰ ਵਿਕਸਿਤ ਭਾਰਤ' ਮੁਹਿੰਮ ਤਹਿਤ 3.5 ਕਿਲੋਮੀਟਰ ਦੀ ਮਿੰਨੀ ਮੈਰਾਥਨ ਕਰਵਾਈ ਗਈ।ਇਸ ਮੌਕੇ ਲਗਭਗ 250 ਵਿਦਿਆਰਥੀਆਂ ਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ।ਯੂਨੀਵਰਸਿਟੀ ਦੇ ਉਪ-ਕੁਲਪਤੀ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨੌਜਵਾਨ ਦੇਸ਼ ਦੇ ਵਿਕਾਸ ਦੀ ਅਸਲ ਤਾਕਤ ਹਨ ਤੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਤੇ ਸਾਰਥਕ ਸਰਗਰਮੀਆਂ ਵੱਲ ਸੇਧਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਖੇਡਾਂ ਨੂੰ ਅਨੁਸ਼ਾਸਨ, ਪੱਕੇ ਇਰਾਦੇ ਤੇ ਸਿਹਤਮੰਦ ਜੀਵਨ ਜਾਚ ਦੇ ਵਿਕਾਸ ਦਾ ਅਹਿਮ ਸਾਧਨ ਦੱਸਦਿਆਂ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਵਿੱਚ ਵਿੱਦਿਅਕ ਸੰਸਥਾਵਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ।ਇਸ ਸਮਾਗਮ ਦਾ ਤਾਲਮੇਲ ਡਾ. ਹਰਨੀਤ ਬਿਲਿੰਗ, ਰਾਸ਼ਟਰੀ ਸੇਵਾ ਯੋਜਨਾ ਦੇ ਪ੍ਰੋਗਰਾਮ ਕੋਆਰਡੀਨੇਟਰ ਵੱਲੋਂ ਕੀਤਾ ਗਿਆ, ਜਦਕਿ ਡਾ. ਬਹਾਦਰ ਸਿੰਘ, ਰਾਸ਼ਟਰੀ ਸੇਵਾ ਯੋਜਨਾ ਦੇ ਪ੍ਰੋਗਰਾਮ ਅਫ਼ਸਰ ਨੇ ਅਹਿਮ ਭੂਮਿਕਾ ਨਿਭਾਈ।ਡਾ. ਸਿਕੰਦਰ ਸਿੰਘ, ਡੀਨ ਵਿਦਿਆਰਥੀ ਭਲਾਈ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਅੰਤਰਰਾਸ਼ਟਰੀ ਪੱਧਰ ਦੀ ਰਗਬੀ ਖਿਡਾਰਨ ਤੇ ਯੂਨੀਵਰਸਿਟੀ ਦੀ ਸਾਬਕਾ ਵਿਦਿਆਰਥਣ ਮਿਸ ਅਮਨਦੀਪ ਕੌਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਦੀ ਮੌਜੂਦਗੀ ਵਿਦਿਆਰਥੀਆਂ ਲਈ ਖ਼ਾਸ ਪ੍ਰੇਰਨਾ ਦਾ ਸਰੋਤ ਰਹੀ, ਕਿਉਂਕਿ ਉਹ ਯੂਨੀਵਰਸਿਟੀ ਦੀ ਖੇਡ ਪ੍ਰਤਿਭਾ ਤੇ ਪ੍ਰਾਪਤੀਆਂ ਦੀ ਨੁਮਾਇੰਦਗੀ ਕਰਦੇ ਹਨ।ਡਾ. ਸਿਕੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਜ਼ਿੰਮੇਵਾਰੀ ਭਰਿਆ ਜੀਵਨ ਜਿਊਣ ਲਈ ਪ੍ਰੇਰਿਤ ਕੀਤਾ, ਜਦਕਿ ਮਿਸ ਅਮਨਦੀਪ ਕੌਰ ਨੇ ਖੇਡਾਂ, ਪੱਕੇ ਇਰਾਦੇ ਤੇ ਸਵੈ-ਅਨੁਸ਼ਾਸਨ ਦੀ ਅਹਿਮੀਅਤ ਬਾਰੇ ਵਿਚਾਰ ਸਾਂਝੇ ਕੀਤੇ।ਡਾ. ਹਰਨੀਤ ਬਿਲਿੰਗ ਨੇ ਨੌਜਵਾਨਾਂ ਵਿੱਚ ਸਮਾਜਕ ਚੇਤਨਾ ਪੈਦਾ ਕਰਨ ਵਿੱਚ ਰਾਸ਼ਟਰੀ ਸੇਵਾ ਯੋਜਨਾ ਦੀ ਭੂਮਿਕਾ ਬਾਰੇ ਚਾਨਣਾ ਪਾਇਆ।ਲੜਕਿਆਂ ਦੇ ਵਰਗ ਵਿੱਚ ਸੁਖਵਿੰਦਰ ਸਿੰਘ, ਮਨਜੋਤ ਸਿੰਘ ਤੇ ਸਾਹਿਬ ਸਿੰਘ ਨੇ ਪਹਿਲੇ ਤਿੰਨ ਸਥਾਨ ਹਾਸਲ ਕੀਤੇ, ਜਦਕਿ ਲੜਕੀਆਂ ਦੇ ਵਰਗ ਵਿੱਚ ਕਰਮਜੀਤ ਕੌਰ, ਨੀਤੂ ਤੇ ਸੁਮਨਦੀਪ ਕੌਰ ਜੇਤੂ ਰਹੀਆਂ।ਮੈਰਾਥਨ ਦੀ ਸਮਾਪਤੀ ਨਸ਼ਿਆਂ ਤੋਂ ਦੂਰ ਰਹਿਣ, ਤੰਦਰੁਸਤੀ ਅਪਣਾਉਣ ਤੇ ਦੇਸ਼ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਦੇ ਸਾਂਝੇ ਸੁਨੇਹੇ ਨਾਲ ਹੋਈ।

ਰਾਹੁਲ ਦੀ ਅਗਵਾਈ 'ਚ ਸੰਗਰੂਰ ਰੈਲੀ ਤੋਂ ਹੋਵੇਗਾ ਚੋਣ ਮੁਹਿੰਮ ਦਾ ਆਗਾਜ਼ : ਚੰਨੀ

■ ਸਰਕਾਰ ਬਣਨ 'ਤੇ ਕਾਂਗੜ ਨੂੰ ਮਿਲੇਗੀ ਅਹਿਮ ਜ਼ਿੰਮੇਵਾਰੀ



ਰਾਮਪੁਰਾ ਫੂਲ (ਦਰਸ਼ਨ ਜਿੰਦਲ)
ਸਾਬਕਾ ਮੁੱਖ ਮੰਤਰੀ ਤੇ ਪੰਜਾਬ ਕਾਂਗਰਸ ਦੇ ਸੀਨੀਅਰ ਨੇਤਾ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਸ੍ਰੀ ਰਾਹੁਲ ਗਾਂਧੀ ਦੀ ਅਗਵਾਈ ਹੇਠ ਚਾਰ ਨਵੰਬਰ ਨੂੰ ਸੰਗਰੂਰ ਵਿਖੇ ਹੋਣ ਜਾ ਰਹੀ ਰੈਲੀ ਤੋਂ ਕਾਂਗਰਸ ਪਾਰਟੀ ਦੀ ਚੋਣ ਮੁਹਿੰਮ ਦਾ ਆਗਾਜ਼ ਹੋ ਜਾਵੇਗਾ ਅਤੇ ਕਾਂਗਰਸ ਨਵੇਂ ਸਾਲ 'ਚ ਯਕੀਨਨ ਸਰਕਾਰ ਬਣਾਏਗੀ।ਸ੍ਰ. ਚੰਨੀ ਨੇ ਇਹ ਟਿੱਪਣੀ ਰਾਮਪੁਰਾ ਫੂਲ ਵਿਖੇ ਸਾਬਕਾ ਵਜ਼ੀਰ ਤੇ ਪੰਜਾਬ ਕਾਂਗਰਸ ਦੇ ਸੀਨੀਅਰ ਨੇਤਾ ਗੁਰਪ੍ਰੀਤ ਸਿੰਘ ਕਾਂਗੜ ਦੀ ਚੋਣ ਮੁਹਿੰਮ ਸ਼ੁਰੂ ਕਰਦਿਆਂ ਕੀਤੀ।ਉਨ੍ਹਾਂ ਕਾਂਗੜ ਦੇ ਸ਼ਹਿਰੀ ਦਫ਼ਤਰ ਦਾ ਬਕਾਇਦਾ ਉਦਘਾਟਨ ਵੀ ਕੀਤਾ।ਇਸ ਮੌਕੇ ਚੰਨੀ ਤੋਂ ਇਲਾਵਾ ਕਾਂਗੜ ਤੇ ਕਾਂਗਰਸ ਆਗੂ ਜੀਤ ਮਹਿੰਦਰ ਸਿੰਘ ਸਿੱਧੂ ਨੇ ਵੀ ਸੰਬੋਧਨ ਕੀਤਾ।ਇਸ ਦੌਰਾਨ ਕਾਂਗੜ, ਹਰਮਨਵੀਰ ਕਾਂਗੜ ਸਮੇਤ ਪੂਰੇ ਪਰਵਾਰ ਨੇ ਸ੍ਰੀ ਰਾਮਾਇਣ ਜੀ ਦੀ ਆਰਤੀ ਵੀ ਕੀਤੀ, ਜਦਕਿ ਬਾਅਦ ਵਿੱਚ ਚਰਨਜੀਤ ਸਿੰਘ ਚੰਨੀ ਨੇ ਬਾਕਾਇਦਾ ਇੱਕ ਪ੍ਰੈੱਸ ਕਾਨਫਰੰਸ ਵੀ ਕੀਤੀ।ਚੰਨੀ ਨੇ ਕਾਂਗੜ ਨੂੰ ਆਪਣਾ ਭਰਾ ਆਖਦਿਆਂ ਉਨ੍ਹਾਂ ਦੀ ਜ਼ੋਰਦਾਰ ਪਿੱਠ ਵੀ ਥਾਪੜੀ।ਉਨ੍ਹਾਂ ਪੰਜਾਬ ਕਾਂਗਰਸ ਦੀ ਸਥਿਤੀ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਬਾਰੇ ਵੀ ਖੁੱਲ੍ਹ ਕੇ ਗੱਲਾਂ ਕੀਤੀਆਂ।ਸ੍ਰ. ਚੰਨੀ ਨੇ ਇੱਕ ਸਵਾਲ ਦੇ ਜਵਾਬ 'ਚ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਅੰਦਰ ਕੋਈ ਧੜੇਬੰਦੀ ਨਹੀਂ ਹੈ ਤੇ ਪਾਰਟੀ ਇੱਕਮੁੱਠ ਹੋ ਕੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਦਾ ਦ੍ਰਿੜ੍ਹਤਾ ਨਾਲ ਪਰਦਾਫਾਸ਼ ਕਰਦਿਆਂ ਨੇੜ ਭਵਿੱਖ ਵਿੱਚ ਆਪਣੇ ਏਜੰਡੇ ਵੀ ਜਾਰੀ ਕਰੇਗੀ।ਆਮ ਆਦਮੀ ਪਾਰਟੀ ਦੀ ਵਿਧਾਨ ਸਭਾ ਚੋਣ ਸੂਚੀ ਦੇ ਸੰਦਰਭ ਵਿੱਚ ਗੱਲ ਕਰਦਿਆਂ ਖੁਲਾਸਾ ਕੀਤਾ ਕਿ ਕਾਂਗਰਸ ਪਾਰਟੀ 117 ਵਿਧਾਨ ਸਭਾ ਸੀਟਾਂ ਚੋਂ ਅੱਧੀਆਂ ਸੀਟਾਂ ਦਾ ਐਲਾਨ ਜਲਦ ਕਰਨ ਜਾ ਰਹੀ ਹੈ।ਆਮ ਆਦਮੀ ਪਾਰਟੀ ਨੂੰ ਨਿਸ਼ਾਨੇ 'ਤੇ ਲੈਂਦਿਆਂ ਉਨ੍ਹਾਂ ਕਿਹਾ ਕਿ ਸੂਬੇ ਅੰਦਰ ਗੈਂਗਸਟਰਵਾਦ, ਲੁੱਟਾਂ-ਖੋਹਾਂ, ਫ਼ਿਰੌਤੀਆਂ ਕਾਰਨ ਸੂਬੇ ਦੇ ਲੋਕ ਸਹਿਮ 'ਚ ਦਿਨ ਕਟੀ ਕਰ ਰਹੇ ਹਨ ਤੇ ਕਾਨੂੰਨ ਦਾ ਰਾਜ ਗਾਇਬ ਹੋ ਚੁੱਕਾ ਹੈ, ਇੱਥੋਂ ਤੱਕ ਕਿ ਪੰਜਾਬ ਦੀ ਸੰਸਕ੍ਰਿਤੀ ਤੇ ਸੱਭਿਆਚਾਰ ਨੂੰ ਵੀ ਦਾਗਦਾਰ ਕਰ ਦਿੱਤਾ ਹੈ।ਚੰਨੀ ਨੇ ਵਾਅਦਾ ਕੀਤਾ ਕਿ ਜੇਕਰ ਭਗਵਾਨ ਰਾਮ ਦੀ ਕਿਰਪਾ ਹੋਈ ਤਾਂ ਸਾਡੀ ਸਰਕਾਰ ਬਣਨ 'ਤੇ ਇੱਕ ਅਜਿਹੀ ਯੂਨੀਵਰਸਿਟੀ ਖੋਲ੍ਹੀ ਜਾਵੇਗੀ, ਜਿਸ ਵਿੱਚ ਭਗਵਾਨ ਸ੍ਰੀ ਰਾਮ ਜੀ ਤੇ ਭਗਵਤ ਗੀਤਾ ਬਾਰੇ ਅਧਿਐਨ ਕੇਂਦਰ ਖੋਲ੍ਹੇ ਜਾਣਗੇ।

ਉਧਰ ਗੁਰਪ੍ਰੀਤ ਸਿੰਘ ਕਾਂਗੜ ਨੇ ਭਾਵੁਕ ਤਕਰੀਰ ਕਰਦਿਆਂ ਸ਼ਹਿਰੀਆਂ ਤੇ ਹਲਕਾ ਨਿਵਾਸੀਆਂ ਨੂੰ ਕਿਹਾ ਕਿ ਉਨ੍ਹਾਂ ਦੇ ਪਿਆਰ ਸਦਕਾ ਉਨ੍ਹਾਂ ਇੱਕ ਸਰਪੰਚ ਤੋਂ ਲੈ ਕੇ ਕੈਬਨਿਟ ਮੰਤਰੀ ਤੱਕ ਦਾ ਸਫ਼ਰ ਤੈਅ ਕਰ ਲਿਆ ਹੈ।ਮੰਤਰੀ ਪਦ ਦਾ ਮੇਰਾ ਪਹਿਲਾ ਤਜਰਬਾ ਸੀ, ਇਸ ਸਫ਼ਰ ਦੌਰਾਨ ਭੁੱਲਾਂ ਚੁੱਕਾਂ ਵੀ ਹੋ ਜਾਂਦੀਆਂ ਹਨ।

ਕਾਂਗੜ ਨੇ ਅਪੀਲ ਕੀਤੀ ਕਿ ਉਹ ਉਨ੍ਹਾਂ ਦੇ ਸਿਰ 'ਤੇ ਹੱਥ ਰੱਖਣ, ਕਾਂਗੜ ਪਰਵਾਰ ਆਪਣੇ ਸਵਾਸਾਂ ਦੀ ਪੂੰਜੀ ਦਾ ਕਿਣਕਾ ਕਿਣਕਾ ਸ਼ਹਿਰ ਤੇ ਹਲਕੇ ਨੂੰ ਨਮੂਨੇ ਦਾ ਹਲਕਾ ਬਣਾਉਣ 'ਚ ਲਾ ਦੇਣਗੇ।ਇਸ ਮੌਕੇ ਸਾਬਕਾ ਲੋਕ ਸਭਾ ਮੈਂਬਰ ਮੁਹੰਮਦ ਸਦੀਕ, ਨਰਿੰਦਰ ਭਲੇਰੀਆ ਤੇ ਕਾਂਗੜ ਦੇ ਫਰਜ਼ੰਦ ਨੌਜਵਾਨ ਆਗੂ ਹਰਮਨਦੀਪ ਸਿੰਘ ਜੈਸੀ ਕਾਂਗੜ ਤੋਂ ਇਲਾਵਾ ਸੰਜੀਵ ਕੁਮਾਰ ਟੀਨਾ, ਜਗਜੀਤ ਸਿੰਘ ਖ਼ਾਲਸਾ, ਰਾਕੇਸ਼ ਸਹਾਰਾ, ਕਮਲ ਕਾਂਤ, ਮੁਕੇਸ਼ ਭੱਠੇ ਵਾਲਾ, ਅਸ਼ੋਕ ਆੜ੍ਹਤੀਆ, ਤਿੱਤਰ ਮਾਨ ਤੇ ਵੱਡੀ ਗਿਣਤੀ 'ਚ ਸ਼ਹਿਰੀ ਤੇ ਆਗੂ ਸ਼ਾਮਲ ਸਨ।

ਪੱਤਰਕਾਰਾਂ ਦੀ ਆਵਾਜ਼ ਦਬਾਉਣ ਦੇ ਯਤਨਾਂ ਵਿਰੁੱਧ ਇੱਕਜੁੱਟ ਹੋਣ ਦਾ ਸੱਦਾ

■ ਪੰਜਾਬ ਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦਾ 13ਵਾਂ ਸਥਾਪਨਾ ਦਿਵਸ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸਮਰਪਤ



ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)
ਪੰਜਾਬ ਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ 13ਵੇਂ ਸਥਾਪਨਾ ਦਿਵਸ ਮੌਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸਮਰਪਤ ਸੂਬਾਈ ਸਮਾਗਮ ਡਾਕਟਰ ਬੀ ਆਰ ਅੰਬੇਡਕਰ ਭਵਨ ਮੁੱਲਾਂਪੁਰ-ਦਾਖਾ (ਲੁਧਿਆਣਾ) ਵਿਖੇ ਕਰਵਾਇਆ ਗਿਆ। ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਦੇਸ਼ ਭਰ ਵਿੱਚ ਪੱਤਰਕਾਰਾਂ ਵਿਰੁੱਧ ਵਧ ਰਹੀਆਂ ਦਮਨਕਾਰੀ ਕਾਰਵਾਈਆਂ, ਧਮਕੀਆਂ, ਝੂਠੇ ਕੇਸਾਂ ਤੇ ਮੀਡੀਆ ਅਦਾਰਿਆਂ ਉੱਤੇ ਆਰਥਿਕ ਦਬਾਅ ਪਾਉਣ ਦੀਆਂ ਕੋਸ਼ਿਸ਼ਾਂ ਵਿਰੁੱਧ ਪੱਤਰਕਾਰ ਭਾਈਚਾਰੇ ਨੂੰ ਇੱਕਜੁੱਟ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਲੁਧਿਆਣਾ (ਦਿਹਾਤੀ) ਜ਼ਿਲ੍ਹਾ ਇਕਾਈ ਦੇ ਪ੍ਰਧਾਨ ਨਿਰਮਲ ਸਿੰਘ ਧਾਲੀਵਾਲ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਸਮਾਗਮ ਦੀ ਸ਼ੁਰੂਆਤ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਭੇਟ ਕਰਨ ਨਾਲ ਹੋਈ। ਬੁਲਾਰਿਆਂ ਨੇ ਕੇਂਦਰ ਤੇ ਸੂਬਾ ਸਰਕਾਰਾਂ ਵੱਲੋਂ ਮੀਡੀਆ ਦੀ ਆਵਾਜ਼ ਨੂੰ ਦਬਾਉਣ ਲਈ ਪੱਤਰਕਾਰਾਂ ਉੱਤੇ ਝੂਠੇ ਕੇਸ ਦਰਜ ਕਰਨ, ਉਨ੍ਹਾਂ ਨਾਲ ਕੁੱਟਮਾਰ ਕਰਨ ਤੇ ਪੁਲਸ ਤੇ ਸਿਵਲ ਪ੍ਰਸ਼ਾਸਨ ਰਾਹੀਂ ਧਮਕੀਆਂ ਦੇਣ ਦੀਆਂ ਸਾਹਮਣੇ ਆ ਰਹੀਆਂ ਘਟਨਾਵਾਂ ਦੀ ਜ਼ੋਰਦਾਰ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਸਥਾਪਤੀ ਵਿਰੁੱਧ ਲਿਖਣ ਤੇ ਸਰਕਾਰਾਂ ਨੂੰ ਸਵਾਲ ਕਰਨ ਵਾਲੇ ਮੀਡੀਆ ਅਦਾਰਿਆਂ ਦੀ ਆਰਥਿਕ ਬਾਂਹ ਮਰੋੜਨ ਲਈ ਸਰਕਾਰੀ ਇਸ਼ਤਿਹਾਰਬਾਜ਼ੀ ਨੂੰ ਹਥਿਆਰ ਵਜੋਂ ਵਰਤਿਆ ਜਾ ਰਿਹਾ ਹੈ। ਸਮਾਗਮ ਦੌਰਾਨ ਪੰਜਾਬ ਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੀ ਬਾਨੀ ਟੀਮ ਸਮੇਤ ਹੋਰ ਅਹਿਮ ਸ਼ਖ਼ਸੀਅਤਾਂ ਦਾ ਸਨਮਾਨ ਵੀ ਕੀਤਾ ਗਿਆ।

ਬੁਲਾਰਿਆਂ ਨੇ ਕੇਂਦਰ ਸਰਕਾਰ ਵੱਲੋਂ ਸੂਚਨਾ ਤੰਤਰ ਉੱਤੇ ਕੰਟਰੋਲ ਕਰਨ ਲਈ ਬਣਾਏ ਜਾ ਰਹੇ ਕਾਨੂੰਨਾਂ ਤੇ ਨਿਯਮਾਂ ਉੱਤੇ ਵੀ ਚਿੰਤਾ ਪ੍ਰਗਟਾਈ। ਉਨ੍ਹਾਂ ਡਿਜੀਟਲ ਨਿੱਜੀ ਡਾਟਾ ਸੁਰੱਖਿਆ (ਡੀ.ਪੀ.ਡੀ.ਪੀ.) ਐਕਟ ਦਾ ਹਵਾਲਾ ਦਿੰਦਿਆਂ ਚਿੰਤਾ ਜਤਾਈ ਕਿ ਨਵੀਆਂ ਸ਼ਰਤਾਂ ਲਾਗੂ ਹੋਣ ਨਾਲ ਖ਼ਬਰਾਂ ਦੇ ਪ੍ਰਕਾਸ਼ਨ ਤੇ ਪ੍ਰਸਾਰਨ ਵਿੱਚ ਗੰਭੀਰ ਰੁਕਾਵਟਾਂ ਪੈਦਾ ਹੋ ਜਾਣਗੀਆਂ ਤੇ ਨਿਊਜ਼ ਰੂਮ ਨੂੰ ਤਾਲੇ ਲੱਗਣ ਦੀ ਨੌਬਤ ਆ ਸਕਦੀ ਹੈ। ਡਿਜੀਟਲ ਨਿਊਜ਼ ਪਬਲਿਸ਼ਰਜ਼ ਐਸੋਸੀਏਸ਼ਨ ਵੱਲੋਂ ਇਸ ਕਾਨੂੰਨ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੰਦਿਆਂ ਪੱਤਰਕਾਰੀ ਖੇਤਰ ਨੂੰ ਇਸ ਦੇ ਦਾਇਰੇ ਵਿੱਚੋਂ ਛੋਟ ਦੇਣ ਦੀ ਮੰਗ ਕੀਤੀ ਗਈ ਹੈ। ਬੁਲਾਰਿਆਂ ਅਨੁਸਾਰ, ਭਾਵੇਂ ਸੁਪਰੀਮ ਕੋਰਟ ਨੇ ਫ਼ਿਲਹਾਲ ਕਾਨੂੰਨ ਉੱਤੇ ਰੋਕ ਨਹੀਂ ਲਾਈ, ਪਰ ਕੇਂਦਰੀ ਕਾਨੂੰਨ ਮੰਤਰਾਲੇ ਤੇ ਇਲੈਕਟ੍ਰਾਨਿਕਸ ਤੇ ਸੂਚਨਾ ਤਕਨਾਲੋਜੀ ਮੰਤਰਾਲੇ ਨੂੰ ਨੋਟਿਸ ਜਾਰੀ ਕੀਤੇ ਹਨ। ਉੱਘੇ ਚਿੰਤਕ ਤੇ ਬਾਬਾ ਫ਼ਰੀਦ ਯੂਨੀਵਰਸਿਟੀ ਦੇ ਸਾਬਕਾ ਰਜਿਸਟਰਾਰ ਡਾ. ਪਿਆਰਾ ਲਾਲ ਗਰਗ, ਪੰਜਾਬ ਯੂਨੀਵਰਸਿਟੀ ਦੇ ਸੈਨੇਟਰ ਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੱਤਰ ਡਾ. ਸੁਖਦੇਵ ਸਿੰਘ ਸਿਰਸਾ, ਇੰਡੀਅਨ ਜਰਨਲਿਸਟਸ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਜੰਮੂ, ਸਾਬਕਾ ਪ੍ਰਧਾਨ ਐੱਸ ਐੱਨ ਸਿਨਹਾ, ਸਕੱਤਰ ਜਨਰਲ ਡੀ. ਸੋਮਾ ਸੁੰਦਰ ਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਉੱਪ-ਕੁਲਪਤੀ ਡਾ. ਐੱਚ ਐੱਸ ਧਾਲੀਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੀਡੀਆ ਦੀ ਆਜ਼ਾਦੀ ਉੱਤੇ ਵੱਖ-ਵੱਖ ਢੰਗਾਂ ਨਾਲ ਹਮਲੇ ਕੀਤੇ ਜਾ ਰਹੇ ਹਨ। ਉਨ੍ਹਾਂ ਜੰਤਰ-ਮੰਤਰ ਦੇ ਅੰਦੋਲਨਾਂ ਦੀ ਕਵਰੇਜ ਕਰ ਰਹੇ ਪੱਤਰਕਾਰਾਂ, ਖ਼ਾਸ ਕਰਕੇ ਮਹਿਲਾ ਪੱਤਰਕਾਰਾਂ ਨੂੰ ਨਿਸ਼ਾਨਾ ਬਣਾਉਣ ਤੇ ਉਨ੍ਹਾਂ ਉੱਪਰ ਕੀਤੇ ਤਸ਼ੱਦਦ ਦੀ ਜ਼ੋਰਦਾਰ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਪੱਤਰਕਾਰ ਆਪਣੀ ਪੇਸ਼ੇਵਰ ਜ਼ਿੰਮੇਵਾਰੀ ਨਿਭਾ ਰਹੇ ਸਨ ਤੇ ਉਨ੍ਹਾਂ ਨੇ ਆਪਣੇ ਸ਼ਨਾਖ਼ਤੀ ਕਾਰਡ ਵੀ ਦਿਖਾਏ ਸਨ, ਪਰ ਇਸ ਦੇ ਬਾਵਜੂਦ ਉਨ੍ਹਾਂ ਨਾਲ ਧੱਕੇਸ਼ਾਹੀ ਕੀਤੀ ਗਈ। ਬੁਲਾਰਿਆਂ ਨੇ ਦੋ ਮੁਸਲਿਮ ਮਹਿਲਾ ਪੱਤਰਕਾਰਾਂ ਵਿਰੁੱਧ ਕੀਤੀ ਗਈ ਕਾਰਵਾਈ ਦਾ ਹਵਾਲਾ ਦਿੰਦਿਆਂ ਕਿਹਾ ਕਿ ਮੀਡੀਆ ਨੂੰ ਧਰਮ ਦੇ ਆਧਾਰ 'ਤੇ ਵੰਡਣ ਦੀਆਂ ਕੋਸ਼ਿਸ਼ਾਂ ਵੀ ਚਿੰਤਾ ਦਾ ਵਿਸ਼ਾ ਹਨ। ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਬਾਰੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਬਾਅਦ ਲਗਭਗ ਪੌਣੇ ਪੰਜ ਸਾਲ ਬੀਤ ਜਾਣ ਦੇ ਬਾਵਜੂਦ ਪੱਤਰਕਾਰਾਂ ਦੀਆਂ ਮੰਗਾਂ ਵੱਲ ਕੰਨ ਨਹੀਂ ਧਰਿਆ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰੀ ਇਸ਼ਤਿਹਾਰਬਾਜ਼ੀ ਨੂੰ ਮੀਡੀਆ ਉੱਤੇ ਦਬਾਅ ਬਣਾਉਣ ਲਈ ਵਰਤਿਆ ਜਾ ਰਿਹਾ ਹੈ, ਜਿਸ ਨਾਲ ਮੀਡੀਆ ਦੀ ਸੁਤੰਤਰਤਾ ਤੇ ਨਿਰਪੱਖ ਪੱਤਰਕਾਰੀ ਪ੍ਰਭਾਵਿਤ ਹੋ ਰਹੀ ਹੈ। ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਤੇ ਚੰਡੀਗੜ੍ਹ ਜਰਨਲਿਸਟਸ ਯੂਨੀਅਨ ਦੇ ਸੂਬਾਈ ਚੇਅਰਮੈਨ ਬਲਬੀਰ ਜੰਡੂ, ਪ੍ਰਧਾਨ ਜੈ ਸਿੰਘ ਛਿੱਬਰ ਤੇ ਸਕੱਤਰ ਜਨਰਲ ਸੰਤੋਖ ਗਿੱਲ ਨੇ 16 ਨਵੰਬਰ ਤੋਂ 23 ਨਵੰਬਰ ਤੱਕ ਕੌਮੀ ਪ੍ਰੈੱਸ ਦਿਵਸ ਤੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਸਮਾਗਮ ਤੇ ਸਰਗਰਮੀਆਂ ਪੰਜਾਬ ਭਰ ਵਿੱਚ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪੱਤਰਕਾਰੀ ਦੀ ਆਜ਼ਾਦੀ, ਪੱਤਰਕਾਰਾਂ ਦੀ ਸੁਰੱਖਿਆ ਤੇ ਲੋਕਤੰਤਰਿਕ ਕਦਰਾਂ-ਕੀਮਤਾਂ ਦੀ ਰਾਖੀ ਲਈ ਆਵਾਜ਼ ਬੁਲੰਦ ਕਰਨਾ ਸਮੇਂ ਦੀ ਅਹਿਮ ਲੋੜ ਹੈ। ਸਮਾਗਮ ਨੂੰ ਖ਼ਜ਼ਾਨਚੀ ਬਿੰਦੂ ਸਿੰਘ, ਜਗਤਾਰ ਭੁੱਲਰ, ਜਗਤਾਰ ਸਿੱਧੂ, ਸੁਖਨੈਬ ਸਿੱਧੂ, ਜਗਸੀਰ ਸੰਧੂ, ਤੇਜਿੰਦਰ ਥਿੰਦ ਸਮੇਤ ਹੋਰ ਆਗੂਆਂ ਨੇ ਵੀ ਸੰਬੋਧਨ ਕੀਤਾ। ਸਮਾਗਮ ਵਿੱਚ ਜ਼ਿਲ੍ਹਾ ਬਠਿੰਡਾ ਦੇ ਪ੍ਰਧਾਨ ਪਰਵਿੰਦਰ ਸਿੰਘ ਜੌੜਾ ਸਮੇਤ ਜ਼ਿਲ੍ਹੇ 'ਚੋਂ ਹੋਰ ਮੀਡੀਆ ਨੁਮਾਇੰਦੇ ਸ਼ਾਮਲ ਸਨ।

ਗਿਆਨੀ ਹਰਪ੍ਰੀਤ ਸਿੰਘ ਨੇ ਭਾਈ ਬਗੀਚਾ ਸਿੰਘ ਨਾਲ ਕੀਤੀ ਮੁਲਾਕਾਤ

ਮੁਲਾਕਾਤ ਦੇ ਸਿਆਸੀ ਮਾਇਨਿਆਂ ਨੂੰ ਲੈ ਕੇ ਚਰਚਾ ਸ਼ੁਰੂ



ਸਮਾਣਾ (ਇਕਬਾਲ ਸਿੰਘ ਬੱਲ)-ਸਮਾਣਾ ਹਲਕੇ ਦੀ ਸਿਆਸਤ ਵਿੱਚ ਉਸ ਸਮੇਂ ਨਵੀਂ ਚਰਚਾ ਸ਼ੁਰੂ ਹੋ ਗਈ, ਜਦੋਂ ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਦੇ ਮੁਖੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਚਾਨਕ ਭਾਈ ਬਗੀਚਾ ਸਿੰਘ ਰੱਤਾ ਖੇੜਾ ਦੇ ਦਫ਼ਤਰ ਵਿਖੇ ਪਹੁੰਚੇ।ਉਨ੍ਹਾਂ ਦੀ ਇਸ ਫੇਰੀ ਨੂੰ ਲੈ ਕੇ ਸਿਆਸੀ ਹਲਕਿਆਂ ਵਿੱਚ ਵੱਖ-ਵੱਖ ਤਰ੍ਹਾਂ ਦੀਆਂ ਚਰਚਾਵਾਂ ਸ਼ੁਰੂ ਹੋ ਗਈਆਂ ਹਨ।ਪ੍ਰਾਪਤ ਜਾਣਕਾਰੀ ਅਨੁਸਾਰ ਜਦੋਂ ਗਿਆਨੀ ਹਰਪ੍ਰੀਤ ਸਿੰਘ ਭਾਈ ਬਗੀਚਾ ਸਿੰਘ ਰੱਤਾ ਖੇੜਾ ਦੇ ਦਫ਼ਤਰ ਪਹੁੰਚੇ ਤਾਂ ਉੱਥੇ ਪਹਿਲਾਂ ਹੀ ਕਾਫ਼ੀ ਗਿਣਤੀ ਵਿੱਚ ਸੰਗਤ ਮੌਜੂਦ ਸੀ।ਐਤਵਾਰ ਦਾ ਦਿਨ ਹੋਣ ਕਾਰਨ ਇਲਾਕੇ ਦੇ ਕਈ ਲੋਕ ਆਪਣੇ ਘਰੇਲੂ, ਪਰਿਵਾਰਕ ਤੇ ਹੋਰ ਨਿੱਜੀ ਮਸਲਿਆਂ ਸਬੰਧੀ ਸਲਾਹ-ਮਸ਼ਵਰਾ ਕਰਨ ਲਈ ਵੀ ਦਫ਼ਤਰ ਵਿੱਚ ਆਏ ਹੋਏ ਸਨ।ਇਸ ਦੌਰਾਨ ਗਿਆਨੀ ਹਰਪ੍ਰੀਤ ਸਿੰਘ ਦੀ ਆਮਦ ਨਾਲ ਉੱਥੇ ਮੌਜੂਦ ਲੋਕਾਂ ਵਿੱਚ ਵੀ ਉਤਸੁਕਤਾ ਦੇਖਣ ਨੂੰ ਮਿਲੀ।ਦੱਸਿਆ ਜਾ ਰਿਹਾ ਹੈ ਕਿ ਇਸ ਮੌਕੇ ਦੋਵਾਂ ਆਗੂਆਂ ਵਿਚਕਾਰ ਕਰੀਬ ਡੇਢ ਘੰਟਾ ਬੰਦ ਕਮਰੇ ਵਿੱਚ ਮੀਟਿੰਗ ਹੋਈ।ਮੀਟਿੰਗ ਦੇ ਵੇਰਵਿਆਂ ਨੂੰ ਲੈ ਕੇ ਦੋਵਾਂ ਧਿਰਾਂ ਵੱਲੋਂ ਵੀ ਕੋਈ ਵਿਸਥਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ।ਅਜਿਹੇ ਸਿਆਸੀ ਪਿਛੋਕੜ ਵਿੱਚ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਉਨ੍ਹਾਂ ਦੇ ਦਫ਼ਤਰ ਵਿਖੇ ਪਹੁੰਚ ਕੇ ਮੁਲਾਕਾਤ ਕਰਨਾ ਸਿਆਸੀ ਨਜ਼ਰੀਏ ਤੋਂ ਚਰਚਾ ਦਾ ਵਿਸ਼ਾ ਬਣ ਗਿਆ ਹੈ।ਹਾਲਾਂਕਿ ਗਿਆਨੀ ਹਰਪ੍ਰੀਤ ਸਿੰਘ ਤੇ ਭਾਈ ਬਗੀਚਾ ਸਿੰਘ ਰੱਤਾ ਖੇੜਾ ਵਿਚਕਾਰ ਹੋਈ ਇਸ ਮੁਲਾਕਾਤ ਨੂੰ ਕਿਸੇ ਸੰਭਾਵੀ ਸਿਆਸੀ ਸਮਝੌਤੇ ਜਾਂ ਚੋਣਾਂ ਸਬੰਧੀ ਫ਼ੈਸਲੇ ਨਾਲ ਜੋੜਨਾ ਫਿਲਹਾਲ ਜਲਦਬਾਜ਼ੀ ਹੋਵੇਗੀ।ਫਿਲਹਾਲ ਇਸ ਮੁਲਾਕਾਤ ਨੇ ਇਲਾਕੇ ਦੇ ਸਿਆਸੀ ਹਲਕਿਆਂ ਵਿੱਚ ਚਰਚਾ ਜ਼ਰੂਰ ਛੇੜ ਦਿੱਤੀ ਹੈ।

ਬਾਘਾ ਪੁਰਾਣਾ ਹਲਕਾ ਮੇਰਾ ਆਪਣਾ ਘਰ ਤੇ ਪਰਿਵਾਰ : ਕੁਲਵੰਤ ਮਲੂਕਾ

ਬਠਿੰਡਾ (ਰਾਜੀਵ ਗੋਇਲ)

ਸਵ. ਮਾਤਾ ਬਲਜਿੰਦਰ ਕੌਰ ਦੀ ਯਾਦ ਵਿੱਚ ਚੱਲ ਰਹੇ ਕਲੇਰ ਇੰਟਰਨੈਸ਼ਨਲ ਸਕੂਲ ਸਮਾਧ ਭਾਈ ਦੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ ਵੱਲੋਂ ਆਪਣਾ ਸਿਆਸੀ ਸਫਰ ਸ਼ੁਰੂ ਕਰ ਦਿੱਤਾ ਗਿਆ ਹੈ ਅਤੇ ਉਨ੍ਹਾਂ ਵੱਲੋਂ



ਇਨ੍ਹੀਂ ਦਿਨੀਂ ਕਾਂਗਰਸ ਦੇ ਨਿਸ਼ਾਨ ਹੇਠ ਬਾਘਾ ਪੁਰਾਣਾ ਤੋਂ ਮਿਹਨਤ ਕਰਦੇ ਹੋਏ ਜਿੱਥੇ ਪਾਰਟੀ ਦਾ ਪ੍ਰਚਾਰ ਵੱਡੇ ਪੱਧਰ 'ਤੇ ਕੀਤਾ ਜਾ ਰਿਹਾ ਹੈ, ਉੱਥੇ ਹੀ ਨੁੱਕੜ ਮੀਟਿੰਗਾਂ ਦਾ ਦੌਰ ਵੀ ਜਾਰੀ ਰੱਖਿਆ ਹੋਇਆ ਹੈ। ਗੱਲਬਾਤ ਕਰਦਿਆਂ ਕੁਲਵੰਤ ਸਿੰਘ ਮਲੂਕਾ ਨੇ ਕਿਹਾ ਕਿ ਹਲਕਾ ਬਾਘਾ ਪੁਰਾਣਾ ਮੇਰਾ ਆਪਣਾ ਘਰ ਤੇ ਪਰਿਵਾਰ ਹੈ, ਕਿਉਂਕਿ ਸਾਡੇ ਸਕੂਲ ਵਿੱਚ ਜਿੰਨੇ ਵੀ ਬੱਚੇ ਪੜ੍ਹਦੇ ਹਨ, ਉਹ ਸਾਡੇ ਆਪਣੇ ਪਰਵਾਰਾਂ ਦੇ ਹਨ ਤੇ ਜ਼ਿਆਦਾਤਰ ਇਸੇ ਹਲਕੇ ਦੇ ਹਨ ਅਤੇ ਨਾਲ ਹੀ ਉਨ੍ਹਾਂ ਕਿਹਾ ਕਿ ਉਹ ਪਿਛਲੇ ਕਾਫੀ ਲੰਮੇ ਸਮੇਂ ਤੋਂ ਸਮਾਜਸੇਵਾ ਵੀ ਕਰਦੇ ਆ ਰਹੇ ਹਨ ਤੇ ਆਏ ਵਰ੍ਹੇ ਗਰੀਬ ਲੜਕੀਆਂ ਦੇ ਵਿਆਹ ਕਰਕੇ ਕੰਨਿਆ ਦਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਂ ਆਪਣੇ ਹਲਕੇ ਦੇ ਲੋਕਾਂ ਨਾਲ ਹਮੇਸ਼ਾ ਖੜ੍ਹਾ ਰਹਾਂਗਾ। ਉਧਰ ਦੂਜੇ ਪਾਸੇ ਬਾਘਾ ਪੁਰਾਣਾ ਹਲਕੇ ਦੇ ਲੋਕਾਂ ਵੱਲੋਂ ਵੀ ਮਲੂਕਾ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ।

ਕਾਂਗਰਸ 'ਚ ਸ਼ਾਮਲ ਹੋਣ ਉਪਰੰਤ ਮਰਾੜ ਗੁਰਦੁਆਰਾ ਸਾਹਿਬ ਹੋਏ ਨਤਮਸਤਕ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)-ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਰਾਜ ਬਲਵਿੰਦਰ ਸਿੰਘ ਮਰਾੜ ਨੇ ਧਾਰਮਿਕ ਸਥਾਨਾਂ ਵਿਖੇ ਮੱਥਾ ਟੇਕ ਕੇ ਆਪਣੀ ਨਵੀਂ ਸਿਆਸੀ ਪਾਰੀ ਦੀ ਸ਼ੁਰੂਆਤ ਕੀਤੀ।ਸਭ ਤੋਂ ਪਹਿਲਾਂ ਉਹ ਪਿੰਡ ਸਰਾਏਨਾਗਾ ਦੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਏ।ਇਸ ਤੋਂ ਬਾਅਦ ਸ੍ਰੀ ਮੁਕਤਸਰ ਸਾਹਿਬ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਟੁੱਟੀ ਗੰਢੀ ਸਾਹਿਬ ਵਿਖੇ ਮੱਥਾ ਟੇਕਿਆ।ਇਸ ਮੌਕੇ ਕਾਂਗਰਸੀ ਵਰਕਰਾਂ, ਸਮਰਥਕਾਂ, ਪੰਚਾਂ-ਸਰਪੰਚਾਂ ਤੇ ਇਲਾਕਾ ਵਾਸੀਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜ ਬਲਵਿੰਦਰ ਸਿੰਘ ਮਰਾੜ ਨੇ ਕਾਂਗਰਸ ਹਾਈਕਮਾਂਡ ਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਨੂੰ ਸੇਵਾ ਕਰਨ ਦਾ ਮੌਕਾ ਦਿੱਤਾ ਹੈ, ਜਿਸ ਲਈ ਉਹ ਸਮੁੱਚੀ ਕਾਂਗਰਸ ਲੀਡਰਸ਼ਿਪ ਦੇ ਧੰਨਵਾਦੀ ਹਨ।ਉਨ੍ਹਾਂ ਦੱਸਿਆ ਕਿ ਪਾਰਟੀ ਵਿੱਚ ਸ਼ਾਮਲ ਕਰਵਾਉਣ ਸਮੇਂ ਮੱਲਿਕਾਰਜੁਨ ਖੜਗੇ, ਸੋਨੀਆ ਗਾਂਧੀ, ਰਾਹੁਲ ਗਾਂਧੀ, ਕੇ ਸੀ ਵੇਣੂਗੋਪਾਲ, ਰਾਜੇਸ਼ ਲਿਲੋਠੀਆ, ਪੰਜਾਬ ਕਾਂਗਰਸ ਪ੍ਰਧਾਨ ਪ੍ਰਗਟ ਸਿੰਘ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਤੇ ਸਾਬਕਾ ਪ੍ਰਧਾਨ ਰਾਜਾ ਵੜਿੰਗ ਸਮੇਤ ਕਈ ਆਗੂ ਮੌਜੂਦ ਸਨ।ਸ੍ਰੀ ਮਰਾੜ ਨੇ ਕਿਹਾ ਕਿ ਉਨ੍ਹਾਂ ਦੇ ਪਿਤਾ ਨੇ ਲੰਮਾ ਸਮਾਂ ਇਲਾਕੇ ਦੀ ਸੇਵਾ ਕੀਤੀ ਤੇ ਉਨ੍ਹਾਂ ਦਾ

ਪਾਰਟੀ ਦੀ ਹਰ ਜ਼ਿੰਮੇਵਾਰੀ ਨੂੰ ਪੂਰੀ ਮਿਹਨਤ ਨਾਲ ਨਿਭਾਵਾਂਗਾ



ਵੀ ਟੀਚਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਸ਼ਹਿਰ ਤੇ ਪਿੰਡਾਂ ਦੇ ਵਿਕਾਸ ਲਈ ਕੰਮ ਕੀਤਾ ਜਾਵੇ, ਤਾਂ ਜੋ ਲੋਕ ਉਨ੍ਹਾਂ ਦੇ ਕੰਮਾਂ ਨੂੰ ਯਾਦ ਰੱਖਣ।ਕਾਂਗਰਸ ਵਿੱਚ ਧੜੇਬੰਦੀ ਸਬੰਧੀ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਜਦੋਂ ਉਹ ਪਾਰਟੀ ਵਿੱਚ ਸ਼ਾਮਲ ਹੋਏ ਤਾਂ ਉਨ੍ਹਾਂ ਨੂੰ ਸਾਰੇ ਆਗੂ ਤੇ ਵਰਕਰ ਇੱਕ ਮੰਚ 'ਤੇ ਨਜ਼ਰ ਆਏ। ਉਹ ਸਾਰੇ ਧੜਿਆਂ ਤੇ ਆਗੂਆਂ ਨੂੰ ਨਾਲ ਲੈ ਕੇ ਚੱਲਣਗੇ।ਟਿਕਟ ਦੀ ਦਾਅਵੇਦਾਰੀ ਬਾਰੇ ਉਨ੍ਹਾਂ ਕਿਹਾ ਕਿ ਇਸ ਦਾ ਫੈਸਲਾ ਪਾਰਟੀ ਹਾਈਕਮਾਂਡ ਤੇ ਲੀਡਰਸ਼ਿਪ ਨੇ ਕਰਨਾ ਹੈ।ਫਿਲਹਾਲ ਉਨ੍ਹਾਂ ਦਾ ਧਿਆਨ ਪਾਰਟੀ ਲਈ ਮਿਹਨਤ ਕਰਨ 'ਤੇ ਹੈ ਤੇ ਪਾਰਟੀ ਵੱਲੋਂ ਜਿਹੜੀ ਵੀ ਜ਼ਿੰਮੇਵਾਰੀ ਦਿੱਤੀ ਜਾਵੇਗੀ, ਉਸ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ।

ਰਹਿਬਰ ਚੈਰੀਟੇਬਲ ਹਸਪਤਾਲ ਦੇ ਮੁਫ਼ਤ ਸਿਹਤ ਜਾਂਚ ਕੈਂਪ ਨੂੰ ਭਰਵਾਂ ਹੁੰਗਾਰਾ

ਦੂਜੇ ਦਿਨ 115 ਮਰੀਜ਼ਾਂ ਦੀ ਕੀਤੀ ਮੁਫ਼ਤ ਜਾਂਚ, 7 ਤੱਕ ਜਾਰੀ ਰਹੇਗਾ ਕੈਂਪ

ਭਵਾਨੀਗੜ੍ਹ (ਰਾਜ ਖੁਰਮੀ)-ਲੋਕਾਂ ਨੂੰ ਮਿਆਰੀ ਤੇ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਦੇ ਮਕਸਦ ਨਾਲ ਰਹਿਬਰ ਚੈਰੀਟੇਬਲ ਹਸਪਤਾਲ ਭਵਾਨੀਗੜ੍ਹ ਵੱਲੋਂ 1 ਤੋਂ 7 ਨਵੰਬਰ ਤੱਕ ਲਗਾਏ ਜਾ ਰਹੇ



ਮੁਫ਼ਤ ਸਿਹਤ ਜਾਂਚ ਕੈਂਪ ਨੂੰ ਇਲਾਕਾ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਕੈਂਪ ਦੌਰਾਨ ਮਰੀਜ਼ਾਂ ਦੀ ਲਗਾਤਾਰ ਵਧ ਰਹੀ ਆਮਦ ਤੋਂ ਸਿਹਤ ਜਾਂਚ ਸਬੰਧੀ ਲੋਕਾਂ ਦੇ ਉਤਸ਼ਾਹ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ।ਕੈਂਪ ਦੇ ਦੂਜੇ ਦਿਨ ਕਰੀਬ 115 ਮਰੀਜ਼ਾਂ ਨੇ ਪਹੁੰਚ ਕੇ ਮੁਫ਼ਤ ਸਿਹਤ ਜਾਂਚ ਤੇ ਡਾਕਟਰੀ ਸੇਵਾਵਾਂ ਦਾ ਲਾਭ ਉਠਾਇਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਕੈਂਪ ਦੌਰਾਨ ਮਰੀਜ਼ਾਂ ਨੂੰ ਮੁਫ਼ਤ ਓ.ਪੀ.ਡੀ. ਦੀ ਸਹੂਲਤ ਦੇ ਨਾਲ-ਨਾਲ ਅਲਟਰਾਸਾਊਂਡ, ਲੈਬਾਰਟਰੀ ਟੈਸਟ, ਐਕਸ-ਰੇ ਤੇ ਹਸਪਤਾਲ ਵਿੱਚ ਦਾਖ਼ਲੇ ਵਰਗੀਆਂ ਵੱਖ-ਵੱਖ ਸਿਹਤ ਸੇਵਾਵਾਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ।ਮਾਹਰ ਡਾਕਟਰਾਂ ਵੱਲੋਂ ਮਰੀਜ਼ਾਂ ਦੀ ਸਿਹਤ ਦੀ ਜਾਂਚ ਕਰਕੇ ਉਨ੍ਹਾਂ ਨੂੰ ਲੋੜ ਅਨੁਸਾਰ ਡਾਕਟਰੀ ਸਲਾਹ ਤੇ ਇਲਾਜ ਦਿੱਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਕੈਂਪ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਸਿਹਤ ਸਹੂਲਤਾਂ ਉਨ੍ਹਾਂ ਦੀ ਪਹੁੰਚ ਵਿੱਚ ਮੁਹੱਈਆ ਕਰਵਾਉਣਾ ਤੇ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਕੇ ਉਚਿਤ ਇਲਾਜ ਦੀ ਸਹੂਲਤ ਦੇਣਾ ਹੈ।ਪਹਿਲੇ ਦਿਨ ਤੋਂ ਹੀ ਕੈਂਪ ਨੂੰ ਮਿਲ ਰਹੇ ਹੁੰਗਾਰੇ ਨੇ ਹਸਪਤਾਲ ਪ੍ਰਬੰਧਕਾਂ ਦਾ ਉਤਸ਼ਾਹ ਵਧਾਇਆ ਹੈ।ਅੰਤ ਵਿੱਚ ਹਸਪਤਾਲ ਪ੍ਰਬੰਧਕਾਂ ਨੇ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 7 ਨਵੰਬਰ ਤੱਕ ਚੱਲਣ ਵਾਲੇ ਇਸ ਮੁਫ਼ਤ ਸਿਹਤ ਜਾਂਚ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ : ਡੀ ਸੀ

ਮੰਡੀ ਗੋਬਿੰਦਗੜ੍ਹ ਦੇ ਵਾਰਡ ਨੰ. 21 ਤੇ ਕੋਟਲਾ ਬਜਵਾੜਾ ਵਿਖੇ ਖੇਡ ਸਿਖਲਾਈ ਕੈਂਪ



ਮੰਡੀ ਗੋਬਿੰਦਗੜ੍ਹ/ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਨੌਜਵਾਨਾਂ ਨੂੰ ਖੇਡ ਗਤੀਵਿਧੀਆਂ ਨਾਲ ਜੋੜਨ ਦੇ ਮੰਤਵ ਨਾਲ ਖੇਡ ਵਿਭਾਗ ਵੱਲੋਂ ਜ਼ਿਲ੍ਹੇ ਦੇ ਡਰੱਗ ਹੌਟਸਪੌਟ ਖੇਤਰ ਮੰਡੀ ਗੋਬਿੰਦਗੜ੍ਹ ਦੇ ਵਾਰਡ ਨੰਬਰ 21 ਤੇ ਪਿੰਡ ਕੋਟਲਾ ਬਜਵਾੜਾ ਵਿਖੇ ਵਿਸ਼ੇਸ਼ ਖੇਡ ਸਿਖਲਾਈ ਕੈਂਪ ਲਗਾਏ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਇਨ੍ਹਾਂ ਕੈਂਪਾਂ ਵਿੱਚ ਹਰੇਕ ਸਥਾਨ ਤੋਂ ਕਰੀਬ 30 ਤੋਂ 40 ਨੌਜਵਾਨ ਖਿਡਾਰੀਆਂ ਨੇ ਪੂਰੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ।ਕੈਂਪਾਂ ਦੌਰਾਨ ਖੇਡ ਵਿਭਾਗ ਦੇ ਤਜਰਬੇਕਾਰ ਕੋਚਾਂ ਵੱਲੋਂ ਨੌਜਵਾਨਾਂ ਨੂੰ ਵੱਖ-ਵੱਖ ਖੇਡਾਂ ਦੀ ਮੁੱਢਲੀ ਸਿਖਲਾਈ ਦੇਣ ਦੇ ਨਾਲ-ਨਾਲ ਫਿਟਨੈੱਸ ਟ੍ਰੇਨਿੰਗ ਤੇ ਸਰੀਰਕ ਤੰਦਰੁਸਤੀ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ ਗਈ।ਉਨ੍ਹਾਂ ਦੱਸਿਆ ਕਿ ਇਸ ਮੌਕੇ ਨੌਜਵਾਨਾਂ ਨੂੰ ਖੇਡ ਵਿਭਾਗ ਦੀਆਂ ਵੱਖ-ਵੱਖ ਭਲਾਈ ਸਕੀਮਾਂ, ਜਿਨ੍ਹਾਂ ਵਿੱਚ ਖੇਡ ਵਿੰਗ, ਖੇਡ ਨਰਸਰੀਆਂ ਤੇ ਸਪੋਰਟਸ ਸਕਾਲਰਸ਼ਿਪ ਸਕੀਮਾਂ ਸ਼ਾਮਲ ਹਨ, ਬਾਰੇ ਵੀ ਵਿਸਥਾਰਪੂਰਵਕ ਜਾਣੂ ਕਰਵਾਇਆ ਗਿਆ, ਤਾਂ ਜੋ ਉਹ ਇਨ੍ਹਾਂ ਸਕੀਮਾਂ ਦਾ ਲਾਭ ਉਠਾ ਕੇ ਖੇਡਾਂ ਦੇ ਖੇਤਰ ਵਿੱਚ ਆਪਣਾ ਭਵਿੱਖ ਬਿਹਤਰ ਬਣਾ ਸਕਣ।ਇਸ ਤੋਂ ਇਲਾਵਾ ਪਿੰਡ ਕੋਟਲਾ ਬਜਵਾੜਾ ਵਿਖੇ ਨੌਜਵਾਨਾਂ ਨੂੰ ਖੇਡ ਗਤੀਵਿਧੀਆਂ ਜਾਰੀ ਰੱਖਣ ਲਈ ਵਾਲੀਬਾਲ ਕਿੱਟ ਵੀ ਮੁਹੱਈਆ ਕਰਵਾਈ ਗਈ।ਡਿਪਟੀ ਕਮਿਸ਼ਨਰ ਨੇ ਆਸ ਪ੍ਰਗਟਾਈ ਕਿ ਅਜਿਹੇ ਉਪਰਾਲਿਆਂ ਸਦਕਾ ਨੌਜਵਾਨ ਖੇਡਾਂ ਦੇ ਖੇਤਰ ਵਿੱਚ ਅੱਗੇ ਵਧ ਕੇ ਆਪਣੇ ਪਿੰਡ, ਜ਼ਿਲ੍ਹੇ ਤੇ ਦੇਸ਼ ਦਾ ਨਾਮ ਰੌਸ਼ਨ ਕਰਨਗੇ।ਇਸ ਮੌਕੇ ਖੇਡ ਪ੍ਰੇਮੀ ਅਤੇ ਪਿੰਡ ਵਾਸੀ ਹਾਜ਼ਰ ਸਨ।

ਸ਼੍ਰੋਮਣੀ ਅਕਾਲੀ ਦਲ ਵੱਲੋਂ ਜਥੇਬੰਦਕ ਢਾਂਚੇ ਦਾ ਵਿਸਥਾਰ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਦੇ ਜਥੇਬੰਦਕ ਢਾਂਚੇ ਵਿੱਚ ਕੀਤੇ ਗਏ ਵੱਡੇ ਵਿਸਥਾਰ ਤਹਿਤ ਨਵ-ਨਿਯੁਕਤ ਹੋਏ ਅਹੁਦੇਦਾਰਾਂ ਨੂੰ ਇੱਕ ਸੰਖੇਪ ਸਮਾਗਮ ਦੌਰਾਨ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ ਨੇ ਹਲਕਾ ਨਿਗਰਾਨ ਪਰਮਜੀਤ ਕੌਰ ਵਿਰਕ ਤੇ ਜ਼ਿਲ੍ਹਾ ਯੂਥ ਵਿੰਗ ਦੇ ਪ੍ਰਧਾਨ ਗੁਰਵਿੰਦਰ ਸਿੰਘ ਦੀ ਮੌਜੂਦਗੀ ਵਿੱਚ ਨਵੇਂ ਬਣੇ ਅਹੁਦੇਦਾਰਾਂ ਨੂੰ ਨਿਯੁਕਤ ਪੱਤਰ ਸੌਂਪੇ, ਜਿਨ੍ਹਾਂ ਵਿੱਚ ਬਲਜਿੰਦਰ ਕੌਰ ਭਲਵਾਨ ਸਰਕਲ ਪ੍ਰਧਾਨ ਇਸਤਰੀ ਵਿੰਗ ਧੂਰੀ, ਮਧੂ ਬਾਲਾ ਧੰਦੀਵਾਲ ਮੀਤ ਪ੍ਰਧਾਨ ਹਲਕਾ ਧੂਰੀ ਇਸਤਰੀ ਵਿੰਗ, ਮਾਇਆ ਦੇਵੀ ਭਲਵਾਨ ਜਨਰਲ ਸਕੱਤਰ ਇਸਤਰੀ ਵਿੰਗ ਹਲਕਾ ਧੂਰੀ, ਰਮਨਦੀਪ ਸਿੰਘ ਕੱਕੜਵਾਲ ਸਰਕਲ ਪ੍ਰਧਾਨ ਯੂਥ ਵਿੰਗ, ਪਵਨ ਕੁਮਾਰ ਦੌਲਤਪੁਰ ਸੀਨੀਅਰ ਮੀਤ ਪ੍ਰਧਾਨ ਤੇ ਜਸਵੀਰ ਸਿੰਘ ਵਾਰਡ ਪ੍ਰਧਾਨ ਵਾਰਡ ਨੰਬਰ 17 ਧੂਰੀ ਸ਼ਾਮਲ ਹਨ।ਇਸ ਮੌਕੇ ਆਗੂਆਂ ਨੇ ਨਵੇਂ ਅਹੁਦੇਦਾਰਾਂ ਦਾ ਮੂੰਹ



ਮਿੱਠਾ ਕਰਵਾ ਕੇ ਉਨ੍ਹਾਂ ਨੂੰ ਪਾਰਟੀ ਦੀਆਂ ਨੀਤੀਆਂ ਘਰ-ਘਰ ਪਹੁੰਚਾਉਣ ਤੇ ਦਿਨ-ਰਾਤ ਮਿਹਨਤ ਕਰਨ ਲਈ ਹੱਲਾਸ਼ੇਰੀ ਦਿੱਤੀ।ਇਸ ਮੌਕੇ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਰਣਜੀਤ ਸਿੰਘ ਕਾਤਰੋਂ, ਹਲਕਾ ਨਿਗਰਾਨ ਪਰਮਜੀਤ ਕੌਰ ਵਿਰਕ ਤੇ ਯੂਥ ਪ੍ਰਧਾਨ ਗੁਰਵਿੰਦਰ ਸਿੰਘ ਨੇ ਆਖਿਆ ਕਿ ਅਕਾਲੀ ਦਲ ਹਮੇਸ਼ਾ ਹੀ ਮਿਹਨਤੀ ਤੇ ਵਫ਼ਾਦਾਰ ਵਰਕਰਾਂ ਦਾ ਮਾਣ-ਸਤਿਕਾਰ ਕਰਦਾ ਆਇਆ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਨਵੀਆਂ ਨਿਯੁਕਤੀਆਂ ਨਾਲ ਹਲਕਾ ਧੂਰੀ ਵਿੱਚ ਪਾਰਟੀ ਦੀਆਂ ਜੜ੍ਹਾਂ ਹੋਰ ਮਜ਼ਬੂਤ ਹੋਣਗੀਆਂ ਅਤੇ ਯੂਥ ਤੇ ਇਸਤਰੀ ਵਿੰਗ ਪਿੰਡਾਂ-ਸ਼ਹਿਰਾਂ ਵਿੱਚ ਪਾਰਟੀ ਦਾ ਸੁਨੇਹਾ ਪਹੁੰਚਾਉਣ ਲਈ ਅਹਿਮ ਭੂਮਿਕਾ ਨਿਭਾਏਗਾ। ਇਸ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਰਸ਼ਵਿੰਦਰ ਸਿੰਘ ਰੱਸ਼ੂ ਪੁੰਨਾਵਾਲ, ਨਿਰਭੈ ਸਿੰਘ ਹੇੜੀਕੇ, ਸੰਜੀਵ ਕੁਮਾਰ ਪਿੰਟਾ (ਸ਼ਹਿਰੀ ਪ੍ਰਧਾਨ ਧੂਰੀ), ਸੱਤਿਆ ਦੇਵੀ ਸੰਗਰੂਰ, ਤੇਜ ਕੌਰ ਮੰਗਵਾਲ, ਰਿੰਪੀ ਕੌਰ ਨਾਈਵਾਲ, ਅਮਰੀਕ ਸਿੰਘ (ਐੱਸ.ਸੀ. ਪ੍ਰਧਾਨ ਧੂਰੀ) ਤੇ ਸਰਬਜੀਤ ਸਿੰਘ (ਸਾਬਕਾ ਸਰਪੰਚ ਕਾਤਰੋਂ) ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।


ਭਲਕ ਦੀ ਸੰਗਰੂਰ ਰੈਲੀ ਨਵਾਂ ਇਤਿਹਾਸ ਸਿਰਜੇਗੀ : ਹਰਦਿਆਲ ਕੰਬੋਜ

ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)-ਪੰਜਾਬ ਕਾਂਗਰਸ ਦੇ ਜਨਰਲ ਸਕੱਤਰ ਤੇਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਆਖਿਆ ਕਿ ਕਾਂਗਰਸ ਪਾਰਟੀ ਵੱਲੋਂ 4 ਨਵੰਬਰ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਰੈਲੀ ਜਿੱਥੇ ਕਾਂਗਰਸ ਦੀ ਜਿੱਤ ਦਾ ਰਾਹ ਤੈਅ ਕਰੇਗੀ, ਉੱਥੇ ਵਿਰੋਧੀਆਂ ਦੇ ਭੁਲੇਖੇ ਵੀ ਦੂਰ ਕਰੇਗੀ। ਹਰਦਿਆਲ ਕੰਬੋਜ ਨੇ ਇਹ ਪ੍ਰਗਟਾਵਾ ਇੱਕ ਮੀਟਿੰਗ ਦੌਰਾਨ ਆਪਣੇ ਵਰਕਰਾਂ ਦੀਆਂ ਰੈਲੀ ਸਬੰਧੀ ਡਿਊਟੀਆਂ ਲਾਉਣ ਦੌਰਾਨ ਕੀਤਾ।ਹਰਦਿਆਲ ਕੰਬੋਜ ਨੇ ਆਖਿਆ ਕਿ ਰੈਲੀ ਨੂੰ ਲੈ ਕੇ ਪਾਰਟੀ ਵਰਕਰਾਂ ਤੇ ਸਮਰਥਕਾਂ ਅਤੇ ਲੋਕਾਂ ਅੰਦਰ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ 4 ਨਵੰਬਰ ਦੀ ਸੰਗਰੂਰ ਰੈਲੀ ਕਾਂਗਰਸ ਪਾਰਟੀ ਲਈ ਇਕ ਅਹਿਮ ਰਾਜਨੀਤਕ ਮੌਕਾ ਸਾਬਿਤ ਹੋਵੇਗੀ।ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹਨ ਤੇ ਸੂਬੇ



'ਚ ਬਦਲਾਅ ਦੀ ਉਮੀਦ ਨਾਲ ਕਾਂਗਰਸ ਵੱਲ ਦੇਖ ਰਹੇ ਹਨ।ਰੈਲੀ 'ਚ ਪੂਰੇ ਪੰਜਾਬ ਤੋਂ ਪਾਰਟੀ ਆਗੂਆਂ, ਵਰਕਰਾਂ ਤੇ ਸਮਰਥਕਾਂ ਦੀ ਵੱਡੀ ਸ਼ਮੂਲੀਅਤ ਹੋਵੇਗੀ।ਹਰਦਿਆਲ ਕੰਬੋਜ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਤੇ ਸੂਬੇ ਦੇ ਵਿਕਾਸ ਦੀ ਗੱਲ ਕਰਦੀ ਆਈ ਹੈ।ਵਰਕਰ ਪਿੰਡਾਂ ਤੇ ਸ਼ਹਿਰਾਂ 'ਚ ਲੋਕਾਂ ਨਾਲਲਗਾਤਾਰ ਸੰਪਰਕ ਬਣਾ ਰਹੇ ਹਨ।ਉਨ੍ਹਾਂ ਕਿਹਾ ਕਿ ਸੰਗਰੂਰ ਰੈਲੀ ਰਾਹੀਂ ਪਾਰਟੀ ਦੀਆਂ ਨੀਤੀਆਂ ਤੇ ਲੋਕਾਂ ਦੇ ਮੁੱਦਿਆਂ ਨੂੰ ਹੋਰ ਮਜ਼ਬੂਤੀ ਨਾਲ ਉਠਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਅੱਜ ਲੋਕ 'ਆਪ' ਸਰਕਾਰ ਦੇ ਮਾੜੇ ਰਾਜ ਤੋਂ ਤੰਗ ਪ੍ਰੇਸ਼ਾਨ ਹਨ।ਹਰ ਪਾਸੇ ਕ੍ਰਾਈਮ ਦਾ ਬੋਲਬਾਲਾ ਹੈ ਤੇ ਨਸ਼ਿਆਂ ਦਾ ਹੜ੍ਹ ਵਗ ਰਿਹਾ ਹੈ, ਪਰ ਸਰਕਾਰ ਦੇ ਅਧਿਕਾਰੀ ਤੇ ਨੁਮਾਇੰਦੇ ਸਿਰਫ ਹੱਥ 'ਤੇ ਹੱਥ ਧਰ ਕੇ ਬੈਠੇ ਹਨ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਰੈਲੀ ਦੀ ਸਫਲਤਾ ਲਈ ਪੂਰੀ ਮਿਹਨਤ ਤੇ ਜ਼ਿੰਮੇਵਾਰੀ ਨਾਲ ਆਪਣੀਆਂ ਡਿਊਟੀਆਂ ਨਿਭਾਉਣ।

ਸੁਖਦੇਵ ਪੰਜੇਟਾ ਲੋਕ ਜਨ ਸ਼ਕਤੀ ਪਾਰਟੀ ਦੇ ਵਪਾਰ ਮੰਡਲ ਦੇ ਸੂਬਾ ਪ੍ਰਧਾਨ ਨਿਯੁਕਤ



ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)-ਪ੍ਰਸਿੱਧ ਸਮਾਜ ਸੇਵੀ ਤੇ ਕਾਰੋਬਾਰੀ ਸੁਖਦੇਵ ਸਿੰਘ ਪੰਜੇਟਾ ਵੱਲੋਂ ਪਾਰਟੀ ਪ੍ਰਤੀ ਨਿਭਾਈਆਂ ਜਾ ਰਹੀਆਂ ਸੇਵਾਵਾਂ ਬਦਲੇ ਲੋਕ ਜਨ ਪਾਰਟੀ (ਪਾਸਵਾਨ) ਦੇ ਰਾਸ਼ਟਰੀ ਪ੍ਰਧਾਨ ਕੇਂਦਰੀ ਮੰਤਰੀ ਚਿਰਾਗ ਪਾਸਵਾਨ ਵੱਲੋਂ ਸੁਖਦੇਵ ਸਿੰਘ ਪੰਜੇਟਾ ਨੂੰ ਪੰਜਾਬ ਵਪਾਰ ਮੰਡਲ ਦਾ ਸੂਬਾ ਪ੍ਰਧਾਨ ਨਿਯੁਕਤ ਕੀਤਾ ਗਿਆ। ਸੁਖਦੇਵ ਸਿੰਘ ਪੰਜੇਟਾ ਨੂੰ ਪੰਜਾਬ ਵਪਾਰ ਵਿੰਗ ਦੀ ਵੱਡੀ ਜ਼ਿੰਮੇਵਾਰੀ ਦਾ ਨਿਯੁਕਤੀ ਪੱਤਰ ਪਾਰਟੀ ਸੁਪਰੀਮੋ ਚਿਰਾਗ ਪਾਸਵਾਨ ਵੱਲੋਂ ਉਨ੍ਹਾਂ ਨੂੰ ਇੱਕ ਭਰਵੇਂ ਸਮਾਗਮ ਦੌਰਾਨ ਸੌਂਪਿਆ ਗਿਆ। ਆਪਣੀ ਨਿਯੁਕਤੀ ਲਈ ਸੁਖਦੇਵ ਸਿੰਘ ਪੰਜੇਟਾ ਨੇ ਪਾਰਟੀ ਦੇ ਕੇਂਦਰੀ ਪ੍ਰਧਾਨ ਚਿਰਾਗ ਪਾਸਵਾਨ ਤੇ ਦੂਸਰੇ ਹੋਰ ਸੀਨੀਅਰ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਵਿਸ਼ਵਾਸ ਦਿਵਾਇਆ ਕਿ ਉਹ ਇਮਾਨਦਾਰੀ ਤੇ ਤਨਦੇਹੀ ਨਾਲ ਪਾਰਟੀ ਪ੍ਰਤੀ ਆਪਣੀਆਂ ਸੇਵਾਵਾਂ ਨਿਭਾਉਣਗੇ। ਵਪਾਰ ਦੇ ਖੇਤਰ ਦੇ ਵਿੱਚ ਸੁਖਦੇਵ ਪੰਜੇਟਾ ਦੀ ਕਈ ਦਹਾਕਿਆਂ ਦੀ ਮਿਹਨਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ, ਜਿਨ੍ਹਾਂ ਨੇ ਚੰਡੀਗੜ੍ਹ ਮੋਹਾਲੀ ਪੰਜਾਬ ਹਰਿਆਣਾ ਰਾਜਸਥਾਨ ਤੇ ਹੋਰ ਵੱਖ ਵੱਖ ਸੂਬਿਆਂ ਵਿੱਚ ਵਪਾਰਕ ਤੌਰ 'ਤੇ ਆਪਣੀ ਵੱਡੀ ਪਹਿਚਾਣ ਬਣਾਈ ਹੋਈ ਹੈ। ਨਵੀਂ ਜ਼ਿੰਮੇਵਾਰੀ ਮਿਲਣ 'ਤੇ ਸੁਖਦੇਵ ਸਿੰਘ ਪੰਜੇਟਾ ਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ। ਉਮੀਦ ਜਤਾਈ ਜਾ ਰਹੀ ਹੈ ਕਿ ਉਹ ਪੰਜਾਬ ਦੇ ਵਪਾਰੀਆਂ ਦੀ ਭਲਾਈ ਤੇ ਵਪਾਰਕ ਖੇਤਰ ਦੀ ਮਜ਼ਬੂਤੀ ਲਈ ਆਪਣੀ ਭੂਮਿਕਾ ਨਿਭਾਉਣਗੇ।ਇਸ ਮੌਕੇ ਸੁਖਦੇਵ ਸਿੰਘ ਪੰਜੇਟਾਂ ਨੇ ਭਰੋਸਾ ਦਿਵਾਇਆ ਕਿ ਜੋ ਕੇਂਦਰੀ ਮੰਤਰੀ ਚਿਰਾਗ ਪਾਸਵਾਨ ਵੱਲੋਂ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਇਸ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਵਪਾਰਕ ਭਾਈਚਾਰੇ ਦੇ ਹੱਕ ਵਿੱਚ ਨਿਭਾਉਣਗੇ।

ਨਸ਼ਾ ਤੇ ਗੁੰਡਾਗਰਦੀ ਪੂਰੇ ਸੂਬੇ ਦੇ ਲੋਕਾਂ ਲਈ ਗੰਭੀਰ ਸਮੱਸਿਆ ਬਣੀ : ਬਿੱਟੀ

ਰਾਮਪੁਰਾ ਫੂਲ (ਦਰਸ਼ਨ ਜਿੰਦਲ)-'ਮੈਂ ਇੱਕ ਸੁੰਦਰ ਤੇ ਸੁਰੱਖਿਅਤ ਰਾਮਪੁਰਾ ਫੂਲ ਦੇ ਨਿਰਮਾਣ ਦਾ ਸੁਪਨਾ ਲੈ ਕੇ ਨਿਕਲਿਆ ਹਾਂ।ਇੱਕ ਅਜਿਹਾ ਰਾਮਪੁਰਾ ਫੂਲ, ਜਿੱਥੇ ਮਾਪਿਆਂ ਨੂੰ ਕਿਸੇ ਕੰਮ ਲਈ ਘਰੋਂ ਬਾਹਰ ਜਾ ਰਹੀ ਧੀ ਦੀ ਸੁਰੱਖਿਆ ਤੇ ਜਵਾਨੀ ਦੀ ਦਹਿਲੀਜ਼ 'ਤੇ ਕਦਮ ਰੱਖ ਰਹੇ



ਪੁੱਤਰ ਦੇ ਮਾੜੀ ਸੰਗਤ ਵਿੱਚ ਪੈਣ ਦੀ ਚਿੰਤਾ ਨਾ ਹੋਵੇ।ਅਜਿਹੇ ਰਾਮਪੁਰਾ ਫੂਲ ਦਾ ਸੁਪਨਾ ਇਲਾਕੇ ਦੇ ਲੋਕਾਂ ਦੇ ਸਹਿਯੋਗ ਨਾਲ ਹੀ ਪੂਰਾ ਹੋ ਸਕਦਾ ਹੈ।' ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਮਨਜੀਤ ਸਿੰਘ ਬਿੱਟੀ ਸੈਲਬਰਾਹੀਆ ਨੇ ਸ਼ੁੱਕਰਵਾਰ ਸ਼ਾਮ ਸਥਾਨਕ ਪਟਿਆਲਾ ਮੰਡੀ ਦੀ ਇੱਕ ਗਲੀ ਵਿੱਚ ਕਰਵਾਈ ਗਈ ਨੁੱਕੜ ਮੀਟਿੰਗ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ।ਗਲੀ ਵਾਸੀ ਪ੍ਰਾਪਰਟੀ ਸਲਾਹਕਾਰ ਮਨੀ ਬਾਂਸਲ ਦੀ ਅਗਵਾਈ ਹੇਠ ਕਰਵਾਈ ਗਈ ਇਸ ਨੁੱਕੜ ਮੀਟਿੰਗ ਵਿੱਚ ਇਲਾਕੇ ਦੇ ਵੱਡੀ ਗਿਣਤੀ ਲੋਕਾਂ ਨੇ ਸ਼ਮੂਲੀਅਤ ਕੀਤੀ।ਲੋਕਾਂ ਨੂੰ ਸੰਬੋਧਨ ਕਰਦਿਆਂ ਬਿੱਟੀ ਨੇ ਕਿਹਾ ਕਿ ਨਸ਼ਾ ਤੇ ਲਗਾਤਾਰ ਵਧ ਰਹੀ ਗੁੰਡਾਗਰਦੀ ਅੱਜ ਰਾਮਪੁਰਾ ਸਮੇਤ ਪੂਰੇ ਸੂਬੇ ਦੇ ਲੋਕਾਂ ਲਈ ਗੰਭੀਰ ਸਮੱਸਿਆ ਬਣੀ ਹੋਈ ਹੈ।ਉਨ੍ਹਾਂ ਕਿਹਾ ਕਿ ਜਵਾਨੀ ਦੀ ਦਹਿਲੀਜ਼ 'ਤੇ ਕਦਮ ਰੱਖ ਰਹੇ ਪੁੱਤਰ ਦੇ ਮਾੜੀ ਸੰਗਤ ਵਿੱਚ ਪੈਣ ਤੇ ਕਿਸੇ ਕੰਮ ਲਈ ਘਰੋਂ ਬਾਹਰ ਜਾ ਰਹੀ ਧੀ ਦੀ ਸੁਰੱਖਿਆ ਦਾ ਫ਼ਿਕਰ ਸੂਬੇ ਦੇ ਹਰੇਕ ਪਰਵਾਰ ਲਈ ਚਿੰਤਾ ਦਾ ਵਿਸ਼ਾ ਬਣ ਚੁੱਕਾ ਹੈ।ਬਿੱਟੀ ਨੇ ਕਿਹਾ ਕਿ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਬਦਲਾਅ ਦੇ ਸਬਜ਼ਬਾਗ ਦਿਖਾ ਕੇ ਸੱਤਾ 'ਤੇ ਕਾਬਜ਼ ਹੋਈ ਆਮ ਆਦਮੀ ਪਾਰਟੀ ਆਪਣੇ ਪਿਛਲੇ ਪੰਜ ਸਾਲਾਂ ਦੇ ਕਾਰਜਕਾਲ ਦੌਰਾਨ ਉਕਤ ਸਮੱਸਿਆਵਾਂ ਦੇ ਹੱਲ ਵਿੱਚ ਪੂਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ।ਉਨ੍ਹਾਂ ਦੋਸ਼ ਲਾਇਆ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਸੁਰੱਖਿਅਤ ਮਾਹੌਲ ਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੀ ਬਜਾਏ ਇਸ਼ਤਿਹਾਰਬਾਜ਼ੀ 'ਤੇ ਕਰੋੜਾਂ ਰੁਪਏ ਪਾਣੀ ਵਾਂਗ ਵਹਾਏ ਜਾ ਰਹੇ ਹਨ।ਬਿੱਟੀ ਨੇ ਕਿਹਾ ਕਿ ਸੂਬਾ ਸਰਕਾਰ ਦੀ ਇਸ ਫ਼ਜ਼ੂਲਖ਼ਰਚੀ ਕਾਰਨ ਪਿਛਲੇ ਪੰਜ ਸਾਲਾਂ ਦੌਰਾਨ ਪੰਜਾਬ ਸਿਰ ਕਰਜ਼ਾ ਢਾਈ ਲੱਖ ਕਰੋੜ ਰੁਪਏ ਤੋਂ ਵਧ ਕੇ ਸਾਢੇ ਚਾਰ ਲੱਖ ਕਰੋੜ ਰੁਪਏ ਹੋ ਗਿਆ ਹੈ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸਿੱਖਿਆ ਕ੍ਰਾਂਤੀ ਦਾ ਨਾਅਰਾ ਦੇਣ ਵਾਲੀ ਭਗਵੰਤ ਮਾਨ ਸਰਕਾਰ ਵੱਲੋਂ ਬੱਚਿਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਲਈ ਕੋਈ ਕਦਮ ਨਹੀਂ ਚੁੱਕੇ ਜਾ ਰਹੇ।ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਉਦਾਸੀਨਤਾ ਕਾਰਨ ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਹਾਸਲ ਕਰਨ ਵਾਲੇ ਜ਼ਿਆਦਾਤਰ ਬੱਚੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਵੱਡੇ-ਵੱਡੇ ਨਿੱਜੀ ਸਕੂਲਾਂ ਤੋਂ ਪੜ੍ਹ ਕੇ ਨਿਕਲੇ ਬੱਚਿਆਂ ਦਾ ਮੁਕਾਬਲਾ ਕਰਨ ਵਿੱਚ ਪਿੱਛੇ ਰਹਿ ਜਾਂਦੇ ਹਨ।ਬਿੱਟੀ ਨੇ ਕਿਹਾ ਕਿ ਸੇਵਾ ਕਰਨ ਦਾ ਮੌਕਾ ਮਿਲਣ 'ਤੇ ਹਲਕਾ ਰਾਮਪੁਰਾ ਫੂਲ ਦੇ ਬੱਚਿਆਂ ਨੂੰ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਵਾਸਤੇ ਸਾਰਥਕ ਯਤਨ ਕੀਤੇ ਜਾਣਗੇ।


ਆਈ ਡੀ ਬੀ ਆਈ ਬੈਂਕ ਦੇ ਨਿੱਜੀਕਰਨ ਵਿਰੁੱਧ ਕੇਂਦਰੀ ਟਰੇਡ ਯੂਨੀਅਨਾਂ ਵੱਲੋਂ ਸੰਘਰਸ਼ ਦਾ ਸੱਦਾ

ਕਥਿਤ ਬੇਨਿਯਮੀਆਂ ਦੀ ਜਾਂਚ ਕਰਕੇ ਵਿਕਰੀ ਪ੍ਰਕਿਰਿਆ ਰੋਕਣ ਦੀ ਮੰਗ

ਲੁਧਿਆਣਾ (ਐੱਮ ਐੱਸ ਭਾਟੀਆ)-ਨਵੀਂ ਦਿੱਲੀ ਤੋਂ ਜਾਰੀ ਬਿਆਨ ਵਿੱਚ ਕੇਂਦਰੀ ਟਰੇਡ ਯੂਨੀਅਨਾਂ ਦੇ ਸਾਂਝੇ ਮੰਚ ਨੇ ਭਾਰਤ ਸਰਕਾਰ ਤੇ ਭਾਰਤੀ ਜੀਵਨ ਬੀਮਾ ਨਿਗਮ ਦੀ ਆਈਡੀਬੀਆਈ ਬੈਂਕ ਵਿੱਚ 60.72 ਫ਼ੀਸਦੀ ਹਿੱਸੇਦਾਰੀ ਇੱਕ ਵਿਦੇਸ਼ੀ ਨਿਯੰਤਰਣ ਵਾਲੀ ਨਿੱਜੀ ਸੰਸਥਾ ਨੂੰ ਵੇਚਣ ਦੇ ਫ਼ੈਸਲੇ ਦੀ ਸਖ਼ਤ ਨਿੰਦਾ ਕੀਤੀ ਹੈ।

ਮੰਚ ਨੇ ਕਿਹਾ ਕਿ ਆਈ ਡੀ ਬੀ ਆਈ ਸਿਰਫ਼ ਇੱਕ ਵਪਾਰਕ ਬੈਂਕ ਨਹੀਂ, ਸਗੋਂ ਦੇਸ਼ ਦੇ ਉਦਯੋਗਿਕ ਵਿਕਾਸ ਤੇ ਬੁਨਿਆਦੀ ਢਾਂਚੇ ਦੀ ਉਸਾਰੀ ਵਿੱਚ ਅਹਿਮ ਯੋਗਦਾਨ ਪਾਉਣ ਵਾਲੀ ਜਨਤਕ ਸੰਸਥਾ ਹੈ।ਇਸ ਨੂੰ ਨਿੱਜੀ ਹੱਥਾਂ ਵਿੱਚ ਸੌਂਪਣਾ ਦੇਸ਼ ਦੀ ਆਰਥਿਕ ਪ੍ਰਭੂਸੱਤਾ ਨੂੰ ਕਮਜ਼ੋਰ ਕਰੇਗਾ। ਮੰਚ ਨੇ ਕਿਹਾ ਕਿ ਸਰਕਾਰ ਦੇ ਸਵਦੇਸ਼ੀ ਤੇ ਆਤਮ-ਨਿਰਭਰਤਾ ਦੇ ਦਾਅਵੇ ਉਸ ਸਮੇਂ ਖੋਖਲੇ ਸਾਬਿਤ ਹੁੰਦੇ ਹਨ, ਜਦੋਂ ਉਹ ਰਣਨੀਤਕ ਮਹੱਤਤਾ ਵਾਲੀਆਂ ਜਨਤਕ ਸੰਸਥਾਵਾਂ ਨੂੰ ਵਿਦੇਸ਼ੀ ਪੂੰਜੀ ਦੇ ਹਵਾਲੇ ਕਰ ਰਹੀ ਹੈ।29 ਅਕਤੂਬਰ ਨੂੰ ਬਿਜ਼ਨੈੱਸ ਵਰਲਡ ਵਿੱਚ ਪ੍ਰਕਾਸ਼ਿਤ ਰਿਪੋਰਟ ਦਾ ਹਵਾਲਾ ਦਿੰਦਿਆਂ ਮੰਚ ਨੇ ਆਈ ਡੀ ਬੀ ਆਈ ਦੀ ਵਿਕਰੀ ਪ੍ਰਕਿਰਿਆ ਵਿੱਚ ਕਥਿਤ ਬੇਨਿਯਮੀਆਂ ਬਾਰੇ ਗੰਭੀਰ ਚਿੰਤਾ ਪ੍ਰਗਟਾਈ।ਰਿਪੋਰਟ ਅਨੁਸਾਰ, ਸੋਧੇ ਹੋਏ ਮੁਲਾਂਕਣ ਮਾਪਦੰਡ ਤੈਅ ਕਰਨ ਤੋਂ ਪਹਿਲਾਂ ਹੀ ਬੋਲੀਕਾਰ ਦੀ ਵਿੱਤੀ ਪੇਸ਼ਕਸ਼ ਖੋਲ੍ਹ ਦਿੱਤੀ ਗਈ ਸੀ।ਮੰਚ ਨੇ ਇਸ ਦੀ ਸੁਤੰਤਰ ਤੇ ਸਮਾਂਬੱਧ ਜਾਂਚ ਦੀ ਮੰਗ ਕੀਤੀ ਹੈ।ਸਾਂਝੇ ਮੰਚ ਨੇ ਮੰਗ ਕੀਤੀ ਕਿ ਜਾਂਚ ਮੁਕੰਮਲ ਹੋਣ ਤੱਕ ਵਿਕਰੀ ਪ੍ਰਕਿਰਿਆ ਮੁਅੱਤਲ ਕੀਤੀ ਜਾਵੇ, ਮੁਲਾਂਕਣ ਰਿਪੋਰਟਾਂ ਤੇ ਸਾਰੇ ਸਬੰਧਤ ਦਸਤਾਵੇਜ਼ ਜਨਤਕ ਕੀਤੇ ਜਾਣ, ਮਾਮਲੇ ਦੀ ਸੰਸਦੀ ਪੜਤਾਲ ਕਰਵਾਈ ਜਾਵੇ ਤੇ ਨਿੱਜੀਕਰਨ ਦਾ ਫ਼ੈਸਲਾ ਵਾਪਸ ਲਿਆ ਜਾਵੇ।ਮੰਚ ਨੇ ਆਈ ਡੀ ਬੀ ਆਈ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ ਦੇ ਯੂਨਾਈਟਿਡ ਫੋਰਮ ਵੱਲੋਂ ਦਿੱਤੇ ਹੜਤਾਲ ਦੇ ਸੱਦੇ ਦੀ ਪੂਰੀ ਹਮਾਇਤ ਕਰਦਿਆਂ ਦੇਸ਼ ਭਰ ਦੀਆਂ ਟਰੇਡ ਯੂਨੀਅਨਾਂ ਨੂੰ ਸੰਘਰਸ਼ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਬਿਆਨ ਵਿੱਚ ਕਿਹਾ ਗਿਆ ਹੈ ਕਿ ਆਈ ਡੀ ਬੀ ਆਈ ਦੀ ਰਾਖੀ ਸਿਰਫ਼ ਮੁਲਾਜ਼ਮਾਂ ਦਾ ਮਸਲਾ ਨਹੀਂ, ਸਗੋਂ ਜਨਤਕ ਦੌਲਤ, ਲੋਕਾਂ ਦੇ ਹਿੱਤਾਂ ਤੇ ਦੇਸ਼ ਦੀ ਆਰਥਿਕ ਪ੍ਰਭੂਸੱਤਾ ਦੀ ਰਾਖੀ ਦਾ ਸਵਾਲ ਹੈ।


ਭਗਵੰਤ ਮਾਨ ਨੂੰ ਉਮੀਦਵਾਰ ਐਲਾਨਣ ਦੀ ਖ਼ੁਸ਼ੀ 'ਚ ਲੱਡੂ ਵੰਡੇ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਆਮ ਆਦਮੀ ਪਾਰਟੀ ਵੱਲੋਂ ਅਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਐਲਾਨੀ ਗਈ 40 ਉਮੀਦਵਾਰਾਂ ਦੀ ਪਹਿਲੀ ਸੂਚੀ ਵਿੱਚ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮੁੜ ਹਲਕਾ ਧੂਰੀ ਤੋਂ ਉਮੀਦਵਾਰ ਬਣਾਉਣ ਦੇ ਫ਼ੈਸਲੇ ਦਾ ਸਵਾਗਤ ਕਰਦਿਆਂ ਅਮਨਦੀਪ ਸਿੰਘ ਖਹਿਰਾ ਸਰਪੰਚ ਧੂਰੀ ਵੱਲੋਂ ਇਲਾਕਾ ਨਿਵਾਸੀਆਂ ਤੇ ਆਮ ਆਦਮੀ ਪਾਰਟੀ ਦੇ ਆਗੂਆਂ ਨਾਲ ਮਿਲ ਕੇ ਲੱਡੂ ਵੰਡੇ ਗਏ ਤੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ।ਇਸ ਮੌਕੇ ਗੱਲਬਾਤ ਕਰਦਿਆਂ ਸਰਪੰਚ ਅਮਨਦੀਪ ਸਿੰਘ ਖਹਿਰਾ ਨੇ ਆਖਿਆ ਕਿ ਇਹ ਚੋਣ ਪੂਰੀ ਤਰ੍ਹਾਂ ਵਿਕਾਸ ਦੇ ਮੁੱਦੇ 'ਤੇ ਲੜੀ ਜਾਵੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਧੂਰੀ ਹਲਕੇ ਵਿੱਚ ਰਿਕਾਰਡ ਤੋੜ ਵਿਕਾਸ ਕਾਰਜ ਹੋਏ ਹਨ, ਜਿਨ੍ਹਾਂ ਨਾਲ ਇਲਾਕੇ ਦੀ ਨੁਹਾਰ ਬਦਲ ਗਈ ਹੈ।ਸੜਕਾਂ, ਸਿੱਖਿਆ, ਸਿਹਤ ਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਇਤਿਹਾਸਕ ਕਦਮ ਚੁੱਕੇ ਗਏ ਹਨ।ਉਨ੍ਹਾਂ ਆਖਿਆ ਕਿ ਹਲਕਾ ਧੂਰੀ ਦੇ ਲੋਕ ਆਪਣੇ ਹਰਮਨਪਿਆਰੇ ਮੁੱਖ ਮੰਤਰੀ ਨਾਲ ਚੱਟਾਨ ਵਾਂਗ ਖੜ੍ਹੇ ਹਨ ਤੇ ਅਗਾਮੀ ਚੋਣਾਂ ਵਿੱਚ ਵੀ ਵੱਡੀ ਬਹੁਮਤ ਨਾਲ ਜਿੱਤ ਦਿਵਾ ਕੇ ਵਿਧਾਨ ਸਭਾ ਭੇਜਣਗੇ। ਇਸ ਖ਼ੁਸ਼ੀ ਦੇ ਪ੍ਰੋਗਰਾਮ ਦੌਰਾਨ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਸਥਾਨਕ ਨਿਵਾਸੀ ਹਾਜ਼ਰ ਸਨ, ਜਿਨ੍ਹਾਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਖ਼ੁਸ਼ੀ ਦੀ ਸਾਂਝ ਪਾਈ।

ਸ਼ਿਵਾਲਿਕ ਸਕੂਲ ਵੱਲੋਂ ਵਿੱਦਿਅਕ ਤੇ ਮਨੋਰੰਜਨ ਭਰਪੂਰ ਸੈਰ-ਸਪਾਟੇ ਦਾ ਆਯੋਜਨ

ਜਗਰਾਓਂ (ਅਮਿਤ ਖੰਨਾ)-ਸ਼ਿਵਾਲਿਕ ਮਾਡਲ ਸਕੂਲ ਵੱਲੋਂ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ, ਗਿਆਨ ਵਿੱਚ ਵਾਧੇ ਤੇ ਮਨੋਰੰਜਨ ਦੇ ਉਦੇਸ਼ ਨਾਲ ਇੱਕ ਵਿਸ਼ੇਸ਼ ਵਿੱਦਿਅਕ ਸੈਰ-ਸਪਾਟੇ ਦਾ



ਆਯੋਜਨ ਕੀਤਾ ਗਿਆ।ਇਸ ਸੈਰ-ਸਪਾਟੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਅਸਲ ਜੀਵਨ ਦੇ ਤਜਰਬਿਆਂ, ਇਤਿਹਾਸਕ ਵਿਰਾਸਤਾਂ, ਸੱਭਿਆਚਾਰਕ ਵਿਰਸੇ ਤੇ ਕੁਦਰਤੀ ਸੁੰਦਰਤਾ ਨਾਲ ਜਾਣੂ ਕਰਵਾਉਣਾ ਸੀ।ਇਸ ਵਿਸ਼ੇਸ਼ ਯਾਤਰਾ ਦੌਰਾਨ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਜਮਾਤਾਂ ਅਨੁਸਾਰ ਵੱਖ-ਵੱਖ ਸਥਾਨਾਂ ਦੀ ਸੈਰ ਕਰਵਾਈ ਗਈ।ਨਰਸਰੀ ਤੋਂ ਦੂਜੀ ਜਮਾਤ ਤੱਕ ਦੇ ਨੰਨ੍ਹੇ-ਮੁੰਨੇ ਵਿਦਿਆਰਥੀਆਂ ਨੂੰ ਜ਼ੈਪ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੇ ਵੱਖ-ਵੱਖ ਗਤੀਵਿਧੀਆਂ ਤੇ ਮਨੋਰੰਜਕ ਤਜਰਬਿਆਂ ਦਾ ਭਰਪੂਰ ਆਨੰਦ ਮਾਣਿਆ।ਤੀਜੀ ਤੋਂ ਛੇਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਪਟਿਆਲਾ ਦੇ ਫਨਿਸ਼ ਲੈਂਡ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਪੂਰੇ ਉਤਸ਼ਾਹ ਅਤੇ ਜੋਸ਼ ਨਾਲ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਵਿੱਚ ਹਿੱਸਾ ਲਿਆ।ਇਸੇ ਤਰ੍ਹਾਂ ਛੇਵੀਂ ਤੋਂ ਦਸਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੂੰ ਚੰਡੀਗੜ੍ਹ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੇ ਪ੍ਰਸਿੱਧ ਰਾਕ ਗਾਰਡਨ, ਪਿੰਜੌਰ ਗਾਰਡਨ ਤੇ ਸੁਖਨਾ ਝੀਲ ਦਾ ਦੌਰਾ ਕੀਤਾ।ਇਨ੍ਹਾਂ ਸਥਾਨਾਂ 'ਤੇ ਵਿਦਿਆਰਥੀਆਂ ਨੇ ਕਲਾ, ਇਮਾਰਤੀ ਕਲਾ, ਕੁਦਰਤ ਤੇ ਵਾਤਾਵਰਨ ਦੇ ਵੱਖ-ਵੱਖ ਪਹਿਲੂਆਂ ਨੂੰ ਨੇੜਿਓਂ ਦੇਖਿਆ ਤੇ ਉਨ੍ਹਾਂ ਬਾਰੇ ਮਹੱਤਵਪੂਰਨ ਜਾਣਕਾਰੀ ਪ੍ਰਾਪਤ ਕੀਤੀ।ਇਸ ਮੌਕੇ ਸਕੂਲ ਦੀ ਮੁੱਖ ਅਧਿਆਪਿਕਾ ਸ਼੍ਰੀਮਤੀ ਨੀਲਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਕੇਵਲ ਜਮਾਤ ਦੇ ਕਮਰੇ ਤੱਕ ਸੀਮਿਤ ਨਹੀਂ ਹੈ, ਸਗੋਂ ਜੀਵਨ ਦੇ ਹਰ ਤਜਰਬੇ ਤੋਂ ਸਿੱਖਣਾ ਵੀ ਸਿੱਖਿਆ ਦਾ ਅਨਿੱਖੜਵਾਂ ਅੰਗ ਹੈ।ਉਨ੍ਹਾਂ ਕਿਹਾ ਕਿ ਵਿੱਦਿਅਕ ਸੈਰ-ਸਪਾਟੇ ਬੱਚਿਆਂ ਨੂੰ ਨਵੀਆਂ ਚੀਜ਼ਾਂ ਦੇਖਣ, ਸਮਝਣ ਤੇ ਆਪਣੇ ਗਿਆਨ ਨੂੰ ਵਿਹਾਰਕ ਰੂਪ ਦੇਣ ਦਾ ਮੌਕਾ ਪ੍ਰਦਾਨ ਕਰਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ ਬਣਾਈ ਰੱਖਣ, ਜਗਿਆਸੂ ਬਣੇ ਰਹਿਣ ਤੇ ਹਰ ਤਜਰਬੇ ਤੋਂ ਕੁਝ ਨਵਾਂ ਸਿੱਖਣ ਲਈ ਪ੍ਰੇਰਿਤ ਕੀਤਾ।ਸਕੂਲ ਦੀ ਉਪ-ਪ੍ਰਧਾਨ ਸ਼੍ਰੀਮਤੀ ਇਸ਼ਿਤਾ ਗੁਪਤਾ ਜੀ ਨੇ ਵੀ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਜਿਹੇ ਸੈਰ-ਸਪਾਟੇ ਬੱਚਿਆਂ ਦੇ ਮਾਨਸਿਕ, ਸਮਾਜਿਕ ਤੇ ਬੌਧਿਕ ਵਿਕਾਸ ਵਿੱਚ ਵਿਸ਼ੇਸ਼ ਯੋਗਦਾਨ ਪਾਉਂਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਤਜਰਬਿਆਂ ਤੋਂ ਸਿੱਖਣ, ਕੁਦਰਤ ਅਤੇ ਇਤਿਹਾਸਕ ਵਿਰਾਸਤਾਂ ਦਾ ਸਤਿਕਾਰ ਕਰਨ ਅਤੇ ਜੀਵਨ ਵਿੱਚ ਸਕਾਰਾਤਮਕ ਸੋਚ ਅਪਣਾਉਣ ਦਾ ਸੰਦੇਸ਼ ਦਿੱਤਾ।ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਇਸ ਸਫ਼ਲ ਆਯੋਜਨ ਵਿੱਚ ਸਹਿਯੋਗ ਦੇਣ ਵਾਲੇ ਸਮੂਹ ਅਧਿਆਪਕਾਂ ਤੇ ਕਰਮਚਾਰੀਆਂ ਦਾ ਧੰਨਵਾਦ ਕੀਤਾ ਗਿਆ।

ਆਜ਼ਾਦ ਉਮੀਦਵਾਰ ਰਕੇਸ਼ ਬੱਗਾ ਨੇ ਰਾਜਸੀ ਪਾਰਟੀਆਂ ਨੂੰ ਵਖ਼ਤ ਪਾਇਆ



ਸਨੌਰ (ਰਾਜਿੰਦਰ ਸਿੰਘ ਥਿੰਦ)-ਸਨੌਰ ਵਿਧਾਨ ਸਭਾ ਹਲਕੇ 'ਚ ਆਜ਼ਾਦ ਉਮੀਦਵਾਰ ਰਾਕੇਸ਼ ਬੱਗਾ ਦੀ ਪੂਰੀ ਚੜ੍ਹਤ ਹੋ ਗਈ ਹੈ। ਉਨ੍ਹਾਂ ਦੀ ਹਰਮਨ ਪਿਆਰਤਾ ਨੇ ਵਿਰੋਧੀ ਪਾਰਟੀਆਂ ਦੇ ਸਾਹ ਸੁੱਕ ਰਹੇ ਹਨ। ਪਿੰਡ ਧਰੇੜੀ ਜੱਟਾਂ ਵਿਖੇ ਰਾਕੇਸ਼ ਬੱਗਾ ਦੇ ਹੱਕ ਵਿੱਚ ਧਰਮਿੰਦਰ ਸਿੰਘ ਤੇ ਜਸਵੀਰ ਸਿੰਘ ਵੱਲੋਂ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ।ਇਸ ਮੀਟਿੰਗ ਦੌਰਾਨ ਇਲਾਕੇ ਦੀ ਸਿਆਸਤ ਨੂੰ ਲੈ ਕੇ ਵਿਸ਼ੇਸ਼ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਸਿਆਸੀ ਪਾਰਟੀਆਂ ਨਾਲ ਸਬੰਧਤ ਆਗੂਆਂ ਤੇ ਵਰਕਰਾਂ ਨੇ ਆਪਣੀਆਂ ਪੁਰਾਣੀਆਂ ਪਾਰਟੀਆਂ ਨੂੰ ਅਲਵਿਦਾ ਕਹਿੰਦਿਆਂ ਰਾਕੇਸ਼ ਬੱਗਾ ਦੇ ਨਾਲ ਚੱਲਣ ਦਾ ਫੈਸਲਾ ਕੀਤਾ।ਮੀਟਿੰਗ ਦੌਰਾਨ ਰਾਕੇਸ਼ ਬੱਗਾ ਦਾ ਸਾਥ ਦੇਣ ਵਾਲੇ ਨਵੇਂ ਸਾਥੀਆਂ ਦਾ ਸਵਾਗਤ ਕੀਤਾ ਗਿਆ।ਇਸ ਮੌਕੇ ਬੋਲਦਿਆਂ ਰਾਕੇਸ਼ ਬੱਗਾ ਨੇ ਕਿਹਾ ਕਿ ਲੋਕਾਂ ਵੱਲੋਂ ਦਿੱਤਾ ਜਾ ਰਿਹਾ ਪਿਆਰ ਤੇ ਸਮਰਥਨ ਉਨ੍ਹਾਂ ਲਈ ਵੱਡੀ ਹੌਸਲਾ ਅਫਜ਼ਾਈ ਹੈ।ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਤੇ ਇਲਾਕੇ ਦੇ ਲੋਕਾਂ ਦੀ ਆਵਾਜ਼ ਬਣਨ ਲਈ ਯਤਨਸ਼ੀਲ ਰਹਿਣਗੇ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਲੋਕਾਂ ਨਾਲ ਜੁੜ ਕੇ ਇਲਾਕੇ ਦੀਆਂ ਸਮੱਸਿਆਵਾਂ ਨੂੰ ਸਮਝਣਾ ਤੇ ਲੋਕ ਹਿੱਤਾਂ ਲਈ ਕੰਮ ਕਰਨਾ ਹੈ।ਮੀਟਿੰਗ ਵਿੱਚ ਹਾਜ਼ਰ ਲੋਕਾਂ ਨੇ ਵੀ ਰਾਕੇਸ਼ ਬੱਗਾ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

ਅੱਖਾਂ ਦੇ ਮੁਫ਼ਤ ਚੈੱਕਅੱਪ ਕੈਂਪ 'ਚ 350 ਮਰੀਜ਼ਾਂ ਦੀ ਜਾਂਚ, 50 ਦੇ ਪਾਏ ਲੈਂਜ਼

ਮੋਗਾ (ਇਕਬਾਲ ਸਿੰਘ ਖਹਿਰਾ)-ਪ੍ਰੇਮਸਰ ਦੁਆਰ ਗੁਰਮਤਿ ਪ੍ਰਚਾਰ ਸੇਵਾ ਦਲ (ਰਜਿ.) ਮੋਗਾ ਵੱਲੋਂ ਸੇਵਾ, ਸਿਮਰਨ ਤੇ ਮਨੁੱਖਤਾ ਦੀ ਭਲਾਈ ਦੇ ਉਦੇਸ਼ ਨਾਲ 2 ਨਵੰਬਰ ਸੋਮਵਾਰ ਨੂੰ ਗੁਰਦੁਆਰਾ ਬੀਬੀ ਕਾਹਨ ਕੌਰ ਮੇਨ



ਬਾਜ਼ਾਰ ਮੋਗਾ ਵਿਖੇ ਮੁਫ਼ਤ ਅੱਖਾਂ ਦਾ ਚੈੱਕਅਪ ਕੈਂਪ ਲਗਾਇਆ ਗਿਆ।ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੇ ਇਸ ਕੈਂਪ ਦੌਰਾਨ 350 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਤੇ 50 ਮਰੀਜ਼ਾਂ ਦੇ ਲੈਂਜ਼ ਪਾਏ ਗਏ।ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਵੀ ਵੰਡੀਆਂ ਗਈਆਂ।ਇਸ ਕੈਂਪ ਦਾ ਉਦਘਾਟਨ ਸਮਾਜ ਸੇਵੀ ਮਾਲਵਿਕਾ ਸੂਦ ਵੱਲੋਂ ਕੀਤਾ ਗਿਆ। ਇਸ ਮੌਕੇ ਮੋਗਾ ਦੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਮੇਅਰ ਵਿਨੇਪਾਲ ਕੌਰ ਦੋਧਰੀਆ, ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ, ਭਾਜਪਾ ਦੇ ਹਲਕਾ ਇੰਚਾਰਜ ਡਾ. ਹਰਜੋਤ ਕਮਲ, ਪਰਮਪਾਲ ਸਿੰਘ ਤਖਤੂਪੁਰਾ, ਲਵਲੀ ਸਿੰਗਲਾ, ਆਮ ਆਦਮੀ ਪਾਰਟੀ ਦੀ ਜ਼ਿਲ੍ਹਾ ਸਕੱਤਰ ਜਸਵੀਰ ਕੌਰ ਰਾਏ ਅਤੇ ਹਿਊਮਨ ਰਾਈਟਸ ਵੱਲੋਂ ਸੰਜੀਵ ਅਰੋੜਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਤੋਂ ਇਲਾਵਾ ਭੈਣ ਅਮਰਜੀਤ ਕੌਰ, ਸੁਸ਼ੀਲ ਮੱਡਾ, ਸੌਰਵ ਗੋਇਲ ਸਾਲਾਸਰ ਧਾਮ, ਬਲੱਡ ਸੇਵਾ ਸੁਸਾਇਟੀ ਤੋਂ ਸਤਨਾਮ ਸਿੰਘ ਕੰਡਾ ਤੇ ਸਤਪਾਲ ਸਿੰਘ ਕੰਡਾ, ਲੋਕਲ ਗੁਰਪੁਰਬ ਕਮੇਟੀ ਤੋਂ ਬਲਜੀਤ ਸਿੰਘ ਵਿੱਕੀ ਪ੍ਰਧਾਨ ਅਤੇ ਸਤਨਾਮ ਸਿੰਘ ਬੀ.ਏ., ਸਮਾਜ ਸੇਵੀ ਚੰਚਲ ਪੋਪਲੀ, ਲੱਕੀ ਗਿੱਲ, ਗੁਰਮੁਖ ਭਲਾਈ ਸੰਸਥਾ ਤੋਂ ਜਸਵਿੰਦਰ ਸਿੰਘ ਬਿੱਟੂ, ਮਲਕੀਤ ਸਿੰਘ ਕਲਕੱਤਾ, ਬਲੱਡ ਡੋਨਰ ਸੇਵਾ ਸੁਸਾਇਟੀ ਦੇ ਪ੍ਰਧਾਨ ਗੁਰਨਾਮ ਸਿੰਘ ਲਵਲੀ, ਗੁਰਪ੍ਰੀਤ ਸਿੰਘ ਜੌਹਲ, ਚੜ੍ਹਦੀ ਕਲਾ ਇਮੀਗ੍ਰੇਸ਼ਨ, ਸਾਹਿਤਕਾਰ ਸਭਾ ਤੋਂ ਡਾ. ਸਰਬਜੀਤ ਕੌਰ ਬਰਾੜ ਤੇ ਉੱਘੇ ਸਮਾਜ ਸੇਵਕ ਐੱਸ. ਕੇ. ਬਾਂਸਲ ਨੇ ਵੀ ਸ਼ਿਰਕਤ ਕੀਤੀ। ਇਸ ਤੋਂ ਇਲਾਵਾ ਸ਼ਹਿਰ ਦੀਆਂ ਵੱਖ-ਵੱਖ ਸਮਾਜ ਸੇਵੀ, ਧਾਰਮਿਕ ਤੇ ਰਾਜਨੀਤਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਕੈਂਪ ਵਿੱਚ ਹਾਜ਼ਰੀ ਭਰੀ।

PUNJAB NATIONAL BANK
BRANCH:- Machhiwara. DISTT. LUDHIANA, Punjab. Email:-bo814102@pnb.co.in

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਣ ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਨੇ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤ ਦੀ ਵਿਆਜ ਸਹਿਤ ਮੂਲ ਰਕਮ ਅਤੇ ਵਿਆਜ ਦੀ ਅਦਾਇਗੀ ਕਰਨ ਵਿੱਚ ਉਲੰਘਣਾ ਕੀਤੀ ਹੈ ਅਤੇ ਦਰਸਾਈਆਂ ਸਹੂਲਤਾਂ ਨੂੰ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਜੋਂ ਵਰਗੀਕ੍ਰਿਤ ਕੀਤਾ ਜਾ ਚੁੱਕਾ ਹੈ। ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਨੋਟਿਸ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤੇ 'ਤੇ ਭੇਜੇ ਸਨ, ਕੁਝ ਮਾਮਲਿਆਂ ਵਿੱਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ ਕੁਝ ਮਾਮਲਿਆਂ 'ਚ ਪ੍ਰਾਪਤੀ ਦੀਆਂ ਰਸੀਦਾਂ ਪ੍ਰਾਪਤ ਨਹੀਂ ਹੋਈਆਂ। ਅਜਿਹੇ ਵਿੱਚ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਬਾਰੇ ਪਬਲਿਕ ਨੋਟਿਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

ਜਾਇਦਾਦ ਦੇ ਕਰਜ਼ਦਾਰ/ਗਰੰਟਰ/ ਭਾਈਵਾਲ/ਗਿਰਵੀਕਾਰ	ਗਿਰਵੀ ਐੱਸਟਸ ਦਾ ਵੇਰਵਾ	ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਦੀ ਮਿਤੀ	ਡਿਮਾਂਡ ਨੋਟਿਸ ਦੀ ਮਿਤੀ	ਬਕਾਇਆ ਰਾਸ਼ੀ
(1) (ਕਰਜ਼ਦਾਰ) :-ਅਰੁਣ ਮਨਚੰਦਾ ਪੁੱਤਰ ਸ੍ਰੀ ਕੇਵਲ ਕੁਮਾਰ # ਮਕਾਨ ਨੰ. 1146, ਮੀਆਂ ਮੁਹੱਲਾ, ਮਾਛੀਵਾੜਾ ਖਾਸ, ਮਾਛੀਵਾੜਾ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ। (2) (ਸਹਿ-ਕਰਜ਼ਦਾਰ) : ਸ਼੍ਰੀਮਤੀ ਸੁਮਨ ਰਾਣੀ ਪਤਨੀ ਸ੍ਰੀ ਕੇਵਲ ਕੁਮਾਰ # ਮਕਾਨ ਨੰ. 1146, ਮੀਆਂ ਮੁਹੱਲਾ, ਮਾਛੀਵਾੜਾ ਖਾਸ, ਮਾਛੀਵਾੜਾ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ।	ਅਚੱਲ ਰਿਹਾਇਸ਼ੀ ਜਾਇਦਾਦ ਦਾ ਉਚਿਤ ਗਿਰਵੀਨਾਮਾ, ਜੋ ਕਿ ਕੁੱਲ ਜਾਇਦਾਦ ਰਕਬਾ 0 ਕਨਾਲ 4 ਮਰਲੇ, ਕੁੱਲ ਜ਼ਮੀਨੀ ਰਕਬਾ 27 ਕਨਾਲ 12 ਮਰਲੇ ਦਾ 1/138 ਹਿੱਸਾ, ਖੇਵਟ ਨੰ. 259, ਖਤੌਨੀ ਨੰ. 295, ਮੁਸਤਿਲ ਨੰ. 122//ਕਿਲਾ ਨੰ. 18/1 (5-0), 21/2 (6-12), 22 (8-0), 23 (8-0), ਜਮ੍ਹਾਂਬੰਦੀ ਸਾਲ 2016-2017, ਹੱਦਬਸਤ ਨੰ. 75, ਮਾਛੀਵਾੜਾ-1 ਵਿਖੇ ਸਥਿਤ, ਅਬਾਦੀ ਬੀ ਐੱਸ ਨਗਰ, ਸਬ-ਤਹਿਸੀਲ ਮਾਛੀਵਾੜਾ, ਤਹਿਸੀਲ ਸਮਰਾਲਾ ਅਤੇ ਜ਼ਿਲ੍ਹਾ ਲੁਧਿਆਣਾ, ਬੈਨਾਮਾ ਵਸੀਕਾ ਨੰ. 2018-19/110/1/556 ਮਿਤੀ 22/11/2018 ਅਨੁਸਾਰ ਅਰੁਣ ਮਾਛੀਵਾੜਾ ਪੁੱਤਰ ਕੇਵਲ ਕੁਮਾਰ ਦੇ ਨਾਂਅ।	15-10.2026	02-11.2026	31/10/2026 ਨੂੰ ਰੁਪਏ 15,98,091.75 (ਪੰਦਰਾਂ ਲੱਖ ਅਠਾਨਵੇਂ ਹਜ਼ਾਰ ਇਕਾਨਵੇਂ ਰੁਪਏ ਅਤੇ ਪਚੱਤਰ ਪੈਸੇ ਕੇਵਲ) ਤੁਸੀਂ ਉਕਤ ਰਕਮ 'ਤੇ ਇਕਰਾਰਨਾਮਾ ਦਰ 'ਤੇ ਭਵਿੱਖੀ ਵਿਆਜ ਸਮੇਤ ਅਚਨਚੇਤੀ ਖਰਚੇ, ਲਾਗਤਾਂ, ਚਾਰਜਿਜ਼ ਆਦਿ ਅਦਾ ਕਰਨ ਲਈ ਵੀ ਜ਼ਿੰਮੇਵਾਰ ਹੋ।

ਨੋਟਿਸ ਦੀ ਬਦਲਵੀਂ ਸੇਵਾ ਲਈ ਕਦਮ ਚੁੱਕੇ ਗਏ ਹਨ ਅਤੇ ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ (ਜਦੋਂ ਵੀ ਲਾਗੂਯੋਗ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਰਾਸ਼ੀ ਦੀ ਅਦਾਇਗੀ ਕਰ ਦੇਣ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ ਦੀ ਸੂਰਤ ਵਿੱਚ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਅਧੀਨ ਇਸ ਨੋਟਿਸ ਦੀ ਪ੍ਰਕਾਸ਼ਨ ਮਿਤੀ ਤੋਂ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੇ ਕਦਮ ਚੁੱਕੇ ਜਾਣਗੇ।

ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੇ ਪ੍ਰਾਪਤ ਹੋਣ 'ਤੇ ਤੁਹਾਨੂੰ ਬੈਂਕ ਦੀ ਸਹਿਮਤੀ ਲਏ ਬਗੈਰ ਬਿਜ਼ਨੈੱਸ ਦੇ ਆਮ ਕੰਮ ਧੰਦੇ ਤੋਂ ਸਿਵਾਏ ਉਪਰ ਵਰਨਣ ਸਕਿਉਰਟੀਜ਼ ਦੀ ਡਿਸਪੋਜ਼ਿੰਗ ਜਾਂ ਕੋਈ ਸੌਦੇਬਾਜ਼ੀ ਕਰਨ ਦੀ ਮਨਾਹੀ ਹੋਵੇਗੀ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸੈਕਸ਼ਨ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜਿਆਂ ਦਾ ਸਾਹਮਣਾ ਕਰਨਾ ਹੋਵੇਗਾ।

ਕਰਜ਼ਦਾਰਾਂ/ਗਰੰਟਰਾਂ/ਗਿਰਵੀਕਾਰਾਂ ਨੂੰ ਸੰਬੰਧਤ ਬਰਾਂਚ ਕੋਲੋਂ ਨੋਟਿਸ ਦੀ ਕਾਪੀ ਪ੍ਰਾਪਤ ਕਰ ਲੈਣ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 02.11.2026 ਸਥਾਨ : ਮਾਛੀਵਾੜਾ ਅਧਿਕਾਰਤ ਅਫਸਰ

PUNJAB NATIONAL BANK
BRANCH:- Machhiwara. DISTT. LUDHIANA, Punjab. Email:-bo814102@pnb.co.in

ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਣ ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਨੇ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤ ਦੀ ਵਿਆਜ ਸਹਿਤ ਮੂਲ ਰਕਮ ਅਤੇ ਵਿਆਜ ਦੀ ਅਦਾਇਗੀ ਕਰਨ ਵਿੱਚ ਉਲੰਘਣਾ ਕੀਤੀ ਹੈ ਅਤੇ ਦਰਸਾਈਆਂ ਸਹੂਲਤਾਂ ਨੂੰ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਜੋਂ ਵਰਗੀਕ੍ਰਿਤ ਕੀਤਾ ਜਾ ਚੁੱਕਾ ਹੈ। ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਨੋਟਿਸ ਕਰਜ਼ਦਾਰ (ਕਰਜ਼ਦਾਰਾਂ) ਅਤੇ ਗਰੰਟਰ (ਗਰੰਟਰਾਂ) ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤੇ 'ਤੇ ਭੇਜੇ ਸਨ, ਕੁਝ ਮਾਮਲਿਆਂ ਵਿੱਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ, ਕੁਝ ਮਾਮਲਿਆਂ 'ਚ ਪ੍ਰਾਪਤੀ ਦੀਆਂ ਰਸੀਦਾਂ ਪ੍ਰਾਪਤ ਨਹੀਂ ਹੋਈਆਂ। ਅਜਿਹੇ ਵਿੱਚ ਕਰਜ਼ਦਾਰਾਂ/ਗਰੰਟਰਾਂ ਨੂੰ ਉਕਤ ਬਾਰੇ ਪਬਲਿਕ ਨੋਟਿਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

ਜਾਇਦਾਦ ਦੇ ਕਰਜ਼ਦਾਰ/ਗਰੰਟਰ/ ਭਾਈਵਾਲ/ਗਿਰਵੀਕਾਰ	ਗਿਰਵੀ ਐੱਸਟਸ ਦਾ ਵੇਰਵਾ	ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਦੀ ਮਿਤੀ	ਡਿਮਾਂਡ ਨੋਟਿਸ ਦੀ ਮਿਤੀ	ਬਕਾਇਆ ਰਾਸ਼ੀ
1. (ਕਰਜ਼ਦਾਰ):- ਸ੍ਰੀ ਧਰਮਪਾਲ ਸਿੰਘ ਪੁੱਤਰ ਸ੍ਰੀ ਨਾਮਾ ਰਾਮ # ਐਨ ਆਰ ਆਈ ਕਲੋਨੀ, ਮਾਛੀਵਾੜਾ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ। ਦੂਜਾ ਪਤਾ: ਮਕਾਨ ਨੰ: 2535, ਰੋਪੜ ਰੋਡ, ਮਾਛੀਵਾੜਾ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ। 2. (ਸਹਿ-ਕਰਜ਼ਦਾਰ) : ਸ਼੍ਰੀਮਤੀ ਬਲਜੀਤ ਕੌਰ ਪਤਨੀ ਧਰਮਪਾਲ ਸਿੰਘ # ਐਨ ਆਰ ਆਈ ਕਲੋਨੀ, ਮਾਛੀਵਾੜਾ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ, ਦੂਜਾ ਪਤਾ: ਮਕਾਨ ਨੰ: 2535, ਰੋਪੜ, ਮਾਛੀਵਾੜਾ, ਤਹਿਸੀਲ ਸਮਰਾਲਾ, ਜ਼ਿਲ੍ਹਾ ਲੁਧਿਆਣਾ।	ਰਿਹਾਇਸ਼ੀ ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ ਜੋ ਕਿ ਕੁੱਲ ਜਾਇਦਾਦ ਰਕਬਾ 0 ਕਨਾਲ 5 ਮਰਲਾ, ਕੁੱਲ ਜ਼ਮੀਨ ਰਕਬਾ 24 ਕਨਾਲ 00 ਮਰਲਾ ਦਾ 5/480 ਹਿੱਸਾ, ਖੱਤਾ/ਖਤੌਨੀ ਨੰ: 56/74, ਕਿੱਲੇ ਨੰ: 103//14 (8-0), 15 (8-0), 16 (8-0), ਜਮਾਂਬੰਦੀ ਸਾਲ 2011-2012, ਹੱਦਬਸਤ ਨੰ: 75, ਮਾਛੀਵਾੜਾ ॥ ਵਿਖੇ ਸਥਿਤ, ਤਹਿਸੀਲ ਸਮਰਾਲਾ ਅਤੇ ਜ਼ਿਲ੍ਹਾ ਲੁਧਿਆਣਾ, ਬੈਨਾਮਾ ਵਸੀਕਾ ਨੰ: 144 ਮਿਤੀ 20/05/2015 ਅਨੁਸਾਰ ਸ੍ਰੀ ਧਰਮਪਾਲ ਸਿੰਘ ਭੋਰੀਆ ਪੁੱਤਰ ਸ੍ਰੀ ਨਾਮਾ ਰਾਮ ਦੇ ਨਾਂਅ, ਜਿਸ ਦੀਆਂ ਹੱਦਾਂ ਹੇਠ ਲਿਖੇ ਅਨੁਸਾਰ ਹਨ:। ਪੂਰਬ: ਹੋਰ ਮਾਲਕ, ਪੱਛਮ: ਹੋਰ ਮਾਲਕ, ਉੱਤਰ: ਹੋਰ ਮਾਲਕ, ਦੱਖਣ: ਰਸਤਾ	28-09.2026	02-11.2026	31/10/2026 ਨੂੰ ਰੁਪਏ 16,47,524.52 (ਸੋਲਾਂ ਲੱਖ ਸੰਤਾਲੀ ਹਜ਼ਾਰ ਪੰਜ ਸੌ ਚੌਵੀ ਰੁਪਏ ਅਤੇ ਬਤਾਲੀ ਪੈਸੇ ਕੇਵਲ) ਤੁਸੀਂ ਉਕਤ ਰਕਮ 'ਤੇ ਇਕਰਾਰਨਾਮਾ ਦਰ 'ਤੇ ਭਵਿੱਖੀ ਵਿਆਜ ਸਮੇਤ ਅਚਨਚੇਤੀ ਖਰਚੇ, ਲਾਗਤਾਂ, ਚਾਰਜਿਜ਼ ਆਦਿ ਅਦਾ ਕਰਨ ਦੇ ਵੀ ਜ਼ਿੰਮੇਵਾਰ ਹੋ।

ਨੋਟਿਸ ਦੀ ਬਦਲਵੀਂ ਸੇਵਾ ਲਈ ਕਦਮ ਚੁੱਕੇ ਗਏ ਹਨ ਅਤੇ ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ (ਜਦੋਂ ਵੀ ਲਾਗੂਯੋਗ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਰਾਸ਼ੀ ਦੀ ਅਦਾਇਗੀ ਕਰ ਦੇਣ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ ਦੀ ਸੂਰਤ ਵਿੱਚ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਅਧੀਨ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੇ ਕਦਮ ਚੁੱਕੇ ਜਾਣਗੇ। ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੇ ਪ੍ਰਾਪਤ ਹੋਣ 'ਤੇ ਤੁਹਾਨੂੰ ਬੈਂਕ ਦੀ ਸਹਿਮਤੀ ਲਏ ਬਗੈਰ ਬਿਜ਼ਨੈੱਸ ਦੇ ਆਮ ਕੰਮ ਧੰਦੇ ਤੋਂ ਸਿਵਾਏ ਉਪਰ ਵਰਨਣ ਸਕਿਉਰਟੀਜ਼ ਦੀ ਡਿਸਪੋਜ਼ਿੰਗ ਜਾਂ ਕੋਈ ਸੌਦੇਬਾਜ਼ੀ ਕਰਨ ਦੀ ਮਨਾਹੀ ਹੋਵੇਗੀ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਸੈਕਸ਼ਨ ਦੀ ਉਲੰਘਣਾ ਕਰਨ 'ਤੇ ਗੰਭੀਰ ਨਤੀਜਿਆਂ ਦਾ ਸਾਹਮਣਾ ਕਰਨਾ ਹੋਵੇਗਾ।

ਕਰਜ਼ਦਾਰਾਂ/ਗਰੰਟਰਾਂ/ਗਿਰਵੀਕਾਰਾਂ ਨੂੰ ਸੰਬੰਧਤ ਬਰਾਂਚ ਕੋਲੋਂ ਨੋਟਿਸ ਦੀ ਕਾਪੀ ਪ੍ਰਾਪਤ ਕਰ ਲੈਣ ਦੀ ਵੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ :02.11.2026 ਸਥਾਨ : ਮਾਛੀਵਾੜਾ ਅਧਿਕਾਰਤ ਅਫਸਰ

ਮਾਸਟਰ ਕੇਡਰ ਯੂਨੀਅਨ ਪੰਜਾਬ ਦੀਆਂ ਹੱਕੀ ਮੰਗਾਂ ਸਬੰਧੀ ਸੂਬਾ ਪੱਧਰੀ ਅਜਲਾਸ

ਬਲਜਿੰਦਰ ਸਿੰਘ ਧਾਲੀਵਾਲ ਸੂਬਾ ਪ੍ਰਧਾਨ ਤੇ ਗੁਰਮੀਤ ਸਿੰਘ ਭੁੱਲਰ ਸੂਬਾ ਜਨਰਲ ਸਕੱਤਰ ਚੁਣੇ



ਮੋਗਾ, (ਇਕਬਾਲ ਸਿੰਘ ਖਹਿਰਾ)-ਮਾਸਟਰ ਕੇਡਰ ਯੂਨੀਅਨ ਪੰਜਾਬ ਦਾ ਇੱਕ ਵਿਸ਼ਾਲ ਸੂਬਾ ਪੱਧਰੀ ਅਜਲਾਸ ਸੂਬਾ ਸਰਪਰਸਤ ਗੁਰਪ੍ਰੀਤ ਸਿੰਘ ਰਿਆੜ ਮੁੱਖ ਸਲਾਹਕਾਰ ਮਨਜਿੰਦਰ ਸਿੰਘ ਢਿੱਲੋਂ, ਹਰਮਿੰਦਰ ਸਿੰਘ ਉੱਪਲ, ਮਨਜਿੰਦਰ ਸਿੰਘ ਝਡੇਰ ਦੀ ਯੋਗ ਅਗਵਾਈ ਵਿੱਚ ਮੋਗਾ ਵਿਖੇ ਹੋਇਆ। ਇਸ ਵਿਸ਼ਾਲ ਸੂਬਾ ਪੱਧਰੀ ਅਜਲਾਸ ਵਿੱਚ ਸੂਬੇ ਦੇ 14 ਜ਼ਿਲ੍ਹਿਆਂ ਨੇ ਸ਼ਮੂਲੀਅਤ ਕੀਤੀ।ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਪੱਧਰੀ ਅਜਲਾਸ ਦਾ ਮੁੱਖ ਮੰਤਵ ਮਾਸਟਰ ਕੇਡਰ ਯੂਨੀਅਨ ਪੰਜਾਬ ਨੂੰ ਮਜ਼ਬੂਤ ਕਰਨ ਦੇ ਨਾਲ ਨਾਲ ਜਥੇਬੰਦੀ ਦਾ ਵਿਸਥਾਰ ਕਰਨਾ ਤੇ ਸਰਕਾਰ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਅੱਖਿਓਂ ਪਰੋਖੇ ਕਰਕੇ ਕੀਤੇ ਜਾ ਰਹੇ ਮਤਰੇਈ ਮਾਂ ਵਾਲੇ ਸਲੂਕ ਦੇ ਵਿਰੋਧ ਵਿੱਚ ਸੰਘਰਸ਼ ਕਰਨਾ ਹੈ। ਮਾਸਟਰ ਕੇਡਰ ਯੂਨੀਅਨ ਪੰਜਾਬ ਦੇ ਸੂਬਾ ਪੱਧਰੀ ਅਜਲਾਸ ਵਿੱਚ ਬੋਲਦੇ ਹੋਏ ਗੁਰਿੰਦਰ ਸਿੰਘ ਬਰਾੜ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਸ਼ਮਸ਼ੇਰ ਸਿੰਘ ਜ਼ਿਲ੍ਹਾ ਪ੍ਰਧਾਨ ਮੋਗਾ, ਹਰਜਿੰਦਰ ਸਿੰਘ ਜ਼ਿਲ੍ਹਾ ਜਨਰਲ ਸਕੱਤਰ ਫਾਜ਼ਿਲਕਾ, ਸੁਰਿੰਦਰ ਕੰਬੋਜ ਫਾਜ਼ਿਲਕਾ, ਇੰਦਰਪਾਲ ਸਿੰਘ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਸੁਖਦੇਵ ਰਾਜ ਪੱਟੀ ਜ਼ਿਲ੍ਹਾ ਜਨਰਲ ਸਕੱਤਰ ਤਰਨ ਤਾਰਨ, ਧਰਮਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਫਰੀਦਕੋਟ, ਰਜਿੰਦਰ ਫਰੀਦਕੋਟ ਜਤਿੰਦਰ ਹੰਸ ਫਰੀਦਕੋਟ, ਦਿਲ ਰਾਜਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਵਿਨੇ ਕੁਮਾਰ ਸ਼ਰਮਾ ਨਵਾਂ ਸ਼ਹਿਰ, ਗੁਰਪ੍ਰੀਤ ਸਿੰਘ ਮੋਹਾਲੀ ਓਮ ਪ੍ਰਕਾਸ਼ ਸ੍ਰੀ ਮੁਕਤਸਰ ਸਾਹਿਬ, ਹਰਪ੍ਰੀਤ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ, ਪਰਵਿੰਦਰ ਸਿੰਘ ਬਰਾੜ ਜਲੰਧਰ, ਬੱਬੂ ਸਿੰਘ ਲੁਧਿਆਣਾ ਆਦਿ ਆਗੂਆਂ ਨੇ ਮੰਗ ਕੀਤੀ ਕਿ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਵਾਸਤੇ ਨਵੀਂ ਸੂਬਾ ਪੱਧਰੀ ਟੀਮ ਦਾ ਗਠਨ ਕੀਤਾ ਜਾਵੇ ਤਾਂ ਜੋ ਸੰਘਰਸ਼ਾਂ ਨੂੰ ਹੋਰ ਤਿੱਖਾ ਕੀਤਾ ਜਾ ਸਕੇ।ਗੁਰਪ੍ਰੀਤ ਸਿੰਘ ਰਿਆੜ ਸੂਬਾ ਸਰਪ੍ਰਸਤ, ਮਨਜਿੰਦਰ ਸਿੰਘ ਝਡੇਰ, ਹਰਮਿੰਦਰ ਸਿੰਘ ਉਪਲ ਮੁੱਖ ਸਲਾਹਕਾਰ ਮਨਜਿੰਦਰ ਸਿੰਘ ਢਿੱਲੋਂ ਮੁਖ ਸਲਾਹਕਾਰ ਵੱਲੋਂ ਹਾਊਸ ਦੀ ਪ੍ਰਵਾਨਗੀ ਲੈ ਕੇ ਸਰਵਸੰਮਤੀ ਨਾਲ ਬਲਜਿੰਦਰ ਸਿੰਘ ਧਾਲੀਵਾਲ ਨੂੰ ਦੂਜੀ ਵਾਰ ਮਾਸਟਰ ਕੇਡਰ ਯੂਨੀਅਨ ਪੰਜਾਬ ਦਾ ਸੂਬਾ ਪ੍ਰਧਾਨ ਤੇ ਗੁਰਮੀਤ ਸਿੰਘ ਭੁੱਲਰ ਨੂੰ ਸੂਬਾ ਜਰਨਲ ਸਕੱਤਰ ਚੁਣਿਆ। ਜਥੇਬੰਦੀ ਨੂੰ ਹੋਰ ਵਿਸਥਾਰ ਕਰਦੇ ਹੋਏ ਦਲਜੀਤ ਸਿੰਘ ਸਬਰਵਾਲ ਨੂੰ ਸੂਬਾ ਜੁਆਇੰਟ ਸਕੱਤਰ ਅਮਰਬੀਰ ਸਿੰਘ ਰੰਧਾਵਾ ਨੂੰ ਸੂਬਾ ਸੀਨੀਅਰ ਮੀਤ ਪ੍ਰਧਾਨ ਜਤਿੰਦਰ ਹੰਸ, ਦਿਲ ਰਾਜਜੀਤ ਸਿੰਘ ਕਪੂਰਥਲਾ ਨੂੰ ਸੂਬਾ ਮੀਤ ਪ੍ਰਧਾਨ, ਹਰਸੇਵਕ ਸਿੰਘ ਸਾਧੂਵਾਲ ਤੇ ਰਜਿੰਦਰ ਫਰੀਦਕੋਟ ਨੂੰ ਸੂਬਾ ਜਥੇਬੰਦਕ ਸਕੱਤਰ, ਰਾਜਪਾਲ ਸਿੰਘ ਤਰਨ ਤਾਰਨ ਨੂੰ ਸੂਬਾ ਪ੍ਰੈੱਸ ਸਕੱਤਰ, ਚੰਦਰ ਸ਼ੇਖਰ ਵਰਮਾ ਨੂੰ ਸੂਬਾ ਵਿੱਤ ਸਕੱਤਰ. ਅਮਨਦੀਪ ਸਿੰਘ ਸੂਬਾ ਮੀਡੀਆ ਕੋਆਰਡੀਨੇਟਰ, ਅਸ਼ਵਨੀ ਕੁਮਾਰ ਤੇ ਹਰਪ੍ਰੀਤ ਸਿੰਘ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਸਟੇਟ ਕਮੇਟੀ ਮੈਂਬਰ ਚੁਣਿਆ ਗਿਆ।ਸੂਬਾ ਪੱਧਰੀ ਚੋਣ ਅਜਲਾਸ ਵਿੱਚ ਚੁਣੇ ਗਏ ਆਗੂਆਂ ਵੱਲੋਂ ਮਾਸਟਰ ਕੇਡਰ ਯੂਨੀਅਨ ਪੰਜਾਬ ਨੂੰ ਭਰੋਸਾ ਦਿੱਤਾ ਗਿਆ ਕਿ ਉਹ ਇਮਾਨਦਾਰੀ ਤੇ ਦ੍ਰਿੜਤਾ ਨਾਲ ਅਧਿਆਪਕਾਂ ਦੇ ਮਸਲਿਆਂ ਨੂੰ ਸਰਕਾਰ ਖਿਲਾਫ ਤਿੱਖਾ ਸੰਘਰਸ਼ ਕਰਕੇ ਹੱਲ ਕਰਵਾਉਣਗੇ।

ਇਸ ਸਮੇਂ ਹੋਰਨਾਂ ਤੋਂ ਇਲਾਵਾ ਲਵਜੀਤ ਸਿੰਘ ਬਠਿੰਡਾ ਅਮਨਦੀਪ ਸਿੰਘ ਚੱਕ ਬਖਤੂ (ਬਠਿੰਡਾ), ਅਮਨਦੀਪ ਸਿੰਘ ਮੋਗਾ, ਇੰਦਰਪਾਲ ਸਿੰਘ ਮੋਗਾ, ਨਿਰਮਲ ਸਿੰਘ ਮੋਗਾ, ਗੁਰਪ੍ਰੀਤ ਸਿੰਘ ਮੋਗਾ, ਨਰਿੰਦਰ ਸਿੰਘ ਨਵਾਂ ਸ਼ਹਿਰ, ਅਸ਼ਵਨੀ ਕੁਮਾਰ ਅੰਮ੍ਰਿਤਸਰ, ਮੈਂਬਰ ਮਨਜਿੰਦਰ ਸਿੰਘ ਜੌਹਲ, ਰਣਜੀਤ ਸਿੰਘ ਤਰਨ ਤਾਰਨ, ਜੁਗਰਾਜ ਸਿੰਘ ਤਰਨ ਤਰਨਤਾਰਨ, ਜਗਜੀਤ ਸਿੰਘ ਗਿੱਲ ਅੰਮ੍ਰਿਤਸਰ, ਪਵਨ ਕੁਮਾਰ ਫਾਜ਼ਿਲਕਾ, ਗੁਰਮੀਤ ਸਿੰਘ ਫਿਰੋਜ਼ਪੁਰ, ਬਲਵਿੰਦਰ ਮੱਖੂ, ਪਰਮਪਾਲ ਸਿੰਘ ਰੂਬੀ, ਦਿਲਰਾਜਜੀਤ ਸਿੰਘ ਜ਼ਿਲ੍ਹਾ ਪ੍ਰਧਾਨ ਕਪੂਰਥਲਾ, ਨਰਿੰਦਰ ਸਿੰਘ ਬਾਜਵਾ, ਹਰਦੀਪ ਸਿੰਘ, ਅੰਗਰੇਜ ਸਿੰਘ ਮੋਹਾਲੀ, ਸੁਧੀਰ ਕੁਮਾਰ ਲੁਧਿਆਣਾ, ਦਵਿੰਦਰ ਸਿੰਘ ਕਪੂਰਥਲਾ ਆਦਿ ਹਾਜ਼ਰ ਸਨ।

ਖੱਤਰੀ ਸਭਾ ਨੇ ਲੋੜਵੰਦ ਵਿਦਿਆਰਥੀ ਦੀ ਭਰੀ ਫੀਸ : ਵਿਜੇ ਧੀਰ



ਮੋਗਾ, (ਇਕਬਾਲ ਸਿੰਘ ਖਹਿਰਾ)- ਖੱਤਰੀ ਵਿੱਤੀ ਸਹਾਇਤਾ ਵੈੱਲਫੇਅਰ ਟਰੱਸਟ ਵੱਲੋਂ ਇੱਕ ਲੋੜਵੰਦ ਖੱਤਰੀ ਪਰਵਾਰ ਦੇ ਹੋਣਹਾਰ ਵਿਦਿਆਰਥੀ ਨੂੰ 10 ਹਜ਼ਾਰ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਗਈ। ਇਸ ਸਬੰਧੀ ਜਾਣਕਾਰੀ ਅੱਜ ਇੱਥੇ ਖੱਤਰੀ ਭਵਨ ਵਿਖੇ ਹੋਈ ਇੱਕ ਮੀਟਿੰਗ ਦੌਰਾਨ ਖੱਤਰੀ ਸਭਾ ਦੇ ਚੇਅਰਮੈਨ ਐਡਵੋਕੇਟ ਵਿਜੇ ਧੀਰ ਤੇ ਪ੍ਰਧਾਨ ਡਾ. ਐੱਮ.ਐੱਲ. ਜੈਦਕਾ ਨੇ ਦਿੱਤੀ।ਵਿਜੇ ਧੀਰ ਤੇ ਡਾ. ਜੈਦਕਾ ਨੇ ਦੱਸਿਆ ਕਿ ਖੱਤਰੀ ਸਭਾ ਪੰਜਾਬ ਦੇ ਸਾਬਕਾ ਸੂਬਾ ਪ੍ਰਧਾਨ ਸਵਰਗੀ ਕੇਵਲ ਕ੍ਰਿਸ਼ਨ ਪੁਰੀ ਦੀ ਪ੍ਰੇਰਨਾ ਨਾਲ ਸਥਾਪਤ ਕੀਤੇ ਗਏ 'ਖੱਤਰੀ ਵਿੱਤੀ ਸਹਾਇਤਾ ਵੈੱਲਫੇਅਰ ਟਰੱਸਟ ਮੋਗਾ' ਵੱਲੋਂ ਲਗਾਤਾਰ ਲੋੜਵੰਦ ਪਰਵਾਰਾਂ ਦੇ ਬੱਚਿਆਂ ਦੀ ਪੜ੍ਹਾਈ, ਧੀਆਂ ਦੇ ਵਿਆਹ ਤੇ ਗੰਭੀਰ ਬਿਮਾਰੀਆਂ ਦੇ ਇਲਾਜ ਲਈ ਆਰਥਿਕ ਸਹਾਇਤਾ ਦਿੱਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਖੱਤਰੀ ਸਭਾ ਵੱਲੋਂ ਦਿੱਤੀ ਜਾਂਦੀ ਸਹਾਇਤਾ ਪੂਰੀ ਤਰ੍ਹਾਂ ਨਿਰਪੱਖ ਢੰਗ ਨਾਲ, ਬਿਨਾਂ ਕਿਸੇ ਭੇਦਭਾਵ ਦੇ, ਸਿੱਧੀ ਲੋੜਵੰਦ ਪਰਵਾਰਾਂ ਤੱਕ ਪਹੁੰਚਾਈ ਜਾਂਦੀ ਹੈ।ਇਸ ਮੌਕੇ ਸਭਾ ਦੇ ਮੈਂਬਰ ਬਲਜਿੰਦਰ ਸਿੰਘ ਸਹਿਗਲ, ਸੁਸ਼ੀਲ ਸਿਆਲ, ਸੰਜੀਵ ਕੌੜਾ, ਨਰੇਸ਼ ਧੀਰ, ਕੇਵਲ ਬਾਂਸਲ ਤੇ ਅਸ਼ੋਕ ਕਾਲੀਆ ਮੌਜੂਦ ਸਨ।

ਐਤੀਆਣਾ ਦੇ ਇਤਿਹਾਸ ਬਾਰੇ ਪੁਸਤਕ ਲੋਕ ਅਰਪਣ



ਰਾਏਕੋਟ (ਸੰਤੋਖ ਗਿੱਲ)-ਪਿੰਡ ਐਤੀਆਣਾ ਦੇ ਸੰਖੇਪ ਇਤਿਹਾਸ ਬਾਰੇ ਜਾਣਕਾਰੀ ਭਰਪੂਰ ਤੇ ਗ਼ਦਰੀ ਬਾਬਾ ਚੰਨਣ ਸਿੰਘ ਦਾ ਪਿੰਡ ਲਈ ਯੋਗਦਾਨ ਬਾਰੇ ਰੌਸ਼ਨੀ ਪਾਉਂਦੀ ਕਿਤਾਬ ਸਰਕਾਰੀ ਹਾਈ ਸਕੂਲ ਐਤੀਆਣਾ ਵਿੱਚ ਲੋਕ ਅਰਪਣ ਕੀਤੀ ਗਈ।ਕਿਤਾਬ ਦੇ ਲੇਖਕ ਤੇ ਪਿੰਡ ਦੇ ਸਾਬਕਾ ਸਰਪੰਚ ਲਖਵੀਰ ਸਿੰਘ ਨੇ ਪਿੰਡ ਬੱਝਣ ਤੋਂ ਲੈ ਕੇ ਅੱਜ ਤੱਕ ਦੇ ਇਤਿਹਾਸ ਬਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਗ਼ਦਰੀ ਸੂਰਬੀਰ ਬਾਬਾ ਚੰਨਣ ਸਿੰਘ ਖੰਗੂੜਾ ਵੱਲੋਂ ਪਿੰਡ ਵਿੱਚ ਸਕੂਲ, ਗੁਰਦੁਆਰਾ ਸਾਹਿਬ, ਵਾਤਾਵਰਣ ਦੀ ਸੰਭਾਲ ਲਈ ਪਿੰਡ ਵਿੱਚ ਦਰੱਖ਼ਤ ਲਾਉਣ ਤੋਂ ਲੈ ਕੇ ਪਿੰਡ ਵਿੱਚ ਕਰੀਬ ਇਕ ਸਦੀ ਪਹਿਲਾਂ 1926 ਵਿੱਚ ਪਿੰਡ ਵਿੱਚ ਖੇਤੀਬਾੜੀ ਸਹਿਕਾਰੀ ਸਭਾ ਖੜ੍ਹੀ ਕਰਨ ਵਿੱਚ ਅਹਿਮ ਯੋਗਦਾਨ ਰਿਹਾ ਹੈ।ਉੱਘੇ ਟਰਾਂਸਪੋਰਟ ਕਾਰੋਬਾਰੀ ਸੋਹਣ ਸਿੰਘ ਕਲਕੱਤਾ ਵਾਲਿਆਂ ਦੇ ਸਹਿਯੋਗ ਨਾਲ ਜਾਰੀ ਕੀਤੇ ਇਸ ਪਹਿਲੇ ਐਡੀਸ਼ਨ ਵਿੱਚ ਅਜ਼ਾਦੀ ਤੋਂ ਬਾਅਦ ਬਣੇ ਪਿੰਡ ਦੇ ਸਾਰੇ ਸਰਪੰਚਾਂ, ਸੁਸਾਇਟੀ ਦੇ ਪ੍ਰਧਾਨ ਤੇ ਸਕੱਤਰਾਂ ਬਾਰੇ ਤਸਵੀਰਾਂ ਸਹਿਤ ਜਾਣਕਾਰੀ ਸਾਂਝੀ ਕੀਤੀ ਗਈ ਹੈ। ਇਸ ਮੌਕੇ ਸਾਬਕਾ ਸਰਪੰਚ ਗੁਰਮੀਤ ਸਿੰਘ ਗਿੱਲ, ਸਕੂਲ ਮੁਖੀ ਹਰਪ੍ਰੀਤ ਕੌਰ, ਮਲਕੀਤ ਸਿੰਘ, ਪ੍ਰੀਤਮ ਸਿੰਘ ਸਿਵੀਆ, ਡਾਕਟਰ ਹਰਦਿਆਲ ਸਿੰਘ, ਭਾਈ ਸਾਹਿਬ ਕੁਲਦੀਪ ਸਿੰਘ, ਨੰਬਰਦਾਰ ਰਜਿੰਦਰ ਸਿੰਘ, ਬਲਜੀਤ ਸਿੰਘ ਪ੍ਰਧਾਨ ਸਹਿਕਾਰੀ ਦੁੱਧ ਸਭਾ, ਬਲਾਕ ਸੰਮਤੀ ਸੁਖਮਿੰਦਰ ਕੌਰ ਸਮੇਤ ਹੋਰ ਕਈ ਅਹਿਮ ਸ਼ਖ਼ਸੀਅਤਾਂ ਵੀ ਮੌਜੂਦ ਸਨ।

ਅਸਾਮੀ ਸੂਚਨਾ

ਦੀ ਹਰਦੋਰਵਾਲ ਕਲਾਂ ਬਹੁਮੰਤਵੀ ਸਹਿਕਾਰੀ ਸਭਾ ਲਿਮ: ਹਰਦੋਵਾਲ ਕਲਾਂ ਵੱਲੋਂ ਸਭਾ ਵਿਚ ਸੇਲਜ਼ਮੈਨ ਦੀ ਅਸਾਮੀ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਯੋਗਤਾ ਮਾਨਯੋਗ ਰਜਿਸਟਰਾਰ, ਸਹਿਕਾਰੀ ਸਭਾਵਾਂ, ਪੰਜਾਬ ਚੰਡੀਗੜ੍ਹ ਜੀ ਦੇ ਪੱਤਰ ਨੰ: ਰਸਸ/ਰਿਣ/ਸੀ. ਏ.5/678 ਮਿਤੀ 21.11.2013 ਅਨੁਸਾਰ ਹੋਵੇਗੀ। ਚਾਹਵਾਨ ਵਿਅਕਤੀ ਸਭਾ ਦੇ ਦਫ਼ਤਰ ਵਿਖੇ ਮਿਤੀ 12.11.2026 ਤੱਕ ਆਪਣੀਆਂ ਅਰਜ਼ੀਆਂ ਸਮੇਤ ਦਸਤਾਵੇਜ਼ ਪ੍ਰਧਾਨ ਦੀ ਹਰਦੋਰਵਾਲ ਕਲਾਂ ਬਹੁਮੰਤਵੀ ਸਹਿਕਾਰੀ ਸਭਾ ਲਿਮ: ਹਰਦੋਰਵਾਲ ਕਲਾਂ, ਤਹਿ. ਡੇਰਾਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ ਨੂੰ ਦੇ ਸਕਦੇ ਹਨ। ਇਸ ਉਪਰੰਤ ਉਮੀਦਵਾਰਾਂ ਦੀ ਇੰਟਰਵਿਊ ਮਿਤੀ 13.11.2026 ਨੂੰ ਸਵੇਰੇ 10.00 ਵਜੇ ਸਭਾ ਦੇ ਦਫ਼ਤਰ ਵਿਖੇ ਹੋਵੇਗੀ।

ਸਹੀ/- ਪ੍ਰਧਾਨ ਅਵਤਾਰ ਸਿੰਘ
ਦੀ ਹਰਦੋਰਵਾਲ ਕਲਾਂ ਬਹੁਮੰਤਵੀ, ਸਹਿਕਾਰੀ ਸਭਾ ਲਿਮ: ਹਰਦੋਰਵਾਲ ਕਲਾਂ।

ਚੋਣ ਨੋਟਿਸ

ਹਰ ਆਮ ਤੇ ਖਾਸ ਮੈਂਬਰ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪੁਰਾਣਾ ਵਾਹਲਾ ਜੁਆਇੰਟ ਫਾਰਮਿੰਗ ਸਹਿਕਾਰੀ ਸਭਾ ਲਿਮਟਿਡ, ਤਹਿਸੀਲ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਦੀ ਪ੍ਰਬੰਧਕ ਕਮੇਟੀ ਦੀ ਚੋਣ ਮਿਤੀ 4.11.26 ਅਤੇ 5.11.26 ਨੂੰ ਸਭਾ ਦਫਤਰ ਵਿਖੇ ਹੋ ਰਹੀ ਹੈ।

ਦਲਜੀਤ ਕੌਰ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਡੇਰਾ ਬਾਬਾ ਨਾਨਕ

ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਤਹਿਸੀਲਦਾਰ ਕਮ ਏ.ਸੀ.ਫਸਟ ਗਰੇਡ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ

ਵਿਸ਼ਾ :- ਮਾਲ ਰਿਕਾਰਡ ਪਿੰਡ ਮਿਆਣੀ, ਹੱਦਬਸਤ ਨੰਬਰ :-532, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਨਾਂਅ ਦੀ ਤਬਦੀਲੀ ਉਪਰੰਤ ਇੰਦਰਾਜ਼ ਦਰੁਸਤ ਕਰਨ ਬਾਰੇ (ਦਰਖਾਸਤ ਵੱਲੋਂ ਮਨਜੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ ਵਾਸੀ ਪਿੰਡ ਮਿਆਣੀ, ਤਹਿਸੀਲ ਟਾਂਡਾ)

ਪਬਲਿਕ ਨੋਟਿਸ

ਇਸ ਨੋਟਿਸ ਰਾਹੀਂ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਪਰੋਕਤ ਦਰਖਾਸਤ ਕਰਤਾ ਸ੍ਰੀ ਮਨਜੀਤ ਸਿੰਘ ਵੱਲੋਂ ਇਸ ਦਫਤਰ ਵਿੱਚ ਮਿਤੀ 02-11-2026 ਨੂੰ ਆਪਣੇ ਨਾਂਅ ਦੀ ਦਰੁਸਤੀ ਪਿੰਡ ਮਿਆਣੀ ਦੇ ਮਾਲ ਰਿਕਾਰਡ ਵਿੱਚ ਦਰੁਸਤ ਕਰਾਉਣ ਲਈ ਦਰਖਾਸਤ ਦਿੱਤੀ ਗਈ ਹੈ ਕਿ ਉਸ ਦਾ ਨਾਂਅ ਮਾਲ ਰਿਕਾਰਡ ਪਿੰਡ ਮਿਆਣੀ ਦੀ ਜ਼ਮੀਨ ਵਿੱਚ ਉਸ ਦਾ ਨਾਂਅ ਦੋ ਆਈਡੀਜ਼ ਮਨਜੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ ਅਤੇ ਅਜੀਤ ਸਿੰਘ ਪੁੱਤਰ ਸ੍ਰੀ ਸਰਦਾਰ ਸਿੰਘ ਦਰਜ ਹੈ, ਜਦੋਂ ਕਿ ਉਸ ਦਾ ਪੂਰਾ ਅਤੇ ਸਹੀ ਨਾਂਅ ਮਨਜੀਤ ਸਿੰਘ ਹੈ, ਜਿਸ ਦੇ ਸੰਬੰਧੀ ਦਰਖਾਸਤ ਕਰਤਾ ਵੱਲੋਂ ਆਪਣੇ ਆਧਾਰ ਕਾਰਡ, ਵੋਟਰ ਕਾਰਡ ਅਤੇ ਪੈਨ ਕਾਰਡ ਦੀਆਂ ਕਾਪੀਆਂ ਪੇਸ਼ ਕੀਤੀਆਂ ਗਈਆਂ ਹਨ, ਜਿਹਨਾਂ ਦੇ ਵਿੱਚ ਉਸ ਦਾ ਨਾਂਅ ਮਨਜੀਤ ਸਿੰਘ ਹੀ ਦਰਜ ਹੈ, ਦਰਖਾਸਤ ਕਰਤਾ ਦੇ ਇਸ ਨਾਂਅ ਤਬਦੀਲੀ ਸੰਬੰਧੀ ਕਿਸੇ ਵੀ ਵਿਅਕਤੀ ਨੂੰ ਕੋਈ ਵੀ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਮੇਰੇ ਦਫਤਰ/ਅਦਾਲਤ ਦੇ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ਼ ਇਸ ਨੋਟਿਸ ਦੇ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਦੇ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਵੀ ਇਤਰਾਜ਼ ਕਾਬਲੇ ਸਮਾਇਤ ਨਾ ਹੋਗਾ ਅਤੇ ਨਾਂਅ ਦੀ ਸੋਧ ਕਰ ਦਿੱਤੀ ਜਾਵੇਗੀ।

ਅੱਜ ਮਿਤੀ 02.11.26 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਦੇ ਨਾਲ ਜਾਰੀ ਹੋਇਆ।

ਸਹੀ/- ਤਹਿਸੀਲਦਾਰ ਕਮ ਏ.ਸੀ.ਫਸਟ ਗਰੇਡ ਟਾਂਡਾ।
ਨੰਬਰ : 1208/ਆਰ/2.11.2026

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਮਿਸ ਕਿਰਨਦੀਪ ਕੌਰ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ, ਗੁਰਦਾਸਪੁਰ।
ਮੁਕੱਦਮਾ ਨੰਬਰ:-59/ਐੱਨ. ਟੀ.
ਮਿਤੀ ਰਜੂਆ 14.06.2024,
ਕਿਸਮ ਕੇਸ :- ਤਕਸੀਮ, ਰਕਬਾ ਵਾਕਿਆ ਪਿੰਡ :- ਭੁੰਬਲੀ/379
ਪੇਸ਼ੀ ਮਿਤੀ :-23.11.2026
ਅਨੁਵਾਨ ਕੇਸ : ਹਰਜਿੰਦਰ ਸਿੰਘ ਬਨਾਮ ਬਲਰਾਜ ਸਿੰਘ ਵਗੈਰਾ

ਉੱਤਰਦਾਤਾ ਨੰਬਰ 5. ਗਗਨਦੀਪ ਸਿੰਘ ਪੁੱਤਰ ਸੁਲੱਖਣ ਸਿੰਘ ਪੁੱਤਰ ਵਸਾਵਾ ਸਿੰਘ ਵਾਸੀ ਪਿੰਡ ਭੁੰਬਲੀ, ਤਹਿਸੀਲ ਵਾ ਜ਼ਿਲ੍ਹਾ ਗੁਰਦਾਸਪੁਰ।

ਉਪਰੋਕਤ ਅਨੁਵਾਨ ਕੇਸ ਵਿੱਚ ਖੇਵਟ ਨੰਬਰ 352/309,ਖਤੌਨੀ ਨੰਬਰ 563 ਕੁੱਲ ਰਕਬਾ 18 ਕਨਾਲਾਂ 9 ਮਰਲੇ ਰਕਬਾ ਵਾਕਿਆ ਪਿੰਡ ਭੁੰਬਲੀ ਹੱਦ ਬਸਤ ਨੰਬਰ 379 ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ ਦਾ ਤਕਸੀਮ ਕੇਸ ਨਿਮਨਹਸਤਾਖਰੀ ਦੀ ਅਦਾਲਤ ਵਿੱਚ ਚੱਲ ਰਿਹਾ ਹੈ ਅਤੇ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਉੱਤਰਦਾਤਿਆਂ ਦੀ ਮਾਮੂਲੀ ਤਰੀਕੇ ਨਾਲ ਸੰਮਨ 'ਤੇ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਲਈ ਮਿਤੀ 23.11.2026 ਨੂੰ ਸਵੇਰੇ 10.00 ਵਜੇ ਤਾਰੀਖ ਪੇਸ਼ੀ ਨਿਯਤ ਕਰਕੇ ਇਸ ਨੋਟਿਸ ਅਖ਼ਬਾਰ ਇਸ਼ਤਿਹਾਰ ਰਾਹੀਂ ਉੱਤਰਦਾਤਿਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਤਾਰੀਖ ਉੱਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਆਇਆ ਜਾਵੇ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਇਹ ਨੋਟਿਸ ਅਖ਼ਬਾਰ ਇਸ਼ਤਿਹਾਰ ਮਿਤੀ 19.10.2026 ਨੂੰ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ, ਗੁਰਦਾਸਪੁਰ

ਉੱਤਰ ਰੇਲਵੇ

ਈ-ਨੀਲਾਮੀ ਸੂਚਨਾ

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਨਿਜ ਪ੍ਰਬੰਧਕ/ ਮਾਲਭਾੜਾ, ਉਤਰ ਰੇਲਵੇ, ਫਿਰੋਜ਼ਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

ਨੀਲਾਮੀ ਸੂਚੀ ਨੰ.	ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ	ਕੰਮ ਦਾ ਨਾਮ
EAFZR-SLR26-54	23/11/26 ਨੂੰ 11:00 Hrs.	ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਜ਼ 'ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ) 04652/R1, 04652/F2, 20808/F1, 20498/R1, 14628/F1, 05006/F1 & 04634/F1.

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।

3829/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਕਲਾਸੀਫਾਈਡ ਇਸ਼ਤਿਹਾਰ

Change of Name

I, Balvir Singh S/o Sh. Buta Singh, Village Raghowal, PO. Sagran, Teh. Dasuya, Distt. Hoshiarpur, Pb. India have changed my name Balvir Singh to Singh Balvir.

I, Sukhjinder Kaur D/o Paramjit Singh R/o Vill. Hamiri Khera, Po Udhopur Jalandhar Have Changed My Name as Sukhjinder Kaur to Sukhwinder Kaur, Concerned Please Note.

I Devki Devi Alias Ritu Sharma W/o Satish Kumar R/o H No 117, Main Road, Near Baba Budha Ji Gurudwara, Po Dakoha Distt Jalandhar, Punjab, 144023, I have changed my name from Devki Devi Alias Ritu Sharma to Devki Devi.

I Kanta Kumari W/o Narinder Pal R/o BDO Basti Khatana Rattewal, Teh. Balachar Distt. SBS Nagar Punjab Have changed my name to Kanta Devi. All Please Note.

I, Dimple Chumber S/o Tarsem Lal R/o H No 151, Dhilwan Colony, Maszid Mohalla, Po Dakoha Distt Jalandhar, Punjab, 144023, I have changed my name from Dimple to Dimple Chumber and declare that Dimple is my given name and Chumber is my Surname.

I Dharwinder Singh S/o Lamber Singh Bogan R/o VPO Bhandal Bet, Tehsil and Distt Kapurthala Punjab have changed my name from Dharwinder Singh to Dharminder Singh. Concerned note.

I, Gurpreet Singh S/o Daljit Singh R/o VPO Bhala Pind, Teh Ajanala, Ajnala, Distt. Amritsar, Punjab-143102 have changed my name from Gurpreet Singh to Singh is my surname and Gurpreet is my given name.

I, Gurbhej Singh S/o Subeg Singh R/o Mohalla Chetuana, Guru Ki Wadali Chheharta, Amritsar, PO Chheharta, Distt. Amritsar, Punjab-143105 have changed my name from Gurbhej Singh to Singh is my surname and Gurbhej is my given name.

I, Bhajan Singh S/O Gurdit Singh R/O Vill Talwandi Kuka Po. Maksudpur, Tehsil Bholath, Kapurthala,Pin: 144819, Punjab, India have changed my name from BHAJAN SINGH to BHAJAN as given name and SINGH as surname. All concerned please note.

I, Joginder Kaur W/O Bhajan Singh R/O Vill Talwandi Kuka Po. Maksudpur, Tehsil Bholath, Kapurthala,Pin: 144819, Punjab, India Have Changed My Name From Joginder Kaur To Joginder as given name and KAUR as surname. All concerned please note.

I, Sukhwant Kaur W/o Harbhajan Singh Dhillon R/o Mohalla Pandori, Sultanpur Lodhi, Distt. Kapurthala - 144626, Punjab have changed my name from Sukhwant Kaur to Sukhwant Kaur Dhillon. All concerned please note.

I, Taranvir Singh S/o Harjit kumar R/o Vill. Indna Kalas Ke, PO. Dosanjh Kalan, Teh. Phillaur, Distt. Jalandhar, Punjab have Changed my name from Taranvir Singh to Singh Taranvir (Singh as My Surname). All concerned please note.

I Baljinder Kaur W/o Jasvinder Kumar R/o BX-1331, Near Bawa Ji Mandir, Lamba Pind, Jalandhar have changed my name from Baljinder to Baljinder Kaur.

I Gurpreer S/o Paramjit R/o Kapur Pind, PO Kapur Pind,Distt Jalandhar have change my name from Gurpreet to Gurpreet Sidhu.

I, Anchal Arora W/o Varun Arora R/o 317, Airport Road, Near Meerakot Chowk, Golden City, Miran Kot Kalan, District Amritsar have changed my name from Anchal Arora to Aanchal Arora.

I, Lakhwinder Singh S/o Pal Singh R/o Village Sandpura Tehsil Patti District Tarn Taran have declare that Lakhwinder is my Given name and Singh is my Surname.

I, Ranjit Kaur W/o Lakhwinder Singh R/o Village Sandpura Tehsil Patti District Tarn Taran have declare that Ranjit is my Given name and Kaur is my Surname.

I, Sarbjit Singh s/o Surjan Singh r/o Vill. Gill, Po. Urmar, Teh. Dasuya, Distt. Hoshiarpur have changed my name to Singh Sarbjit. All Please Note.

I, Mamta Devi Alias Manta Devi w/o Surinder Pal r/o Vill.Dhandori, Po. Isharwal, Distt. Jalandhar have changed my name to Mamta Devi. All Please Note.

Change of Name

I, Amarjit Singh s/o Shankar Dass r/o VPO. Kahri, Distt. Hoshiarpur, Punjab have changed my son his name from Sarabpreet to Sarabpreet Sarabpreet. All Please Note.

I, Rekha Gupta w/o Balwinder Gupta r/o H.No. NE-81, Purian Mohalla, Jalandhar declare that Rekha Rani & Rekha Gupta are of one and the same person. All Please Note.

I, Narinder Pal Bhatia s/o Ravinder Kumar r/o H.No. 143, Basant Hills, Block-B, Vill.Chohak Kalan, Distt. Jalandhar have changed my name from Narinder Pal Bhatia to Narinder Pal. All Please Note.

I, Yogesh Kumar Verma s/o Ashwani Kumar r/o 58, New Jawala Nagar, Maqsudan, Grain Market, Jalandhar, Punjab,144008 have changed my name to Yogesh Kumar. All Please Note.

I, Renu W/o Pawan Kumar R/o H.No. WJ- 288, Basti Guzan, Jalandhar, Punjab have changed my name from Renu to Renu Sharma. All Please Note.

I, Rohit Kumar S/o Parveen Kumar R/o House No. 311, Gandhi Nagar, Batala, Distt. Gurdaspur, Punjab have changed my name from Rohit Kumar to Kumar Rohit. That Kumar is my Surname and Rohit is my Given Name. Concerned Note.

I, Deepak Kumar alias Deepak Sharma S/o Madan Lal Sharma R/o H:No: 926, Rose Garden, Near Dilbagh Nagar Extension Jalandhar 144002 (PB.) have changed my name to Deepak Sharma And Father name from Madan Lal to Madan Lal Sharma. All concerned please note.

I, Navdeep Kaur W/o Kulbir Singh R/o VPO. Bham, Tehsil Garhshankar, Distt. Hoshiarpur, Punjab-146103 have changed my name from Navdeep Kaur to Given Name Navdeep & Surname as Kaur. Concerned Note.

I, Zubair Alam S/o Basiruddin R/o Street No. 7, New Rasila Nagar, Phase-II, Basti Danishmanda, Jalandhar, Punjab have changed my name from Zubair Alam to Mohammad Zubair Alam. All concerned please note.

I, Ishrat Jahan W/o Mohammad Zubair Alam R/o Street No. 7, New Rasila Nagar Phase-II, Basti Danishmanda, Jalandhar, Punjab have changed my name from Ishrat Jahan to Ishrat Jhan. All concerned please note.

ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਵਿਭਾਗ ਦੇ ਇੰਚਾਰਜ ਇੰਜੀ. ਮਨੀਸ਼ ਸਚਦੇਵਾ ਦੀ ਗਤੀਸ਼ੀਲ ਅਗਵਾਈ, ਮਾਰਗਦਰਸ਼ਨ ਅਤੇ ਸਹਿਯੋਗ ਹੇਠ ਮਹਾਨ ਭਾਰਤੀ-ਅਮਰੀਕੀ ਭੌਤਿਕ ਵਿਗਿਆਨੀ ਅਤੇ 'ਫਾਈਬਰ ਆਪਟਿਕਸ ਦੇ ਜਨਕ' ਵਜੋਂ ਪ੍ਰਸਿੱਧ ਡਾ. ਨਰਿੰਦਰ ਸਿੰਘ ਕਪਾਨੀ ਦੀ 100ਵੀਂ ਜਨਮ ਵਰ੍ਹੇਗੰਢ ਮੌਕੇ ਸ਼ਰਧਾਂਜਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਉਦੇਸ਼ ਵਿਦਿਆਰਥੀਆਂ ਨੂੰ ਡਾ. ਕਪਾਨੀ ਦੇ ਜੀਵਨ, ਉਪਲਬਧੀਆਂ ਅਤੇ ਵਿਗਿਆਨ ਦੇ ਖੇਤਰ ਵਿੱਚ ਉਨ੍ਹਾਂ ਦੇ ਅਮੁੱਲ ਯੋਗਦਾਨ ਬਾਰੇ ਜਾਣੂ ਕਰਵਾਉਣਾ ਅਤੇ ਆਧੁਨਿਕ ਸੰਚਾਰ ਪ੍ਰਣਾਲੀ ਵਿੱਚ ਫਾਈਬਰ ਆਪਟਿਕਸ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ। ਸਮਾਗਮ ਦੀ ਸ਼ੁਰੂਆਤ ਇੱਕ ਵਿਸ਼ੇਸ਼ ਜਾਗਰੂਕਤਾ ਸੈਸ਼ਨ ਨਾਲ ਹੋਈ। ਇਸ ਦੌਰਾਨ ਇੰਜੀ. ਮਨੀਸ਼ ਸਚਦੇਵਾ ਨੇ ਡਾ. ਨਰਿੰਦਰ ਸਿੰਘ ਕਪਾਨੀ ਦੇ ਜੀਵਨ, ਸਿੱਖਿਆ, ਖੋਜ ਕਾਰਜ ਅਤੇ ਵਿਗਿਆਨਕ ਉਪਲਬਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਫਾਈਬਰ ਆਪਟਿਕਸ ਦੇ ਵਿਕਾਸ ਵਿੱਚ ਡਾ. ਕਪਾਨੀ ਦੇ ਮੋਹਰੀ ਯੋਗਦਾਨ ਬਾਰੇ ਚਾਨਣਾ ਪਾਉਂਦਿਆਂ ਦੱਸਿਆ ਕਿ ਕਿਸ ਤਰ੍ਹਾਂ ਇਸ ਕ੍ਰਾਂਤੀਕਾਰੀ ਤਕਨਾਲੋਜੀ ਨੇ ਆਧੁਨਿਕ ਸੰਚਾਰ ਪ੍ਰਣਾਲੀ, ਹਾਈ-ਸਪੀਡ ਇੰਟਰਨੈੱਟ, ਮੈਡੀਕਲ ਇਮੇਜਿੰਗ ਸਮੇਤ ਕਈ ਖੇਤਰਾਂ ਵਿੱਚ ਮਹੱਤਵਪੂਰਨ ਬਦਲਾਅ ਲਿਆਂਦੇ। ਵਿਦਿਆਰਥੀਆਂ ਨੂੰ ਡਾ. ਕਪਾਨੀ ਦੇ ਜੀਵਨ ਅਤੇ ਵਿਗਿਆਨਕ ਯੋਗਦਾਨ ਨਾਲ ਸਬੰਧਤ ਇੱਕ ਡਾਕੂਮੈਂਟਰੀ ਵੀ ਦਿਖਾਈ ਗਈ। ਸਮਾਗਮ ਨੂੰ ਹੋਰ ਰੋਚਕ ਅਤੇ ਗਿਆਨਵਰਧਕ ਬਣਾਉਣ ਲਈ ਡਾ. ਨਰਿੰਦਰ ਸਿੰਘ ਕਪਾਨੀ ਦੇ ਜੀਵਨ, ਖੋਜਾਂ ਅਤੇ ਉਪਲਬਧੀਆਂ 'ਤੇ ਆਧਾਰਿਤ ਵਿਸ਼ੇਸ਼ ਕੁਇਜ਼ ਮੁਕਾਬਲਾ ਕਰਵਾਇਆ ਗਿਆ। ਸਮਾਗਮ ਦਾ ਵਿਸ਼ੇਸ਼ ਆਕਰਸ਼ਣ ਇਲੈਕਟ੍ਰਾਨਿਕਸ ਅਤੇ ਕਮਿਊਨੀਕੇਸ਼ਨ ਇੰਜੀਨੀਅਰਿੰਗ (ਈ.ਸੀ.ਈ.) ਵਿਭਾਗ ਵੱਲੋਂ 'ਵਾਲ ਆਫ ਫੇਮ' ਦੀ ਸਥਾਪਨਾ ਅਤੇ ਉਦਘਾਟਨ ਰਿਹਾ।ਇਸ ਮੌਕੇ ਟ੍ਰੇਨਿੰਗ ਐਂਡ ਪਲੇਸਮੈਂਟ ਅਫਸਰ ਇੰਜੀ. ਗਗਨਦੀਪ, ਪ੍ਰਿੰਸ ਮਦਾਨ, ਮਿਸ ਪ੍ਰੀਤ ਕਨਵਲ, ਮਿਸ ਮਨਿੰਦਰ ਕੌਰ ਅਤੇ ਮਿਸ ਨਮਰਤਾ, ਲੈਕਚਰਾਰਜ਼ ਵੀ ਮੌਜੂਦ ਰਹੇ।



ਸਿੱਧੂ ਸਮਰਥਕਾਂ ਨੇ ਭਲਕੇ ਸੰਗਰੂਰ ਰੈਲੀ 'ਚ ਪੁੱਜਣ ਲਈ ਕੀਤੇ ਕਮਰ ਕਸੇ

ਚੰਡੀਗੜ੍ਹ (ਸੁਰਜੀਤ ਸੁਮਨ)- ਵਿਧਾਨ ਸਭਾ ਹਲਕਾ ਮੋਹਾਲੀ ਦੇ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਸਮਰਥਕ ਕਾਂਗਰਸੀ ਆਗੂਆਂ ਅਤੇ ਵਰਕਰਾਂ ਵੱਲੋਂ ਭਲਕੇ ਸੰਗਰੂਰ ਰੈਲੀ ਵਿੱਚ ਪੁੱਜ ਲਈ ਤਿਆਰੀਆਂ ਮੁਕੰਮਲ ਕਰ ਰਹੀਆਂ ਹਨ। ਯਾਦ ਰਹੇ ਕਿ ਕਾਂਗਰਸ ਪਾਰਟੀ ਦੇ ਸਿਰਮੌਰ ਆਗੂ ਰਾਹੁਲ ਗਾਂਧੀ 4 ਨਵੰਬਰ ਨੂੰ ਸੰਗਰੂਰ ਪਹੁੰਚ ਰਹੇ ਹਨ।

ਇਸ ਲਈ ਇਸ ਰੈਲੀ/ ਕਾਨਫਰੰਸ ਵਿੱਚ ਹੁਮ-ਹੁਮਾ ਕੇ ਪੁੱਜਣ ਲਈ ਪੁਰਜ਼ੋਰ ਯਤਨ ਕੀਤੇ ਗਏ ਹਨ।ਨਗਰ ਨਿਗਮ ਦੇ ਸਾਬਕਾ ਸੀਨੀਅਰ ਡਿਪਟੀ ਮੇਅਰ ਅਮਰੀਕ ਸਿੰਘ ਸੋਮਲ, ਸੀਨੀਅਰ ਕਾਂਗਰਸੀ ਆਗੂ ਬੂਟਾ ਸਿੰਘਿ ਸੋਹਾਣਾ, ਮੁਲਾਜਮ ਆਗੂ ਲੱਖਾ ਸਿੰਘ, ਠੇਕੇਦਾਰ ਮੋਹਣ ਸਿੰਘ ਬਠਲਾਣਾ, ਗੁਰਵੰਤ ਸਿੰਘ ਛੀਨਾ, ਜਸਪ੍ਰੀਤ ਸਿੰਘ ਗਿੱਲ ਪ੍ਰਧਾਨ ਬਲਾਕ ਸ਼ਹਿਰੀ ਮੋਹਾਲੀ, ਮੁਲਾਜਮ ਆਗੂ ਸੁੱਚਾ ਸਿੰਘ ਕਲੋੜ, ਕੰਵਰਬੀਰ ਸਿੰਘ ਸਿੱਧੂ, ਮਨਜੀਤ ਕੌਰ, ਅਮਨ ਪਾਸਵਾਨ ਦੋਵੇਂ ਕੌਂਸਲਰ, ਪ੍ਰਦੀਪ ਸਿੰਘ ਤੰਗੋਰੀ ਪ੍ਰਧਾਨ ਬਲਾਕ ਦਿਹਾਤੀ ਮੋਹਾਲੀ, ਮਾਈਨੋਰਟੀ ਡਿਪਾਰਟਮੈਂਟ ਕਨਵੀਨਰ ਸ੍ਰੀ ਇਮਰਾਨ ਖਾਨ ਹੈਪੀ ਮਲਿਕ, ਅਸ਼ੋਕ ਕੌਂਡਲ, ਨਵਦੀਪ ਸਿੰਘ ਨਵੀ ਸੰਧੂ, ਲਖਵਿੰਦਰ ਸਿੰਘ ਕਾਲਾ ਸਾਰੇ ਮੰਡਲ ਪ੍ਰਧਾਨ, ਮੁਕੁਲ ਸ਼ਰਮਾਂ ਯੂਥ ਪ੍ਰਧਾਨ ਹਲਕਾ ਮੋਹਾਲੀ, ਜਗਦੀਸ਼ ਸਿੰਘ ਜੱਗਾ, ਰੁਪਿੰਦਰ ਕੌਰ ਰੀਨਾ, ਸੁਰਿੰਦਰ ਰਾਜਪੂਤ, ਜਸਬੀਰ ਸਿੰਘ ਮਣਕੂ, ਪ੍ਰਿੰਸੀਪਲ ਗੁਰਮੁਖ ਸਿੰਘ, ਮਾਸਟਰ ਚਰਨ ਸਿੰਘ, ਸਾਰੇ ਸਾਬਕਾ ਕੌਂਸਲਰ, ਮਨਜੀਤ ਸਿੰਘ ਤਗੋਰੀ ਸਾਬਕਾ ਮੀਤ ਚੇਅਰਮੈਨ ਬਲਾਕ ਸੰਮਤੀ ਖਰੜ, ਜਸਵਿੰਦਰ ਸ਼ਰਮਾਂ ਫੇਸ 10, ਬਲਬੀਰ ਸਿੰਘ ਘੱਗ੍ਹਾ, ਗੁਰਸੇਵ ਸਿੰਘ ਮੌਲੀ ਬੈਦਵਾਨ, ਆਈ ਟੀ ਸੇਲ ਇੰਚਾਰਜ ਪਰਮਜੀਤ ਸਿੰਘ ਚੌਹਾਨ, ਬਲਜਿੰਦਰ ਲੱਕੀ, ਜਸਵਿੰਦਰ ਸਿੰਘ ਪੱਪਾ ਸਾਬਕਾ ਸਰਪੰਚ ਗਿੱਦੜਪੁਰ, ਨਾਹਰ ਸਿੰਘ ਸਰਪੰਚ ਕੁਰੜੀ, ਗੁਰਦੀਪ ਸਿੰਘ ਮੌਲੀ ਬੈਦਵਾਨ, ਸਰਬਜੀਤ ਸਿੰਘ ਮੌਲੀ ਬੈਦਵਾਨ, ਪਰਮਿੰਦਰ ਸਿੰਘ ਰਹਿਲ, ਰਾਜੇਸ਼ ਲੱਖੋਤਰਾਂ, ਮਲਕੀਤ ਸਿੰਘ ਮਟੌਰ, ਸਾਬਕਾ ਸਰਪੰਚ ਅਮਰੀਕ ਸਿੰਘ ਮਟੌਰ, ਚੋਧਰੀ ਰਿਸ਼ੀਪਾਲ ਸਨੇਟਾਂ, ਸਾਬਕਾ ਸਰਪੰਚ ਭਗਤ ਰਾਮ ਸਨੇਟਾਂ, ਪ੍ਰੀਤਕਮਲ ਸੈਣੀ ਸੈਕਟਰ 78, ਲਖਮੀਰ ਸਿੰਘ ਕਾਲਾ ਪੱਤੋਂ, ਮੁਕਤਿਆਰ ਸਿੰਘ, ਬਾਬਾ ਕਸ਼ਮੀਰ ਸਿੰਘ ਜੁਝਾਰ ਨਗਰ, ਰਾਮ ਨਾਥ ਪਾਸਵਾਨ ਚੈਅਰਮੈਨ ਐਸ ਸੀ ਸੈੱਲ ਦਿਹਾਤੀ, ਟਹਿਲ ਸਿੰਘ ਮਾਣਕਪੁਰ ਕੱਲਰ, ਸੁੱਖਵਿੰਦਰ ਸਿੰਘ ਸਰਪੰਚ ਮਿੰਢੇ ਮਾਜਰਾ, ਜਗਦੀਸ਼ ਸਿੰਘ ਝਾਮਪੁਰ, ਗੁਰਪ੍ਰੀਤ ਸਿੰਘ ਝਾਮਪੁਰ, ਰਜਿੰਦਰ ਪ੍ਰਕਾਸ਼ ਸਿੰਘ ਝਾਮਪੁਰ, ਰਣਜੀਤ ਸਿੰਘ ਗਿੱਲ ਜਗਤਪੁਰਾ, ਸਤੀਸ਼ ਕੁਮਾਰ ਅੰਬ ਸਾਹਿਬ ਕਲੋਨੀ, ਸੁਰਿੰਦਰ ਬਹਿਲੋਲਪੁਰ, ਦਵਿੰਦਰ ਸਿੰਘ ਸਾਬਕਾ ਸਰਪੰਚ ਕੁਰੜਾ, ਗੁਲਜ਼ਾਰ ਸਿੰਘ ਕੁਰੜਾ, ਰਜਿੰਦਰ ਸਿੰਘ ਸੈਕਟਰ 123, ਮਮਤਾ ਸ਼ਰਮਾ ਸੈਕਟਰ 68, ਹਰਭਜਨ ਸਿੰਘ ਰਾਏਪੁਰ ਕਲਾਂ, ਲਖਬੀਰ ਲੱਕੀ ਬਹਿਲੋਲਪੁਰ, ਮਨਜੀਤ ਸਿੰਘ ਮੋਟੇ ਮਾਜਰਾ, ਸੰਜੀਵ ਕੁਮਾਰ ਬੰਟੀ ਗੋਬਿੰਦਗੜ੍ਹ, ਮਨਦੀਪ ਸਿੰਘ ਕੁੰਬੜਾਂ,ਦਿਲਬਾਗ ਸਿੰਘ ਢੇਲਪੁਰ, ਜਤਿੰਦਰ ਸਿੰਘ ਸੋਢੀ ਫੇਸ- 4, ਕਰਮਜੀਤ ਸਿੰਘ ਸਿੱਧੂ, ਸੁਖਦੇਵ ਸਿੰਘ ਵੜੈਚ ਗ੍ਰੀਨ ਇਨਕਲੇਵ, ਅੰਮ੍ਰਿਤਪਾਲ ਸਿੰਘ ਟਿਵਾਣਾ ਫੇਸ 9, ਮਨਮੋਹਨ ਸਿੰਘ ਫੇਸ 6, ਕੁਲਵਿੰਦਰ ਸਿੰਘ ਰੋਮੀ ਫੇਸ 6, ਸਤਵਿੰਦਰ ਸਿੰਘ ਗਰੇਵਾਲ ਫੇਸ 6, ਮੋਹਨ ਸਿੰਘ ਨਾਨੋਂ ਮਾਜਰਾ, ਰਵਿੰਦਰ ਸ਼ਰਮਾ ਫੇਸ 7, ਹਰਚਰਨ ਗਰੇਵਾਲ ਸੈਕਟਰ 69, ਅਜਮੇਰ ਸਿੰਘ ਸਾਬਕਾ ਸਰਪੰਚ ਦਾਊ, ਦਲਵਿੰਦਰ ਸੈਣੀ ਦਾਊ, ਚੌਧਰੀ ਸਿਸਪਾਲ ਹੁਸੈਨਪੁਰ, ਸੰਪੂਰਣ ਸਿੰਘ ਸੈਕਟਰ 78, ਸੁਖਦੇਵ ਸਿੰਘ ਸੁੱਖਾ ਕੰਡਾਲਾ, ਸੁੱਖਵਿੰਦਰ ਸਿੰਘ ਸੰਨੀ ਬਸੰਤ ਇਨਕਲਵੇ, ਪ੍ਰਭਜੋਤ ਸਿੰਘ ਝਾਮਪੁਰ,ਹੰਸਰਾਜ ਮਟੌਰ, ਜਗਦੀਸ਼ ਸਿੰਘ ਲਾਂਡਰਾਂ,ਗੁਰਮੁਖ ਸਿੰਘ ਲਾਂਡਰਾਂ, ਮਾਸਟਰ ਸੁਖਦੇਵ ਸਿੰਘ, ਦਵਿੰਦਰ ਚੋਪੜਾ, ਸੰਜੇ ਕੌਸ਼ਿਕ, ਕ੍ਰਿਸ਼ਨ ਸੇਠੀ,ਅਵਤਾਰ ਸਿੰਘ ਲਾਂਡਰਾਂ, ਦਰਸ਼ਨ ਸਿੰਘ ਮਨਾਣਾ,ਡੀ. ਪੀ. ਸ਼ਰਮਾਂ ਫੇਸ-1, ਸੰਦੀਪ ਫੇਸ-1, ਪਿੰਕਾ ਗਰਗ ਫੇਸ-1,ਕੈਪਟਨ ਮਲਕੀਤ ਸਿੰਘ ਮਾਨਣਾ,ਅਵਤਾਰ ਸਿੰਘ ਠਸਕਾ, ਗੁਰਜੀਤ ਸਿੰਘ ਪਾਪੜੀ,ਵੇਦ ਪ੍ਰਕਾਸ਼ ਸ਼ਰਮਾਂ ਸੰਬਾਲਕੀ, ਲਾਭ ਸਿੰਘ ਸਿੱਧੂ ਸੈਕਟਰ 80, ਮੇਜਰ ਸਿੰਘ ਸੈਕਟਰ 80, ਮਾਸਟਰ ਮਦਨ ਸਿੰਘ ਫੇਸ 3 ਬੀ 1,ਮਨਮੋਹਨ ਸਿੰਘ ਫੇਸ 6, ਨਵਨੀਤ ਤੋਖੀ ਫੇਸ 3 ਬੀ 2,ਦਲਬੀਰ ਸਿੰਘ ਚਾਊਮਾਜਰਾ, ਗੁਰਦੀਪ ਸਿੰਘ ਸੈਕਟਰ 77, ਦਰਸ਼ਨ ਸਿੰਘ ਧਾਲੀਵਾਲ ਜਰਨੈਲ ਸਿੰਘ ਸੈਕਟਰ 79 ਮਨਜੀਤ ਸਿੰਘ ਬਲੌਂਗੀ,ਬੱਬੂ ਸੈਣੀ ਬਲੌਂਗੀ,ਟੀ. ਪੀ. ਸਿੰਘ ਬਲੌਂਗੀ, ਸੁੱਖਵਿੰਦਰ ਸਿੰਘ ਬਲੌਂਗੀ, ਸਤਬੀਰ ਸਿੰਘ ਬੱਲੋ ਮਾਜਰਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਕਾਂਗਰਸ ਪਾਰਟੀ ਦੇ ਅਹੁਦੇਦਾਰ ਅਤੇ ਵਰਕਰ ਪਿੰਡਾਂ ਦੇ ਪੰਚ, ਸਰਪੰਚ ਆਦਿ ਵਿੱਚ ਰੈਲੀ ਵਿੱਚ ਪੁੱਜਣ ਲਈ ਉਤਸ਼ਾਹ ਪਾਇਆ ਗਿਆ।



3 ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ) -ਥਾਣਾ ਦੀਨਾਨਗਰ ਦੇ ਤਫਤੀਸ਼ੀ ਅਫਸਰ ਏ.ਐਸ.ਆਈ. ਰਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਟੀ. ਪੁਆਇੰਟ ਕੁੱਲੀਆਂ ਦੀਆਂ ਮਹਾਸਿਆ ਤੋਂ ਕੈਲਾਸ਼ ਕੁਮਾਰ ਪੁੱਤਰ ਸੁਨੀਲ ਕੁਮਾਰ ਵਾਸੀ ਨਾਰੰਗਪੁਰ ਘਰੋਟਾ ਹਾਲ ਵਾਸੀ ਧਮਰਾਈ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕਰਕੇ ਉਸ ਪਾਸੋਂ ਬ੍ਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿਚੋਂ 7 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸੇ ਤਰ੍ਹਾਂ ਥਾਣਾ ਪੁਰਾਣਾ ਸ਼ਾਲਾ ਦੇ ਏ.ਐਸ.ਆਈ. ਵਿਜੇ ਕੁਮਾਰ ਨੇ ਸਮੇਤ ਪੁਲਸ ਪਾਰਟੀ ਨਵਾਂ ਨੌਸ਼ਹਿਰਾ ਨੇੜੇ ਸ਼ਮਸ਼ਾਨਘਾਟ ਤੋਂ ਸਾਇਨ ਭੱਟੀ ਉਰਫ ਬੇਵੀ ਪੁੱਤਰ ਗਰੀਫਨ ਮਸੀਹ ਵਾਸੀ ਪੰਡੋਰੀ ਬੈਂਸਾਂ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਜਿਸ ਪਾਸੋਂ ਇਕ ਸਿਲਵਰ ਪੇਪਰ, ਲਾਈਟਰ ਅਤੇ 10 ਰੁਪਏ ਦਾ ਨੋਟ ਬਰਾਮਦ ਹੋਇਆ। ਇਸੇ ਤਰ੍ਹਾਂ ਥਾਣਾ ਬਹਿਰਾਮਪੁਰ ਦੇ ਤਫਤੀਸ਼ੀ ਅਫਸਰ ਨੇ ਸਮੇਤ ਪੁਲਸ ਪਾਰਟੀ ਇਕ ਇਤਲਾਹ 'ਤੇ ਕਥਿਤ ਇਕ ਔਰਤ ਬਿਮਲਾ ਪਤਨੀ ਸੁਰਿੰਦਰ ਕੁਮਾਰ ਵਾਸੀ ਅਬਾਦੀ ਚੰਡੀਗੜ੍ਹ ਦੇ ਘਰ ਰੇਡ ਕਰਕੇ ਉਸ ਨੂੰ 6750 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕਰਕੇ ਉਸ ਖ਼ਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

ਸਹਿਕਾਰੀ ਸਭਾਵਾਂ ਦੇ ਨਿਯਮਾਂ 'ਚ ਸੋਧਾਂ ਖ਼ਿਲਾਫ਼ ਐੱਸ ਕੇ ਐੱਮ ਵੱਲੋਂ ਧਰਨਾ

ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)- ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਸੰਯੁਕਤ ਕਿਸਾਨ ਮੋਰਚਾ ਕਪੂਰਥਲਾ ਵੱਲੋਂ ਅੱਜ ਜ਼ਿਲ੍ਹਾ ਕਚਹਿਰੀ ਵਿਖੇ ਡਿਪਟੀ ਰਜਿਸਟਰਾਰ ਸਹਿਕਾਰੀ ਸਭਾਵਾਂ ਦੇ ਦਫ਼ਤਰ ਅੱਗੇ ਧਰਨਾ ਦਿੱਤਾ ਗਿਆ। ਇਸ ਦੌਰਾਨ ਕਿਸਾਨ ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਸਹਿਕਾਰੀ ਸਭਾਵਾਂ ਦੇ ਨਿਯਮਾਂ ਵਿੱਚ ਕੀਤੀਆਂ ਸੋਧਾਂ ਨੂੰ ਕਿਸਾਨ ਵਿਰੋਧੀ ਕਰਾਰ ਦਿੰਦਿਆਂ ਇਨ੍ਹਾਂ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰਾਂ ਵੱਲੋਂ ਸਹਿਕਾਰੀ ਸਭਾਵਾਂ ਦੇ ਨਿਯਮਾਂ ਵਿੱਚ ਕੀਤੀਆਂ ਸੋਧਾਂ ਨਾਲ ਕਿਸਾਨਾਂ 'ਤੇ ਵਾਧੂ ਆਰਥਿਕ ਬੋਝ ਪਵੇਗਾ ਅਤੇ ਸਹਿਕਾਰੀ ਸਭਾਵਾਂ ਦੀ ਕਾਰਗੁਜ਼ਾਰੀ ਪ੍ਰਭਾਵਿਤ ਹੋਵੇਗੀ। ਉਨ੍ਹਾਂ ਕਿਹਾ ਕਿ ਸਹਿਕਾਰੀ ਸਭਾਵਾਂ ਪੰਜਾਬ ਕੋਆਪਰੇਟਿਵ ਸੋਸਾਇਟੀਜ਼ ਐਕਟ, 1961 ਅਧੀਨ ਰਜਿਸਟਰਡ ਹਨ ਅਤੇ ਇਨ੍ਹਾਂ ਦਾ ਕੰਮ ਪਹਿਲਾਂ ਤੋਂ ਨਿਰਧਾਰਤ ਨਿਯਮਾਂ ਅਨੁਸਾਰ ਚੱਲ ਰਿਹਾ ਸੀ। ਕਿਸਾਨ ਆਗੂਆਂ ਨੇ ਕਿਹਾ ਕਿ ਨਵੇਂ ਨਿਯਮਾਂ ਤਹਿਤ ਮੈਂਬਰਾਂ ਦੀ ਹਿੱਸੇਦਾਰੀ ਦੁੱਗਣੀ ਅਤੇ ਤਿੱਗਣੀ ਤੱਕ ਵਧਾ ਦਿੱਤੀ ਗਈ ਹੈ। ਇਸ ਤੋਂ ਇਲਾਵਾ ਦੋ ਲੱਖ ਰੁਪਏ ਤੋਂ ਵੱਧ ਕਰਜ਼ਾ ਲੈਣ ਵਾਲੇ ਕਿਸਾਨਾਂ ਲਈ ਆਪਣੀ ਜ਼ਮੀਨ ਗਹਿਣੇ ਰੱਖਣ ਦੀ ਸ਼ਰਤ ਲਾਗੂ ਕੀਤੀ ਗਈ ਹੈ, ਜਦਕਿ ਕਰਜ਼ੇ ਦੀ ਸੁਰੱਖਿਆ ਲਈ ਪਹਿਲਾਂ ਹੀ ਐਕਟ ਵਿੱਚ ਵਿਵਸਥਾ ਮੌਜੂਦ ਹੈ।



ਉਨ੍ਹਾਂ ਦੱਸਿਆ ਕਿ ਜੇਕਰ ਕੋਈ ਕਿਸਾਨ ਸਹਿਕਾਰੀ ਸਭਾ ਤੋਂ ਇਲਾਵਾ ਕਿਸੇ ਹੋਰ ਬੈਂਕ ਤੋਂ ਫ਼ਸਲੀ ਕਰਜ਼ਾ ਲੈਂਦਾ ਹੈ ਤਾਂ ਉਸ ਤੋਂ ਚਾਰ ਫ਼ੀਸਦੀ ਦੀ ਬਜਾਏ 11 ਫ਼ੀਸਦੀ ਵਿਆਜ ਵਸੂਲਣ ਦੀ ਵਿਵਸਥਾ ਕੀਤੀ ਗਈ ਹੈ। ਕਿਸਾਨ ਆਗੂਆਂ ਅਨੁਸਾਰ ਸਹਿਕਾਰੀ ਸਭਾਵਾਂ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਘੱਟ ਵਿਆਜ ਦਰਾਂ 'ਤੇ ਕਰਜ਼ਾ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਹੈ, ਪਰ ਨਵੀਆਂ ਸੋਧਾਂ ਇਸ ਮਕਸਦ ਦੇ ਉਲਟ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਨਵੇਂ ਨਿਯਮਾਂ ਅਤੇ ਧਾਰਾਵਾਂ ਨੂੰ ਤੁਰੰਤ ਵਾਪਸ ਲਿਆ ਜਾਵੇ।ਇਸ ਮੌਕੇ ਕਿਸਾਨ ਆਗੂਆਂ ਵੱਲੋਂ ਡਿਪਟੀ ਰਜਿਸਟਰਾਰ ਰਾਹੀਂ ਸਰਕਾਰ ਨੂੰ ਮੰਗ ਪੱਤਰ ਵੀ ਸੌਂਪਿਆ ਗਿਆ। ਇਸ ਮੌਕੇ ਰਸਪਾਲ ਸਿੰਘ ਐਡਵੋਕੇਟ, ਰਜਿੰਦਰ ਸਿੰਘ ਰਾਣਾ ਜ਼ਿਲ੍ਹਾ ਪ੍ਰਧਾਨ ਸੰਯੁਕਤ ਕਿਸਾਨ ਮੋਰਚਾ ਕਪੂਰਥਲਾ, ਬਲਵਿੰਦਰ ਸਿੰਘ ਭੁੱਲਰ, ਤਰਸੇਮ ਸਿੰਘ, ਬਲਵਿੰਦਰ ਸਿੰਘ ਬਾਜਵਾ, ਧਰਮਿੰਦਰ ਸਿੰਘ ਬਾਬਾ, ਅਜੀਤ ਸਿੰਘ ਕਾਲੜੂ, ਸੁੱਚਾ ਸਿੰਘ ਮਿਰਜ਼ਾਪੁਰ, ਚੰਨ ਮੋਮੀ, ਹਰਜਿੰਦਰ ਸਿੰਘ ਰਾਣਾ ਪ੍ਰਧਾਨ, ਮਨਜਿੰਦਰ ਕੰਵਲ, ਰਘਵੀਰ ਸਿੰਘ ਮਹਿਰਵਾਲਾ ਕਾਰਜਕਾਰੀ ਪ੍ਰਧਾਨ, ਜਥੇਦਾਰ ਪਲਵਿੰਦਰ ਸਿੰਘ, ਹਰਪ੍ਰੀਤ ਸਿੰਘ, ਨਿਰਮਲਜੀਤ ਸਿੰਘ, ਅਜੈ ਪੰਨੂ, ਹਰਬੰਸ ਸਿੰਘ, ਕੁਲਵਿੰਦਰ ਸਿੰਘ ਭੰਡਾਲ, ਨਿਰਮਲ ਸਿੰਘ ਸ਼ੇਰਪੁਰ, ਸੱਦਾ, ਅਮਰਜੀਤ ਸਿੰਘ, ਸੁਰਜੀਤ ਸਿੰਘ, ਮਹਿੰਗਾ ਸਿੰਘ, ਕੇਵਲ ਸਿੰਘ, ਸਰਵਨ ਸਿੰਘ ਸੰਘਾ, ਬਖਸ਼ੀਸ਼ ਸਿੰਘ, ਅੰਮ੍ਰਿਤ ਪਾਲ ਸਿੰਘ, ਗੁਰਕਵਲ ਸਿੰਘ, ਮਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਗੁਰਕਵਲਪ੍ਰੀਤ ਸਿੰਘ, ਮਨਿੰਦਰ ਵਰਮਾ, ਚਰਨਜੀਤ ਸਿੰਘ, ਸੰਦੀਪ ਸ਼ਰਮਾ, ਬਲਜਿੰਦਰ ਸਿੰਘ, ਸੁਖਵਿੰਦਰ ਸਿੰਘ, ਸ਼ਮਸ਼ੇਰ ਸਿੰਘ ਰਤੜਾ, ਕਰਮਜੀਤ ਸਿੰਘ, ਸੀਤਲ ਸਿੰਘ, ਤੀਰਥ ਸਿੰਘ, ਲੁਭਾਇਆ ਸਿੰਘ ਸੰਘਾ, ਮਲਕੀਤ ਸਿੰਘ ਆਦਿ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਹਾਜ਼ਰ ਸਨ।

100 ਸਾਲਾ 'ਆਦਿ ਧਰਮ' ਸਮਾਗਮ 'ਚ ਹਜ਼ਾਰਾਂ ਸੰਗਤਾਂ ਨੇ ਭਰੀ ਹਾਜ਼ਰੀ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਸਮਤਾ, ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਲਈ ਸਥਾਪਿਤ ਕੀਤੇ ਆਦਿ ਧਰਮ ਦੇ 100 ਸਾਲਾ ਸਥਾਪਨਾ ਵਰੇਗੰਢ ਦੀ ਖੁਸ਼ੀ 'ਚ ਮਹਾਨ ਆਦਿ ਧਰਮ ਸਮਾਗਮ ਡੇਰਾ ਸੰਤ ਮੇਲਾ ਰਾਮ ਨਗਰ ਵਿਖੇ ਸੰਤ ਸਰਵਣ ਦਾਸ ਜੀ ਬੋਹਣ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ ਦੀ ਅਗਵਾਈ ਅਤੇ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਭਾਰਤ, ਮਹੰਤ ਪ੍ਰਸ਼ੋਤਮ ਲਾਲ ਇਤਿਹਾਸਕ ਦੇਹਰਾ ਸ੍ਰੀ ਗੁਰੂ ਰਵਿਦਾਸ ਫਗਵਾੜਾ,ਓਮ ਪ੍ਰਕਾਸ਼ ਰਾਣਾ ਮੀਡੀਆ ਇੰਚਾਰਜ ਦੀ ਦੇਖ ਰੇਖ ਹੇਠ ਦੇਸ਼ ਵਿਦੇਸ਼ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਏ ਗਏ। ਸਮਾਗਮ ਵਿੱਚ ਹਜਾਰਾਂ ਸੰਗਤਾਂ ਨੇ ਹੁੰਮ ਹੁਮਾਕੇ ਹਾਜ਼ਰੀ ਭਰੀ। ਸੰਤ ਸਰਵਣ ਦਾਸ ਬੋਹਣ, ਸੰਤ ਪਰਮਜੀਤ ਦਾਸ ਨਗਰ, ਸੰਤ ਪ੍ਰਗਟ ਨਾਥ ਬਾਲਯੋਗੀ ਚੇਅਰਮੈਨ ਸ਼ਰਾਇਨ ਬੋਰਡ ਵਾਲਮੀਕ ਤੀਰਥ ਅਮ੍ਰਿਤਸਰ, ਸੰਤ ਨਿਰਮਲ ਦਾਸ ਬਾਬੇਜੌੜੇ ਰਾਏਪੁਰ, ਸੰਤ ਇੰਦਰ ਦਾਸ ਸੇਖੇ, ਸੰਤ ਸਰਵਣ ਦਾਸ ਸਲੇਮਟਾਵਰੀ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਅਮਰਜੀਤ ਸਿੰਘ ਬੇਗੋਵਾਲ, ਸੰਤ ਧਰਮਪਾਲ ਸ਼ੇਰਗੜ੍ਹ,ਸੰਤ ਸੰਤੋਖ ਦਾਸ ਭਾਰਟਾ ਗਨੇਸ਼ਪੁਰ, ਜੱਜ ਰਿਟਾ.ਇਨਕਮ ਟੈਕਸ ਹਰਭਜਨ ਸਿੰਘ, ਸੰਤ ਸਤੀਸ਼ ਦਾਸ ਪੁੰਡਰੀ, ਸੰਤ ਚਾਂਦ ਦਾਸ ਪਾਈ, ਸੰਤ ਗੁਰਨਾਮ ਦਾਸ ਕੈਥਲ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਬੀਬੀ ਰੇਸ਼ਮ ਕੌਰ ਕਮਾਲਪੁਰ,ਸੰਤ ਪ੍ਰਮੇਸ਼ਵਰੀ ਦਾਸ ਸੇਖੇ, ਸੰਤ ਧਰਮਿੰਦਰ ਮੱਧ ਪ੍ਰਦੇਸ਼, ਸੰਤ ਅਮਰਜੀਤ ਸੈਂਪਲਾ, ਸੰਤ



ਚਰਨਦਾਸ ਮਾਂਗਟ, ਸੰਤ ਧਰਮਾ ਸਿੰਘ ਚੀਮਾ ਸਾਹਿਬ, ਸੰਤ ਸੋਹਣ ਸਿੰਘ ਫਾਜ਼ਿਲਕਾ, ਸੰਤ ਅਮਰਜੀਤ ਬੇਗੋਆਣਾ, ਸੰਤ ਜਸਵੀਰ ਸਿੰਘ ਪਿੱਪਲ ਮਾਜਰਾ,ਸੰਤ ਮਨੋਹਰ ਲਾਲ ਲਿੱਧੜਾਂ, ਸੰਤ ਪ੍ਰੇਮ ਦਾਸ ਭਵਿਆਣਾ, ਸੰਤ ਫਕੀਰ ਦਾਸ ਕੁਟੀਆ ਮੁਬਾਰਕਪੁਰ,ਸੰਤ ਕਾਹਨ ਸਿੰਘ,ਸ੍ਰੀਮਤੀ ਹਰਜੋਤ ਕੌਰ ਲੋਹਟੀਆ ਇੰਚਾਰਜ ਆਮ ਆਦਮੀ ਪਾਰਟੀ ਹਲਕਾ ਫਿਲੌਰ, ਅਮਰਜੀਤ ਗੁਰੂ ਯੂ ਕੇ, ਇੰਜੀ.ਹਰੀ ਦਾਸ ਭੱਟੀ, ਇੰਜ.ਸੁਖਦੇਵ ਸਿੰਘ ਅਹਿਮਦਗੜ੍ਹ, ਜਗਦੀਸ਼ ਕੌਰ ਧਰਮ ਸੁਪਤਨੀ ਪ੍ਰੋ.ਲਾਲ ਸਿੰਘ, ਰਾਮ ਲਾਲ ਯੂ ਕੇ,ਬਲਵਿੰਦਰ ਸਿੰਘ ਮੋਰੋਂ ਆਸਟਰੇਲੀਆ, ਕੈਪਟਨ ਬੀ ਆਰ ਨਈਅਰ ਯੂ ਕੇ, ਬਲਜਿੰਦਰ ਸਿੰਘ ਮੋਰੋਂ ਪ੍ਰਧਾਨ ਬ੍ਰਿਸਬੇਨ ਆਸਟਰੇਲੀਆ, ਰਾਮਜੀ ਦਾਸ, ਗਿਆਨੀ ਨਾਜਰ ਸਿੰਘ, ਹੁਕਮ ਚੰਦ ਜੈਤੋਂ, ਰਾਮ ਲਾਲ ਬਰਮਿੰਘਮ,ਪ੍ਰਚਾਰਕ ਗੁਰਜੀਤ ਲਹਿਰਾ, ਕੌਮੀ ਕੈਸ਼ੀਅਰ ਅਮਿਤ ਕੁਮਾਰ ਪਾਲ, ਜਨਰਲ ਸਕੱਤਰ ਵਰਿੰਦਰ ਬੰਗਾ, ਖੁਸ਼ੀ ਰਾਮ ਸਰਪੰਚ ਇੰਚਾਰਜ ਬਸਪਾ ਹਲਕਾ ਫਿਲੌਰ, ਇੰਜੀ.ਸੁਸ਼ੀਲ ਵਿਰਦੀ, ਸੰਦੀਪ ਕੌਰ ਚੇਅਰਪਰਸਨ ਫਿਲੌਰ, ਸਰਪੰਚ ਬੁੱਧ ਪ੍ਰਕਾਸ਼, ਵੇਦ ਪ੍ਰਕਾਸ਼ ਲਾਂਧੜਾ, ਡਾ. ਭੁਪਿੰਦਰ ਸਿੰਘ ਗੁਰਾਇਆ, ਰਣਜੀਤ ਸਿੰਘ ਲਾਂਧੜਾਂ,ਮਨਜੀਤ ਸਿੰਘ ਨਾਮਧਾਰੀ, ਵਰਿੰਦਰ ਸੈਣੀ, ਮਨੀ ਧਾਲੀਵਾਲ, ਸਾਬਕਾ ਡੀ ਐਸ ਪੀ ਅਮਰਜੀਤ, ਦੇਸ਼ ਰਾਜ ਪਾਲਲੋਂ, ਸੈਕਟਰੀ ਰਾਮ ਸ਼ਰਨ, ਅਮਰਜੀਤ ਫਿਲੌਰ, ਕੈਪਟਨ ਨੇਤਰ ਸਿੰਘ, ਜਗਤ ਰਾਮ ਭੱਟੀ, ਬਲਵੀਰ ਮਹੇ,ਅਸ਼ੋਕ ਕੁਮਾਰ ਨੇ ਆਦਿ ਧਰਮ ਰਹਿਬਰਾਂ ਦੀ ਕ੍ਰਾਂਤੀਕਾਰੀ ਵਿਚਾਰਧਾਰਾ ਨਾਲ ਸੰਗਤਾਂ ਨੂੰ ਜੋੜਿਆ। ਸਟੇਜ ਸਕੱਤਰ ਦੀ ਸੇਵਾ ਓਮ ਪ੍ਰਕਾਸ਼ ਰਾਣਾ ਨੇ ਬਾਖੂਬੀ ਨਿਭਾਈ।ਸੰਤ ਪਰਮਜੀਤ ਦਾਸ ਨਗਰ, ਸੰਤ ਸਤਵਿੰਦਰ ਹੀਰਾ, ਮਹੰਤ ਪ੍ਰਸ਼ੋਤਮ ਲਾਲ ਵਲੋਂ ਸਮਾਗਮ ਵਿੱਚ ਪਹੁੰਚੇ ਸੰਤ ਮਹਾਂਪੁਰਸ਼, ਬੁੱਧੀਜੀਵੀ ਵਿਦਵਾਨਾਂ ਅਤੇ ਸੰਗਤਾਂ ਦਾ ਧੰਨਵਾਦ ਕਰਦਿਆਂ ਆਦਿ ਧਰਮ ਦੇ ਝੰਡੇ ਬੁਲੰਦ ਕਰਨ ਦੀ ਅਪੀਲ ਕੀਤੀ ਅਤੇ ਜਨਗਣਨਾ ਵਿੱਚ ਆਦਿ ਧਰਮ ਲਿਖਵਾਉਣ ਅਤੇ ਆਦਿ ਧਰਮ ਦਾ ਕਾਲਿਮ ਸਥਾਪਤ ਕਰਾਉਣ ਲਈ ਸਮਤਾ,ਸਮਾਨਤਾ ਅਤੇ ਭਾਈਚਾਰਕ ਸਾਂਝ ਮਜਬੂਤ ਕਰਨ ਦਾ ਸੁਨੇਹਾ ਦਿੱਤਾ।

ਸੰਤ ਸਮਾਗਮ ਤੇ ਕੀਰਤਨ ਦਰਬਾਰ ਦੀਆਂ ਤਿਆਰੀਆ ਜ਼ੋਰਾਂ 'ਤੇ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਠੱਕਰਵਾਲ ਮੌਜੋਮਜਾਰਾ ਵਿਖੇ ਗੁਰਦੁਆਰਾ ਤੱਪ ਅਸਥਾਨ ਸ਼੍ਰੀਮਾਨ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ,ਐਨ ਆਰ ਆਈ ਤੇ ਇਲਾਕੇ ਦੇ ਸਹਿਯੋਗ ਨਾਲ ਡੇਰੇ ਵੱਲੋਂ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਦੇ ਜਨਮ ਦਿਹਾੜੇ ਮੌਕੇ ਮਹਾਨ ਸੰਤ ਸਮਾਗਮ ਅਤੇ ਕੀਰਤਨ ਦਰਬਾਰ 11 ਨਵੰਬਰ ਨੂੰ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ ਅਤੇ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਦੇ ਜਨਮ ਦਿਹਾੜੇ ਮੌਕੇ ਡੇਰੇ ਵਿੱਚ ਤਿਆਰੀਆ ਜ਼ੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ। ਉਨ੍ਹਾਂ ਦੱਸਿਆ ਕਿ 2 ਨਵੰਬਰ ਤੋਂ ਸਲਾਨਾ ਮਹਾਨ ਸੰਤ ਸਮਾਗਮ ਅਤੇ ਕੀਰਤਨ ਦਰਬਾਰ ਸਬੰਧੀ ਪਹਿਲੀ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ। ਉਨ੍ਹਾਂ ਦੱਸਿਆ ਕਿ 9 ਨਵੰਬਰ ਤੋਂ 11 ਨਵੰਬਰ ਤੱਕ ਮਹਾਨ ਸੰਤ ਸਮਾਗਮ ਅਤੇ ਕੀਰਤਨ ਦਰਬਾਰ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਦਵਿੰਦਰ ਸਿੰਘ ਫੌਜੀ, ਜਰਨੈਲ ਸਿੰਘ,ਅਮਨਿੰਦਰ ਸਿੰਘ, ਅਰਸ਼, ਆਦਿ ਹਾਜ਼ਰ ਸਨ।

ਇਨੋਸੈਂਟ ਹਾਰਟਸ ਸਕੂਲ ਨੇ ਪੋਸਟਰ ਮੇਕਿੰਗ ਮੁਕਾਬਲੇ 'ਚ ਜਿੱਤਿਆ ਪਹਿਲਾ ਇਨਾਮ

ਜਲੰਧਰ (ਸ਼ੈਲੀ ਐਲਬਰਟ)- ਇੰਨੋਸੈਂਟ ਹਾਰਟਸ ਸਕੂਲ, ਗ੍ਰੀਨ ਮਾਡਲ ਟਾਊਨ ਦੇ ਵਿਦਿਆਰਥੀਆਂ ਨੇ ਪੋਦਾਰ ਇੰਟਰਨੈਸ਼ਨਲ ਸਕੂਲ ਵਿਖੇ ਜਲੰਧਰ ਸਹੋਦਯਾ ਇੰਡੀਪੈਂਡੈਂਟ ਸਕੂਲਜ਼ ਕੰਪਲੈਕਸ ਵੱਲੋਂ ਆਯੋਜਿਤ ਈ-ਪੋਸਟਰ ਮੇਕਿੰਗ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕੀਤਾ। ਇਸ ਮੁਕਾਬਲੇ ਦਾ ਵਿਸ਼ਾ 'ਸਾਈਬਰ ਬੁਲਿੰਗ ਰੋਕੋ-ਦੋਸਤ ਬਣੋ, ਦੁਸ਼ਮਣ ਨਹੀਂ' ਸੀ। ਇਸ ਮੁਕਾਬਲੇ ਵਿੱਚ ਅੱਠਵੀਂ-ਡੀ ਜਮਾਤ ਦੇ ਨਿਖਿਲੇਸ਼ ਚੌਹਾਨ ਅਤੇ ਅੱਠਵੀਂ-ਸੀ ਜਮਾਤ ਦੀ ਆਰਾਧਿਆ ਵਰਮਾ ਨੇ ਆਪਣੀ ਰਚਨਾਤਮਕਤਾ, ਨਵੀਨ ਸੋਚ ਅਤੇ ਡਿਜੀਟਲ ਡਿਜ਼ਾਈਨਿੰਗ ਦੇ ਹੁਨਰਾਂ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਇਨਾਮ ਪ੍ਰਾਪਤ ਕੀਤਾ। ਉਨ੍ਹਾਂ ਦੀ ਸ਼ਾਨਦਾਰ ਪੇਸ਼ਕਾਰੀ ਨੇ ਨਾ ਸਿਰਫ਼ ਉਨ੍ਹਾਂ ਦੀ ਕਲਾਤਮਕ ਪ੍ਰਤਿਭਾ ਨੂੰ ਉਜਾਗਰ ਕੀਤਾ, ਸਗੋਂ ਰਚਨਾਤਮਕ ਪ੍ਰਗਟਾਵੇ ਦੇ ਨਾਲ ਤਕਨਾਲੋਜੀ ਦੇ ਪ੍ਰਭਾਵਸ਼ਾਲੀ ਸੁਮੇਲ ਦੀ ਸਮਰੱਥਾ ਨੂੰ ਵੀ ਦਰਸਾਇਆ।ਸਕੂਲ ਦੇ ਪ੍ਰਿੰਸੀਪਲ ਰਾਜੀਵ ਪਾਲੀਵਾਲ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਰਗਦਰਸ਼ਕ ਅਧਿਆਪਕਾਂ ਨੂੰ ਇਸ ਸ਼ਲਾਘਾਯੋਗ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਦੀ ਲਗਨ ਅਤੇ ਸਮਰਪਣ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਨੂੰ ਅਜਿਹੇ ਮੁਕਾਬਲਿਆਂ ਰਾਹੀਂ ਆਪਣੇ ਰਚਨਾਤਮਕ ਅਤੇ ਤਕਨੀਕੀ ਹੁਨਰਾਂ ਨੂੰ ਲਗਾਤਾਰ ਨਿਖਾਰਨ ਲਈ ਪ੍ਰੇਰਿਤ ਕੀਤਾ। ਇੰਨੋਸੈਂਟ ਹਾਰਟਸ ਗਰੁੱਪ ਦੇ ਚੇਅਰਮੈਨ ਡਾ. ਅਨੂਪ ਬੌਰੀ ਨੇ ਵੀ ਨੌਜਵਾਨ ਪ੍ਰਤਿਭਾਵਾਂ ਦੀ ਇਸ ਸ਼ਾਨਦਾਰ ਸਫਲਤਾ 'ਤੇ ਉਨ੍ਹਾਂ ਨੂੰ ਹਾਰਦਿਕ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਦੁਹਰਾਇਆ ਕਿ ਸੰਸਥਾ ਵਿਦਿਆਰਥੀਆਂ ਵਿੱਚ ਰਚਨਾਤਮਕਤਾ, ਨਵੀਨਤਾ ਅਤੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਨਿਰੰਤਰ ਅਜਿਹੇ ਮੌਕੇ ਪ੍ਰਦਾਨ ਕਰਨ ਵਾਸਤੇ ਵਚਨਬੱਧ ਹੈ।



ਲਘੂ ਉਦਯੋਗ ਭਾਰਤੀ ਦੀ ਨਵੀਂ ਕਾਰਜਕਾਰਨੀ ਦਾ ਐਲਾਨ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)-ਤਿਉਹਾਰ ਸਿਰਫ਼ ਖੁਸ਼ੀਆਂ ਸਾਂਝੀਆਂ ਕਰਨ ਦਾ ਮੌਕਾ ਹੀ ਨਹੀਂ ਹੁੰਦੇ, ਸਗੋਂ ਸਮਾਜਿਕ ਅਤੇ ਵਪਾਰਕ ਭਾਈਚਾਰੇ ਨੂੰ ਇੱਕ-ਦੂਜੇ ਦੇ ਨੇੜੇ ਲਿਆਉਣ ਦਾ ਵੀ ਸਾਧਨ ਬਣਦੇ ਹਨ। ਇਸੇ ਭਾਵਨਾ ਤਹਿਤ ਲਘੂ ਉਦਯੋਗ ਭਾਰਤੀ ਫਗਵਾੜਾ ਵੱਲੋਂ ਸ਼ਾਖਾ ਪ੍ਰਧਾਨ ਇੰਦਰ ਪਾਲ ਖੁਰਾਨਾ ਦੀ ਅਗਵਾਈ ਹੇਠ ਇੰਪੀਰੀਅਲ ਪੂਨਮ ਹੋਟਲ ਵਿਖੇ 'ਸ਼ੁਭ ਦੀਵਾਲੀ ਮਿਲਨ' ਸਮਾਗਮ ਬੜੇ ਉਤਸ਼ਾਹਪੂਰਨ ਮਾਹੌਲ ਵਿੱਚ ਕਰਵਾਇਆ ਗਿਆ। ਇਸ ਸਮਾਗਮ ਵਿੱਚ 125 ਤੋਂ ਵੱਧ ਮੈਂਬਰਾਂ ਨੇ ਸ਼ਿਰਕਤ ਕੀਤੀ, ਜਦਕਿ 50 ਤੋਂ ਵੱਧ ਮਹਿਲਾਵਾਂ ਦੀ ਮੌਜੂਦਗੀ ਨੇ ਵੀ ਸਮਾਗਮ ਦੀ ਰੌਣਕ ਨੂੰ ਚਾਰ ਚੰਨ ਲਗਾਏ। ਇੰਦਰਪਾਲ ਖੁਰਾਨਾ ਨੇ ਸਮੂਹ ਹਾਜ਼ਰੀਨ ਨੂੰ ਦੀਵਾਲੀ ਅਤੇ ਅਗਲੇ ਦਿਨਾਂ ਵਿੱਚ ਆਉਣ ਵਾਲੇ ਹੋਰ ਸਾਰੇ ਤਿਉਹਾਰਾਂ ਦੀਆਂ ਸ਼ੁੱਭ ਇੱਛਾਵਾਂ ਦਿੱਤੀਆਂ। ਉਹਨਾਂ ਕਿਹਾ ਕਿ ਇਸ ਸਮਾਗਮ ਨੂੰ ਕਰਵਾਉਣ ਦਾ ਉਦੇਸ਼ ਉਦਯੋਗਿਕ ਭਾਈਚਾਰੇ ਦੇ ਨਾਲ ਸਾਲ ਦੇ ਸਭ ਤੋਂ ਵੱਡੇ ਤਿਉਹਾਰ ਦੀ ਖ਼ੁਸ਼ੀ ਸਾਂਝੀ ਕਰਨਾ ਹੈ। ਉਹਨਾਂ ਕਿਹਾ ਕਿ ਅਜਿਹੇ ਸਮਾਗਮ ਆਪਸੀ ਸਾਂਝ, ਪਿਆਰ ਅਤੇ ਸਹਿਯੋਗ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਉਨ੍ਹਾਂ ਨਵ-ਨਿਯੁਕਤ ਪ੍ਰਧਾਨ ਪੁਨੀਤ ਗੁਪਤਾ ਅਤੇ ਸਕੱਤਰ ਅਨੁਜ ਜੈਨ ਨੂੰ ਵਧਾਈ ਦਿੰਦਿਆਂ ਉਮੀਦ ਜਤਾਈ ਕਿ ਨਵੀਂ ਟੀਮ ਸਾਰੇ ਮੈਂਬਰਾਂ ਨੂੰ ਨਾਲ ਲੈ ਕੇ ਸੰਗਠਨ ਦੀਆਂ ਗਤੀਵਿਧੀਆਂ ਨੂੰ ਹੋਰ ਅੱਗੇ ਵਧਾਏਗੀ। ਉਨ੍ਹਾਂ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਮੈਂਬਰਾਂ ਅਤੇ ਪਰਿਵਾਰਾਂ ਦਾ ਧੰਨਵਾਦ ਵੀ ਕੀਤਾ। ਸਮਾਗਮ ਦੀ ਮੇਜ਼ਬਾਨੀ ਅਤੇ ਸਟੇਜ ਦੀ ਸੇਵਾ ਪ੍ਰਸਿੱਧ ਐਂਕਰ ਸ਼ਿਵਾਨੀ ਅਰੋੜਾ ਨੇ ਬਹੁਤ ਹੀ ਪ੍ਰਭਾਵਸ਼ਾਲੀ ਅੰਦਾਜ਼ ਵਿੱਚ ਕੀਤੀ। ਪ੍ਰੋਗਰਾਮ ਦੀ ਸ਼ੁਰੂਆਤ ਸ਼੍ਰੀ ਗਣੇਸ਼ ਵੰਦਨਾ ਨਾਲ ਹੋਈ, ਜਿਸ ਉਪਰੰਤ ਰਵਾਇਤੀ ਢੰਗ ਨਾਲ ਜੋਤੀ ਪ੍ਰਚੰਡ ਕਰਕੇ ਸਮਾਗਮ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਦੌਰਾਨ ਆਯੋਜਿਤ ਮਨੋਰੰਜਕ ਖੇਡਾਂ, ਸੰਗੀਤਕ ਪੇਸ਼ਕਾਰੀਆਂ ਅਤੇ ਹੋਰ ਸੱਭਿਆਚਾਰਕ ਗਤੀਵਿਧੀਆਂ ਨੇ ਹਾਜ਼ਰੀਨ ਦਾ ਖੂਬ ਮਨੋਰੰਜਨ ਕੀਤਾ। ਸਮਾਗਮ ਦੌਰਾਨ ਸੰਗਠਨ ਦੇ ਆਉਣ ਵਾਲੇ ਕਾਰਜਕਾਲ 2027-2028 ਲਈ ਨਵੀਂ ਕਾਰਜਕਾਰਣੀ ਦਾ ਐਲਾਨ ਵੀ ਕੀਤਾ ਗਿਆ। ਇਸ ਤਹਿਤ ਪੁਨੀਤ ਗੁਪਤਾ ਨੂੰ ਪ੍ਰਧਾਨ ਅਤੇ ਅਨੁਜ ਜੈਨ ਨੂੰ ਸਕੱਤਰ ਚੁਣਿਆ ਗਿਆ। ਦੋਵੇਂ ਨਿਯੁਕਤੀਆਂ ਦਾ ਸਮੂਹ ਮੈਂਬਰਾਂ ਨੇ ਸਵਾਗਤ ਕੀਤਾ ਅਤੇ ਨਵੀਂ ਟੀਮ ਨੂੰ ਸ਼ੁੱਭ ਇੱਛਾਵਾਂ ਦਿੱਤੀਆਂ। ਆਪਣੇ ਸੰਬੋਧਨ ਵਿੱਚ ਨਵ-ਨਿਯੁਕਤ ਪ੍ਰਧਾਨ ਪੁਨੀਤ ਗੁਪਤਾ ਨੇ ਭਰੋਸਾ ਦਿੱਤਾ ਕਿ ਉਹ ਮੈਂਬਰਾਂ ਦੇ ਸਰਗਰਮ ਸਹਿਯੋਗ ਅਤੇ ਸਮਰਥਨ ਨਾਲ ਉਦਯੋਗਿਕ ਭਾਈਚਾਰੇ ਦੀ ਤਰੱਕੀ ਅਤੇ ਬਿਹਤਰੀ ਲਈ ਪੂਰੀ ਇਮਾਨਦਾਰੀ ਨਾਲ ਯਤਨ ਕਰਨਗੇ।ਇਸ ਮੌਕੇ ਅਸ਼ੋਕ ਗੁਪਤਾ, ਮੁਖਿੰਦਰ ਸਿੰਘ, ਅਸ਼ੋਕ ਸੇਠੀ, ਪੰਕਜ ਗੌਤਮ, ਅਨਿਲ ਸਿੰਗਲਾ, ਓਮ ਉੱਪਲ, ਰਾਕੇਸ਼ ਸੂਦ, ਚੰਦਰ ਗੁਪਤਾ, ਸੁਬੋਧ ਸੋਬਤੀ, ਸੁਰਿੰਦਰ ਚਾਵਲਾ, ਅਰਵਿੰਦ ਬੱਗਾ, ਰਜਿੰਦਰ ਸੋਂਧੀ, ਗੌਰਵ ਸਹਿਦੇਵ, ਰੋਹਿਤ ਖੁਰਾਨਾ, ਪਵਨ ਕੁਮਾਰ ਕਾਲੜਾ, ਨਿਖਿਲ ਗੁਪਤਾ, ਇਕਬਾਲ ਸ਼ਰਮਾ, ਪ੍ਰਵੇਸ਼ ਗੁਪਤਾ, ਪ੍ਰਸ਼ਾਂਤ ਉੱਪਲ, ਪੰਕਜ ਕਪੂਰ ਅਤੇ ਰਵਿੰਦਰ ਗੁਲਾਟੀ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।



ਸਿਵਲ ਸਰਜਨ ਵੱਲੋਂ ਹਸਪਤਾਲ ਦੇ ਵੱਖ-ਵੱਖ ਵਿਭਾਗਾਂ ਦਾ ਨਿਰੀਖਣ

ਮੋਹਾਲੀ (ਗੁਰਜੀਤ ਬਿੱਲਾ)- ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਸੀਨੀਅਰ ਸਿਹਤ ਅਧਿਕਾਰੀਆਂ ਸਮੇਤ ਜ਼ਿਲ੍ਹਾ ਹਸਪਤਾਲ ਮੋਹਾਲੀ ਦਾ ਦੌਰਾ ਕੀਤਾ ਅਤੇ ਐਮਰਜੈਂਸੀ ਵਿਭਾਗ, ਆਪ੍ਰੇਸ਼ਨ ਥੀਏਟਰ (ਓ.ਟੀ.), ਲੈਬਾਰਟਰੀ, ਓ.ਪੀ.ਡੀ. ਤੇ ਵੱਖ-ਵੱਖ ਵਾਰਡਾਂ ਦਾ ਬਾਰੀਕੀ ਨਾਲ ਨਿਰੀਖਣ ਕਰਦਿਆਂ ਦਿੱਤੀਆਂ ਜਾ ਰਹੀਆਂ ਸਿਹਤ ਸੇਵਾਵਾਂ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਹਸਪਤਾਲ ਦੇ ਬੁਨਿਆਦੀ ਢਾਂਚੇ, ਬੈੱਡਾਂ ਦੀ ਉਪਲਬਧਤਾ, ਮੈਡੀਕਲ ਉਪਕਰਨਾਂ ਦੀ ਸਥਿਤੀ, ਸਫ਼ਾਈ ਵਿਵਸਥਾ ਅਤੇ ਮਰੀਜ਼ਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਦਾ ਮੁਆਇਨਾ ਕੀਤਾ। ਉਨ੍ਹਾਂ ਵੱਖ-ਵੱਖ ਵਿਭਾਗਾਂ ਵਿੱਚ ਕੰਮ ਕਰ ਰਹੇ ਸਟਾਫ਼ ਨਾਲ ਗੱਲਬਾਤ ਕਰਕੇ ਵਿਭਾਗਾਂ ਦੀ ਕਾਰਜਪ੍ਰਣਾਲੀ ਬਾਰੇ ਵੀ ਜਾਣਕਾਰੀ ਹਾਸਲ ਕੀਤੀ। ਡਾ. ਸੰਗੀਤਾ ਜੈਨ ਨੇ ਕਿਹਾ ਕਿ ਸਰਕਾਰੀ ਹਸਪਤਾਲਾਂ ਵਿੱਚ ਆਉਣ ਵਾਲੇ ਮਰੀਜ਼ਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਸਿਹਤ ਵਿਭਾਗ ਦੀ ਮੁੱਖ ਤਰਜੀਹ ਹੈ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਹਸਪਤਾਲ ਵਿੱਚ ਸਫ਼ਾਈ, ਬੈੱਡਾਂ ਦੀ ਉਪਲਬਧਤਾ ਅਤੇ ਮੈਡੀਕਲ ਉਪਕਰਨਾਂ ਦੀ ਸਹੀ ਕਾਰਜਸ਼ੀਲਤਾ ਯਕੀਨੀ ਬਣਾਈ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਮਰੀਜ਼ਾਂ ਨੂੰ ਬਿਨਾਂ ਕਿਸੇ ਮੁਸ਼ਕਲ ਦੇ ਸਮੇਂ ਸਿਰ ਇਲਾਜ ਅਤੇ ਲੋੜੀਂਦੀਆਂ ਸਿਹਤ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ।

ਪ੍ਰਕਾਸ਼ ਪੁਰਬ ਨੂੰ ਸਮਰਪਤ ਨਗਰ ਕੀਰਤਨ 21 ਨੂੰ

ਮੋਹਾਲੀ (ਗੁਰਜੀਤ ਬਿੱਲਾ)- ਗੁਰਦੁਆਰਾ ਤਾਲਮੇਲ ਕਮੇਟੀ ਦੇ ਪ੍ਰਧਾਨ ਅਮਰਜੀਤ ਸਿੰਘ ਪਾਹਵਾ ਦੀ ਅਗਵਾਈ ਹੇਠ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਗੁਰਪੁਰਬ ਦੀ ਖੁਸ਼ੀ ਵਿੱਚ ਵਿਸ਼ਾਲ ਨਗਰ ਕੀਰਤਨ ਦੇ ਪ੍ਰਬੰਧਾਂ ਸਬੰਧੀ ਇੱਕ ਜ਼ਰੂਰੀ ਮੀਟਿੰਗ ਮਿਤੀ 29 ਅਕਤੂਬਰ ਨੂੰ ਗੁ: ਗੋਬਿੰਦਸਰ ਸਾਹਿਬ ਫੇਜ਼-1, ਪਿੰਡ ਮੁਹਾਲੀ ਵਿਖੇ ਬੁਲਾਈ ਗਈ। । ਕਮੇਟੀ ਦੇ ਜਨਰਲ ਸਕੱਤਰ ਸ ਮਨਜੀਤ ਸਿੰਘ ਮਾਨ ਵਲੋਂ ਜਾਣਕਾਰੀ ਦਿੱਤੀ ਗਈ ਕਿ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦੇ ਪ੍ਰਕਾਸ਼ ਗੁਰਪੁਰਬ ਦੀ ਖੁਸ਼ੀ ਵਿੱਚ ਵਿਸ਼ਾਲ ਨਗਰ ਕੀਰਤਨ ਮਿਤੀ 21 ਨਵੰਬਰ ਦਿਨ ਸ਼ਨੀਵਾਰ ਨੂੰ ਗੁ: ਗੋਬਿੰਦਸਰ ਸਾਹਿਬ ਫੇਜ਼-1 ਤੋਂ ਸਵੇਰੇ 10 ਵਜੇ ਅਰੰਭ ਹੋ ਕੇ ਗੁ: ਸਾਹਿਬ ਫੇਜ਼ 1 ਸਿੰਘ ਸਭਾ ਤੋਂ ਪੁਰਾਣਾ ਡੀ.ਸੀ. ਆਫਿਸ, ਫਰੈਂਕੋ ਹੋਟਲ ਦੀਆਂ ਲਾਈਟਾਂ, ਡਿਪਲਾਸਟਿਕ ਚੌਂਕ ਤੋਂ 2-4 ਦੀ ਡਿਵਾਇਡਰ ਵੱਲ ਤੋਂ ਮਦਨਪੁਰਾ ਚੌਂਕ, 3-5 ਦੀ ਲਾਈਟਾਂ, ਗੁ: ਸਾਚਾ ਧਨੁ ਸਾਹਿਬ ਤੋਂ ਫੇਜ਼ 7 ਦੀ ਮਾਰਕੀਟ ਵਿੱਚੋਂ ਹੁੰਦਾ ਹੋਇਆ, ਗੁ: ਅੰਬ ਸਾਹਿਬ, ਫੇਜ਼ 9, ਫੇਜ਼ 10, ਗੁ: ਸਿੰਘ ਸਭਾ ਫੇਜ਼ 11 ਵਿਖੇ ਸ਼ਾਮ 8:00 ਵਜੇ ਸੰਪੂਰਨ ਹੋਵੇਗਾ। ਜਿਸ ਵਿੱਚ ਰਾਗੀ, ਢਾਡੀ, ਗੱਤਕਾ ਪਾਰਟੀਆਂ, ਸਕੂਲਾਂ ਦੇ ਬੱਚੇ ਨਗਰ ਕੀਰਤਨ ਵਿੱਚ ਪਹੁੰਚ ਕੇ ਨਗਰ ਕੀਰਤਨ ਦੀ ਸ਼ਾਨ ਵਧਾਉਣਗੇ।




ਲੋਈ ਗੋਤ ਜਠੇਰਿਆ ਦਾ ਮੇਲਾ 9 ਨੂੰ

ਮਾਹਿਲਪੁਰ (ਸਫਰੀ)- ਲੋਈ ਗੋਤਰ ਦੇ ਜਠੇਰਿਆਂ ਦਾ ਸਾਲਾਨਾ ਜੋੜ ਮੇਲਾ 9 ਨਵੰਬਰ ਨੂੰ ਪਿੰਡ ਭਾਰਤਪੁਰ ਜੱਟਾਂ ਨੇੜੇ ਸੈਲਾ ਖੁਰਦ ਵਿਖੇ ਮਨਾਇਆ ਜਾਵੇਗਾ ਜਿਸ ਵਿੱਚ ਚੁੰਨੀ ਦੀ ਰਸਮ ਸਵੇਰੇ 8 ਵਜੇ ਹੋਵੇਗੀ ਤੇ ਨਿਸ਼ਾਨ ਸਾਹਿਬ ਦੀ ਰਸਮ ਸਵੇਰੇ 11.15 ਤੇ ਹੋਵੇਗੀ। ਉਪਰੰਤ ਰਾਕੇਸ਼ ਕੁਮਾਰ ਭਜਨ ਮੰਡਲੀ ਮਾਲੇਵਾਲ ਵੱਲੋਂ ਧਾਰਮਿਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ ਦਾਨੀ ਸੱਜਣਾਂ ਦਾ ਸਨਮਾਨ ਕੀਤਾ ਜਾਵੇਗਾ ਅਤੇ ਲੰਗਰ ਸਾਰਾ ਦਿਨ ਅਟੁੱਟ ਵਰਤੇਗਾ। ਮੇਲੇ ਦਾ ਲਾਈਵ ਪ੍ਰਸਾਰਣ ਦੋਆਬਾ ਕਿੰਗ ਤੇ ਲਾਈਵ ਚੱਲੇਗਾ।

ਏ ਜੀ ਆਈ ਗਲੋਬਲ ਸਕੂਲ 'ਚ ਦੀਵਾਲੀ ਦਾ ਜਸ਼ਨ ਮਨਾਇਆ

ਜਲੰਧਰ (ਰਾਜੇਸ਼ ਥਾਪਾ)- ਏ ਜੀ ਆਈ ਗਲੋਬਲ ਸਕੂਲ ਵਿੱਚ 'ਦੀਵਾਲੀ-ਵੀਨ ' ਨਾਂ ਦਾ ਇੱਕ ਖਾਸ ਸਮਾਗਮ ਬਹੁਤ ਵੱਡੀ ਗਿਣਤੀ ਦੇ ਇੱਕਠ ਵਿੱਚ ਕਰਵਾਇਆ ਗਿਆ। ਇਸ ਵਿੱਚ ਦੀਵਾਲੀ ਅਤੇ ਹੈਲੋਵੀਨ, ਦੋਵਾਂ ਤਿਉਹਾਰਾਂ ਨੂੰ ਇਕੱਠੇ ਮਨਾਇਆ ਗਿਆ। ਇਸ ਸਮਾਗਮ ਵਿੱਚ ਭਾਰਤੀ ਰੀਤੀ-ਰਿਵਾਜਾਂ ਅਤੇ ਹੈਲੋਵੀਨ ਦੀ ਮਸਤੀ ਦਾ ਸੋਹਣਾ ਮੇਲ ਦੇਖਣ ਨੂੰ ਮਿਲਿਆ। ਸਕੂਲ ਨੂੰ ਰੌਸ਼ਨੀਆਂ ਅਤੇ ਰੰਗ-ਬਿਰੰਗੀਆਂ ਸਜਾਵਟਾਂ ਨਾਲ ਸਜਾਇਆ ਗਿਆ ਸੀ। ਵਿਦਿਆਰਥੀਆਂ, ਮਾਪਿਆਂ ਅਤੇ ਅਧਿਆਪਕਾਂ ਨੇ ਮਿਲ ਕੇ ਇਸ ਦਿਨ ਨੂੰ ਬਹੁਤ ਖੁਸ਼ੀ ਅਤੇ ਉਤਸ਼ਾਹ ਨਾਲ ਮਨਾਇਆ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਅਤੇ ਚੇਅਰਪਰਸਨ ਸਲਵਿੰਦਰਜੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਉਨ੍ਹਾਂ ਨੇ ਸਕੂਲ ਦੀ ਟੀਮ ਦਾ ਹੌਸਲਾ ਵਧਾਇਆ।'ਦੀਵਾਲੀ-ਵੀਨ ' ਸਮਾਗਮ ਦੀ ਸੋਚ ਅਤੇ ਯੋਜਨਾ ਡਾਇਰੈਕਟਰ ਹਰਲੀਨ ਮੋਹੰਤੀ ਦੀ ਅਗਵਾਈ ਹੇਠ ਤਿਆਰ ਕੀਤੀ ਗਈ। ਉਨ੍ਹਾਂ ਦਾ ਮੰਨਣਾ ਹੈ ਕਿ ਬੱਚਿਆਂ ਨੂੰ ਸਿੱਖਣ ਅਤੇ ਆਪਣੀ ਕਲਾ ਦਿਖਾਉਣ ਲਈ ਨਵੇਂ ਅਤੇ ਦਿਲਚਸਪ ਮੌਕੇ ਮਿਲਣੇ ਚਾਹੀਦੇ ਹਨ। ਪ੍ਰਿੰਸੀਪਲ ਆਰਤੀ ਸ਼ਰਮਾ ਨੇ ਸਮਾਗਮ ਦੀਆਂ ਤਿਆਰੀਆਂ ਦਾ ਧਿਆਨ ਰੱਖਿਆ ਅਤੇ ਸਾਰੀਆਂ ਗਤੀਵਿਧੀਆਂ ਨੂੰ ਚੰਗੇ ਢੰਗ ਨਾਲ ਅਤੇ ਸੁਰੱਖਿਅਤ ਤਰੀਕੇ ਨਾਲ ਕਰਵਾਇਆ। ਇਸ ਸਮਾਗਮ ਵਿੱਚ ਹਰ ਉਮਰ ਦੇ ਲੋਕਾਂ ਲਈ ਮਨੋਰੰਜਨ ਦੇ ਪ੍ਰਬੰਧ ਕੀਤੇ ਗਏ ਸਨ। ਸੈਂਕੜੇ ਬੱਚਿਆਂ ਅਤੇ ਹੋਰ ਲੋਕਾਂ ਨੇ ਸੋਹਣੀਆਂ ਡਾਂਸ ਪੇਸ਼ਕਾਰੀਆਂ, ਜੋਸ਼ ਨਾਲ ਭਰੇ ਗਰੁੱਪ ਡਾਂਡੀਆ ਅਤੇ ਸਹਿਜ ਬੈਂਡ ਦੇ ਲਾਈਵ ਸੰਗੀਤ ਦਾ ਆਨੰਦ ਮਾਣਿਆ। ਸਾਰਾ ਮਾਹੌਲ ਸੰਗੀਤ ਅਤੇ ਤਿਉਹਾਰ ਦੀਆਂ ਖੁਸ਼ੀਆਂ ਨਾਲ ਭਰਿਆ ਹੋਇਆ ਸੀ।



ਨਿਸਾਨ ਇੰਡੀਆ ਨੇ ਘਰੇਲੂ ਹੋਲਸੇਲ ਵਿਕਰੀ 'ਚ 50 ਫੀਸਦੀ ਵਾਧਾ ਦਰਜ ਕੀਤਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਨਿਸਾਨ ਮੋਟਰ ਇੰਡੀਆ ਨੇ ਅਕਤੂਬਰ 2026 ਦੌਰਾਨ ਘਰੇਲੂ ਹੋਲਸੇਲ ਵਿਕਰੀ ਵਿੱਚ ਸਾਲਾਨਾ ਆਧਾਰ 'ਤੇ 50 ਫੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਹੈ। ਕੰਪਨੀ ਨੇ ਅਕਤੂਬਰ 2025 ਵਿੱਚ ਵਿਕੀਆਂ 2,402 ਕਾਰਾਂ ਦੇ ਮੁਕਾਬਲੇ ਅਕਤੂਬਰ 2026 ਵਿੱਚ 3,600 ਯੂਨਿਟਾਂ ਦੀ ਵਿਕਰੀ ਕੀਤੀ। ਇਸ ਦੇ ਨਾਲ ਹੀ ਨਿਸਾਨ ਨੇ ਲਗਾਤਾਰ ਅੱਠਵੇਂ ਮਹੀਨੇ ਘਰੇਲੂ ਵਿਕਰੀ ਵਿੱਚ ਸਾਲਾਨਾ ਆਧਾਰ 'ਤੇ ਵਾਧੇ ਦਾ ਸਿਲਸਿਲਾ ਬਰਕਰਾਰ ਰੱਖਿਆ ਹੈ। ਜਨਵਰੀ ਤੋਂ ਅਕਤੂਬਰ 2026 ਦੌਰਾਨ ਕੰਪਨੀ ਨੇ ਘਰੇਲੂ ਅਤੇ ਨਿਰਯਾਤ ਬਾਜ਼ਾਰਾਂ ਵਿੱਚ ਕੁੱਲ 85,124 ਕਾਰਾਂ ਦੀ ਵਿਕਰੀ ਦਰਜ ਕੀਤੀ। ਇਹ ਪ੍ਰਾਪਤੀ ਨਿਸਾਨ ਦੇ ਲਗਾਤਾਰ ਵਿਸਤਾਰ ਕਰ ਰਹੇ ਉਤਪਾਦ ਪੋਰਟਫੋਲੀਓ ਪ੍ਰਤੀ ਗਾਹਕਾਂ ਦੇ ਸਕਾਰਾਤਮਕ ਹੁੰਗਾਰੇ ਨੂੰ ਦਰਸਾਉਂਦੀ ਹੈ। ਕੰਪਨੀ ਦੇ ਪੋਰਟਫੋਲੀਓ ਵਿੱਚ ਨਵੀਂ ਨਿਸਾਨ ਟੈਕਟੋਨ, ਮੈਗਨਾਈਟ ਅਤੇ ਗ੍ਰੇਵਾਈਟ ਸ਼ਾਮਲ ਹਨ। ਨਿਸਾਨ ਮੋਟਰ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸੌਰਭ ਵਤਸ ਨੇ ਕਿਹਾ, ਜਨਵਰੀ ਤੋਂ ਅਕਤੂਬਰ ਦੌਰਾਨ ਘਰੇਲੂ ਅਤੇ ਨਿਰਯਾਤ ਬਾਜ਼ਾਰਾਂ ਵਿੱਚ ਕੁੱਲ 85,124 ਯੂਨਿਟਾਂ ਦੀ ਵਿਕਰੀ ਦੇ ਨਾਲ ਅਸੀਂ ਆਪਣੇ ਉਤਪਾਦ ਪੋਰਟਫੋਲੀਓ ਅਤੇ ਡੀਲਰ ਨੈੱਟਵਰਕ ਨੂੰ ਲਗਾਤਾਰ ਮਜ਼ਬੂਤ ਕਰ ਰਹੇ ਹਾਂ।

ਪਰਾਲੀ ਸਾੜਨ ਦੀਆਂ ਘਟਨਾਵਾਂ ਰੋਕਣ ਲਈ ਐੱਸ ਡੀ ਐੱਮ ਵੱਲੋਂ ਮੀਟਿੰਗ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)-ਝੋਨੇ ਦੀ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਦੇ ਮੰਤਵ ਨਾਲ ਐਸ ਡੀ ਐਮ ਫਗਵਾੜਾ ਡਾ. ਨਵਜੋਤ ਸ਼ਰਮਾ ਨੇ ਆਪਣੇ ਦਫ਼ਤਰ ਵਿਖੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਅਹਿਮ ਮੀਟਿੰਗ ਕੀਤੀ। ਮੀਟਿੰਗ ਵਿੱਚ ਤਹਿਸੀਲਦਾਰ, ਬੀ ਡੀ ਪੀ ਓ, ਖੇਤੀਬਾੜੀ ਅਫ਼ਸਰ, ਪੁਲਿਸ ਅਧਿਕਾਰੀ, ਕਲਸਟਰ ਅਫ਼ਸਰ, ਨੋਡਲ ਅਫ਼ਸਰ, ਪਟਵਾਰੀ, ਪੰਚਾਇਤ ਸਕੱਤਰ ਅਤੇ ਜੀ ਆਰ ਐਸ (ਗ੍ਰਾਮ ਰੋਜ਼ਗਾਰ ਸੇਵਕ) ਹਾਜ਼ਰ ਸਨ। ਮੀਟਿੰਗ ਦੌਰਾਨ ਐਸ ਡੀ ਐਮ ਡਾ. ਨਵਜੋਤ ਸ਼ਰਮਾ ਨੇ ਸਮੂਹ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੰਦਿਆਂ ਕਿਹਾ ਕਿ ਇਸ ਲਈ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਹਰ ਹਾਲਤ ਵਿੱਚ ਰੋਕਣਾ ਯਕੀਨੀ ਬਣਾਇਆ ਜਾਵੇ।ਉਨ੍ਹਾਂ ਹਦਾਇਤ ਕੀਤੀ ਕਿ ਸਾਰੇ ਫੀਲਡ ਸਟਾਫ਼ ਆਪੋ-ਆਪਣੇ ਇਲਾਕੇ ਵਿੱਚ ਹਰ ਸਮੇਂ ਫੀਲਡ ਵਿੱਚ ਮੌਜੂਦ ਰਹਿਣ, ਪਿੰਡਾਂ ਵਿੱਚ ਨਿਰੰਤਰ ਨਿਗਰਾਨੀ ਰੱਖਣ ਅਤੇ ਕਿਸਾਨਾਂ ਨੂੰ ਪਰਾਲੀ ਦੇ ਸਹੀ ਪ੍ਰਬੰਧਨ ਲਈ ਜਾਗਰੂਕ ਕਰਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਦੀ ਸੰਭਾਲ ਲਈ ਉਪਲਬਧ ਆਧੁਨਿਕ ਖੇਤੀ ਮਸ਼ੀਨਰੀ, ਜਿਵੇਂ ਕਿ ਸੁਪਰ ਸੀਡਰ, ਹੈਪੀ ਸੀਡਰ, ਬੇਲਰ ਆਦਿ ਦੀ ਵਰਤੋਂ ਲਈ ਪ੍ਰੇਰਿਤ ਕੀਤਾ ਜਾਵੇ। ਨਾਲ ਹੀ ਅੱਗ ਲੱਗਣ ਦੀ ਕਿਸੇ ਵੀ ਘਟਨਾ ਦੀ ਸੂਚਨਾ ਮਿਲਣ 'ਤੇ ਤੁਰੰਤ ਮੌਕੇ 'ਤੇ ਪਹੁੰਚ ਕੇ ਅੱਗ ਬੁਝਾਈ ਜਾਵੇ ਅਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਡਿਊਟੀ ਵਿੱਚ ਕੋਤਾਹੀ ਕਰਨ ਵਾਲੇ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮੀਟਿੰਗ ਉਪਰੰਤ ਐਸ.ਡੀ.ਐਮ. ਡਾ. ਨਵਜੋਤ ਸ਼ਰਮਾ ਨੇ ਖੇਤੀਬਾੜੀ ਅਫ਼ਸਰ ਸਮੇਤ ਸਬ-ਡਵੀਜ਼ਨ ਦੇ ਹਾਟ ਸਪਾਟ ਪਿੰਡਾਂ ਢੱਕ ਪੰਡੋਰੀ, ਅਕਾਲਗੜ੍ਹ, ਭੁੱਲਾਰਾਈ, ਸੰਗਤਪੁਰ ਆਦਿ ਦਾ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਮੌਕੇ 'ਤੇ ਹਾਲਾਤ ਦਾ ਜਾਇਜ਼ਾ ਲਿਆ, ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਉਹ ਵਾਤਾਵਰਨ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਉਂਦੇ ਹੋਏ ਪਰਾਲੀ ਦਾ ਪ੍ਰਬੰਧਨ ਵਿਗਿਆਨਕ ਢੰਗ ਨਾਲ ਕਰਨ ਅਤੇ ਪ੍ਰਸ਼ਾਸਨ ਦਾ ਸਹਿਯੋਗ ਦੇਣ।




ਕੰਗ ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ

ਬਲਾਚੌਰ (ਜਸਵਿੰਦਰ ਬੈਂਸ)-ਪੰਜਾਬ ਸਰਕਾਰ ਲੋਕਾਂ ਨੂੰ ਸਿਹਤ, ਸਿੱਖਿਆ, ਪੀਣ ਵਾਲਾ ਸਾਫ਼ ਪਾਣੀ, ਸੜਕਾਂ, ਗਲੀਆਂ-ਨਾਲੀਆਂ ਅਤੇ ਖੇਡਾਂ ਸਮੇਤ ਹਰ ਤਰ੍ਹਾਂ ਦੀਆਂ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਇਹ ਪ੍ਰਗਟਾਵਾ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਨੇ ਹਲਕਾ ਬਲਾਚੌਰ ਅੰਦਰ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਮੌਕੇ ਕੀਤਾ। ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰੋੜਾਂ ਰੁਪਏ ਖਰਚ ਕਰਕੇ ਪਿੰਡਾਂ ਨੂੰ ਸ਼ਹਿਰੀ ਪੱਧਰ ਦੀਆਂ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਐਮ.ਪੀ. ਲੈਡ ਫੰਡ ਤਹਿਤ ਲੱਖਾਂ ਰੁਪਏ ਦੀ ਲਾਗਤ ਨਾਲ ਹਲਕਾ ਬਲਾਚੌਰ ਦੇ ਵੱਖ-ਵੱਖ ਪਿੰਡਾਂ ਵਿੱਚ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੌਰ ਰੱਖਣ ਅਤੇ ਖੇਡਾਂ ਨਾਲ ਜੋੜ ਲਈ ਪਿੰਡ ਫਤਹਿਪੁਰ ਤੇ ਲੰਬੂਆਂ ਵਿਖੇ ਇਨਡੋਰ ਜਿਮ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਇਲਵਾ ਪਿੰਡ ਰਾਮਗੜ੍ਹ, ਜਿਉਵਾਲ, ਕਾਠਗੜ੍ਹ, ਗੁਲਪੁਰ ਤੇ ਰੱਕਰਾਂ ਢਾਹਾਂ ਵਿਖੇ ਵਾਟਰ ਟੈਂਕਰ ਦੀ ਸਹੂਲਤ ਲੋਕਾਂ ਨੂੰ ਸਮਰਪਿਤ ਕੀਤੀ ਗਈ। ਉਨ੍ਹਾਂ ਕਿਹਾ ਕਿ ਐਨ ਪੀ ਟੱਪਰੀਆਂ ਵਿਖੇ ਸਟੇਡੀਅਮ ਦਾ ਉਦਘਾਟਨ ਕੀਤਾ ਗਿਆ ਅਤੇ ਪਿੰਡ ਮਾਲੇਵਾਲ ਕੰਡੀ ਦੇ ਲੋਕਾਂ ਨੂੰ ਕਮਿਊਨਿਟੀ ਸੈਂਟਰ ਲੋਕ ਸਮਰਪਿਤ ਕੀਤਾ ਗਿਆ।ਪਿੰਡ ਖਾਨਪੁਰ ਕੁਲੇਵਾਲ ਵਿਖੇ ਸ਼ਮਸ਼ਾਨਘਾਟ ਨੂੰ ਜਾਂਦੀ ਗਲੀ ਦਾ ਉਦਘਾਟਨ ਵੀ ਕੀਤਾ ਗਿਆ। ਮਲਵਿੰਦਰ ਸਿੰਘ ਕੰਗ ਨੇ ਅੱਗੇ ਕਿਹਾ ਕਿ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਸਹੂਲਤਾਂ ਦੇਣਾ ਸਾਡੀ ਸਰਕਾਰ ਦੀ ਮੁੱਖ ਤਰਜੀਹ ਹੈ। ਇਸ ਮੌਕੇ ਹਲਕਾ ਵਿਧਾਇਕਾ ਸੰਤੋਸ਼ ਕਟਾਰੀਆ ਨੇ ਕਿਹਾ ਕਿ ਬਲਾਚੌਰ ਹਲਕੇ ਦੇ ਸਰਵਪੱਖੀ ਵਿਕਾਸ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਅਸ਼ੋਕ ਕਟਾਰੀਆ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਸਰਪੰਚ, ਪੰਚ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



ਰੋਜ਼ਗਾਰ ਵਿਭਾਗ ਨੇ ਸਵੈ-ਰੋਜ਼ਗਾਰ ਕੈਂਪ ਲਗਾਇਆ

ਕਪੂਰਥਲਾ (ਮਨਜੀਤ ਮਾਨ)- ਪੰਜਾਬ ਸਰਕਾਰ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਅਤੇ ਡਿਪਟੀ ਕਮਿਸ਼ਨਰ ਕਪੂਰਥਲਾ ਸ੍ਰੀ ਅਕਾਸ਼ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਪੂਰਥਲਾ ਦੇ ਨਸ਼ਾ ਪ੍ਰਭਾਵਿਤ ਹੌਟਸਪੌਟ ਖੇਤਰਾਂ ਵਿੱਚ ਚੱਲ ਰਹੇ ਜਾਗਰੂਕਤਾ ਪ੍ਰੋਗਰਾਮਾਂ ਦੇ ਮੱਦੇਨਜ਼ਰ ਫਗਵਾੜਾ ਸਬ-ਡਿਵੀਜ਼ਨ ਦੇ ਤਿੰਨ ਹੌਟਸਪੌਟ ਖੇਤਰਾਂ—ਪਿੰਡ ਢੱਕ ਪੰਡੋਰੀ, ਪਿੰਡ ਚਹੇੜੂ/ਐਲ ਪੀ ਯੂ ਲਾਅ ਗੇਟ ਅਤੇ ਛੱਜ ਕਲੋਨੀ ਵਿਖੇ ਰੋਜ਼ਗਾਰ ਵਿਭਾਗ ਵੱਲੋਂ ਵਿਸ਼ੇਸ਼ ਸਵੈ-ਰੋਜ਼ਗਾਰ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਦੌਰਾਨ ਪਹੁੰਚੇ ਨੌਜਵਾਨਾਂ ਨੂੰ ਮੁੜ ਮੁੱਖ ਧਾਰਾ ਵਿੱਚ ਲਿਆਉਣ ਅਤੇ ਉਨ੍ਹਾਂ ਨੂੰ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਵਿਭਾਗ ਦੀਆਂ ਵੱਖ-ਵੱਖ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਗਿਆ।ਇਸ ਮੌਕੇ ਡਾ. ਵਰੁਣ ਜੋਸ਼ੀ, ਜ਼ਿਲ੍ਹਾ ਪਲੇਸਮੈਂਟ ਅਫ਼ਸਰ, ਵੱਲੋਂ ਨੌਜਵਾਨਾਂ ਨੂੰ ਸਵੈ-ਰੋਜ਼ਗਾਰ ਲਈ ਪ੍ਰੇਰਿਤ ਕੀਤਾ ਗਿਆ ਅਤੇ ਸਰਕਾਰੀ ਸਕੀਮਾਂ ਤਹਿਤ ਕਰਜ਼ਾ ਸਹੂਲਤਾਂ ਦਾ ਲਾਭ ਲੈ ਕੇ ਆਪਣਾ ਕਾਰੋਬਾਰ ਸ਼ੁਰੂ ਕਰਨ ਦਾ ਸੰਦੇਸ਼ ਦਿੱਤਾ ਗਿਆ। ਇਸ ਤੋਂ ਇਲਾਵਾ, ਉਦਯੋਗ ਵਿਭਾਗ ਤੋਂ ਪਹੁੰਚੀ ਮੈਡਮ ਸ਼ੀਲਾ ਵੱਲੋਂ ਨੌਜਵਾਨਾਂ ਨੂੰ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਅਤੇ ਸਵੈ-ਰੋਜ਼ਗਾਰ ਦੇ ਮੌਕਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਨ੍ਹਾਂ ਕੈਂਪਾਂ ਦਾ ਮੁੱਖ ਉਦੇਸ਼ ਨੌਜਵਾਨਾਂ ਨੂੰ ਰੋਜ਼ਗਾਰ ਅਤੇ ਸਵੈ-ਰੋਜ਼ਗਾਰ ਦੇ ਮੌਕਿਆਂ ਨਾਲ ਜੋੜ ਕੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਸ ਲਿਆਉਣ ਲਈ ਪ੍ਰੇਰਿਤ ਕਰਨਾ ਹੈ।



ਕੰਗ ਸਾਹਬੂ ਦਾ ਸਾਲਾਨਾ ਛਿੰਝ ਮੇਲਾ ਯਾਦਗਾਰੀ ਹੋ ਨਿੱਬੜਿਆ

ਨਕੋਦਰ (ਮਨਜੀਤ ਮਾਨ)- ਪਿੰਡ ਕੰਗ ਸਾਹਬੂ ਵਿਖੇ ਸਲਾਨਾ ਛਿੰਝ ਮੇਲਾ ਸਮੂਹ ਗ੍ਰਾਮ ਪੰਚਾਇਤ, ਛਿੰਝ ਕਮੇਟੀ ਮੇਲਾ ਪ੍ਰਬੰਧਕ ਕਮੇਟੀ ਅਤੇ ਐੱਨ ਆਰ ਆਈ ਵੀਰਾਂ ਵੱਲੋਂ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਤੇ ਪਟਕੇ ਦੀ ਕੁਸ਼ਤੀ ਪ੍ਰਿਤਪਾਲ ਫਗਵਾੜਾ ਨੇ ਧਰਮਿੰਦਰ ਕਹਾਲੀ ਨੂੰ ਚਿਤ ਕਰਕੇ ਜਿੱਤੀ ।ਪਟਕੇ ਦੀ ਕੁਸ਼ਤੀ ਤੇ ਪਹਿਲਵਾਨ ਨੂੰ ਢਾਈ ਤੋਲੇ ਦਾ ਸੋਨੇ ਦਾ ਕੈਂਠਾ (4ਲੱਖ) ਸਵਰਗਵਾਸੀ ਤਲਵੀਰ ਸਿੰਘ (ਗੁੱਡੂ)ਦੇ ਪਰਵਾਰ ਵੱਲੋਂ ਭੇਟ ਕੀਤਾ ਗਿਆ ਅਤੇ ਇੱਕ ਗੁਰਜ਼,ਮਠਿਆਈ ਤੇ ਨਗਦ ਰਾਸ਼ੀ ਬਿੱਟੂ ਸਵੀਟ ਸ਼ਾਪ ਕੰਗ ਸਾਹਬੂ ਵੱਲੋਂ ਯਾਦਗਾਰੀ ਚਿੰਨ ਅਤੇ ਨਗਦ ਰਾਸ਼ੀ ਛਿੰਝ ਕਮੇਟੀ ਵੱਲੋਂ ਦੇ ਕੇ ਪਹਿਲਵਾਨਾ ਦਾ ਸਨਮਾਨ ਕੀਤਾ ਗਿਆ। ਇਸ ਮੌਕੇ ਤੇ 30 ਅਖਾੜਿਆਂ ਤੋਂ ਪਹਿਲਵਾਨ ਪਹੁੰਚੇ ਹੋਏ ਸਨ ਅਤੇ ਛਿੰਝ ਕਮੇਟੀ ਵੱਲੋਂ 95 ਕੁਸ਼ਤੀਆਂ ਕਰਵਾਈਆਂ ਗਈਆਂ ਤੇ ਜੇਤੂ ਪਹਿਲਵਾਨਾਂ ਨੂੰ ਤੇ ਦੂਜੇ ਨੰਬਰ ਤੇ ਰਹਿਣ ਵਾਲੇ ਪਹਿਲਵਾਨਾਂ ਨੂੰ ਲੱਖਾਂ ਰੁਪਏ ਦੀ ਰਾਸ਼ੀ ਨਗਦ ਵੰਡੀ ਗਈ। ਇਸ ਮੌਕੇ ਤੇ ਵੱਡੀ ਪੱਧਰ ਤੇ ਐਨ ਆਰ ਆਈ ਦੇ ਨਗਰ ਨਿਵਾਸੀ ਸੰਗਤਾਂ ਨੇ ਮਾਇਆ ਅਰਦਾਸ ਕਰਾਈ ਤੇ ਇਹਨਾਂ ਸਾਰੇ ਇਨ੍ਹਾਂ ਸਾਰੇ ਦਾਨੀ ਤੇ ਸਹਿਯੋਗੀ ਵੀਰਾਂ ਨੂੰ ਛਿੰਝ ਕਮੇਟੀ ਵੱਲੋਂ ਯਾਦਗਾਰੀ ਚਿੰਨ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸੰਗਤਾਂ ਵੱਲੋਂ ਚਾਹ ਪਕੌੜੇ ਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ। ਇਸ ਮੌਕੇ ਤੇ ਦਵਿੰਦਰ ਜੱਸਲ ਸਾਬਕਾ ਸਰਪੰਚ, ਗੁਰਮੁਖ ਸਿੰਘ ਕੰਗ, ਤਰਸੇਮ ਸਿੰਘ, ਅਜੈਬ ਸਿੰਘ, ਪਿਆਰਾ ਲਾਲ, ਪਵਿੱਤਰ ਸਿੰਘ, ਸਤਨਾਮ ਇਸ਼ਵੀਰ ਸਿੰਘ, ਰੇਸ਼ਮ ਸਿੰਘ, ਸੁਖਜਿੰਦਰ ਸਿੰਘ, ਜੁਗਰਾਜ ਸਿੰਘ ਲੰਬੜਦਾਰ, ਗੁਰਦੀਪ ਸਿੰਘ ਵਿਰਦੀ,ਗੁਰਵਿੰਦਰ ਸਿੰਘ, ਰਾਜਵੰਤ ਰਾਏ ਐਮਡੀ ਫਾਈਨਲ ਗਲੋਬਲ ਇਮੀਗ੍ਰੇਸ਼ਨ, ਸਾਬਕਾ ਸਰਪੰਚ ਦੇਵਰਾਜ ਮੰਡਾਰਾ, ਸਾਬਕਾ ਸਰਪੰਚ ਭਗਵੰਤ ਸਿੰਘ, ਬਲਜੀਤ ਸਿੰਘ ਯੂ ਕੇ, ਬਲਜਿੰਦਰ ਸਿੰਘ ਯੂ ਕੇ, ਗਿਆਨ ਸਿੰਘ ਕੰਗ ਪ੍ਰਧਾਨ ਵਿਸ਼ਵ ਪੰਜਾਬੀ ਕਾਨਫਰੰਸ ਟਰੋਂਟੋ (ਕਨੇਡਾ) ਗੁਰਦੀਪ ਸਿੰਘ ਦੀਪਾ ਆਦਿ ਹਾਜ਼ਰ ਸਨ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਮਾਸਟਰ ਰਵਿੰਦਰ ਸਿੰਘ ਕੰਗ ਸਟੇਟ ਅਵਾਰਡੀ, ਪਿਆਰਾ ਲਾਲ ਗੀਤਕਾਰ ਨੇ ਨਿਭਾਈ ਕੰਗ ਸਾਹਬੂ ਦਾ ਇਤਿਹਾਸਕ ਸਲਾਨਾ ਛਿੰਝ ਮੇਲਾ ਆਪਣੀਆਂ ਅਮਿੱਟ ਪੈੜਾਂ ਛੱਡਦਾ ਹੋਇਆ ਸਮਾਪਤ ਹੋਇਆ। ਇਸ ਮੌਕੇ ਤੇ ਵੱਖ ਵੱਖ ਖੇਤਰਾਂ ਵਿੱਚ ਮੱਲਾਂ ਮਾਰਨ ਵਾਲੀਆਂ ਵੱਖ ਵੱਖ ਸਖਸ਼ੀਅਤਾਂ ਦਾ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ ।




ਡਾ. ਯੂਨਿਸ ਅਹਿਮਦ ਚੋਟੀ ਦੇ 2% ਵਿਗਿਆਨੀਆਂ ਦੀ ਸੂਚੀ 'ਚ ਸ਼ਾਮਲ

ਆਦਮਪੁਰ (ਪਰਮਜੀਤ ਸਿੰਘ)- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਲਾਈਫ ਸਾਇੰਸਿਜ਼ ਵਿਭਾਗ ਦੇ ਸਹਾਇਕ ਪ੍ਰੋਫੈਸਰ ਜੀਵ ਵਿਗਿਆਨ ਡਾ. ਯੂਨਿਸ ਅਹਿਮਦ ਨੂੰ ਲਗਾਤਾਰ ਤਿੰਨ ਸਾਲਾਂ 2024, 2025 ਅਤੇ 2026 ਲਈ ਸਟੈਂਡਫੋਰਡ-ਐਲਸੇਵੀਅਰ ਦੇ ਵਿਸ਼ਵ ਦੇ ਚੋਟੀ ਦੇ 2% ਵਿਗਿਆਨੀਆਂ ਦੀ ਸੂਚੀ ਵਿੱਚ ਸ਼ਾਮਲ ਕੀਤਾ ਗਿਆ ਹੈ। ਇਹ ਮਾਣ ਉਨ੍ਹਾਂ ਨੂੰ ਸਿੰਗਲ-ਈਅਰ ਡਾਟਾ ਸ਼੍ਰੇਣੀ ਤਹਿਤ ਪ੍ਰਾਪਤ ਹੋਇਆ ਹੈ, ਜਿਸ ਵਿੱਚ ਉਨ੍ਹਾਂ ਦਾ ਮੁੱਖ ਖੋਜ ਖੇਤਰ 'ਜੀਵ ਵਿਗਿਆਨ' ਅਤੇ ਉਪ-ਖੇਤਰ 'ਕੀਟ ਵਿਗਿਆਨ' ਹੈ।ਸਰਟੀਫਿਕੇਟ ਦੇ ਆਂਕੜਿਆਂ ਅਨੁਸਾਰ ਡਾ. ਯੂਨਿਸ ਦੀ ਵਿਸ਼ਵ ਰੈਂਕ 69,834 ਹੈ, ਜਦਕਿ ਕੀਟ ਵਿਗਿਆਨ ਅਤੇ ਮੈਡੀਕਲ ਐਂਡ ਬਾਇਓਮੋਲੀਕਿਊਲਰ ਕੈਮਿਸਟਰੀ ਵਿੱਚ ਉਨ੍ਹਾਂ ਦੀ ਉਪ-ਖੇਤਰ ਰੈਂਕ 116 ਹੈ। ਉਨ੍ਹਾਂ ਦਾ ਐੱਚ ਇੰਡੈਕਸ 14 ਅਤੇ ਐੱਚ ਐੱਮ ਇੰਡੈਕਸ 3 ਹੈ। ਉਨ੍ਹਾਂ ਦੀ ਖੋਜ ਵਾਤਾਵਰਣ ਸੰਭਾਲ, ਜੈਵ ਵਿਭਿੰਨਤਾ, ਐਪੀਥੈਰੇਪੀ, ਕੁਦਰਤੀ ਉਤਪਾਦਾਂ ਦੀ ਥੈਰੇਪਿਊਟਿਕਸ ਅਤੇ ਖੋਜ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਤੱਕ ਫੈਲੀ ਹੋਈ ਹੈ।ਖੋਜ ਕਾਰਜਾਂ ਤੋਂ ਇਲਾਵਾ ਡਾ. ਯੂਨਿਸ ਨੇ ਸਪ੍ਰਿੰਗਰ ਨੇਚਰ, ਟੇਲਰ ਐਂਡ ਫ੍ਰਾਂਸਿਸ, ਅਤੇ ਐਲਸੇਵੀਅਰ ਵਰਗੇ ਪ੍ਰਮੁੱਖ ਅੰਤਰਰਾਸ਼ਟਰੀ ਪ੍ਰਕਾਸ਼ਕਾਂ ਲਈ ਅੰਤਰਰਾਸ਼ਟਰੀ ਕਿਤਾਬਾਂ ਦੀ ਸੰਪਾਦਨਾ ਵਿੱਚ ਅਹਿਮ ਯੋਗਦਾਨ ਪਾਇਆ ਹੈ। ਉਹ 35 ਤੋਂ ਵੱਧ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਕਾਨਫਰੰਸਾਂ ਵਿੱਚ ਆਪਣੇ ਖੋਜ ਪੱਤਰ ਪੇਸ਼ ਕਰ ਚੁੱਕੇ ਹਨ। ਜ਼ੂਆਲੋਜੀ ਸੁਸਾਇਟੀ ਆਫ਼ ਇੰਡੀਆ ਵੱਲੋਂ ਉਨ੍ਹਾਂ ਨੂੰ ਆਲ ਇੰਡੀਆ ਕਾਂਗਰਸ ਆਫ਼ ਜੀਵ ਵਿਗਿਆਨ ਵਿੱਚ ਗੋਲਡ ਮੈਡਲ ਨਾਲ ਵੀ ਸਨਮਾਨਤ ਕੀਤਾ ਜਾ ਚੁੱਕਾ ਹੈ।ਡਾ. ਯੂਨਿਸ ਨੇ ਆਪਣੀ ਇਸ ਸਫਲਤਾ ਦਾ ਸਿਹਰਾ ਯੂਨੀਵਰਸਿਟੀ ਦੇ ਚਾਂਸਲਰ ਸੰਤ ਮਨਮੋਹਨ ਸਿੰਘ ਜੀ, ਵਾਈਸ-ਚਾਂਸਲਰ ਪ੍ਰੋ. ਪਲਵਿੰਦਰ ਸਿੰਘ, ਰਜਿਸਟਰਾਰ ਸ਼੍ਰੀ ਰਾਜਿੰਦਰ ਕੁਮਾਰ, ਡੀਨ ਅਕਾਦਮਿਕ ਪ੍ਰੋ. ਵਿਜੇ ਧੀਰ, ਡਾ. ਨਿਸ਼ਾ ਸ਼ਰਮਾ ਅਤੇ ਲਾਈਫ ਸਾਇੰਸਿਜ਼ ਵਿਭਾਗ ਦੇ ਸਾਥੀਆਂ ਨੂੰ ਦਿੱਤਾ।



ਚੱਬੇਵਾਲ ਦੀ ਸੇਵਾ ਕਰਨਾ ਮੇਰਾ ਸੰਕਲਪ : ਡਾ. ਇਸ਼ਾਂਕ ਕੁਮਾਰ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਆਮ ਆਦਮੀ ਪਾਰਟੀ ਵੱਲੋਂ ਚੱਬੇਵਾਲ ਹਲਕੇ ਤੋਂ ਮੁੜ ਪਾਰਟੀ ਦਾ ਉਮੀਦਵਾਰ ਨਾਮਜ਼ਦ ਕੀਤੇ ਜਾਣ 'ਤੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਉਹ ਇਸ ਜ਼ਿੰਮੇਵਾਰੀ ਨੂੰ ਪੂਰੀ ਨਿਮਰਤਾ ਅਤੇ ਹਲਕਾ ਵਾਸੀਆਂ ਦੀ ਸੇਵਾ ਲਈ ਨਵੇਂ ਜੋਸ਼ ਤੇ ਸਮਰਪਣ ਨਾਲ ਸਵੀਕਾਰ ਕਰਦੇ ਹਨ।ਪਾਰਟੀ ਲੀਡਰਸ਼ਿਪ ਵੱਲੋਂ ਪ੍ਰਗਟਾਏ ਗਏ ਭਰੋਸੇ ਦਾ ਜ਼ਿਕਰ ਕਰਦਿਆਂ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਚੱਬੇਵਾਲ ਦੀ ਨੁਮਾਇੰਦਗੀ ਕਰਨ ਦਾ ਇੱਕ ਹੋਰ ਮੌਕਾ ਮਿਲਣਾ ਉਨ੍ਹਾਂ ਲਈ ਮਾਣ ਦੇ ਨਾਲ-ਨਾਲ ਵੱਡੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕਾਂ ਵੱਲੋਂ ਮਿਲਿਆ ਪਿਆਰ, ਭਰੋਸਾ ਅਤੇ ਸਾਥ ਹਮੇਸ਼ਾ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਰਿਹਾ ਹੈ ਅਤੇ ਇਹੀ ਉਨ੍ਹਾਂ ਨੂੰ ਹੋਰ ਵੀ ਸਮਰਪਣ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ। ਉਹਨਾਂ ਭਰੋਸਾ ਜਤਾਇਆ ਕਿ ਹਲਕਾ ਵਾਸੀ ਉਹਨਾਂ ਦੇ ਵਿਧਾਇਕ ਵਜੋਂ ਕਾਰਜਕਾਲ ਦੌਰਾਨ ਕੀਤੇ ਗਏ ਕੰਮਾਂ ਅਤੇ ਸੇਵਾ 'ਤੇ ਆਪਣੇ ਸਮਰਥਨ ਦੀ ਮੁਹਰ ਲਗਾ ਕੇ ਇਕ ਵਾਰ ਫਿਰ ਉਹਨਾਂ ਨੂੰ ਹਲਕੇ ਦੀ ਸੇਵਾ ਦਾ ਮੌਕਾ ਜ਼ਰੂਰ ਬਖ਼ਸ਼ਣਗੇ। ਡਾ. ਇਸ਼ਾਂਕ ਨੇ ਕਿਹਾ ਕਿ ਹਲਕਾ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ, ਪਿੰਡਾਂ ਦੇ ਵਿਕਾਸ ਸਬੰਧੀ ਮੰਗਾਂ ਨੂੰ ਪੂਰਾ ਕਰਨਾ ਅਤੇ ਹਲਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਰਹੀ ਹੈ ਅਤੇ ਭਵਿੱਖ ਵਿਚ ਵੀ ਰਹੇਗੀ।



ਨੌਜਵਾਨ ਪੀੜ੍ਹੀ ਰੁਜ਼ਗਾਰ ਨਾ ਮਿਲਣ ਕਾਰਨ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹੋ ਰਹੀ : ਹੈਪੀ ਫ਼ਤਿਹਗੜ੍ਹ, ਬੰਟੀ ਹਰਿਆਣਾ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਬੇਗਮਪੁਰਾ ਟਾਈਗਰ ਫੋਰਸ ਦੇ ਕੌਮੀ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਫੋਰਸ ਦੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ, ਬਲਾਕ ਪ੍ਰਧਾਨ ਬੰਟੀ ਹਰਿਆਣਾ ਅਤੇ ਸੰਦੀਪ ਦੀਪੂ ਨੇ ਪੰਜਾਬ ਦੀ ਮੌਜੂਦਾ ਸਥਿਤੀ ਨੂੰ ਲੈ ਕੇ ਸਰਕਾਰ ਦੀ ਕਾਰਗੁਜ਼ਾਰੀ 'ਤੇ ਗੰਭੀਰ ਸਵਾਲ ਉਠਾਏ ਹਨ।ਨੌਜਵਾਨ ਪੀੜ੍ਹੀ ਆਪਣੇ ਹੀ ਸੂਬੇ ਵਿੱਚ ਰੁਜ਼ਗਾਰ ਦੇ ਢੁੱਕਵੇਂ ਮੌਕੇ ਨਾ ਮਿਲਣ ਕਾਰਨ ਵਿਦੇਸ਼ਾਂ ਵੱਲ ਜਾਣ ਲਈ ਮਜਬੂਰ ਹੋ ਰਹੀ ਹੈ। ਇਹ ਸਥਿਤੀ ਪੰਜਾਬ ਦੀ ਆਰਥਿਕਤਾ ਅਤੇ ਸਮਾਜਿਕ ਢਾਂਚੇ ਲਈ ਵੱਡੀ ਚੁਣੌਤੀ ਹੈ। ਹੈਪੀ ਫਤਿਹਗੜ੍ਹ ਅਤੇ ਬੰਟੀ ਹਰਿਆਣਾ ਨੇ ਕਿਹਾ ਕਿ ਨਸ਼ਿਆਂ ਦੇ ਖਾਤਮੇ ਦੇ ਵੱਡੇ-ਵੱਡੇ ਦਾਅਵਿਆਂ ਦੇ ਬਾਵਜੂਦ ਨਸ਼ੇ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਹੋਰ ਪ੍ਰਭਾਵਸ਼ਾਲੀ ਅਤੇ ਨਤੀਜਾ ਮੁਖੀ ਕਾਰਵਾਈ ਦੀ ਲੋੜ ਹੈ।ਉਹਨਾਂ ਕਿਹਾ ਕਿ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਤੋੜਨ ਦੇ ਨਾਲ-ਨਾਲ ਨਸ਼ੇ ਦੀ ਲਪੇਟ ਵਿੱਚ ਆਏ ਨੌਜਵਾਨਾਂ ਦੇ ਇਲਾਜ ਅਤੇ ਮੁੜ ਵਸੇਬੇ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬੇਗਮਪੁਰਾ ਟਾਈਗਰ ਫੋਰਸ ਲੋਕ-ਹਿੱਤਾਂ ਨਾਲ ਜੁੜੇ ਮੁੱਦਿਆਂ 'ਤੇ ਆਪਣੀ ਆਵਾਜ਼ ਬੁਲੰਦ ਕਰਦੀ ਰਹੇਗੀ ਅਤੇ ਪੰਜਾਬ ਦੇ ਲੋਕਾਂ ਨੂੰ ਇਨਸਾਫ਼, ਸੁਰੱਖਿਆ ਅਤੇ ਵਿਕਾਸ ਦਿਵਾਉਣ ਲਈ ਆਪਣੀ ਭੂਮਿਕਾ ਨਿਭਾਉਂਦੀ ਰਹੇਗੀ।



ਮੁੱਖ ਮੰਤਰੀ ਦੇ ਸੱਦੇ 'ਤੇ ਡੱਚ ਹਾਕੀ ਦਿੱਗਜ਼ 'ਫਲੋਰਿਸ ਯਾਨ ਬੋਵੇਲੈਂਡਰ' ਜਲੰਧਰ ਪੁੱਜੇ

ਜਲੰਧਰ (ਸ਼ੈਲੀ ਐਲਬਰਟ)- ਡੱਚ ਹਾਕੀ ਦੇ ਦਿੱਗਜ਼ ਖਿਡਾਰੀ ਅਤੇ 1996 ਦੀਆਂ ਐਟਲਾਂਟਾ ਓਲੰਪਿਕ ਖੇਡਾਂ ਤੇ 1990 ਵਿਸ਼ਵ ਕੱਪ ਵਿੱਚ ਸੋਨ ਤਗਮਾ ਜੇਤੂ ਫਲੋਰਿਸ ਯਾਨ ਬੋਵੇਲੈਂਡਰ ਨੇ ਪੰਜਾਬ ਵਿੱਚ 'ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ 2026' ਦੇਖਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਦਿੱਤੇ ਸੱਦੇ 'ਤੇ ਖੁਸ਼ੀ ਪ੍ਰਗਟਾਈ। ਉਨ੍ਹਾਂ ਨੇ ਇਸ ਮੌਕੇ ਮੁੱਖ ਮੰਤਰੀ ਦੀ ਇਸ ਸਾਲ ਅਪ੍ਰੈਲ ਵਿੱਚ ਨੀਦਰਲੈਂਡ ਫੇਰੀ ਅਤੇ ਹਾਕੀ ਪ੍ਰਤੀ ਉਨ੍ਹਾਂ ਦੇ ਡੂੰਘੇ ਜਨੂੰਨ ਅਤੇ ਪਿਆਰ ਨੂੰ ਵੀ ਯਾਦ ਕੀਤਾ।

ਜਲੰਧਰ ਦੇ ਓਲੰਪੀਅਨ ਸੁਰਜੀਤ ਸਿੰਘ ਹਾਕੀ ਸਟੇਡੀਅਮ ਵਿੱਚ ਚੱਲ ਰਹੇ ਟੂਰਨਾਮੈਂਟ ਦੌਰਾਨ ਗੱਲਬਾਤ ਕਰਦਿਆਂ ਫਲੋਰਿਸ ਯਾਨ ਬੋਵੇਲੈਂਡਰ ਨੇ ਕਿਹਾ, "ਮੈਂ ਇਹ ਜਾਣ ਕੇ ਹੈਰਾਨ ਵੀ ਸੀ ਅਤੇ ਮਾਣ ਵੀ ਮਹਿਸੂਸ ਕਰ ਰਿਹਾ ਸਾਂ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੈਨੂੰ ਯਾਦ ਰੱਖਿਆ ਅਤੇ ਇਸ ਵੱਕਾਰੀ ਟੂਰਨਾਮੈਂਟ ਦਾ ਹਿੱਸਾ ਬਣਨ ਲਈ ਨਿੱਜੀ ਤੌਰ 'ਤੇ ਸੱਦਾ ਦਿੱਤਾ। ਇਹ ਸੱਦਾ ਹਾਕੀ ਪ੍ਰਤੀ ਮੁੱਖ ਮੰਤਰੀ ਦੇ ਅਥਾਹ ਪਿਆਰ ਦਾ ਸਪੱਸ਼ਟ ਸਬੂਤ ਹੈ ਅਤੇ ਇਸੇ ਕਰਕੇ ਮੈਂ ਜਲੰਧਰ ਆਉਣ ਦਾ ਫੈਸਲਾ ਕੀਤਾ।"

ਅਕਤੂਬਰ 1985 ਤੋਂ ਅਗਸਤ 1996 ਤੱਕ ਸ਼ਾਨਦਾਰ ਅੰਤਰਰਾਸ਼ਟਰੀ ਕਰੀਅਰ ਦੌਰਾਨ ਨੀਦਰਲੈਂਡ ਲਈ 241 ਅੰਤਰਰਾਸ਼ਟਰੀ ਮੈਚ ਖੇਡ ਕੇ ਅਤੇ 215 ਗੋਲ ਕਰਨ ਵਾਲੇ ਮਹਾਨ 'ਡਰੈਗ ਫਲਿਕਰ' ਬੋਵੇਲੈਂਡਰ, ਨੇ ਭਾਰਤ ਨੂੰ ਵਿਸ਼ਵ ਹਾਕੀ ਦਾ ਪਾਵਰਹਾਊਸ ਦੱਸਿਆ।

ਆਪਣੀ ਫੇਰੀ ਦੌਰਾਨ ਫਲੋਰਿਸ ਬੋਵੇਲੈਂਡਰ ਨੇ ਪੰਜਾਬ ਦੇ 37 ਕੋਚਾਂ ਅਤੇ ਪੰਜਾਬ ਸਰਕਾਰ ਦੀ ਦੇਖ-ਰੇਖ ਹੇਠ ਚੱਲ ਰਹੀ 'ਸੁਰਜੀਤ ਹਾਕੀ ਅਕੈਡਮੀ' ਦੇ ਉਭਰਦੇ ਹਾਕੀ ਖਿਡਾਰੀਆਂ ਨਾਲ ਇੱਕ ਸਾਂਝੇ ਸਿਖਲਾਈ ਸੈਸ਼ਨ ਵਿੱਚ ਵੀ ਹਿੱਸਾ ਲਿਆ। ਉਨ੍ਹਾਂ ਖੁਦ ਵੀ ਹਾਕੀ ਸਟਿੱਕ ਫੜ ਕੇ ਹਿੱਟਾਂ ਲਗਾਈਆਂ ਅਤੇ ਖਿਡਾਰੀਆਂ ਤੋਂ ਡਰੈਗ ਫਲਿੱਕਾਂ ਲਗਾ ਕੇ ਵੀ ਵੇਖੀਆਂ। ਇਸ ਮੌਕੇ ਉਨ੍ਹਾਂ ਦੇ ਨਾਲ ਖੇਡ ਵਿਭਾਗ ਤੋਂ ਓਲੰਪਿਅਨ ਤਮਗਾ ਜੇਤੂ ਗੁਰਜੰਟ ਸਿੰਘ, ਦਰੋਣਾਚਾਰੀਆ ਐਵਾਰਡੀ ਜੀਵਨਜੋਤ ਸਿੰਘ ਤੇਜਾ ਤੇ ਹਾਕੀ ਕੋਚ ਅਵਤਾਰ ਸਿੰਘ ਵੀ ਮੌਜੂਦ ਸਨ।

ਪੰਜਾਬ ਦੇ ਖੇਡ ਵਿਭਾਗ ਨੇ ਵੀ ਹਾਕੀ ਦੇ ਇਸ ਮਹਾਨ ਖਿਡਾਰੀ ਨੂੰ ਖੇਡ ਵਿੱਚ ਪਾਏ ਉਸ ਦੇ ਸ਼ਾਨਦਾਰ ਯੋਗਦਾਨ ਲਈ ਸਨਮਾਨਤ ਕੀਤਾ। ਪੰਜਾਬ ਤੋਂ ਮਿਲੇ ਭਰਪੂਰ ਪਿਆਰ ਅਤੇ ਨਿੱਘ ਤੋਂ ਪ੍ਰਭਾਵਿਤ ਫਲੋਰਿਸ ਜੈਨ ਬੋਵੇਲੈਂਡਰ ਨੇ 4 ਅਤੇ 5 ਨਵੰਬਰ ਨੂੰ ਮੋਹਾਲੀ ਸਥਿਤ 'ਓਲੰਪੀਅਨ ਬਲਬੀਰ ਸਿੰਘ ਸੀਨੀਅਰ ਹਾਕੀ ਸਟੇਡੀਅਮ' ਵਿਖੇ ਟੂਰਨਾਮੈਂਟ ਦੇ ਅਹਿਮ ਮੈਚਾਂ ਵਿੱਚ ਵੀ ਸ਼ਾਮਲ ਹੋਣ ਦੀ ਵਚਨਬੱਧਤਾ ਪ੍ਰਗਟਾਈ।



ਸਾਬਕਾ ਸੈਨਿਕਾਂ ਦੀ ਰੈਲੀ ਕਰਵਾਈ

ਜਲੰਧਰ (ਇਕਬਾਲ ਸਿੰਘ ਉਭੀ) ਪੱਛਮੀ ਕਮਾਂਡ ਅਧੀਨ ਵਜਰਾ ਕੋਰ ਨੇ ਲੁਧਿਆਣਾ ਦੇ ਢੋਲੇਵਾਲ ਮਿਲਟਰੀ ਕੰਪਲੈਕਸ ਵਿਖੇ ਪੰਜਾਬ ਦੇ ਸਾਬਕਾ ਸੈਨਿਕਾਂ ਲਈ ਇੱਕ ਵਿਸ਼ਾਲ ਰੈਲੀ ਕਰਵਾਈ ਗਈ।'ਸੰਪਰਕ, ਸੰਜੀਵਨੀ, ਰੋਜ਼ਗਾਰ ਅਤੇ ਸਹੂਲੀ' ਥੀਮ 'ਤੇ ਅਧਾਰਤ, ਰੈਲੀ ਨੇ ਪੰਜਾਬ ਭਰ ਦੇ ਸਾਬਕਾ ਸੈਨਿਕਾਂ, ਵੀਰ ਨਾਰੀਆਂ, ਵੀਰ ਮਾਤਾਵਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇੱਕ ਛੱਤ ਹੇਠ ਵਿਆਪਕ ਭਲਾਈ ਸਹਾਇਤਾ ਪ੍ਰਦਾਨ ਕਰਨ ਲਈ ਇੱਕ ਪਲੇਟਫਾਰਮ 'ਤੇ ਇਕੱਠਾ ਕੀਤਾ। ਆਰਮੀ ਕਮਾਂਡਰ, ਪੱਛਮੀ ਕਮਾਂਡ, ਲੈਫਟੀਨੈਂਟ ਜਨਰਲ ਪੁਸ਼ਪੇਂਦਰ ਸਿੰਘ ਏ ਵੀ ਐਸ ਐਮ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਸ਼ੇਸ਼ ਸਾਬਕਾ ਸੈਨਿਕਾਂ ਦਾ ਸਨਮਾਨ ਕੀਤਾ ਅਤੇ ਵੀਰ ਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨਾਲ ਗੱਲਬਾਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਫੌਜ ਕਮਾਂਡਰ ਨੇ ਸਾਬਕਾ ਸੈਨਿਕਾਂ ਪ੍ਰਤੀ ਫੌਜ ਦੀ ਅਟੁੱਟ ਅਤੇ ਜੀਵਨ ਭਰ ਦੀ ਵਚਨਬੱਧਤਾ ਨੂੰ ਦੁਹਰਾਇਆ। ਪੰਜਾਬ ਦੀ ਸ਼ਾਨਦਾਰ ਫੌਜੀ ਵਿਰਾਸਤ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ, ਉਨ੍ਹਾਂ ਕਿਹਾ ਕਿ ਪੱਛਮੀ ਕਮਾਂਡ ਪੰਜਾਬ ਅਤੇ ਇਸਦੇ ਲੋਕਾਂ ਨਾਲ ਇੱਕ ਅਟੁੱਟ ਬੰਧਨ ਸਾਂਝਾ ਕਰਦੀ ਹੈ। ਸਾਬਕਾ ਸੈਨਿਕਾਂ ਨੂੰ ਵਿਰਾਸਤ ਦੇ ਰਖਵਾਲੇ, ਸਮਾਜ ਦੀ ਜ਼ਮੀਰ ਅਤੇ ਰਾਸ਼ਟਰ ਨਿਰਮਾਣ ਵਿੱਚ ਅਨਮੋਲ ਭਾਈਵਾਲ ਦੱਸਦਿਆਂ, ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਉਨ੍ਹਾਂ ਦਾ ਅਨੁਸ਼ਾਸਨ, ਇਮਾਨਦਾਰੀ ਅਤੇ ਸੇਵਾ ਦੀ ਭਾਵਨਾ ਆਪਣੀਆਂ ਵਰਦੀਆਂ ਛੱਡਣ ਤੋਂ ਬਾਅਦ ਵੀ ਦੇਸ਼ ਦਾ ਮਾਰਗਦਰਸ਼ਨ ਕਰਦੀ ਰਹਿੰਦੀ ਹੈ। ਉਨ੍ਹਾਂ ਨੇ ਸਾਬਕਾ ਸੈਨਿਕਾਂ ਨੂੰ ਭਲਾਈ ਸਕੀਮਾਂ ਤੱਕ ਆਸਾਨ ਪਹੁੰਚ, ਸ਼ਿਕਾਇਤਾਂ ਦਾ ਸਮੇਂ ਸਿਰ ਨਿਪਟਾਰਾ, ਅਤੇ ਉਨ੍ਹਾਂ ਦੀਆਂ ਔਰਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਲਈ ਨਿਰੰਤਰ ਅਤੇ ਸੰਵੇਦਨਸ਼ੀਲ ਦੇਖਭਾਲ ਦਾ ਭਰੋਸਾ ਦਿੱਤਾ। ਪੰਜਾਬ ਦੇ ਨੌਜਵਾਨਾਂ ਨੂੰ ਇੱਕ ਵਿਸ਼ੇਸ਼ ਸੰਦੇਸ਼ ਵਿੱਚ, ਉਨ੍ਹਾਂ ਨੇ ਉਨ੍ਹਾਂ ਨੂੰ ਨਸ਼ਿਆਂ ਦੀ ਬੁਰਾਈ ਨੂੰ ਤਿਆਗਣ ਅਤੇ ਅਨੁਸ਼ਾਸਨ, ਸਰੀਰਕ ਤੰਦਰੁਸਤੀ ਅਤੇ ਦੇਸ਼ ਦੀ ਸੇਵਾ ਵਾਲੀ ਜ਼ਿੰਦਗੀ ਨੂੰ ਅਪਣਾਉਣ ਦੀ ਅਪੀਲ ਕੀਤੀ। ਰੈਲੀ ਦਾ ਮੁੱਖ ਆਕਰਸ਼ਣ ਚਾਰ ਸਮਰਪਿਤ 'ਸੇਵਾ ਕੈਂਪਾਂ' ਦੀ ਸਥਾਪਨਾ ਕਰਨ ਅਤੇ ਇੱਕ ਛੱਤ ਹੇਠ ਸਾਬਕਾ ਸੈਨਿਕ ਭਾਈਚਾਰੇ ਦੀਆਂ ਵੱਖ-ਵੱਖ ਜ਼ਰੂਰਤਾਂ ਨੂੰ ਪੂਰਾ ਕਰਨਾ ਸੀ।



ਐੱਮ ਪੀ ਨੇ ਓਪਨ ਜਿੰਮ ਦਾ ਕੀਤਾ ਉਦਘਾਟਨ

ਪੋਜੇਵਾਲ (ਰਾਮ ਲਾਲ)- ਪਿੰਡਾਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਮਾਣਯੋਗ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਵੱਲੋਂ ਪਿੰਡ ਲੰਬੂਆ ਵਿਖੇ ਓਪਨ ਜਿੰਮ ਦਾ ਰਸਮੀ ਉਦਘਾਟਨ ਕੀਤਾ ਗਿਆ। ਇਸ ਮੌਕੇ ਪਿੰਡ ਵਾਸੀਆਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਓਪਨ ਜਿੰਮ ਦੀ ਸਥਾਪਨਾ ਨਾਲ ਪਿੰਡ ਦੇ ਲੋਕਾਂ ਨੂੰ ਆਪਣੇ ਹੀ ਪਿੰਡ ਵਿੱਚ ਕਸਰਤ ਕਰਨ ਅਤੇ ਸਰੀਰਕ ਤੰਦਰੁਸਤੀ ਬਣਾਈ ਰੱਖਣ ਲਈ ਇੱਕ ਵਧੀਆ ਸਹੂਲਤ ਉਪਲਬਧ ਹੋਵੇਗੀ। ਇਸ ਮੌਕੇ ਸੰਬੋਧਨ ਕਰਦਿਆਂ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਤੰਦਰੁਸਤ ਸਰੀਰ ਹੀ ਤੰਦਰੁਸਤ ਸਮਾਜ ਦੀ ਨੀਂਹ ਹੁੰਦਾ ਹੈ। ਅੱਜ ਦੇ ਸਮੇਂ ਵਿੱਚ ਨੌਜਵਾਨਾਂ ਦਾ ਖੇਡਾਂ, ਕਸਰਤ ਅਤੇ ਸਰੀਰਕ ਗਤੀਵਿਧੀਆਂ ਨਾਲ ਜੁੜਨਾ ਬਹੁਤ ਜ਼ਰੂਰੀ ਹੈ। ਓਪਨ ਜਿੰਮ ਵਰਗੀਆਂ ਸਹੂਲਤਾਂ ਨੌਜਵਾਨ ਪੀੜ੍ਹੀ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰਹਿ ਕੇ ਇੱਕ ਉਸਾਰੂ ਜੀਵਨ ਜਿਉਣ ਲਈ ਪ੍ਰੇਰਿਤ ਕਰਨ ਵਿੱਚ ਵੀ ਸਹਾਈ ਹੋ ਸਕਦੀਆਂ ਹਨ। ਉਨ੍ਹਾਂ ਇਹ ਵੀ ਕਿਹਾ ਕਿ ਇਲਾਕੇ ਦੇ ਲੋਕਾਂ ਦੀਆਂ ਲੋੜਾਂ ਅਤੇ ਉਮੀਦਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਣ ਲਈ ਯਤਨ ਲਗਾਤਾਰ ਜਾਰੀ ਰਹਿਣਗੇ। ਪਿੰਡਾਂ ਵਿੱਚ ਅਜਿਹੀਆਂ ਸਹੂਲਤਾਂ ਮੁਹੱਈਆ ਕਰਵਾਉਣਾ ਸਮੇਂ ਦੀ ਲੋੜ ਹੈ, ਕਿਉਂਕਿ ਸਿਹਤਮੰਦ ਅਤੇ ਜਾਗਰੂਕ ਨੌਜਵਾਨ ਹੀ ਸਮਾਜ ਅਤੇ ਦੇਸ਼ ਦੀ ਤਰੱਕੀ ਵਿੱਚ ਅਹਿਮ ਯੋਗਦਾਨ ਪਾ ਸਕਦੇ ਹਨ। ਪਿੰਡ ਲੰਬੂਆ ਵਿਖੇ ਓਪਨ ਜਿੰਮ ਦੀ ਸ਼ੁਰੂਆਤ ਨੂੰ ਪਿੰਡ ਦੇ ਵਿਕਾਸ ਅਤੇ ਨੌਜਵਾਨਾਂ ਦੀ ਸਿਹਤ ਨਾਲ ਜੁੜੀ ਇੱਕ ਮਹੱਤਵਪੂਰਨ ਪਹਿਲਕਦਮੀ ਵਜੋਂ ਦੇਖਿਆ ਜਾ ਰਿਹਾ ਹੈ।



ਹਲਕੇ ਦੇ ਸਰਬਪੱਖੀ ਵਿਕਾਸ 'ਚ ਕੋਈ ਕਸਰ ਨਹੀਂ ਛੱਡਾਂਗੇ : ਅਮਨ ਅਰੋੜਾ

ਸੁਨਾਮ, ਚੀਮਾ ਤੇ ਲੌਂਗੋਵਾਲ 'ਚ ਲਗਭਗ ਵਿਕਾਸ ਕਾਰਜਾਂ ਦੀ ਸ਼ੁਰੂਆਤ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਸੁਨਾਮ ਵਿਧਾਨ ਸਭਾ ਹਲਕੇ ਦੇ ਸਰਬਪੱਖੀ ਵਿਕਾਸ, ਸ਼ਹਿਰੀ ਸੁੰਦਰੀਕਰਨ ਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਲੋੜਾਂ ਮੁਤਾਬਕ ਵਿਕਾਸ ਕਾਰਜ ਕਰਵਾਉਣ ਤੇ ਜਨਤਕ ਸਹੂਲਤਾਂ ਦੇ ਨਿਰੰਤਰ ਰੱਖ-ਰਖਾਅ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।ਸੁਨਾਮ, ਚੀਮਾ ਤੇ ਲੌਂਗੋਵਾਲ ਵਿੱਚ ਲਗਭਗ 66 ਲੱਖ ਰੁਪਏ ਦੀ ਲਾਗਤ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਇਨ੍ਹਾਂ ਪ੍ਰਾਜੈਕਟਾਂ ਤਹਿਤ ਤਿੰਨਾਂ ਸ਼ਹਿਰਾਂ ਵਿੱਚ ਕੁੱਲ 510 ਨਵੀਆਂ ਸਟ੍ਰੀਟ ਲਾਈਟਾਂ ਤੇ 71 ਸੀਸੀਟੀਵੀ ਕੈਮਰੇ ਲਗਾਏ ਜਾ ਰਹੇ ਹਨ।ਇਸ ਤੋਂ ਇਲਾਵਾ ਸੁਨਾਮ ਦੇ ਨਵਾਂ ਬਾਜ਼ਾਰ, ਪੁਰਾਣੀ ਅਨਾਜ ਮੰਡੀ ਤੇ ਪੀਰ ਵਾਲਾ ਗੇਟ ਵਿਖੇ ਤਿੰਨ ਆਧੁਨਿਕ ਜਨਤਕ ਪਖਾਨੇ ਬਣਾਏ ਜਾ ਰਹੇ ਹਨ, ਜਿਨ੍ਹਾਂ ਨਾਲ ਬਾਜ਼ਾਰਾਂ ਵਿੱਚ ਆਉਣ ਵਾਲੇ ਲੋਕਾਂ ਤੇ ਦੁਕਾਨਦਾਰਾਂ ਨੂੰ ਸਹੂਲਤ ਮਿਲੇਗੀ।ਕੈਬਨਿਟ ਮੰਤਰੀ ਨੇ ਕਿਹਾ ਕਿ ਸਟ੍ਰੀਟ ਲਾਈਟਾਂ ਲੱਗਣ ਨਾਲ ਰਾਤ ਸਮੇਂ ਆਵਾਜਾਈ ਸੁਖਾਲੀ ਹੋਵੇਗੀ, ਜਦਕਿ ਸੀਸੀਟੀਵੀ ਕੈਮਰਿਆਂ ਨਾਲ ਜਨਤਕ ਸਥਾਨਾਂ ਦੀ ਨਿਗਰਾਨੀ ਤੇ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤੀ ਮਿਲੇਗੀ।ਉਨ੍ਹਾਂ ਦੱਸਿਆ ਕਿ ਖ਼ਰਾਬ ਹੋਣ ਦੀ ਸ਼ਿਕਾਇਤ ਦਰਜ ਕਰਵਾਉਣ ਲਈ ਸੰਪਰਕ ਨੰਬਰ 82690-00302 ਜਨਤਕ ਕੀਤਾ ਗਿਆ ਹੈ।ਇਹ ਨੰਬਰ ਹਰੇਕ ਖੰਭੇ 'ਤੇ ਦਰਜ ਕੀਤਾ ਜਾਵੇਗਾ ਤਾਂ ਜੋ ਲੋਕ ਲੋੜ ਪੈਣ 'ਤੇ ਸਿੱਧਾ ਸੰਪਰਕ ਕਰ ਸਕਣ।ਰੇਲਵੇ ਅੰਡਰਬ੍ਰਿਜ ਨੇੜਲੀ ਸੜਕ ਦੇ ਮਸਲੇ ਬਾਰੇ ਸ੍ਰੀ ਅਰੋੜਾ ਨੇ ਕਿਹਾ ਕਿ ਰੇਲਵੇ ਵਿਭਾਗ ਵੱਲੋਂ ਕੰਮ ਵਿੱਚ ਹੋ ਰਹੀ ਦੇਰੀ ਕਾਰਨ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਦੇ ਮੱਦੇਨਜ਼ਰ ਨਗਰ ਕੌਂਸਲ ਆਪਣੇ ਪੱਧਰ 'ਤੇ ਇਸ ਸੜਕ ਨੂੰ ਪਹਿਲ ਦੇ ਆਧਾਰ 'ਤੇ ਬਣਾਏਗੀ।'ਮੇਰੀ ਦੁਕਾਨ ਮੇਰੇ ਨਾਮ' ਸਕੀਮ ਬਾਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਲੰਮੇ ਸਮੇਂ ਤੋਂ ਦੁਕਾਨਾਂ ਚਲਾ ਕੇ ਆਪਣੇ ਪਰਵਾਰਾਂ ਦਾ ਗੁਜ਼ਾਰਾ ਕਰ ਰਹੇ ਯੋਗ ਦੁਕਾਨਦਾਰਾਂ ਨੂੰ ਮਾਲਕੀ ਹੱਕ ਦੇਣਾ ਪੰਜਾਬ ਸਰਕਾਰ ਦਾ ਅਹਿਮ ਲੋਕ-ਪੱਖੀ ਉਪਰਾਲਾ ਹੈ।

ਉਨ੍ਹਾਂ ਦੱਸਿਆ ਕਿ ਸਕੀਮ ਦੀਆਂ ਸ਼ਰਤਾਂ ਤਹਿਤ ਸਰਕਾਰੀ ਜਾਂ ਮਿਊਂਸੀਪਲ ਜਾਇਦਾਦਾਂ ਵਿੱਚ 12 ਸਾਲਾਂ ਤੋਂ ਵੱਧ ਸਮੇਂ ਤੋਂ ਦੁਕਾਨਾਂ ਚਲਾ ਰਹੇ ਯੋਗ ਕਾਰੋਬਾਰੀਆਂ ਨੂੰ ਮਾਲਕੀ ਹੱਕ ਦੇਣ ਦੀ ਪ੍ਰਕਿਰਿਆ ਅੱਗੇ ਵਧਾਈ ਜਾ ਰਹੀ ਹੈ।ਸੁਨਾਮ ਵਿੱਚ ਅਜਿਹੇ 182 ਦੁਕਾਨਦਾਰਾਂ ਦੀ ਪਛਾਣ ਕੀਤੀ ਗਈ ਹੈ।ਸ੍ਰੀ ਅਰੋੜਾ ਨੇ ਸੁਨਾਮ, ਚੀਮਾ ਤੇ ਲੌਂਗੋਵਾਲ ਦੇ ਯੋਗ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ 6 ਤਾਰੀਖ਼ ਤੱਕ ਆਪਣੇ ਅਰਜ਼ੀ ਫ਼ਾਰਮ ਲੋੜੀਂਦੇ ਦਸਤਾਵੇਜ਼ਾਂ ਸਮੇਤ ਸੰਬੰਧਤ ਨਗਰ ਕੌਂਸਲ ਦਫ਼ਤਰ ਵਿੱਚ ਜਮ੍ਹਾਂ ਕਰਵਾਉਣ।ਇਸ ਮੌਕੇ ਨਗਰ ਕੌਂਸਲ ਸੁਨਾਮ, ਚੀਮਾ ਤੇ ਲੌਂਗੋਵਾਲ ਦੇ ਪ੍ਰਧਾਨ, ਕੌਂਸਲਰ, ਸੰਬੰਧਤ ਅਧਿਕਾਰੀ, ਟਰੇਡ ਯੂਨੀਅਨਾਂ ਦੇ ਨੁਮਾਇੰਦੇ ਤੇ ਸ਼ਹਿਰਾਂ ਦੇ ਪਤਵੰਤੇ ਹਾਜ਼ਰ ਸਨ।

ਇਨਸਾਫ਼ ਰੈਲੀ 'ਚ ਜ਼ਿਲ੍ਹੇ 'ਚੋਂ ਹਜ਼ਾਰਾਂ ਲੋਕ ਹੋਣਗੇ ਸ਼ਾਮਲ : ਟਿੱਬੀ




ਫ਼ਿਰੋਜ਼ਪੁਰ (ਗੁਰਬਚਨ ਸਿੰਘ)-ਸੰਗਰੂਰ ਦੇ ਪਿੰਡ ਫੱਗੂਵਾਲਾ ਵਿਖੇ 4 ਨਵੰਬਰ ਨੂੰ ਹੋਣ ਜਾ ਰਹੀ ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਣ ਵਾਲੀ ਇਨਸਾਫ਼ ਰੈਲੀ ਸਬੰਧੀ ਓਬੀਸੀ ਕਾਂਗਰਸ ਦੇ ਪੰਜਾਬ ਪ੍ਰਦੇਸ਼ ਕਾਰਜਕਾਰੀ ਪ੍ਰਧਾਨ ਗੁਰਭੇਜ ਸਿੰਘ ਟਿੱਬੀ ਨੇ ਰਵਿੰਦਰ ਉੱਤਮ ਡਾਲਵੀ, ਸਕੱਤਰ ਆਲ ਇੰਡੀਆ ਕਾਂਗਰਸ ਕਮੇਟੀ ਤੇ ਇੰਚਾਰਜ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਗੁਰਭੇਜ ਟਿੱਬੀ ਨੇ ਕਿਹਾ ਕਿ ਹਲਕਾ ਗੁਰੂ ਹਰਸਹਾਏ ਸਮੇਤ ਪੂਰੇ ਜ਼ਿਲ੍ਹੇ ਵਿਚੋਂ ਹਜ਼ਾਰਾਂ ਦੀ ਗਿਣਤੀ ਵਿੱਚ ਕਾਂਗਰਸੀ ਰੈਲੀ ਵਿੱਚ ਸ਼ਾਮਲ ਹੋਣਗੇ।ਇਸ ਮੌਕੇ ਗੁਰਭੇਜ ਟਿੱਬੀ ਵੱਲੋਂ ਹਲਕਾ ਗੁਰੂ ਹਰਸਹਾਏ ਦੀ ਮੌਜੂਦਾ ਸਿਆਸੀ ਸਥਿਤੀ, ਜਥੇਬੰਦਕ ਸਰਗਰਮੀਆਂ ਤੇ ਰੈਲੀ ਦੀਆਂ ਤਿਆਰੀਆਂ ਸਬੰਧੀ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।ਉਨ੍ਹਾ ਦੱਸਿਆ ਕਿ ਹਲਕਾ ਗੁਰੂ ਹਰਸਹਾਏ ਕਾਂਗਰਸ ਦੀ ਪਕੜ ਵਿੱਚ ਰਿਹਾ ਹੈ, ਪਰ ਮੌਕਾਪ੍ਰਸਤ ਲੋਕਾਂ ਦੀ ਵਜ੍ਹਾ ਕਾਰਨ ਇਥੋਂ ਕਾਂਗਰਸ ਪੱਛੜ ਗਈ।ਟਿੱਬੀ ਨੇ ਕਾਂਗਰਸ ਲੀਡਰਸ਼ਿਪ ਨੂੰ ਜਾਣੂ ਕਰਵਾਇਆ ਕਿ ਅਗਰ ਬੇਦਾਗ ਚਿਹਰੇ ਨੂੰ ਟਿਕਟ ਮਿਲਦੀ ਹੈ ਤਾਂ ਗੁਰੂ ਹਰਸਹਾਏ ਤੋਂ ਕਾਂਗਰਸ ਅਸਾਨੀ ਨਾਲ ਜਿੱਤ ਸਕਦੀ ਹੈ।ਗੁਰਭੇਜ ਸਿੰਘ ਟਿੱਬੀ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ ਤੇ ਕਾਂਗਰਸ ਸਰਕਾਰ ਲਿਆਉਣ ਲਈ ਕਾਹਲੇ ਹਨ।ਉਨ੍ਹਾ ਕਿਹਾ ਕਿ ਕਾਂਗਰਸ ਪੂਰੀ ਤਰ੍ਹਾਂ ਮਜ਼ਬੂਤ ਹੈ ਤੇ ਸੰਗਰੂਰ ਰੈਲੀ ਤੋਂ ਬਾਅਦ ਪੰਜਾਬ ਅੰਦਰ ਕਾਂਗਰਸ ਦੀ ਹੀ ਹਨੇਰੀ ਚੱਲੇਗੀ।

ਏ ਡੀ ਸੀ ਤੇ ਐੱਸ ਪੀ ਵੱਲੋਂ ਅਨਾਜ ਮੰਡੀ ਖਿਆਲਾ ਕਲਾਂ ਦਾ ਨਿਰੀਖਣ



ਮਾਨਸਾ (ਆਤਮਾ ਸਿੰਘ ਪਮਾਰ)-ਝੋਨੇ ਦੇ ਖਰੀਦ ਸੀਜ਼ਨ ਦੌਰਾਨ ਅਨਾਜ ਮੰਡੀਆਂ 'ਚ ਫਸਲ ਦੀ ਸੁਚੱਜੀ ਖਰੀਦ, ਲਿਫਟਿੰਗ ਤੇ ਅਦਾਇਗੀ ਨੂੰ ਸਮੇਂ ਸਿਰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਪੂਰੀ ਤਰ੍ਹਾਂ ਮੁਸਤੈਦ ਹੈ।ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਪੂਨਮ ਸਿੰਘ ਨੇ ਐੱਸ.ਪੀ. ਹਿਨਾ ਗੁਪਤਾ ਸਮੇਤ ਅਨਾਜ ਮੰਡੀ ਖਿਆਲਾ ਕਲਾਂ ਦਾ ਅਚਨਚੇਤ ਦੌਰਾ ਕਰਨ ਮੌਕੇ ਕੀਤਾ। ਉਨ੍ਹਾਂ ਝੋਨੇ ਦੇ ਖਰੀਦ ਪ੍ਰਬੰਧਾਂ, ਲਿਫਟਿੰਗ ਦੀ ਸਥਿਤੀ, ਪੀਣ ਵਾਲੇ ਸਾਫ ਪਾਣੀ ਤੇ ਛਾਂ ਵਰਗੀਆਂ ਬੁਨਿਆਦੀ ਸਹੂਲਤਾਂ ਦਾ ਵੀ ਜਾਇਜ਼ਾ ਲਿਆ।ਨਿਰੀਖਣ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਮੰਡੀ 'ਚ ਮੌਜੂਦ ਕਿਸਾਨਾਂ, ਮਜ਼ਦੂਰਾਂ ਨਾਲ ਗੱਲਬਾਤ ਕਰਦਿਆਂ ਖ਼ਰੀਦ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ ਅਤੇ ਉਨ੍ਹਾਂ ਦੇ ਸੁਝਾਅ ਵੀ ਲਏ ਗਏ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਦੀ ਮੁੱਖ ਤਰਜੀਹ ਕਿਸਾਨਾਂ ਦੀ ਫਸਲ ਦਾ ਇੱਕ-ਇੱਕ ਦਾਣਾ ਸਮੇਂ ਸਿਰ ਚੁੱਕਣਾ ਤੇ ਉਨ੍ਹਾਂ ਨੂੰ ਮੰਡੀਆਂ 'ਚ ਕਿਸੇ ਵੀ ਪ੍ਰਕਾਰ ਦੀ ਖੱਜਲ-ਖੁਆਰੀ ਤੋਂ ਬਚਾਉਣਾ ਹੈ।ਕਿਸਾਨਾਂ ਵੱਲੋਂ ਧਿਆਨ ਵਿੱਚ ਲਿਆਂਦੀਆਂ ਗਈਆਂ ਸਥਾਨਕ ਸਮੱਸਿਆਵਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨ ਲਈ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ। ਉਨ੍ਹਾਂ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨੂੰ ਵੀ ਹਦਾਇਤ ਕੀਤੀ ਕਿ ਮੰਡੀਆਂ 'ਚ ਫਸਲ ਦੀ ਚੁਕਾਈ ਤੇ ਅਦਾਇਗੀ 'ਚ ਕੋਈ ਵੀ ਅਣਗਹਿਲੀ ਬਰਦਾਸ਼ਤ ਨਹੀਂ ਹੋਵੇਗੀ।

ਕਾਂਗਰਸ ਪਾਰਟੀ ਦੀ ਬਿਹਤਰੀ ਲਈ ਠੋਸ ਉਪਰਾਲੇ ਕੀਤੇ ਜਾਣਗੇ : ਵੋਹਰਾ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਰੋਹਿਤ ਕੁਮਾਰ ਮੌਂਟੂ ਵੋਹਰਾ ਵੱਲੋਂ ਅਕਾਲੀ ਦਲ ਛੱਡ ਕੇ ਕਾਂਗਰਸ ਸ਼ਾਮਲ ਹੋਣ ਤੋਂ ਬਾਅਦ ਆਪਣੇ ਸਾਥੀਆਂ ਤੇ ਵਰਕਰਾਂ ਨਾਲ ਪ੍ਰੈੱਸ ਕਲੱਬ ਗੁਰੂ ਹਰਸਹਾਏ ਵਿਖੇ ਪ੍ਰੈੱਸ ਵਾਰਤਾ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਉਨ੍ਹਾਂ ਨਾਲ ਆਤਮ ਜੀਤ ਡੇਵਿਡ ਸਾਬਕਾ ਪ੍ਰਧਾਨ ਨਗਰ ਕੌਂਸਲ, ਛਿੰਦਰ ਪਾਲ ਭੋਲਾ ਐੱਮ ਸੀ, ਅਮਨ ਦੁੱਗਲ ਐੱਮ ਸੀ, ਸੰਜੀਵ ਵੋਹਰਾ ਆਦਿ ਵਰਕਰ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਇੱਕ ਨੈਸ਼ਨਲ ਪਾਰਟੀ ਹੈ, ਇਸ ਵਿੱਚ ਸ਼ਾਮਲ ਹੋ ਕੇ ਮੈਨੂੰ ਮਾਣ ਮਹਿਸੂਸ ਹੋ ਰਿਹਾ ਹੈ, ਮੇਰੇ ਵੱਲੋਂ ਕਾਂਗਰਸ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਇਲਾਕੇ ਦੇ ਪੁਰਾਣੇ ਕਾਂਗਰਸੀ ਵਰਕਰਾਂ ਨੂੰ ਨਾਲ ਲੈ ਕੇ ਕਾਂਗਰਸ ਪਾਰਟੀ ਦੀ ਬਿਹਤਰੀ ਲਈ ਠੋਸ ਉਪਰਾਲੇ ਕੀਤੇ ਜਾਣਗੇ। ਇਸ ਤੋਂ ਇਲਾਵਾ ਮੇਰੀ ਪੁਰਾਣੀ ਪਾਰਟੀ ਵਿੱਚ ਵੀ ਚੰਗੇ ਪ੍ਰਭਾਵ ਹਨ, ਜਿਸ ਨਾਲ ਮੈਂ ਆਪਣੇ ਪੁਰਾਣੇ ਸਾਥੀਆਂ ਨੂੰ ਕਾਂਗਰਸ ਪਾਰਟੀ ਵਿੱਚ ਸ਼ਾਮਲ ਕਰਾਂਗਾ ਤੇ ਨਵੀਂ ਬਣੀ ਨਗਰ ਕੌਂਸਲ ਕਮੇਟੀ ਦੇ ਕਾਂਗਰਸ ਪਾਰਟੀ ਦੇ ਜੇਤੂ ਐੱਮ ਸੀ ਉਹ ਵੀ ਸਾਡੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੇ ਹਨ।ਉਨ੍ਹਾ ਦੱਸਿਆ ਕਿ ਇਲਾਕੇ ਦੇ ਰੁਕੇ ਹੋਏ ਵਿਕਾਸ ਕਾਰਜਾਂ ਵਿੱਚ ਵੀ ਤੇਜ਼ੀ ਲਿਆਂਦੀ ਜਾਵੇਗੀ, ਇਸ ਤੋਂ ਇਲਾਵਾ ਗੁਰੂ ਹਰਸਹਾਏ ਵਿੱਚ ਵਿੱਕ ਰਹੇ ਨਸ਼ੇ ਦੇ ਖਾਤਮੇ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਅਸੀਂ ਘਰ-ਘਰ, ਪਿੰਡ-ਪਿੰਡ ਜਾ ਕੇ ਕਾਂਗਰਸੀ ਵਰਕਰਾਂ ਨੂੰ ਲਾਮਬੰਦ ਕਰਾਂਗੇ। ਮੌਂਟੂ ਵੋਹਰਾ ਨੇ ਵਿਸ਼ਵਾਸ ਦਿਵਾਇਆ ਕਿ ਅਗਰ ਹਾਈ ਕਮਾਂਡ ਉਨ੍ਹਾਂ ਨੂੰ ਗੁਰੂ ਹਰਸਹਾਏ ਤੋਂ ਟਿਕਟ ਅਲਾਟ ਕਰਦੀ ਹੈ ਤਾਂ ਉਹ ਇਹ ਸੀਟ ਜਿੱਤ ਕੇ ਹਾਈ ਕਮਾਂਡ ਦੀ ਝੋਲੀ ਵਿੱਚ ਪਾਉਣਗੇ।


ਕੁਲਦੀਪ ਬਰਾੜ ਸਾਹਿਤ ਸਭਾ ਜਲਾਲਾਬਾਦ ਦੇ ਦੂਜੀ ਵਾਰ ਪ੍ਰਧਾਨ ਬਣੇ



ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)-ਸਾਹਿਤ ਸਭਾ ਜਲਾਲਾਬਾਦ ਦੀ ਮੀਟਿੰਗ ਬਾਹਮਣੀ ਰੋਡ ਸਥਿਤ ਐਫੀਸ਼ੀਅਟ ਕਾਲਜ ਵਿਖੇ ਹੋਈ। ਇਸ ਮੀਟਿੰਗ ਦੌਰਾਨ ਪਿਛਲੇ ਕਾਰਜਕਾਲ ਦੇ ਪ੍ਰਧਾਨ ਸੰਦੀਪ ਝਾਂਬ ਨੇ ਸਭਾ ਵੱਲੋਂ ਸਾਲ ਭਰ ਕਰਵਾਈਆਂ ਗਈਆਂ ਸਾਹਿਤਕ ਸਰਗਰਮੀਆਂ ਤੇ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਜਲਾਲਾਬਾਦ ਦੇ ਸਾਹਿਤਕਾਰਾਂ ਵੱਲੋਂ ਮਿਲੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਜਨਰਲ ਸਕੱਤਰ ਹਰਸ਼ਦੀਪ ਬੋਪਾਰਾਏ ਤੇ ਕੈਸ਼ੀਅਰ ਦੀਪਕ ਨਾਰੰਗ ਨੇ ਨਿਭਾਈਆਂ ਅਹਿਮ ਜ਼ਿੰਮੇਵਾਰੀਆਂ ਦੀ ਵੀ ਸ਼ਲਾਘਾ ਕੀਤੀ। ਸਭਾ ਦੇ ਮੈਂਬਰ ਸੁਖਪ੍ਰੀਤ ਬਰਾੜ ਵੱਲੋਂ ਕੈਨੇਡਾ ਦੀਆਂ ਵੱਖ-ਵੱਖ ਸਾਹਿਤ ਸਭਾਵਾਂ ਵਿੱਚ ਆਪਣੀਆਂ ਰਚਨਾਵਾਂ ਰਾਹੀਂ ਨਾਮਣਾ ਖੱਟ ਕੇ ਪਰਤਣ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਉਪਰੰਤ ਸਹਿਤ ਸਭਾ ਦੇ ਸਰਪ੍ਰਸਤ ਸੰਤੋਖ ਸਿੰਘ ਬਰਾੜ ਨੇ ਆਪਣੀ ਤੇ ਸਮੁੱਚੀ ਟੀਮ ਦੀ ਅਸਤੀਫ਼ੇ ਦੀ ਪੇਸ਼ਕਸ਼ ਕਰਦਿਆਂ ਨਵੀਂ ਟੀਮ ਦੀ ਚੋਣ ਦਾ ਐਲਾਨ ਕੀਤਾ। ਨਵੀਂ ਟੀਮ ਵਿੱਚ ਕੁਲਦੀਪ ਸਿੰਘ ਬਰਾੜ ਨੂੰ ਪ੍ਰਧਾਨ, ਕਨਵਰ ਜਤਿੰਦਰ ਸਿੰਘ ਬੇਦੀ ਨੂੰ ਸਰਪ੍ਰਸਤ, ਪਰਮਜੀਤ ਧਮੀਜਾ ਨੂੰ ਜਨਰਲ ਸਕੱਤਰ ਤੇ ਨੀਰਜ ਛਾਬੜਾ ਨੂੰ ਕੈਸ਼ੀਅਰ ਚੁਣਿਆ ਗਿਆ। ਨਵੇਂ ਪ੍ਰਧਾਨ ਕੁਲਦੀਪ ਸਿੰਘ ਬਰਾੜ ਨੇ ਸਭ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਭਾ ਵੱਲੋਂ ਨਾਮਵਰ ਕਵੀਆਂ, ਲੇਖਕਾਂ ਤੇ ਸਾਹਿਤਕਾਰਾਂ ਨੂੰ ਸੱਦ ਕੇ ਰੂਬਰੂ ਸਮਾਗਮ ਕਰਵਾਏ ਜਾਣਗੇ ਤੇ ਸਾਹਿਤਕ ਸਰਗਰਮੀਆਂ ਨੂੰ ਹੋਰ ਹੁਲਾਰਾ ਦਿੱਤਾ ਜਾਵੇਗਾ। ਇਸ ਮੌਕੇ ਪ੍ਰਵੇਸ਼ ਖੰਨਾ, ਬਲਵੀਰ ਸਿੰਘ ਰਹਿਜਾ, ਪ੍ਰਕਾਸ਼ ਦੋਸ਼ੀ, ਗੋਪਾਲ ਬਜਾਜ, ਪ੍ਰੀਤੀ ਬਬੂਟਾ, ਊਛਾ ਝਾਂਬ, ਪਰਮ ਝਾਬ, ਰਜਿੰਦਰ ਸਿੱਧੂ, ਅਮਰੀਕ ਸਿੰਘ ਬੋਪਾ ਰਾਏ, ਸਰਲੀਨਦੀਪ ਕੌਰ ਸਿੱਧੂ ਤੇ ਵਿਪਨ ਜਲਾਲਾਬਾਦ ਸਮੇਤ ਹੋਰ ਮੈਂਬਰ ਹਾਜ਼ਰ ਸਨ।

ਸੰਗਰੂਰ ਰੈਲੀ ਦੀ ਤਿਆਰੀ ਸਬੰਧੀ ਮੋਹਿਤ ਮੋਹਿੰਦਰਾ ਦੇ ਗ੍ਰਹਿ 'ਚ ਮੀਟਿੰਗ

ਹਲਕੇ ਤੋਂ ਭਾਰੀ ਗਿਣਤੀ 'ਚ ਵਰਕਰ ਤੇ ਆਗੂ ਸ਼ਮੂਲੀਅਤ ਕਰਨਗੇ : ਮੋਹਿਤ ਮੋਹਿੰਦਰਾ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਕਾਂਗਰਸ ਪਾਰਟੀ ਦੇ ਕੌਮੀ ਆਗੂ ਸ੍ਰੀ ਰਾਹੁਲ ਗਾਂਧੀ ਦੀ ਅਗਵਾਈ ਹੇਠ 4 ਨਵੰਬਰ ਨੂੰ ਸੰਗਰੂਰ ਵਿਖੇ ਹੋਣ ਜਾ ਰਹੀ ਵਿਸ਼ਾਲ 'ਇਨਸਾਫ ਰੈਲੀ' ਦੀਆਂ ਤਿਆਰੀਆਂ ਸਬੰਧੀ ਇੱਕ ਅਹਿਮ ਮੀਟਿੰਗ ਪੰਜਾਬ ਯੂਥ ਕਾਂਗਰਸ ਦੇ ਸਾਬਕਾ ਪ੍ਰਧਾਨ ਤੇ ਹਲਕਾ ਪਟਿਆਲਾ ਦਿਹਾਤੀ ਦੇ ਇੰਚਾਰਜ ਮੋਹਿਤ ਮੋਹਿੰਦਰਾ ਦੇ ਗ੍ਰਹਿ ਵਿਖੇ ਹੋਈ।ਇਸ ਮੀਟਿੰਗ ਵਿੱਚ ਹਲਕੇ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ ਤੇ ਪਾਰਟੀ ਕੇਡਰ ਨੇ ਸ਼ਿਰਕਤ ਕੀਤੀ।ਇਸ ਮੀਟਿੰਗ ਦੌਰਾਨ ਬਲਾਕ ਅਹੁਦੇਦਾਰ, ਮੰਡਲ ਪ੍ਰਧਾਨ, ਸਾਬਕਾ ਤੇ ਮੌਜੂਦਾ ਸਰਪੰਚ, ਪੰਚ ਤੇ ਨਗਰ ਨਿਗਮ ਦੇ ਕੌਂਸਲਰਾਂ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਹਾਜ਼ਰ ਸਨ।ਮੀਟਿੰਗ ਦਾ ਮੁੱਖ ਮਕਸਦ ਸੰਗਰੂਰ ਰੈਲੀ ਵਿੱਚ ਹਲਕਾ ਪਟਿਆਲਾ ਦਿਹਾਤੀ ਵੱਲੋਂ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣਾ ਸੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੋਹਿਤ ਮੋਹਿੰਦਰਾ ਨੇ ਕਿਹਾ ਕਿ ਰਾਹੁਲ ਗਾਂਧੀ ਦੀ ਇਹ 'ਇਨਸਾਫ ਰੈਲੀ' ਮੌਜੂਦਾ ਸਰਕਾਰ ਦੀਆਂ ਨੀਤੀਆਂ ਖਿਲਾਫ ਲੋਕਾਂ ਦੀ ਆਵਾਜ਼ ਬੁਲੰਦ ਕਰਨ ਲਈ ਰੱਖੀ ਗਈ ਹੈ।ਉਨ੍ਹਾਂ ਕਿਹਾ ਕਿ ਪਟਿਆਲਾ ਦਿਹਾਤੀ ਦੇ ਲੋਕ ਤੇ ਕਾਂਗਰਸੀ ਵਰਕਰ ਪੂਰੇ ਉਤਸ਼ਾਹ ਨਾਲ ਇਸ ਰੈਲੀ ਵਿੱਚ ਹਿੱਸਾ ਲੈਣਗੇ ਤੇ ਭਰਵਾਂ ਇੱਕਠ ਕਰਕੇ ਪਾਰਟੀ ਦੀ ਮਜ਼ਬੂਤੀ ਦਾ ਸੁਨੇਹਾ ਦੇਣਗੇ।ਉਨ੍ਹਾਂ ਸਮੂਹ ਆਗੂਆਂ ਤੇ ਵਰਕਰਾਂ ਨੂੰ ਲਾਮਬੰਦ ਹੋਣ ਅਤੇ ਆਪੋ-ਆਪਣੇ ਇਲਾਕਿਆਂ ਵਿੱਚੋਂ ਲੋਕਾਂ ਨੂੰ ਰੈਲੀ ਵਿੱਚ ਲੈ ਕੇ ਜਾਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਹਾਜ਼ਰ ਆਗੂਆਂ ਤੇ ਵਰਕਰਾਂ ਨੇ ਭਰੋਸਾ ਦਿਵਾਇਆ ਕਿ ਉਹ ਸੰਗਰੂਰ ਰੈਲੀ ਨੂੰ ਸਫਲ ਬਣਾਉਣ ਲਈ ਦਿਨ-ਰਾਤ ਮਿਹਨਤ ਕਰਨਗੇ ਤੇ ਵੱਡੀ ਗਿਣਤੀ ਵਿੱਚ ਕਾਫਲੇ ਲੈ ਕੇ ਸੰਗਰੂਰ ਪਹੁੰਚਣਗੇ।

ਗੁਰੂ ਰਾਮਦਾਸ ਗਰੁੱਪ ਆਫ਼ ਕਾਲਜਿਜ਼ ਨੂੰ ਕੌਮੀ ਐਵਾਰਡ



ਮਲੋਟ (ਰਜਿੰਦਰ ਜੁਨੇਜਾ)-ਗੁਰੂ ਰਾਮਦਾਸ ਗਰੁੱਪ ਆਫ਼ ਕਾਲਜਿਜ਼ ਮਲੋਟ ਨੇ ਸਿੱਖਿਆ ਦੇ ਖੇਤਰ ਵਿੱਚ ਵੱਡੀ ਪ੍ਰਾਪਤੀ ਦਰਜ ਕਰਦਿਆਂ ਕੌਮੀ ਪੱਧਰ 'ਤੇ ਮਲੋਟ ਤੇ ਪੰਜਾਬ ਦਾ ਨਾਂ ਰੌਸ਼ਨ ਕੀਤਾ ਹੈ।ਨਵੀਂ ਦਿੱਲੀ ਵਿਖੇ ਕਰਵਾਏ ਗਏ ਵੱਕਾਰੀ 'ਟਾਈਮਜ਼ ਨੈੱਟਵਰਕ ਇੰਡੀਆ ਹੈਲਥ ਸਬਮਿਟ ਐਂਡ ਐਵਾਰਡ 2026' ਦੌਰਾਨ ਕੇਂਦਰੀ ਸਿਹਤ ਰਾਜ ਮੰਤਰੀ ਅਨੁਪ੍ਰਿਆ ਪਟੇਲ ਵੱਲੋਂ ਸੰਸਥਾ ਨੂੰ 'ਹੈਲਥਕੇਅਰ ਐਂਡ ਅਲਾਈਡ ਐਜੂਕੇਸ਼ਨ' ਐਵਾਰਡ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਹ ਮਾਣਮੱਤਾ ਐਵਾਰਡ ਸੰਸਥਾ ਦੇ ਚੇਅਰਮੈਨ ਸ੍ਰ. ਮਨਪ੍ਰੀਤ ਸਿੰਘ ਮੱਕੜ ਤੇ ਡਾਇਰੈਕਟਰ ਕੈਂਪਸ ਡਾ. ਬਲਜੀਤ ਸਿੰਘ ਖੁਰਾਣਾ ਵੱਲੋਂ ਪ੍ਰਾਪਤ ਕੀਤਾ ਗਿਆ।ਸੰਸਥਾ ਦੀ ਮੈਨੇਜਮੈਂਟ ਨੇ ਇਸ ਸ਼ਾਨਦਾਰ ਪ੍ਰਾਪਤੀ ਦਾ ਸਿਹਰਾ ਸਮੂਹ ਫੈਕਲਟੀ ਮੈਂਬਰਾਂ, ਸਟਾਫ ਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਲਗਨ ਤੇ ਸਮਰਪਣ ਨੂੰ ਦਿੱਤਾ।

ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਲੈਕਚਰ ਕਰਵਾਇਆ



ਮੋਗਾ (ਇਕਬਾਲ ਸਿੰਘ ਖਹਿਰਾ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਗੁਰੂ ਨਾਨਕ ਕਾਲਜ ਮੋਗਾ ਵਿਖੇ ਚੌਥੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਮੁੱਖ ਬੁਲਾਰੇ ਵਜੋਂ ਭਾਈ ਲਖਵੀਰ ਸਿੰਘ ਪ੍ਰਚਾਰਕ ਤੇ ਭਾਈ ਗੁਲਾਬਜਿੰਦਰ ਸਿੰਘ ਪ੍ਰਚਾਰਕ ਨੇ ਸ਼ਿਰਕਤ ਕੀਤੀ।

ਭਾਈ ਲਖਵੀਰ ਸਿੰਘ ਪ੍ਰਚਾਰਕ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ, ਬਾਣੀ ਤੇ ਸਿੱਖਿਆਵਾਂ ਬਾਰੇ ਵਿਚਾਰ ਸਾਂਝੇ ਕਰਦਿਆਂ ਗੁਰੂ ਸਾਹਿਬ ਦੇ ਜੀਵਨ ਨਾਲ ਸਬੰਧਤ ਸਾਖੀਆਂ ਰਾਹੀਂ ਵਿਦਿਆਰਥੀਆਂ ਨੂੰ ਗੁਰਮਤਿ ਜੀਵਨ-ਜਾਚ ਤੋਂ ਜਾਣੂੰ ਕਰਵਾਇਆ ਤੇ ਗੁਰੂ ਦੇ ਲੜ ਲੱਗਣ ਦੀ ਪ੍ਰੇਰਨਾ ਕੀਤੀ।ਭਾਈ ਗੁਲਾਬਜਿੰਦਰ ਸਿੰਘ ਪ੍ਰਚਾਰਕ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਸਮੁੱਚਾ ਜੀਵਨ ਹੁਕਮ ਦੀ ਪਾਲਣਾ, ਨਿਮਰਤਾ, ਸੇਵਾ ਤੇ ਸਿਦਕ ਦੀ ਅਦੁੱਤੀ ਮਿਸਾਲ ਹੈ।ਉਨ੍ਹਾਂ ਗੁਰੂ ਸਾਹਿਬ ਦੁਆਰਾ ਗੁਰਮਤਿ ਸਿਧਾਂਤਾਂ ਨੂੰ ਜੀਵਨ ਵਿੱਚ ਅਪਨਾ ਕੇ ਗੁਰਤਾ ਗੱਦੀ ਦੀ ਪ੍ਰਾਪਤੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਵਸਾਉਣ ਦੀ ਸੇਵਾ ਤੇ 30 ਰਾਗਾਂ ਵਿੱਚ ਪਾਵਨ ਬਾਣੀ ਰਚ ਕੇ ਮਨੁੱਖਤਾ ਨੂੰ ਦਿੱਤੇ ਅਧਿਆਤਮਕ ਤੇ ਨੈਤਿਕ ਉਪਦੇਸ਼ਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਗੁਰਿੰਦਰ ਜੀਤ ਸਿੰਘ ਭੁੱਲਰ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਜੀ ਦਾ ਸਮੁੱਚਾ ਜੀਵਨ ਸਾਡੇ ਸਾਰਿਆਂ ਲਈ ਪ੍ਰੇਰਨਾ ਦਾ ਸਰੋਤ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਨਸ਼ਿਆਂ ਆਦਿ ਦੀ ਮਾੜੀ ਸੰਗਤ ਤੋਂ ਦੂਰ ਰਹਿ ਕੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।ਗੁਰਮਤਿ ਪ੍ਰੋਫੈਸਰ ਦਇਆ ਸਿੰਘ ਨੇ ਕਿਹਾ ਕਿ ਅਜਿਹੇ ਧਾਰਮਿਕ ਤੇ ਵਿਦਿਅਕ ਸਮਾਗਮ ਵਿਦਿਆਰਥੀਆਂ ਨੂੰ ਆਪਣੇ ਗੌਰਵਮਈ ਵਿਰਸੇ ਤੇ ਗੁਰਮਤਿ ਸਿਧਾਂਤਾਂ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਸਮੂਹ ਸਟਾਫ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਹੋਏ।

ਰੋਟਰੀ ਕਲੱਬ ਵੱਲੋਂ ਮੁਫ਼ਤ ਮੈਡੀਕਲ ਕੈਂਪ 15 ਨੂੰ

ਮਾਲੇਰਕੋਟਲਾ (ਅਸਗਰ ਪਰਿਹਾਰ)-ਰੋਟਰੀ ਕਲੱਬ ਮਾਲੇਰਕੋਟਲਾ ਵੱਲੋਂ ਸਮਾਜ ਸੇਵਾ ਦੀ ਲੜੀ ਨੂੰ ਅੱਗੇ ਵਧਾਉਂਦਿਆਂ 15 ਨਵੰਬਰ ਨੂੰ ਅੱਖਾਂ ਦਾ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ।ਇਹ ਕੈਂਪ ਸਵੇਰੇ 8 ਵਜੇ ਸਕੂਲ ਫ਼ਾਰ ਦਾ ਬਲਾਇੰਡ, ਬੱਸ ਸਟੈਂਡ ਤੋਂ ਕਾਲਜ ਰੋਡ, ਮਾਲੇਰਕੋਟਲਾ ਵਿਖੇ ਲਗਾਇਆ ਜਾਵੇਗਾ।ਇਸ ਕੈਂਪ ਦੌਰਾਨ ਅੱਖਾਂ ਦੇ ਮਾਹਰ ਡਾਕਟਰਾਂ ਦੀ ਟੀਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦਾ ਮੁਫ਼ਤ ਚੈੱਕਅਪ ਕੀਤਾ ਜਾਵੇਗਾ ਤੇ ਲੋੜ ਅਨੁਸਾਰ ਅੱਖਾਂ ਦੇ ਆਪ੍ਰੇਸ਼ਨ ਵੀ ਕੀਤੇ ਜਾਣਗੇ।ਕੈਂਪ ਵਿੱਚ ਅੱਖਾਂ ਦੇ ਮਾਹਰ ਡਾਕਟਰ ਰਮੇਸ਼ ਸ਼ਰਮਾ, ਡਾਕਟਰ ਰਾਹੁਲ ਸ਼ਰਮਾ, ਡਾਕਟਰ ਸਾਇੰਦੀਪ ਢੰਡ ਤੇ ਡਾਕਟਰ ਕਮਲਦੀਪ ਆਪਣੀਆਂ ਸੇਵਾਵਾਂ ਪ੍ਰਦਾਨ ਕਰਨਗੇ।ਕੈਂਪ ਦੀ ਵਿਸ਼ੇਸ਼ਤਾ ਇਹ ਹੋਵੇਗੀ ਕਿ ਆਪ੍ਰੇਸ਼ਨ ਕਰਵਾਉਣ ਵਾਲੇ ਮਰੀਜ਼ਾਂ ਦੀਆਂ ਅੱਖਾਂ ਵਿੱਚ ਵਧੀਆ ਕੁਆਲਿਟੀ ਦੇ ਲੈਂਜ਼ ਮੁਫ਼ਤ ਪਾਏ ਜਾਣਗੇ।ਇਸ ਤੋਂ ਇਲਾਵਾ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ ਵੀ ਵੰਡੀਆਂ ਜਾਣਗੀਆਂ, ਤਾਂ ਜੋ ਆਰਥਿਕ ਤੰਗੀ ਕਾਰਨ ਕੋਈ ਵੀ ਵਿਅਕਤੀ ਅੱਖਾਂ ਦੇ ਇਲਾਜ ਤੋਂ ਵਾਂਝਾ ਨਾ ਰਹੇ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰੋਟਰੀ ਕਲੱਬ ਮਾਲੇਰਕੋਟਲਾ ਦੇ ਪ੍ਰਧਾਨ ਐਡਵੋਕੇਟ ਇਕਬਾਲ ਅਹਿਮਦ ਤੇ ਕੈਂਪ ਇੰਚਾਰਜ ਡਾਕਟਰ ਮੁਹੰਮਦ ਸ਼ਬੀਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਫ਼ਤ ਕੈਂਪ ਦਾ ਵੱਧ ਤੋਂ ਵੱਧ ਲਾਭ ਉਠਾਉਣ।

ਕੁਲਵਿੰਦਰ ਸਿੰਘ ਆਜ਼ਾਦ ਸਮਾਜ ਪਾਰਟੀ (ਕਾਂਸ਼ੀ ਰਾਮ) ਦੇ ਹਲਕਾ ਇੰਚਾਰਜ ਨਿਯੁਕਤ, ਵਿਧਾਨ ਸਭਾ ਚੋਣ ਲੜਨ ਦਾ ਐਲਾਨ



ਸਮਾਣਾ (ਇਕਬਾਲ ਸਿੰਘ ਬੱਲ)-ਆਜ਼ਾਦ ਸਮਾਜ ਪਾਰਟੀ (ਕਾਂਸ਼ੀ ਰਾਮ) ਪੰਜਾਬ ਨੇ ਹਲਕਾ ਸਮਾਣਾ ਵਿੱਚ ਆਪਣਾ ਸੰਗਠਨਾਤਮਕ ਢਾਂਚਾ ਮਜ਼ਬੂਤ ਕਰਦਿਆਂ ਵੱਡਾ ਫੈਸਲਾ ਲਿਆ ਹੈ। ਪਾਰਟੀ ਵੱਲੋਂ ਸਮਾਣਾ ਦੀ ਜਾਣੀ-ਪਛਾਣੀ ਸ਼ਖ਼ਸੀਅਤ ਸ੍ਰੀ ਕੁਲਵਿੰਦਰ ਸਿੰਘ ਗਿਆਨੀ ਸਮੋਸਿਆਂ ਵਾਲਾ ਵਾਸੀ ਵਾਰਡ ਨੰ: 9ਵੀਂ, ਸਰਾਂ ਪੱਤੀ ਸਮਾਣਾ ਨੂੰ ਵਿਧਾਨ ਸਭਾ ਹਲਕਾ ਸਮਾਣਾ ਦਾ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਇਸ ਸਬੰਧੀ ਜਾਰੀ ਨਿਯੁਕਤੀ ਪੱਤਰ ਅਨੁਸਾਰ, ਪਾਰਟੀ ਦੇ ਮਾਲਵਾ ਜ਼ੋਨ ਪੰਜਾਬ (ਫਤਹਿਗੜ੍ਹ ਸਾਹਿਬ) ਦੇ ਜਨਰਲ ਸਕੱਤਰ ਸ੍ਰੀ ਨਿਸ਼ਾਨ ਸਿੰਘ ਕਕਰਾਲਾ ਵੱਲੋਂ ਇਹ ਨਿਯੁਕਤੀ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਤੇ ਸਾਹਿਬ ਕਾਂਸ਼ੀ ਰਾਮ ਜੀ ਦੇ ਉਦੇਸ਼ 'ਬਹੁਜਨ ਹਿਤਾਏ ਬਹੁਜਨ ਸੁਖਾਏ' ਤਹਿਤ ਕੀਤੀ ਗਈ ਹੈ।ਪੱਤਰ ਵਿੱਚ ਆਸ ਪ੍ਰਗਟ ਕੀਤੀ ਗਈ ਹੈ ਕਿ ਕੁਲਵਿੰਦਰ ਸਿੰਘ ਆਪਣੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣਗੇ।ਨਿਯੁਕਤੀ ਤੋਂ ਬਾਅਦ ਗੱਲਬਾਤ ਕਰਦਿਆਂ ਕੁਲਵਿੰਦਰ ਸਿੰਘ ਨੇ ਕਿਹਾ ਕਿ ਉਹ ਪਾਰਟੀ ਹਾਈ ਕਮਾਂਡ ਤੇ ਮਾਲਵਾ ਜ਼ੋਨ ਦੀ ਲੀਡਰਸ਼ਿਪ ਦਾ ਧੰਨਵਾਦ ਕਰਦੇ ਹਨ।ਉਨ੍ਹਾਂ ਕਿਹਾ ਕਿ ਆਜ਼ਾਦ ਸਮਾਜ ਪਾਰਟੀ (ਕਾਂਸ਼ੀ ਰਾਮ) ਵੱਲੋਂ ਉਨ੍ਹਾਂ ਨੂੰ ਹਲਕਾ ਸਮਾਣਾ ਤੋਂ ਆਉਣ ਵਾਲੀ ਵਿਧਾਨ ਸਭਾ ਚੋਣ ਲੜਨ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ।ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਗੇ।ਇਸ ਮੌਕੇ ਉਹਨਾਂ ਦੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।

ਅਜੀਤਪਾਲ ਨੂੰ ਮੁੜ ਟਿਕਟ ਮਿਲਣ 'ਤੇ ਸ਼ਹਿਰ ਵਾਸੀਆਂ 'ਚ ਖੁਸ਼ੀ ਦਾ ਮਹੌਲ

ਪਾਰਟੀ ਵੱਲੋਂ ਕੀਤੇ ਵਿਸ਼ਵਾਸ 'ਤੇ ਖਰਾ ਉੱਤਰਾਂਗਾ : ਕੋਹਲੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਆਮ ਆਦਮੀ ਪਾਰਟੀ ਨੇ ਅਗਾਮੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਇੱਕ ਵਾਰ ਫਿਰ ਪਟਿਆਲਾ ਸ਼ਹਿਰੀ ਹਲਕੇ ਤੋਂ ਮੌਜੂਦਾ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੂੰ ਆਪਣਾ ਉਮੀਦਵਾਰ ਬਣਾਏ ਜਾਣ 'ਤੇ ਪਟਿਆਲਾ ਸ਼ਹਿਰ ਵਾਸੀਆਂ 'ਚ ਖੁਸ਼ੀ ਦਾ ਮਹੌਲ ਹੈ। ਸ਼ਹਿਰ ਅੰਦਰ ਹਰ ਪਾਸੇ ਲੋਕ ਖੁਸ਼ੀ 'ਚ ਭੰਗੜਾ ਪਾ ਰਹੇ ਹਨ ਤੇ ਢੋਲ ਢਮੱਕਿਆਂ ਨਾਲ ਉਨ੍ਹਾਂ ਦਾ ਸਵਾਗਤ ਕਰ ਰਹੇ ਹਨ। ਪਲੇਅਵੇ ਸਕੂਲ ਦੇ ਮੁਖੀ ਡਾ. ਰਾਜਦੀਪ ਸਿੰਘ ਨੇ ਵਿਧਾਇਕ ਕੋਹਲੀ ਨੂੰ ਸਨਮਾਨਤ ਕੀਤਾ ਤੇ ਕਿਹਾ ਕਿ ਉਨ੍ਹਾਂ ਨੂੰ ਦੂਸਰੀ ਵਾਰ ਪਟਿਆਲਾ ਤੋਂ ਆਪਣਾ ਵਿਧਾਇਕ ਬਣਾਵਾਂਗੇ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੂੰ ਵੱਡੇ ਫਰਕ ਨਾਲ ਹਰਾ ਕੇ ਸਿਆਸੀ ਹਲਕਿਆਂ ਵਿੱਚ ਇਤਿਹਾਸਕ ਜਿੱਤ ਦਰਜ ਕੀਤੀ ਸੀ।ਉਨ੍ਹਾਂ ਵੱਲੋਂ ਹਲਕੇ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਤੇ ਲੋਕਾਂ ਨਾਲ ਜੁੜੇ ਰਹਿਣ ਸਦਕਾ ਪਾਰਟੀ ਨੇ ਮੁੜ ਉਨ੍ਹਾਂ ਦੀ ਉਮੀਦਵਾਰੀ 'ਤੇ ਮੋਹਰ ਲਗਾਈ ਹੈ।ਟਿਕਟ ਦਾ ਐਲਾਨ ਹੁੰਦਿਆਂ ਹੀ ਪਟਿਆਲਾ ਸ਼ਹਿਰੀ ਹਲਕੇ ਦੇ ਕੌਂਸਲਰਾਂ, ਪਾਰਟੀ ਵਰਕਰਾਂ ਤੇ ਵਿਧਾਇਕ ਦੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਤੇ ਖੁਸ਼ੀ ਦੀ ਲਹਿਰ ਦੌੜ ਗਈ।ਸਨੌਰੀ ਅੱਡਾ ਸਥਿਤ ਵਿਧਾਇਕ ਦੇ ਦਫ਼ਤਰ ਵਿਖੇ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗ ਗਿਆ।ਵਰਕਰਾਂ ਨੇ ਢੋਲ ਦੇ ਡਗੇ 'ਤੇ ਭੰਗੜੇ ਪਾਏ, ਆਤਿਸ਼ਬਾਜ਼ੀ ਕੀਤੀ। ਇਸ ਮੌਕੇ ਸਮਰਥਕਾਂ ਨੇ ਦਾਅਵਾ ਕੀਤਾ ਕਿ 2027 ਦੀਆਂ ਚੋਣਾਂ ਵਿੱਚ ਵੀ ਪਟਿਆਲਾ ਸ਼ਹਿਰੀ ਦੇ ਵੋਟਰ ਵਿਧਾਇਕ ਕੋਹਲੀ ਨੂੰ ਪਹਿਲਾਂ ਨਾਲੋਂ ਵੱਡੀ ਲੀਡ ਦਿਵਾ ਕੇ ਜੇਤੂ ਬਣਾਉਣਗੇ।ਇਸ ਸਮੇਂ ਵਿਧਾਇਕ ਕੋਹਲੀ ਨੇ ਪਾਰਟੀ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਮੈਂ ਪਾਰਟੀ ਦੇ ਵਿਸ਼ਵਾਸ 'ਤੇ ਖਰਾ ਉੱਤਰਾਂਗਾ।

ਸੜਕ ਹਾਦਸੇ 'ਚ ਕੰਡਕਟਰ ਗੁਰਮੀਤ ਸਿੰਘ ਦੀ ਮੌਤ

ਯੂਨੀਅਨ ਵੱਲੋਂ ਪਰਵਾਰ ਲਈ ਸਰਕਾਰੀ ਨੌਕਰੀ ਤੇ ਮੁਆਵਜ਼ੇ ਦੀ ਮੰਗ



ਮਲੋਟ (ਰਜਿੰਦਰ ਜੁਨੇਜਾ)-ਪਿੰਡ ਕੰਦੂ ਖੇੜਾ ਦੀ ਢਾਣੀ ਤੇਲੀਆਂ ਵਾਲੀ ਦੇ ਵਸਨੀਕ ਤੇ ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਵਿੱਚ ਬਤੌਰ ਕੰਡਕਟਰ ਤਾਇਨਾਤ ਗੁਰਮੀਤ ਸਿੰਘ ਪੁੱਤਰ ਹਰਨੇਕ ਸਿੰਘ ਦੀ ਇੱਕ ਭਿਆਨਕ ਸੜਕ ਹਾਦਸੇ ਵਿੱਚ ਮੌਤ ਹੋ ਜਾਣ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ।ਮਿਲੀ ਜਾਣਕਾਰੀ ਅਨੁਸਾਰ, ਗੁਰਮੀਤ ਸਿੰਘ (ਨੰਬਰ 199) ਬੀਤੇ ਦਿਨ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਡਿਊਟੀ 'ਤੇ ਜਾ ਰਿਹਾ ਸੀ।ਰਸਤੇ ਵਿੱਚ ਅਚਾਨਕ ਉਸ ਦਾ ਮੋਟਰਸਾਈਕਲ ਇੱਕ ਬੇਸਹਾਰਾ ਪਸ਼ੂ ਨਾਲ ਟਕਰਾ ਗਿਆ।ਹਾਦਸਾ ਇੰਨਾ ਖ਼ੌਫ਼ਨਾਕ ਸੀ ਕਿ ਟੱਕਰ ਦੌਰਾਨ ਪਸ਼ੂ ਦੇ ਪੈਰ ਗੁਰਮੀਤ ਸਿੰਘ ਦੀਆਂ ਅੱਖਾਂ ਵਿੱਚ ਧਸ ਗਏ, ਜਿਸ ਕਾਰਨ ਉਹ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।ਹਾਦਸੇ ਦੀ ਸੂਚਨਾ ਮਿਲਦੇ ਹੀ 112 ਐਂਬੂਲੈਂਸ ਤੇ ਪਰਿਵਾਰਕ ਮੈਂਬਰਾਂ ਵੱਲੋਂ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਜਾ ਰਿਹਾ ਸੀ, ਪ੍ਰੰਤੂ ਜ਼ਖ਼ਮਾਂ ਦੀ ਤਾਬ ਨਾ ਝੱਲਦਿਆਂ ਉਸ ਨੇ ਰਸਤੇ ਵਿੱਚ ਹੀ ਦਮ ਤੋੜ ਦਿੱਤਾ।ਮ੍ਰਿਤਕ ਆਪਣੇ ਪਿੱਛੇ ਵਿਧਵਾ ਪਤਨੀ ਕਿਰਨਜੀਤ ਕੌਰ ਤੇ ਦੋ ਛੋਟੇ ਬੱਚੇ ਛੱਡ ਗਿਆ ਹੈ।ਪਰਿਵਾਰ ਦੇ ਇਕਲੌਤੇ ਕਮਾਊ ਜੀਅ ਦੀ ਬੇਵਕਤੀ ਮੌਤ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ ਹੈ।ਇਸ ਦਰਦਨਾਕ ਹਾਦਸੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪੈਪਸੂ ਯੂਨੀਅਨ ਨੇ ਸਰਕਾਰ ਤੇ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਪੀੜਤ ਪਰਵਾਰ ਦੇ ਇੱਕ ਜੀਅ ਨੂੰ ਤੁਰੰਤ ਸਰਕਾਰੀ ਨੌਕਰੀ ਤੇ ਢੁੱਕਵੀਂ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇ, ਤਾਂ ਜੋ ਮਾਸੂਮ ਬੱਚਿਆਂ ਦਾ ਭਵਿੱਖ ਸੁਰੱਖਿਅਤ ਹੋ ਸਕੇ।


ਸਾਹਿਤ ਸਭਾ ਵੱਲੋਂ 'ਤਬੈ ਰੋਸ ਜਾਗਿਓ' 'ਤੇ ਵਿਚਾਰ-ਗੋਸ਼ਟੀ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਪੰਜਾਬੀ ਸਾਹਿਤ ਸਭਾ ਪਾਤੜਾਂ ਦੀ ਮੀਟਿੰਗ ਬੱਤਰਾ ਅਕੈਡਮੀ ਵਿਖੇ ਹੋਈ, ਜਿਸ ਵਿੱਚ ਗੁਰਨਾਮ ਸਿੰਘ ਚੌਹਾਨ ਵੱਲੋਂ ਲਿਖੀ ਦਸਤਾਵੇਜ਼ੀ ਪੁਸਤਕ 'ਤਬੈ ਰੋਸ ਜਾਗਿਓ' ਉੱਤੇ ਵਿਚਾਰ ਗੋਸ਼ਟੀ ਕੀਤੀ ਗਈ।ਸਭਾ ਦੀ ਮਹੀਨਾਵਾਰ ਇਕੱਤਰਤਾ ਦੌਰਾਨ ਕੀਤੀ ਗਈ ਇਸ ਗੋਸ਼ਟੀ ਵਿੱਚ ਪੁਸਤਕ 'ਤੇ ਪਰਚਾ ਖਾਲਸਾ ਕਾਲਜ ਕਰਹਾਲੀ ਸਾਹਿਬ ਦੇ ਪ੍ਰੋਫੈਸਰ ਡਾਕਟਰ ਕਸ਼ਮੀਰ ਸਿੰਘ ਜੋਗੇਵਾਲਾ ਨੇ ਪੜ੍ਹਿਆ।ਪੁਸਤਕ ਬਾਰੇ ਬੋਲਦੇ ਪ੍ਰੋ. ਡਾਕਟਰ ਕਸ਼ਮੀਰ ਸਿੰਘ ਜੋਗੇਵਾਲਾ ਨੇ ਪੁਸਤਕ ਦੇ ਛਪੇ ਪੰਜਵੇਂ ਐਡੀਸ਼ਨ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਸਤਕ ਇਤਿਹਾਸਕ ਦਸਤਾਵੇਜ਼ ਹੈ, ਜਿਸ ਦਾ ਪੁਖਤਾ ਪ੍ਰਮਾਣ ਇਸ ਗੱਲ ਤੋਂ ਮਿਲਦਾ ਹੈ ਕਿ 2008 ਵਿੱਚ ਪਹਿਲੀ ਵਾਰ ਛਪੀ ਇਸ ਪੁਸਤਕ ਦਾ ਪੰਜਵਾਂ ਐਡੀਸ਼ਨ ਛਪ ਚੁੱਕਿਆ ਹੈ।ਪੁਸਤਕ ਵਿੱਚ ਸਿੱਖ ਸੰਘਰਸ਼ ਦੌਰਾਨ ਪੰਜਾਬ ਵਿੱਚ ਵਾਪਰੇ ਕਾਲੇ ਦਿਨਾਂ ਦੀ ਦਾਸਤਾਨ ਨੂੰ ਬਾਖੂਬੀ ਬਿਆਨ ਕੀਤਾ ਹੈ, ਜਿਸ ਵਿੱਚ ਪੁਲਸੀਆ ਰਾਜ ਦਾ ਜ਼ਿਕਰ ਵਿਸ਼ੇਸ਼ ਤੌਰ 'ਤੇ ਕੀਤਾ ਗਿਆ ਹੈ।ਲੇਖਕ ਵੱਲੋਂ ਪੁਸਤਕ ਦਾ ਆਧਾਰ ਸੱਚੀਆਂ ਘਟਨਾਵਾਂ ਨੂੰ ਬਣਾਇਆ ਗਿਆ ਹੈ। ਗਲਪ ਸ਼ੈਲੀ ਵਿੱਚ ਪੁਸਤਕ ਜਿੱਥੇ ਪਾਠਕ ਨੂੰ ਆਪਣੇ ਨਾਲ ਤੋਰਦੀ ਹੈ ਉੱਥੇ ਇਤਿਹਾਸਿਕ ਘਟਨਾਵਾਂ ਤੇ ਪੰਜਾਬ ਵਿੱਚ ਆਏ ਇਸ ਕਾਲੇ ਦੌਰ ਦੇ ਕਾਰਨਾਂ ਸਬੰਧੀ ਵਿਸਥਾਰ ਪੂਰਵਕ ਚਰਚਾ ਕੀਤੀ ਗਈ ਹੈ।ਪੜ੍ਹੇ ਗਏ ਪਰਚੇ ਉੱਤੇ ਹਾਜ਼ਰ ਸਾਹਿਤਕਾਰਾਂ ਵਿੱਚੋਂ ਸਭਾ ਦੇ ਸਰਪ੍ਰਸਤ ਬਾਜ ਸਿੰਘ ਮਹਿਲੀਆ, ਮਾਸਟਰ ਹਰਦੇਵ ਸਿੰਘ ਪ੍ਰੀਤ, ਮਾਸਟਰ ਕੁਲਵਿੰਦਰ ਸਿੰਘ ਰਤਨਗੜ੍ਹ ਸਿੱਧੜਾਂ, ਕੁਲਵੰਤ ਰਿਖੀ, ਵਿਰਕ ਨੂਰਪੁਰੀ, ਸੁਭਾਸ਼ ਪੰਜਾਬੀ, ਜਤਿਨ ਬੱਤਰਾ ਬਲਵੀਰ ਸਿੰਘ ਢਿੱਲੋਂ, ਅਨੀਤਾ ਅਰੋੜਾ ਆਦਿ ਨੇ ਉਸਾਰੂ ਬਹਿਸ ਕੀਤੀ।ਦੂਜੇ ਸੈਸ਼ਨ ਦੌਰਾਨ ਰਾਜਕੁਮਾਰ ਸਿੰਗਲਾ ਦਿੜਬਾ, ਹਰਪ੍ਰੀਤ ਸਿੰਘ ਕੋਹਲੀ ਤੇ ਪ੍ਰੇਮ ਚੰਦ ਪ੍ਰੇਮੀ ਨੇ ਆਪਣੀਆਂ ਰਚਨਾਵਾਂ ਪੜ੍ਹੀਆਂ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਭੁਪਿੰਦਰਜੀਤ ਮੌਲਵੀਵਾਲਾ ਨੇ ਨਿਭਾਈ।ਸਭਾ ਵੱਲੋਂ ਮੁੱਖ ਬੁਲਾਰੇ ਪ੍ਰੋਫੈਸਰ ਕਸ਼ਮੀਰ ਸਿੰਘ ਜੋਗੇਵਾਲਾ ਤੇ ਪੁਸਤਕ ਦੇ ਲੇਖਕ ਗੁਰਨਾਮ ਸਿੰਘ ਚੌਹਾਨ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

ਲੱਖੇਵਾਲ 'ਚ ਨਰਿੰਦਰ ਭਰਾਜ ਵੱਲੋਂ 25 ਲੱਖ ਦੀ ਲਾਗਤ ਨਾਲ ਤਿਆਰ ਪਾਰਕ ਤੇ ਜਿੰਮ ਲੋਕਾਂ ਨੂੰ ਸਮਰਪਤ



ਭਵਾਨੀਗੜ੍ਹ (ਰਾਜ ਖੁਰਮੀ)-ਵਿਧਾਨ ਸਭਾ ਹਲਕਾ ਸੰਗਰੂਰ ਦੇ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦਿਆਂ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਪਿੰਡ ਲੱਖੇਵਾਲ ਵਿਖੇ 25 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਪਾਰਕ ਤੇ ਜਿੰਮ ਦਾ ਉਦਘਾਟਨ ਕਰਕੇ ਇਨ੍ਹਾਂ ਨੂੰ ਪਿੰਡ ਵਾਸੀਆਂ ਨੂੰ ਸਮਰਪਤ ਕੀਤਾ ਗਿਆ।ਇਸ ਪ੍ਰਾਜੈਕਟ ਤਹਿਤ 20 ਲੱਖ ਰੁਪਏ ਦੀ ਲਾਗਤ ਨਾਲ ਪਾਰਕ ਤੇ 5 ਲੱਖ ਰੁਪਏ ਦੀ ਲਾਗਤ ਨਾਲ ਜਿੰਮ ਤਿਆਰ ਕੀਤਾ ਗਿਆ ਹੈ।ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਲੋਕਾਂ ਨੂੰ ਸਿਹਤਮੰਦ ਜੀਵਨ ਜਿਊਣ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਪਾਰਕਾਂ ਤੇ ਜਿੰਮਾਂ ਦਾ ਨਿਰਮਾਣ ਸਿਰਫ਼ ਵਿਕਾਸ ਕਾਰਜ ਹੀ ਨਹੀਂ, ਸਗੋਂ ਨਵੀਂ ਪੀੜ੍ਹੀ ਨੂੰ ਸਿਹਤ, ਖੇਡਾਂ ਤੇ ਚੰਗੀ ਜੀਵਨ ਸ਼ੈਲੀ ਨਾਲ ਜੋੜਨ ਦਾ ਵੀ ਉਪਰਾਲਾ ਹੈ।ਵਿਧਾਇਕ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ ਤੇ ਉਸਾਰੂ ਗਤੀਵਿਧੀਆਂ ਨਾਲ ਜੁੜਨ ਤੇ ਆਪਣੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਗਾਉਣ।ਉਨ੍ਹਾਂ ਕਿਹਾ ਕਿ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਦੀਆਂ ਲੋੜਾਂ ਤੇ ਮੰਗਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ ਤੇ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਯਤਨ ਜਾਰੀ ਰਹਿਣਗੇ।ਇਸ ਮੌਕੇ ਸਰਪੰਚ ਸੁਖਵਿੰਦਰ ਸਿੰਘ, ਪੰਚ ਪਰਵਿੰਦਰ ਸਿੰਘ, ਕਾਲਾ ਸਿੰਘ, ਸਤਪਾਲ ਸੈਲੀ, ਜਗਪਾਲ ਕਾਲਾਝਾੜ, ਉਂਕਾਰ ਸਿੰਘ, ਜਗਤਾਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਚੇਅਰਮੈਨ ਬੂਟਾ ਸਿੰਘ ਜਲਾਲ ਦਾ ਤਾਜਪੋਸ਼ੀ ਸਮਾਰੋਹ ਅੱਜ



ਬਠਿੰਡਾ (ਰਾਜੀਵ ਗੋਇਲ)-ਪਿਛਲੇ ਦਿਨੀਂ ਹਲਕਾ ਰਾਮਪੁਰਾ ਫੂਲ ਦੇ ਜੱਦੀ ਪਿੰਡ ਜਲਾਲ ਨਾਲ ਸੰਬੰਧਤ ਆਮ ਆਦਮੀ ਪਾਰਟੀ ਦੇ ਸਭ ਤੋਂ ਪੁਰਾਣੇ ਤੇ ਮਿਹਨਤੀ ਭੁਮੱਕੜ ਵਜੋਂ ਜਾਣੇ ਜਾਂਦੇ ਬੂਟਾ ਸਿੰਘ ਜਲਾਲ ਨੂੰ ਪਾਰਟੀ ਵੱਲੋਂ ਉਸ ਦੀ ਮਿਹਨਤ ਨੂੰ ਦੇਖਦੇ ਹੋਏ ਮਾਰਕੀਟ ਕਮੇਟੀ ਭਗਤਾ ਭਾਈਕਾ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਅਤੇ ਇਸ ਨਿਯੁਕਤੀ ਨੂੰ ਲੈ ਕੇ ਹਲਕੇ ਦੇ ਲੋਕਾਂ ਵਿੱਚ ਕਾਫੀ ਖੁਸ਼ੀ ਦੇਖਣ ਨੂੰ ਮਿਲ ਰਹੀ ਹੈ। ਇਸ ਨਿਯੁਕਤੀ ਨੂੰ ਲੈ ਕੇ ਜਲਾਲ ਵੱਲੋਂ 3 ਨਵੰਬਰ ਨੂੰ ਇਲਾਕੇ ਦੇ ਬਹੁਤ ਹੀ ਮਸ਼ਹੂਰ, ਮਹਿੰਗੇ ਤੇ ਵੱਡੇ ਹੋਟਲ ਵਿਕਟੋਰੀਆ ਪੈਲੇਸ ਜਲਾਲ ਵਿਖੇ ਤਾਜਪੋਸ਼ੀ ਸਮਾਰੋਹ ਕੀਤਾ ਗਿਆ ਹੈ, ਜਿਸ ਵਿੱਚ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਕੈਬਨਿਟ ਮੰਤਰੀ ਬਲਜੀਤ ਕੌਰ ਤੇ ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਵੱਲੋਂ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਜਾ ਰਹੀ ਹੈ ਤੇ ਇਸ ਸਮਾਰੋਹ ਵਿੱਚ ਬਹੁਤ ਵੱਡੇ ਪੱਧਰ 'ਤੇ ਇਕੱਠ ਹੋਣ ਦੀ ਸੰਭਾਵਨਾ ਜਤਾਈ ਜਾ ਰਹੀ ਹੈ। ਦੱਸਣਾ ਬਣਦਾ ਹੈ ਕਿ ਬੂਟਾ ਸਿੰਘ ਜਲਾਲ ਬਹੁਤ ਹੀ ਨਰਮ ਸੁਭਾਓ ਤੇ ਮਿਲਵਰਤਣ ਵਾਲੇ ਇਨਸਾਨ ਹਨ, ਜਿਸ ਕਾਰਨ ਉਨ੍ਹਾਂ ਦੀ ਨਿਯੁਕਤੀ ਦੀ ਖੁਸ਼ੀ ਹਰ ਇੱਕ ਵਰਕਰ ਵੱਲੋਂ ਮਨਾਈ ਗਈ ਹੈ।

ਅਕਾਲੀ ਦਲ ਪੁਨਰ-ਸੁਰਜੀਤ ਵੱਲੋਂ ਵਿਸ਼ਾਲ ਨਸ਼ਾ ਵਿਰੋਧੀ ਰੋਸ ਰੈਲੀ




ਸਮਾਣਾ (ਇਕਬਾਲ ਸਿੰਘ ਬੱਲ)-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਵੱਲੋਂ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਹਲਕਾ ਇੰਚਾਰਜ ਚਰਨਜੀਤ ਸਿੰਘ ਮਵੀ ਦੀ ਅਗਵਾਈ ਹੇਠ ਸ਼ਹੀਦ ਪਰਵਿੰਦਰ ਸਿੰਘ ਝੋਟਾ ਦੀ ਸ਼ਹਾਦਤ ਨੂੰ ਸਮਰਪਤ ਤੇ ਸਿੱਖ ਨਸਲਕੁਸ਼ੀ ਦੇ ਸ਼ਹੀਦਾਂ ਦੀ ਯਾਦ ਵਿੱਚ ਸਮਾਣਾ ਹਲਕੇ ਦੇ ਪਿੰਡਾਂ ਵਿੱਚ ਵਿਸ਼ਾਲ ਨਸ਼ਾ ਵਿਰੋਧੀ ਰੋਸ ਰੈਲੀ ਕੱਢੀ ਗਈ।ਇਸ ਰੈਲੀ ਵਿੱਚ ਮੋਟਰਸਾਈਕਲਾਂ, ਕਾਰਾਂ ਤੇ ਸਕੂਟਰਾਂ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨਾਂ ਤੇ ਪਾਰਟੀ ਵਰਕਰਾਂ ਨੇ ਸ਼ਮੂਲੀਅਤ ਕੀਤੀ।ਇਹ ਰੈਲੀ ਪਿੰਡ ਗਜੂਮਾਜਰਾ ਤੋਂ ਸ਼ੁਰੂ ਹੋ ਕੇ ਲਾਲਛੀ ਮਾਜਰੀ, ਵੜੈਚਾਂ ਆਦਿ ਪਿੰਡਾਂ ਵਿੱਚੋਂ ਹੁੰਦੀ ਹੋਈ ਸਮਾਣਾ ਸ਼ਹਿਰ ਪਹੁੰਚੀ।ਇੱਥੇ ਅੰਬੇਡਕਰ ਚੌਕ ਵਿਖੇ ਸੰਬੋਧਨ ਉਪਰੰਤ ਰੈਲੀ ਪਿੰਡਾਂ ਵਿੱਚੋਂ ਹੁੰਦੀ ਹੋਈ ਗੁਰਦੁਆਰਾ ਸਾਹਿਬ ਕਰਹਾਲੀ ਵਿਖੇ ਪਹੁੰਚੀ, ਜਿੱਥੇ ਅਰਦਾਸ ਉਪਰੰਤ ਰੈਲੀ ਦੀ ਸਮਾਪਤੀ ਹੋਈ।ਰੈਲੀ ਨੂੰ ਸੰਬੋਧਨ ਕਰਦਿਆਂ ਚਰਨਜੀਤ ਸਿੰਘ ਮਵੀ ਨੇ ਕਿਹਾ ਕਿ ਸ਼ਹੀਦ ਪਰਵਿੰਦਰ ਸਿੰਘ ਝੋਟਾ ਦੀ ਸ਼ਹਾਦਤ ਨੂੰ ਸਿਰਫ਼ ਯਾਦ ਕਰਨਾ ਹੀ ਕਾਫ਼ੀ ਨਹੀਂ, ਸਗੋਂ ਉਨ੍ਹਾਂ ਦੇ ਸੰਘਰਸ਼ ਨੂੰ ਲੋਕ ਲਹਿਰ ਵਿੱਚ ਬਦਲਣਾ ਸਮੇਂ ਦੀ ਲੋੜ ਹੈ।ਪੰਜਾਬ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਪਿੰਡ-ਪਿੰਡ ਨਸ਼ਾ ਵਿਰੋਧੀ ਕਮੇਟੀਆਂ ਬਣਾਈਆਂ ਜਾਣ ਤੇ ਨਸ਼ਾ ਤਸਕਰੀ ਕਰਨ ਵਾਲਿਆਂ ਨੂੰ ਸਮਾਜਿਕ ਤੌਰ 'ਤੇ ਨਕੇਲ ਪਾਉਣ ਲਈ ਲੋਕ ਇਕਜੁੱਟ ਹੋਣ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਸਿੱਖਿਆ, ਖੇਡਾਂ ਤੇ ਰੁਜ਼ਗਾਰ ਨਾਲ ਜੋੜਨਾ ਸਾਡਾ ਸਾਂਝਾ ਫ਼ਰਜ਼ ਹੈ।ਉਨ੍ਹਾਂ ਕਿਹਾ ਕਿ ਪੰਜਾਬ ਅੱਜ ਨਸ਼ਿਆਂ, ਬੇਰੁਜ਼ਗਾਰੀ, ਨੌਜਵਾਨਾਂ ਦੇ ਵਿਦੇਸ਼ਾਂ ਵੱਲ ਪਰਵਾਸ, ਗੈਂਗਸਟਰਵਾਦ ਤੇ ਆਰਥਿਕ ਸੰਕਟ ਵਰਗੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ।ਇਸ ਦੇ ਨਾਲ ਹੀ ਸਿੱਖ ਨਸਲਕੁਸ਼ੀ ਦੇ ਇਤਿਹਾਸ ਤੇ ਸ਼ਹੀਦਾਂ ਦੀ ਕੁਰਬਾਨੀ ਨੂੰ ਯਾਦ ਰੱਖਣਾ ਤੇ ਨਵੀਂ ਪੀੜ੍ਹੀ ਤੱਕ ਸੱਚ ਪਹੁੰਚਾਉਣਾ ਵੀ ਸਾਡੀ ਜ਼ਿੰਮੇਵਾਰੀ ਹੈ।

ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਪਟਿਆਲਾ ਦੇ ਜਥੇਦਾਰ ਰਣਧੀਰ ਸਿੰਘ ਰੱਖੜਾ ਸੀਨੀਅਰ ਆਗੂ ਦਵਿੰਦਰ ਸਿੰਘ ਸੋਢੀ, ਯੂਥ ਅਕਾਲੀ ਦਲ ਦੇ ਕੌਮੀ ਪ੍ਰਧਾਨ ਗੁਰਜੀਤ ਸਿੰਘ ਤਲਵੰਡੀ, ਹਲਕਾ ਇੰਚਾਰਜ ਘਨੌਰ ਭੁਪਿੰਦਰ ਸਿੰਘ ਸ਼ੇਖੂਪੁਰ, ਸੀਨੀਅਰ ਮੀਤ ਪ੍ਰਧਾਨ ਰਣਧੀਰ ਸਿੰਘ ਮਵੀ, ਗੁਲਜ਼ਾਰ ਸਿੰਘ ਤੇ ਭਿੰਦਰ ਸਿੰਘ ਮਵੀ ਸੱਪਾਂ, ਜੋਰਾ ਸਿੰਘ ਕਕਰਾਲਾ, ਸੇਵਕ ਸਿੰਘ ਦੋਦੜਾ, ਲਾਭ ਸਿੰਘ ਦੋਦੜਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

ਨਸ਼ੀਲੇ ਪਦਾਰਥਾਂ ਸਮੇਤ ਚਾਰ ਮੁਲਜ਼ਮ ਗ੍ਰਿਫ਼ਤਾਰ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਧੂਰੀ ਉਪ ਮੰਡਲ ਪੁਲਸ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਵੱਖ-ਵੱਖ ਮਾਮਲਿਆਂ 'ਚ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 12 ਗ੍ਰਾਮ ਚਿੱਟਾ (ਹੈਰੋਇਨ), 20 ਨਸ਼ੀਲੀਆਂ ਗੋਲੀਆਂ ਤੇ 30 ਬੋਤਲਾਂ ਠੇਕਾ ਦੇਸੀ ਸ਼ਰਾਬ ਬਰਾਮਦ ਕਰਨ ਦਾ ਦਾਅਵਾ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤੇ 'ਪਿੰਡਾਂ ਦੇ ਪਹਿਰੇਦਾਰ' ਤਹਿਤ ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਡਾ. ਰਵਜੋਤ ਗਰੇਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੁਲਸ ਵੱਲੋਂ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ 26 ਅਕਤੂਬਰ ਤੋਂ 1 ਨਵੰਬਰ ਤੱਕ ਦਰਜ ਕੀਤੇ ਗਏ ਚਾਰ ਵੱਖ-ਵੱਖ ਮੁਕੱਦਮਿਆਂ ਵਿੱਚ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਤੇ ਉਨ੍ਹਾਂ ਕੋਲੋਂ ਉਕਤ ਨਸ਼ੀਲੇ ਪਦਾਰਥ ਤੇ ਸ਼ਰਾਬ ਬਰਾਮਦ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਨਸ਼ਾ ਛੁਡਾਊ ਇਲਾਜ ਲਈ ਅੱਠ ਵਿਅਕਤੀਆਂ ਨੂੰ ਓਟ ਸੈਂਟਰ ਤੋਂ ਦਵਾਈ ਦਿਵਾਈ ਗਈ ਹੈ।

ਤਰਕਸ਼ੀਲ ਸੁਸਾਇਟੀ ਵੱਲੋਂ ਇਕਾਈਆਂ ਨੂੰ ਸਰਗਰਮ ਕਰਨ ਦਾ ਫੈਸਲਾ



ਸੰਗਰੂਰ (ਪ੍ਰਵੀਨ ਸਿੰਘ)-ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ.) ਦੇ ਜ਼ੋਨ ਬਰਨਾਲਾ-ਸੰਗਰੂਰ ਦੀ ਮੀਟਿੰਗ ਤਰਕਸ਼ੀਲ ਭਵਨ ਵਿਖੇ ਹੋਈ।ਮੀਟਿੰਗ ਦੀ ਪ੍ਰਧਾਨਗੀ ਜ਼ੋਨ ਮੁਖੀ ਮਾਸਟਰ ਪਰਮਵੇਦ ਨੇ ਕੀਤੀ। ਸੂਬਾ ਜਥੇਬੰਦਕ ਮੁਖੀ ਮਾਸਟਰ ਰਜਿੰਦਰ ਭਦੌੜ, ਦਫ਼ਤਰ ਮੁਖੀ ਹੇਮ ਰਾਜ ਸਟੈਨੋ ਤੇ ਸੂਬਾ ਵਿੱਤ ਮੁਖੀ ਰਜੇਸ਼ ਅਕਲੀਆ ਨੇ ਵੀ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਪਿਛਲੇ ਸਮੇਂ ਦੌਰਾਨ ਕੀਤੇ ਗਏ ਕੰਮਾਂ ਦੀ ਜਾਣਕਾਰੀ ਲਈ ਗਈ ਤੇ ਭਵਿੱਖ ਦੇ ਪ੍ਰੋਗਰਾਮਾਂ ਦੀ ਰੂਪ-ਰੇਖਾ ਉਲੀਕੀ ਗਈ।ਮੀਟਿੰਗ ਦੌਰਾਨ ਸਭ ਤੋਂ ਅਹਿਮ ਮੁੱਦਾ ਜ਼ੋਨ ਦੀਆਂ ਗੈਰ-ਸਰਗਰਮ ਇਕਾਈਆਂ ਨੂੰ ਮੁੜ ਸਰਗਰਮ ਕਰਨ ਸਬੰਧੀ ਰਿਹਾ।ਇਸ 'ਤੇ ਗੰਭੀਰਤਾ ਨਾਲ ਵਿਚਾਰ-ਚਰਚਾ ਕੀਤੀ ਗਈ ਤੇ ਫੈਸਲਾ ਕੀਤਾ ਗਿਆ ਕਿ ਜਲਦੀ ਹੀ ਸੂਬਾ ਪੱਧਰੀ ਟੀਮਾਂ ਉਨ੍ਹਾਂ ਇਕਾਈਆਂ ਦੀ ਮੀਟਿੰਗਾਂ ਕਰਨਗੀਆਂ।ਇਸ ਤੋਂ ਇਲਾਵਾ ਸੂਬਾ ਵਰਕਿੰਗ ਕਮੇਟੀ ਸਬੰਧੀ ਵਿਚਾਰਾਂ, ਜ਼ੋਨ ਦੇ ਹਿਸਾਬ-ਕਿਤਾਬ ਤੇ ਆਉਣ ਵਾਲੇ ਜਾਗਰੂਕਤਾ ਪ੍ਰੋਗਰਾਮਾਂ ਸਬੰਧੀ ਵੀ ਚਰਚਾ ਹੋਈ।ਮੀਟਿੰਗ ਦੇ ਅੰਤ ਵਿੱਚ ਤਰਕਸ਼ੀਲ ਮੈਗਜ਼ੀਨ ਦਾ ਨਵਾਂ ਅੰਕ ਸਾਰੀਆਂ ਇਕਾਈਆਂ ਵਿੱਚ ਵੰਡਿਆ ਗਿਆ ਤਾਂ ਜੋ ਇਸ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਇਆ ਜਾ ਸਕੇ।ਮੀਟਿੰਗ ਵਿੱਚ ਗੁਰਦੀਪ ਸਿੰਘ ਲਹਿਰਾ, ਨਾਇਬ ਸਿੰਘ ਦਿੜਬਾ ਤੇ ਹਰਜੀਤ ਸਿੰਘ ਸੰਗਰੂਰ ਹਾਜ਼ਰ ਸਨ।

ਦੋਰਾਹਾ ਪਬਲਿਕ ਸਕੂਲ ਦੀਵਾ ਸਜਾਵਟ ਮੁਕਾਬਲੇ 'ਚ ਅੱਵਲ

ਦੋਰਾਹਾ (ਜਸਵੀਰ ਝੱਜ)-ਦੋਰਾਹਾ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਸਹੋਦਿਆ ਅੰਤਰ-ਸਕੂਲ ਦੀਵਾ ਸਜਾਵਟ ਮੁਕਾਬਲੇ 'ਚ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ। ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਬੇਲਾ ਵਿਖੇ ਕਰਵਾਏ ਮੁਕਾਬਲੇ 'ਚ ਵੱਖ-ਵੱਖ ਸਕੂਲਾਂ ਦੇ ਛੇਵੀਂ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ।ਦੋਰਾਹਾ ਪਬਲਿਕ ਸਕੂਲ ਦੀਆਂ ਵਿਦਿਆਰਥਣਾਂ ਸਮਰੀਨ ਕੌਰ (ਸੱਤਵੀਂ-ਬੀ) ਤੇ ਸੁਖਰਾਵੀਆ (ਅੱਠਵੀਂ-ਏ) ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਸ਼ਾਨਦਾਰ ਪ੍ਰਾਪਤੀ 'ਤੇ ਸਕੂਲ ਡਾਇਰੈਕਟਰ ਤਪਵੀਰ ਸਿੰਘ, ਪ੍ਰਿੰਸੀਪਲ ਮੋਨਿਕਾ ਸਾਰਵਾਲ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਦੀ ਮਿਹਨਤ ਤੇ ਕਲਾਤਮਕ ਯੋਗਤਾ ਦੀ ਸ਼ਲਾਘਾ ਕੀਤੀ।



ਉਮੀਦਵਾਰ ਐਲਾਨੇ ਜਾਣ 'ਤੇ ਪੰਡੋਰੀ ਦਾ ਮਹਿਲ ਕਲਾਂ 'ਚ ਸ਼ਾਨਦਾਰ ਸਵਾਗਤ

ਲੋਕਾਂ ਦੇ ਪਿਆਰ ਤੇ ਸਹਿਯੋਗ ਨਾਲ ਤੀਜੀ ਵਾਰ ਜਿੱਤ ਕੇ ਸੀਟ ਪਾਰਟੀ ਦੀ ਝੋਲੀ ਪਾਵਾਂਗੇ : ਪੰਡੋਰੀ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)

ਆਮ ਆਦਮੀ ਪਾਰਟੀ ਦੀ ਹਾਈ ਕਮਾਂਡ ਵੱਲੋਂ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਹਲਕਾ ਮਹਿਲ ਕਲਾਂ (ਰਾਖਵਾਂ) ਤੋਂ ਮੌਜੂਦਾ ਵਿਧਾਇਕ ਤੇ ਪੰਜਾਬ ਵਿਧਾਨ ਸਭਾ ਦੀ ਵਿਸ਼ੇਸ਼ ਅਧਿਕਾਰ ਕਮੇਟੀ ਦੇ ਚੇਅਰਮੈਨ ਕੁਲਵੰਤ ਸਿੰਘ ਪੰਡੋਰੀ ਨੂੰ ਲਗਾਤਾਰ ਤੀਜੀ ਵਾਰ ਉਮੀਦਵਾਰ ਐਲਾਨੇ ਜਾਣ 'ਤੇ ਇਲਾਕੇ ਵਿੱਚ ਖੁਸ਼ੀ ਦੀ ਲਹਿਰ ਹੈ।ਇਸੇ ਤਹਿਤ ਕਸਬਾ ਮਹਿਲ ਕਲਾਂ ਵਿਖੇ ਪੁੱਜਣ 'ਤੇ ਪਾਰਟੀ ਆਗੂਆਂ, ਪੰਚਾਂ-ਸਰਪੰਚਾਂ ਤੇ ਵਰਕਰਾਂ ਵੱਲੋਂ ਉਨ੍ਹਾਂ ਦਾ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਲੱਡੂ ਵੰਡ ਕੇ ਖੁਸ਼ੀ ਦਾ ਇਜ਼ਹਾਰ ਵੀ ਕੀਤਾ ਗਿਆ।ਸਵਾਗਤ ਸਮਾਗਮ ਤੋਂ ਬਾਅਦ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਖੁੱਲ੍ਹੀ ਜੀਪ ਵਿੱਚ ਸਵਾਰ ਹੋ ਕੇ ਸਮਰਥਕਾਂ ਦੇ ਕਾਫ਼ਲੇ ਨਾਲ ਆਪਣੇ ਜੱਦੀ ਪਿੰਡ ਪੰਡੋਰੀ ਲਈ ਰਵਾਨਾ ਹੋਏ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਪੰਡੋਰੀ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਸਮੁੱਚੀ ਹਾਈਕਮਾਂਡ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਲਗਾਤਾਰ ਤੀਜੀ ਵਾਰ ਉਨ੍ਹਾਂ 'ਤੇ ਭਰੋਸਾ ਪ੍ਰਗਟਾਉਣਾ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਹਲਕੇ ਦੇ ਲੋਕਾਂ ਦੇ ਪਿਆਰ ਤੇ ਸਹਿਯੋਗ ਸਦਕਾ ਉਹ ਤੀਜੀ ਵਾਰ ਜਿੱਤ ਹਾਸਲ ਕਰਕੇ ਇਹ ਸੀਟ ਆਮ ਆਦਮੀ ਪਾਰਟੀ ਦੀ ਝੋਲੀ ਪਾਉਣਗੇ।ਇਸ ਮੌਕੇ ਪਾਰਟੀ ਵਰਕਰਾਂ ਤੇ ਸਮਰਥਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਇਸ ਮੌਕੇ ਬਲਾਕ ਪ੍ਰਧਾਨ ਸਰਪੰਚ ਸਰਬਜੀਤ ਸਿੰਘ ਸ਼ੰਭੂ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਬਲਰਾਮ ਸਿੰਘ ਬੱਲੀ, ਟਰੱਕ ਯੂਨੀਅਨ ਦੇ ਪ੍ਰਧਾਨ ਅਰਸ਼ਦੀਪ ਸਿੰਘ ਬਿੱਟੂ, ਚੇਅਰਮੈਨ ਰਾਜਵਿੰਦਰ ਸਿੰਘ ਰਾਜ, ਬਲਾਕ ਸੰਮਤੀ ਮਹਿਲ ਕਲਾਂ ਦੇ ਚੇਅਰਮੈਨ ਕਰਮਜੀਤ ਸਿੰਘ ਨਾਈਵਾਲਾ, ਸਰਪੰਚ ਕਿਰਨਜੀਤ ਸਿੰਘ ਹੈਪੀ ਠੀਕਰੀਵਾਲਾ, ਸਰਪੰਚ ਹਰਪਾਲ ਸਿੰਘ ਮਹਿਲ ਖੁਰਦ ਸਮੇਤ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

ਗੁਰੂ ਗ੍ਰੰਥ ਸਾਹਿਬ ਯੂਨੀਵਰਸਿਟੀ ਵਿਖੇ ਵੋਟ ਜਾਗਰੂਕਤਾ ਪ੍ਰੋਗਰਾਮ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੇਰਾ ਯੁਵਾ ਭਾਰਤ ਤੇ ਕੌਮੀ ਸੇਵਾ ਯੋਜਨਾ (ਐਨ.ਐਸ.ਐਸ.) ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਹਿਗੜ੍ਹ ਸਾਹਿਬ ਦੇ ਸੈਮੀਨਾਰ ਹਾਲ ਵਿਖੇ ਵੋਟ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਪ੍ਰੀਤ ਪਾਲ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਵੋਟ ਦਾ ਅਧਿਕਾਰ ਲੋਕਤੰਤਰ ਦੀ ਸਭ ਤੋਂ ਵੱਡੀ ਤਾਕਤ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸੋਚ ਤੇ ਸਮਝ ਦਾ ਸਹੀ ਇਸਤੇਮਾਲ ਕਰਦੇ ਹੋਏ ਬਿਨਾਂ ਕਿਸੇ ਲਾਲਚ ਜਾਂ ਦਬਾਅ ਤੋਂ ਆਪਣੀ ਵੋਟ ਦਾ ਇਸਤੇਮਾਲ ਕਰਨ ਤੇ ਲੋਕਤੰਤਰਿਕ ਪ੍ਰਕਿਰਿਆ ਵਿੱਚ ਸਰਗਰਮ ਭੂਮਿਕਾ ਨਿਭਾਉਣ। ਇਸ ਮੌਕੇ ਜ਼ਿਲ੍ਹਾ ਯੂਥ ਅਫ਼ਸਰ ਸ੍ਰੀ ਕਾਰਤਿਕ ਸਿੰਗਲਾ ਨੇ ਨੌਜਵਾਨਾਂ ਨੂੰ ਮੇਰਾ ਭਾਰਤ ਪੋਰਟਲ ਰਾਹੀਂ ਚਲਾਏ ਜਾ ਰਹੇ ਵੱਖ-ਵੱਖ ਪ੍ਰੋਗਰਾਮਾਂ ਤੇ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ।ਇਸ ਉਪਰੰਤ ਮੰਤਰਾਲੇ ਵੱਲੋਂ ਪਹੁੰਚੇ ਯੂਥ ਆਈਕਨ ਸ੍ਰੀ ਰਚਿਤ ਜੈਨ ਨੇ 'ਆਪਣੇ ਵੋਟ ਦੇ ਅਧਿਕਾਰ ਦੀ ਮਹੱਤਤਾ' ਵਿਸ਼ੇ 'ਤੇ ਵਿਸਥਾਰਪੂਰਵਕ ਪੇਸ਼ਕਾਰੀ ਦਿੱਤੀ।ਉਨ੍ਹਾਂ ਨੌਜਵਾਨਾਂ ਨੂੰ ਲੋਕਤੰਤਰ ਦੀ ਮਜ਼ਬੂਤੀ ਲਈ ਆਪਣੇ ਵੋਟ ਦੇ ਅਧਿਕਾਰ ਦੀ ਸੁਚੱਜੀ ਤੇ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾ ਨੌਜਵਾਨਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਰਹਿਣ ਤੇ ਉਨ੍ਹਾਂ ਦੀ ਸਹੀ ਵਰਤੋਂ ਕਰਨ ਦੀ ਅਪੀਲ ਕੀਤੀ।ਇਸ ਮੌਕੇ ਅੰਤਰਰਾਸ਼ਟਰੀ ਰਗਬੀ ਖਿਡਾਰਨ ਅਮਨਦੀਪ ਕੌਰ, ਡਾ. ਹਰਨੀਤ ਬਲਿੰਗ, ਸੁਖਲੀਨ ਕੌਰ, ਅਮਨਦੀਪ ਕੌਰ ਤੇ ਵੱਡੀ ਗਿਣਤੀ ਵਿਦਿਆਰਥੀ ਹਾਜ਼ਰ ਸਨ।

ਬੱਸ ਤੇ ਬੁਲਟ ਮੋਟਰਸਾਈਕਲ ਦੀ ਹੋਈ ਆਹਮੋ ਸਾਹਮਣੇ ਟੱਕਰ, ਦੋ ਬੁਲਟ ਸਵਾਰ ਨੌਜਵਾਨਾਂ ਦੀ ਮੌਤ





ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਬੁਲਟ ਮੋਟਰਸਾਈਕਲ ਅਤੇ ਰਾਜਧਾਨੀ ਬੱਸ ਦੀ ਹੋਈ ਆਹਮੋ ਸਾਹਮਣੇ ਟੱਕਰ 'ਚ ਦੋ ਨੌਜਵਾਨਾਂ ਦੀ ਮੌਤ ਹੋਣ ਦਾ ਦੁਖਦਾਈ ਸਮਾਚਾਰ ਹੈ। ਇਸ ਘਟਨਾ ਦੀ ਜਾਣਕਾਰੀ ਦਿੰਦਿਆਂ ਮ੍ਰਿਤਕ ਜੈਪ੍ਰੀਤ ਸਿੰਘ ਦੇ ਪਿਤਾ ਜੁਗਰਾਜ ਸਿੰਘ ਮੁਹੱਲਾ ਧਰਮਪੁਰਾ ਕਾਦੀਆਂ ਨੇ ਦੱਸਿਆ ਉਹਨਾਂ ਦਾ ਬੇਟਾ ਜੈਪ੍ਰੀਤ ਸਿੰਘ ਤੇ ਉਸ ਦਾ ਦੋਸਤ ਜਸ਼ਨਪ੍ਰੀਤ ਸਿੰਘ ਪਿੰਡ ਭਾਂਬੜੀ ਜੋ ਕਿ ਕਾਦੀਆਂ ਗਲੋਬਲ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਸਟੱਡੀ ਲਈ ਜਾ ਰਹੇ ਸਨ, ਬਟਾਲਾ ਕਾਦੀਆਂ ਰੋਡ 'ਤੇ ਪੁਰਾਣਾ ਪਿੰਡ ਅਤੇ ਗੁਰਦੁਆਰਾ ਫਲਾਈ ਸਾਹਿਬ ਦੇ ਵਿਚਕਾਰ ਰਾਜਧਾਨੀ ਬੱਸ ਦੇ ਡਰਾਈਵਰ ਵੱਲੋਂ ਜੋ ਕਿ ਕਾਫੀ ਸਪੀਡ ਨਾਲ ਬੱਸ ਨੂੰ ਡਰਾਈਵ ਕਰ ਰਿਹਾ ਸੀ, ਗਲਤ ਸਾਈਡ ਆ ਕੇ ਮੋਟਰਸਾਈਕਲ 'ਤੇ ਜਾ ਰਹੇ ਜੈਪ੍ਰੀਤ ਸਿੰਘ ਅਤੇ ਜਸ਼ਨਪ੍ਰੀਤ ਸਿੰਘ ਦੇ ਬੁਲਟ ਮੋਟਰ-ਸਾਈਕਲ ਵਿੱਚ ਟੱਕਰ ਮਾਰੀ ਜਿਸ ਕਾਰਨ ਦੋਨੋਂ ਨੌਜਵਾਨਾਂ ਦੀ ਘਟਨਾ ਦੌਰਾਨ ਮੌਕੇ 'ਤੇ ਹੀ ਮੌਤ ਹੋ ਗਈ।

ਘਟਨਾ ਮੌਕੇ ਪਹੁੰਚੀ ਪੁਲਸ ਨੇ ਦੱਸਿਆ ਕਿ ਬੱਸ ਦਾ ਡਰਾਈਵਰ ਮੌਕੇ ਤੋਂ ਬੱਸ ਨੂੰ ਛੱਡ ਕੇ ਫਰਾਰ ਹੋ ਗਿਆ ਅਤੇ ਪੁਲਸ ਵੱਲੋਂ ਬੱਸ ਨੂੰ ਕਬਜ਼ੇ ਵਿੱਚ ਲੈ ਲਿਆ ਗਿਆ ਹੈ। ਮ੍ਰਿਤਕ ਨੌਜਵਾਨਾਂ ਦੀਆਂ ਡੈਡ ਬਾਡੀਆਂ ਨੂੰ ਪੋਸਟਮਾਰਟਮ ਲਈ ਬਟਾਲਾ ਸਿਵਲ ਹਸਪਤਾਲ ਵਿੱਚ ਭੇਜ ਦਿੱਤਾ ਗਿਆ ਹੈ ਅਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

ਜੇਤੂ ਰੈਲੀ ਕਰ ਕੇ ਕਿਸਾਨ ਕ੍ਰੈਡਿਟ ਕਾਰਡ ਨੀਤੀ ਵਾਪਸ ਲੈਣ ਦੇ ਫ਼ੈਸਲੇ ਦਾ ਕੀਤਾ ਸਵਾਗਤ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ)-ਸੰਯੁਕਤ ਕਿਸਾਨ ਮੋਰਚਾ ਪੰਜਾਬ ਦੇ ਸੱਦੇ 'ਤੇ ਸੋਮਵਾਰ ਨੂੰ ਅੰਮ੍ਰਿਤਸਰ ਜ਼ਿਲ੍ਹੇ ਵਿਚ 100 ਫੁੱਟੀ ਸੜਕ ਸਥਿਤ ਡੀ. ਆਰ. ਕੋਆਪ੍ਰੇਟਿਵ ਸੋਸਾਇਟੀਆਂ ਦੇ ਦਫ਼ਤਰ ਅੱਗੇ ਪੰਜਾਬ ਸਰਕਾਰ ਦੀ ਕਿਸਾਨ ਕ੍ਰੈਡਿਟ ਕਾਰਡ (ਕੇ.ਸੀ.ਸੀ.) ਨੀਤੀ-2026 ਨੂੰ ਸਹਿਕਾਰੀ ਸਭਾਵਾਂ ਤੇ ਕਿਸਾਨ ਵਿਰੋਧੀ ਕਰਾਰ ਦਿੰਦਿਆਂ ਧਰਨਾ ਦਿੱਤਾ ਗਿਆ ਅਤੇ ਮੰਗ ਪੱਤਰ ਡੀ.ਆਰ. ਦੀ ਗੈਰ-ਹਾਜ਼ਰੀ ਵਿਚ ਏ.ਆਰ. ਅਜਨਾਲਾ ਅਤਿੰਦਰਪਾਲ ਸਿੰਘ ਨੂੰ ਸੌਂਪਿਆ ਗਿਆ। ਭਾਵੇਂ ਕਿਸਾਨਾਂ ਦੇ ਤਿੱਖੇ ਵਿਰੋਧ ਦੇ ਚੱਲਦਿਆਂ ਬੀਤੀ ਰਾਤ ਸਹਿਕਾਰੀ ਸਭਾਵਾਂ ਦੇ ਮੁਲਾਜ਼ਮਾਂ ਦੀ ਸਹਿਕਾਰਤਾ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਹੋਈ ਮੀਟਿੰਗ ਦੌਰਾਨ ਇਸ ਨੀਤੀ ਨੂੰ ਵਾਪਸ ਲੈਣ ਦਾ ਫ਼ੈਸਲਾ ਹੋ ਗਿਆ ਸੀ, ਪਰ ਇਸ ਦੇ ਬਾਵਜੂਦ ਸੋਮਵਾਰ ਨੂੰ ਕਿਸਾਨਾਂ ਤੇ ਸਹਿਕਾਰੀ ਸਭਾਵਾਂ ਦੇ ਮੁਲਾਜ਼ਮਾਂ ਵੱਲੋਂ ਸਾਂਝੇ ਤੌਰ 'ਤੇ ਜੇਤੂ ਰੈਲੀ ਕੀਤੀ ਗਈ। ਰੈਲੀ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂਆਂ ਡਾ. ਸਤਨਾਮ ਸਿੰਘ ਅਜਨਾਲਾ, ਲਖਬੀਰ ਸਿੰਘ ਨਿਜ਼ਾਮਪੁਰ, ਸੁੱਚਾ ਸਿੰਘ ਅਜਨਾਲਾ, ਜਤਿੰਦਰ ਸਿੰਘ ਛੀਨਾ, ਹਰਜੀਤ ਸਿੰਘ ਝੀਤਾ ਤੇ ਮਾਸਟਰ ਅਮਰੀਕ ਸਿੰਘ ਸੰਗਤਪੁਰਾ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਲਗਾਤਾਰ ਸਹਿਕਾਰਤਾ ਲਹਿਰ 'ਤੇ ਮਾਰੂ ਹਮਲੇ ਕਰਕੇ ਕਿਸਾਨਾਂ ਨੂੰ ਮਿਲ ਰਹੀਆਂ ਪਹਿਲਾਂ ਤੋਂ ਪ੍ਰਾਪਤ ਸਹੂਲਤਾਂ ਖੋਹਣ ਦੀਆਂ ਕੋਸ਼ਿਸ਼ਾਂ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਆਮ ਕਿਸਾਨਾਂ ਨੂੰ ਸਹਿਕਾਰਤਾ ਲਹਿਰ ਦਾ ਹਿੱਸਾ ਬਣਾਉਣ ਦੀ ਬਜਾਏ ਇਸ ਨੂੰ ਅਫ਼ਸਰਸ਼ਾਹੀ ਦੇ ਹਵਾਲੇ ਕਰਕੇ ਖ਼ਤਮ ਕਰਨ ਦੇ ਯਤਨ ਕੀਤੇ ਜਾ ਰਹੇ ਹਨ। ਕਿਸਾਨ ਆਗੂਆਂ ਮੰਗ ਕੀਤੀ ਕਿ ਅੰਮ੍ਰਿਤਸਰ ਜ਼ਿਲ੍ਹੇ ਅੰਦਰ ਬੰਦ ਪਈਆਂ ਡਿਫਾਲਟਰ ਸਹਿਕਾਰੀ ਸਭਾਵਾਂ ਨੂੰ ਮੁੜ ਚਾਲੂ ਕੀਤਾ ਜਾਵੇ ਅਤੇ ਇਸ ਲਈ ਜ਼ਿੰਮੇਵਾਰ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਇਸ ਤੋਂ ਇਲਾਵਾ ਪਿਛਲੇ ਸਾਲ ਜ਼ਿਲ੍ਹੇ ਅੰਦਰ ਫੜੀਆਂ ਗਈਆਂ 600 ਬੋਰੀਆਂ ਯੂਰੀਆ ਖਾਦ ਤੇ ਹੁਣ ਨਿੱਜੀ ਗੋਦਾਮ ਵਿਚੋਂ ਬਰਾਮਦ ਹੋਈਆਂ 3300 ਬੋਰੀਆਂ ਯੂਰੀਆ ਖਾਦ ਦੇ ਮਾਮਲੇ ਦੀ ਉੱਚ ਪੱਧਰੀ ਜਾਂਚ ਕਰਵਾਈ ਜਾਵੇ ਅਤੇ ਇਸ ਸਕੈਂਡਲ ਦੇ ਅਸਲ ਦੋਸ਼ੀਆਂ ਨੂੰ ਬੇਨਕਾਬ ਕਰਕੇ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਕਿਸਾਨ ਆਗੂ ਭੁਪਿੰਦਰ ਸਿੰਘ ਤੀਰਥਪੁਰ, ਦਲਬੀਰ ਸਿੰਘ ਬੇਦਾਦਪੁਰ, ਸਵਿੰਦਰ ਸਿੰਘ ਮੀਰਾਂਕੋਟ, ਮੁਲਾਜ਼ਮ ਆਗੂ ਹਰਪਾਲ ਸਿੰਘ ਥੋਬਾ, ਅਜੀਤ ਸਿੰਘ ਤਲਵੰਡੀ, ਰਾਜਬੀਰ ਸਿੰਘ ਫਤਿਹਪੁਰ, ਸਰਬਜੀਤ ਸਿੰਘ ਗਦਲੀ, ਭੁਪਿੰਦਰ ਸਿੰਘ ਬਾਲੀਆ ਆਦਿ ਹਾਜ਼ਰ ਸਨ।

ਵਿਸ਼ੇਸ਼ ਲੋਕ ਅਦਾਲਤ 21 ਨੂੰ

ਗੁਰਦਾਸਪੁਰ (ਜਨਕ ਮਹਾਜਨ) ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਜਸਟਿਸ ਦੀਪਕ ਸਿੱਬਲ ਜੱਜ ਪੰਜਾਬ, ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਕ, ਹਰਬੰਸ ਸਿੰਘ ਲੇਖੀ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰਪ੍ਰੀਤ ਸਿੰਘ ਮਾਨਯੋਗ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜ਼ਨ ਗੁਰਦਾਸਪੁਰ ਅਧੀਨ ਨਿਆਇਕ ਅਦਾਲਤਾਂ ਗੁਰਦਾਸਪੁਰ ਅਤੇ ਸਬ-ਡਵੀਜਨ ਬਟਾਲਾ ਦੀ ਸਪੈਸ਼ਲ ਕੋਰਟ ਵਲੋਂ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ ਅਧੀਨ ਚੈੱਕ ਬਾਊਂਸ ਦੇ ਕੇਸਾਂ ਦੇ ਨਿਪਟਾਰੇ ਲਈ ਵਿਸ਼ੇਸ਼ ਲੋਕ ਅਦਾਲਤ 21 ਨਵੰਬਰ ਨੂੰ ਲਗਾਈ ਜਾ ਰਹੀ ਹੈ। ਇਸ ਵਿਸ਼ੇਸ਼ ਲੋਕ ਅਦਾਲਤ ਦਾ ਮੁੱਖ ਉਦੇਸ਼ ਲੰਬੇ ਸਮੇਂ ਤੋਂ ਚੱਲ ਰਹੇ ਚੈੱਕ ਬਾਊਂਸ ਦੇ ਕੇਸਾਂ ਨੂੰ ਦੋਵਾਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਖ਼ਤਮ ਕਰਵਾਉਣਾ ਹੈ, ਤਾਂ ਜੋ ਲੋਕਾਂ ਦੇ ਕੀਮਤੀ ਸਮੇਂ ਅਤੇ ਪੈਸੇ ਦੀ ਬੱਚਤ ਹੋ ਸਕੇ।

15 ਨੂੰ ਚੰਡੀਗੜ੍ਹ ਵਿਖੇ ਲੱਗਣ ਵਾਲੇ ਪੱਕੇ ਧਰਨੇ 'ਚ ਡੀ ਟੀ ਐੱਫ਼ ਤਰਨ ਤਾਰਨ ਕਰੇਗੀ ਭਰਵੀਂ ਸ਼ਮੂਲੀਅਤ : ਠੱਠਗੜ੍ਹ, ਢਿੱਲੋਂ



ਤਰਨ ਤਾਰਨ/ਭਿੱਖੀਵਿੰਡ/ਖਾਲੜਾ (ਪ੍ਰਿਤਪਾਲ ਸਿੰਘ/ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਡੈਮੋਕ੍ਰੈਟਿਕ ਟੀਚਰਜ਼ ਫਰੰਟ (ਡੀ ਟੀ ਐੱਫ਼) ਜ਼ਿਲ੍ਹਾ ਤਰਨ ਤਾਰਨ ਦੀ ਅਹਿਮ ਮੀਟਿੰਗ ਬੀਤੇ ਕੱਲ੍ਹ ਗਾਂਧੀ ਪਾਰਕ ਵਿਖੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਠੱਠਗੜ੍ਹ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਜਥੇਬੰਦੀ ਦੇ ਅਗਾਮੀ ਚੋਣ ਇਜਲਾਸ ਦੀਆਂ ਤਿਆਰੀਆਂ ਅਤੇ 15 ਨਵੰਬਰ ਨੂੰ ਚੰਡੀਗੜ੍ਹ ਵਿਖੇ ਹੋਣ ਵਾਲੇ ਪੱਕੇ ਧਰਨੇ ਵਿੱਚ ਜ਼ਿਲ੍ਹਾ ਤਰਨ ਤਾਰਨ ਦੇ ਅਧਿਆਪਕਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਯਕੀਨੀ ਬਣਾਉਣ ਲਈ ਰਣਨੀਤੀ ਉਲੀਕੀ ਗਈ। ਇਸ ਮੌਕੇ ਅਧਿਆਪਕਾਂ ਦੀਆਂ ਵੱਖ-ਵੱਖ ਮੰਗਾਂ ਅਤੇ ਵਿਭਾਗੀ ਮਸਲਿਆਂ ਨੂੰ ਵੀ ਵਿਚਾਰਿਆ ਗਿਆ। ਮੀਟਿੰਗ ਵਿੱਚ ਈ ਟੀ ਟੀ ਤੋਂ ਹੈੱਡ ਟੀਚਰ (ਐੱਚ ਟੀ), ਹੈੱਡ ਟੀਚਰ ਤੋਂ ਸੈਂਟਰ ਹੈੱਡ ਟੀਚਰ (ਸੀ ਐੱਚ ਟੀ) ਅਤੇ ਸੀ ਐੱਚ ਟੀ ਤੋਂ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ (ਬੀ ਪੀ ਈ ਓ) ਦੀਆਂ ਤਰੱਕੀਆਂ ਸੰਬੰਧੀ ਕਾਰਵਾਈ ਵਿੱਚ ਤੇਜ਼ੀ ਲਿਆਉਣ ਦੀ ਮੰਗ ਕੀਤੀ ਗਈ। ਇਸ ਤੋਂ ਇਲਾਵਾ ਸਕੂਲ ਮੁਖੀਆਂ ਨੂੰ ਰੰਗ-ਰੋਗਨ ਲਈ ਆਪਣੇ ਪੱਧਰ 'ਤੇ ਗਰਾਂਟ ਖ਼ਰਚ ਕਰਨ ਲਈ ਮਜਬੂਰ ਕਰਨ ਦੀ ਬਜਾਏ ਵਿਭਾਗ ਵੱਲੋਂ ਇਸ ਮੰਤਵ ਲਈ ਲੋੜੀਂਦੀ ਗਰਾਂਟ ਤੁਰੰਤ ਜਾਰੀ ਕਰਨ ਦੀ ਮੰਗ ਉਠਾਈ ਗਈ। ਇਸ ਦੇ ਨਾਲ ਹੀ ਆਗੂਆਂ ਨੇ ਵਿਭਾਗੀ ਗਲਤੀਆਂ ਕਾਰਨ ਨੌਕਰੀ ਤੋਂ ਟਰਮੀਨੇਟ ਕੀਤੇ ਗਏ 4161 ਮਾਸਟਰ ਕਾਡਰ ਭਰਤੀ ਦੇ 253 ਅਧਿਆਪਕਾਂ ਦੀ ਤੁਰੰਤ ਬਹਾਲੀ ਦੀ ਮੰਗ ਵੀ ਕੀਤੀ।

ਉਨ੍ਹਾਂ ਕਿਹਾ ਕਿ ਇਨ੍ਹਾਂ ਅਧਿਆਪਕਾਂ ਨੂੰ ਇਨਸਾਫ਼ ਦਿਵਾਉਣ ਲਈ ਜਥੇਬੰਦੀ ਲਗਾਤਾਰ ਸੰਘਰਸ਼ ਕਰਦੀ ਰਹੇਗੀ। ਮੀਟਿੰਗ ਵਿੱਚ ਫ਼ੈਸਲਾ ਕੀਤਾ ਗਿਆ ਕਿ 15 ਨਵੰਬਰ ਦੇ ਚੰਡੀਗੜ੍ਹ ਧਰਨੇ ਵਿੱਚ ਜ਼ਿਲ੍ਹਾ ਤਰਨ ਤਾਰਨ ਤੋਂ ਵੱਡੀ ਗਿਣਤੀ ਵਿੱਚ ਅਧਿਆਪਕ ਸ਼ਮੂਲੀਅਤ ਕਰਨਗੇ। ਇਸ ਮੌਕੇ ਕੰਵਰਦੀਪ ਸਿੰਘ ਢਿੱਲੋਂ, ਅਮਰਦੀਪ, ਇੰਦਰਬੀਰ ਸਿੰਘ ਲਾਡੀ, ਭੁਪਿੰਦਰ ਸਿੰਘ ਨਾਗੀ, ਸਰਬਜੀਤ ਸਿੰਘ, ਜਸਕੀਰਤ ਸਿੰਘ, ਸਵਿੰਦਰ ਸਿੰਘ ਸੰਧੂ, ਗੁਰਬਾਜ਼ ਸਿੰਘ, ਬਲਰਾਜ ਸਿੰਘ, ਬਰਿੰਦਰ ਸਿੰਘ, ਗੁਰਬੀਰ ਸਿੰਘ, ਪ੍ਰਿੰਸਦੀਪ ਸਿੰਘ, ਗੁਰਪ੍ਰੀਤ ਸਿੰਘ, ਸੁੱਖਪਾਲ ਕੌਰ ਅਤੇ ਰਾਜਵਿੰਦਰ ਕੌਰ ਆਦਿ ਹਾਜ਼ਰ ਸਨ।

ਅਨੁਜ ਖੇਮਕਾ ਨੇ ਕੁੰਵਰ ਵਿਜੇ ਪ੍ਰਤਾਪ ਨੂੰ ਦਿੱਤੀ ਵਧਾਈ



ਛੇਹਰਟਾ, (ਮਨੋਜ ਕੁਮਾਰ)-ਸਮਾਜ ਸੇਵਕ ਅਨੁਜ ਖੇਮਕਾ ਨੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਭਾਜਪਾ ਵਿਚ ਸ਼ਾਮਲ ਹੋਣ 'ਤੇ ਵਧਾਈ ਦਿੱਤੀ। ਅਨੁਜ ਖੇਮਕਾ ਨੇ ਕਿਹਾ ਕਿ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਪੂਰੇ ਪੰਜਾਬ ਬਾਰੇ ਪਤਾ ਹੈ। ਉਨ੍ਹਾਂ ਕਿਹਾ ਕਿ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਇਮਾਨਦਾਰ ਵਿਅਕਤੀ ਹਨ ਤੇ ਉਨ੍ਹਾਂ ਵਰਗੇ ਵਿਅਕਤੀ ਦੀ ਪੂਰੇ ਪੰਜਾਬ ਨੂੰ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚੋਂ ਨਸ਼ਾ ਤੇ ਗੁੰਡਾਗਰਦੀ ਕੁੰਵਰ ਵਿਜੇ ਪ੍ਰਤਾਪ ਸਿੰਘ ਹੀ ਖ਼ਤਮ ਕਰ ਸਕਦੇ ਹਨ, ਕਿਉਂਕਿ ਉਹ ਸੂਬੇ ਵਿਚ ਪੁਲਸ ਅਧਿਕਾਰੀ ਰਹਿੰਦੇ ਹੋਏ ਕਈ ਮਹੱਤਵਪੂਰਨ ਅਹੁਦਿਆਂ 'ਤੇ ਸੇਵਾਵਾਂ ਨਿਭਾਅ ਚੁੱਕੇ ਹਨ।

ਈ ਟੀ ਓ ਨੇ 279 ਲਾਭਪਾਤਰੀਆਂ ਨੂੰ ਮਾਲਕੀ ਹੱਕਾਂ ਦੇ ਦਸਤਾਵੇਜ਼ ਵੰਡੇ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਨ੍ਹਾਂ ਦੀਆਂ ਜਾਇਦਾਦਾਂ ਦੇ ਮਾਲਕੀ ਹੱਕ ਪ੍ਰਦਾਨ ਕਰਨ ਲਈ ਚਲਾਈ ਜਾ ਰਹੀ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਆਪਣੇ ਵਿਧਾਨ ਸਭਾ ਹਲਕੇ ਦੇ ਪਿੰਡ ਮਾਲੋਵਾਲ ਵਿਖੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ 279 ਲਾਭਪਾਤਰੀਆਂ ਨੂੰ ਮਾਲਕੀ ਹੱਕਾਂ ਦੇ ਦਸਤਾਵੇਜ਼ ਵੰਡੇ ਗਏ। ਇਸ ਮੌਕੇ ਪਿੰਡ ਮਾਲੋਵਾਲ ਦੇ 213 ਅਤੇ ਪਿੰਡ ਸੰਗਰਾਵਾਂ ਦੇ 66 ਲਾਭਪਾਤਰੀਆਂ ਨੂੰ ਉਨ੍ਹਾਂ ਦੀਆਂ ਜਾਇਦਾਦਾਂ ਦੇ ਮਾਲਕੀ ਹੱਕ ਪ੍ਰਦਾਨ ਕੀਤੇ ਗਏ। ਇਸ ਮੌਕੇ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਸਕੀਮ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦਾ ਕਾਨੂੰਨੀ ਮਾਲਕੀ ਹੱਕ ਦਿਵਾਉਣ ਵੱਲ ਇੱਕ ਅਹਿਮ ਕਦਮ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਰਾਹੀਂ ਲਾਭਪਾਤਰੀਆਂ ਨੂੰ ਆਪਣੀਆਂ ਜਾਇਦਾਦਾਂ ਦਾ ਕਾਨੂੰਨੀ ਮਾਲਕੀ ਹੱਕ ਮਿਲ ਰਿਹਾ ਹੈ, ਜਿਸ ਨਾਲ ਉਨ੍ਹਾਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋ ਰਹੀ ਹੈ।

ਕਾਮਰੇਡ ਸਵਰਨ ਕੌਰ ਜਸਪਾਲ ਨੂੰ ਇਨਕਲਾਬੀ ਸ਼ਰਧਾਂਜਲੀ ਭੇਟ



ਝਬਾਲ (ਹਰਜਿੰਦਰ ਸਿੰਘ ਸੋਨੀ)-ਕਾਮਰੇਡ ਸਵਰਨ ਕੌਰ ਜਸਪਾਲ ਜੋ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਤਹਿਸੀਲ ਬਾਬਾ ਬਕਾਲਾ ਦੇ ਮੀਤ ਪ੍ਰਧਾਨ ਸਨ ਅਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਜ਼ਿਲ੍ਹਾ ਅੰਮ੍ਰਿਤਸਰ ਦੇ ਰਹਿ ਚੁੱਕੇ ਜ਼ਿਲ੍ਹਾ ਪ੍ਰਧਾਨ ਸਵਰਗੀ ਬੱਚਨ ਸਿੰਘ ਜਸਪਾਲ ਦੇ ਧਰਮ ਪਤਨੀ ਸਨ, ਜਿਨ੍ਹਾਂ ਦੀ ਪਿਛਲੇ ਦਿਨੀਂ ਅਚਨਚੇਤ ਮੌਤ ਹੋ ਗਈ ਸੀ, ਉਨ੍ਹਾਂ ਦੇ ਗ੍ਰਹਿ ਵਿਖੇ ਸੁਖਮਨੀ ਸਾਹਿਬ ਦੇ ਪਾਠ ਤੇ ਅੰਤਿਮ ਅਰਦਾਸ ਸਮੇਂ ਉਨ੍ਹਾਂ ਨੂੰ ਇਨਕਲਾਬੀ ਸ਼ਰਧਾਂਜਲੀ ਦੇਣ ਲਈ ਰਿਸ਼ਤੇਦਾਰ, ਸਾਕ-ਸੰਬੰਧੀ ਅਤੇ ਜਥੇਬੰਦੀ ਦੇ ਵਰਕਰ ਮੌਜੂਦ ਸਨ। ਕਾਮਰੇਡ ਸਵਰਨ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਜਥੇਬੰਦੀ ਦੇ ਜ਼ਿਲ੍ਹਾ ਜਨਰਲ ਸਕੱਤਰ ਜਸਬੀਰ ਸਿੰਘ ਝਬਾਲ ਨੇ ਦੱਸਿਆ ਕਿ ਕਾਮਰੇਡ ਸਵਰਨ ਕੌਰ ਆਪਣੇ ਪਤੀ ਨਾਲ ਜਵਾਨੀ ਤੋਂ ਲੈ ਕੇ ਆਖਰੀ ਸਵਾਸਾਂ ਤੱਕ ਘਰ ਵਿਚ ਗ਼ਰੀਬੀ ਹੋਣ ਦੇ ਬਾਵਜੂਦ ਪੇਂਡੂ ਖੇਤ ਮਜ਼ਦੂਰਾਂ ਦੇ ਹੱਕੀ ਮਸਲਿਆਂ ਅਤੇ ਮੁਸ਼ਕਲਾਂ ਦੀ ਜਥੇਬੰਧਕ ਲੜਾਈ ਵਿਚ ਆਪਣੇ ਇਨਕਲਾਬੀ ਜੀਵਨ ਸਾਥੀ ਨਾਲ ਮੋਢੇ ਨਾਲ ਮੋਢਾ ਜੋੜ ਕੇ ਚਲਦੇ ਰਹੇ। ਆਪਣੇ ਪਤੀ ਦੇ ਵਿਛੋੜਾ ਦੇਣ ਦੇ ਬਾਵਜੂਦ ਆਪ ਨੇ ਹਿੰਮਤ ਨਹੀਂ ਹਾਰੀ ਅਤੇ ਘਰ ਦੀਆਂ ਤੰਗੀਆਂ ਦੇ ਬਾਵਜੂਦ ਤਹਿਸੀਲ ਬਾਬਾ ਬਕਾਲਾ ਦੇ ਹਰ ਹੱਕੀ ਘੋਲਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਂਦੇ ਰਹੇ। ਉਨ੍ਹਾਂ ਦੇ ਸਿਰੜੀ ਤੇ ਹਿੰਮਤੀ, ਦਲੇਰਾਨਾ ਕਦਮਾਂ 'ਤੇ ਸਾਨੂੰ ਸਭ ਨੂੰ ਚੱਲਣ ਦੀ ਲੋੜ ਹੈ। ਜਥੇਬੰਦੀ ਪਰਵਾਰ ਦੇ ਹਰ ਸੁੱਖ ਦੁੱਖ ਵਿਚ ਹਰ ਸਮੇਂ ਸ਼ਰੀਕ ਰਹੇਗੀ। ਇਨ੍ਹਾ ਤੋਂ ਇਲਾਵਾ ਜਥੇਬੰਦੀ ਦੇ ਜ਼ਿਲ੍ਹਾ ਆਗੂ ਸਤਨਾਮ ਸਿੰਘ ਕਲੇਰ, ਕੁਲਦੀਪ ਸਿੰਘ ਜੱਬੋਵਾਲ, ਸਰਵਣ ਸਿੰਘ ਤਰਸਿੱਕਾ, ਜਗਜੀਤ ਸਿੰਘ ਜਸਪਾਲ, ਸੁਖਵਿੰਦਰ ਸਿੰਘ ਜਸਪਾਲ, ਕਿਸਾਨ ਆਗੂ ਬਲਦੇਵ ਸਿੰਘ ਡੇਹਰੀਵਾਲ, ਸੀਟੂ ਆਗੂ ਗੁਰਦੀਪ ਸਿੰਘ ਬੁਤਾਲਾ ਨੇ ਕਾਮਰੇਡ ਸਵਰਨ ਕੌਰ ਨੂੰ ਇਨਕਲਾਬੀ ਸ਼ਰਧਾਂਜਲੀ ਭੇਟ ਕੀਤੀ। ਇਸ ਸਮੇਂ ਬਹੁਤ ਸਾਰੇ ਜਥੇਬੰਦੀ ਦੇ ਵਰਕਰ ਅਤੇ ਰਿਸ਼ਤੇਦਾਰ ਹਾਜ਼ਰ ਸਨ।

ਅਧਿਆਪਕਾਂ ਤੇ ਵਿਭਾਗੀ ਕਰਮਚਾਰੀਆਂ ਲਈ ਸਵੈ-ਗਣਨਾ ਡਿਜੀਟਲ ਸਿਖਲਾਈ ਵਰਕਸ਼ਾਪ ਸ਼ੁਰੂ



ਪਠਾਨਕੋਟ (ਦਵਿੰਦਰ ਸਿੰਘ)-ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ (ਡੀ.ਏ.ਸੀ.) ਵਿਖੇ ਸੋਮਵਾਰ ਨੂੰ ਜਨਗਣਨਾ 2027 ਤਹਿਤ ਸਵੈ-ਗਣਨਾ (ਸੈਲਫ਼ ਐਨਿਊਮੇਰੇਸ਼ਨ) ਪ੍ਰਕਿਰਿਆ ਨੂੰ ਸਫ਼ਲਤਾਪੂਰਵਕ ਲਾਗੂ ਕਰਨ ਦੇ ਉਦੇਸ਼ ਨਾਲ ਵਿਸ਼ੇਸ਼ ਡਿਜੀਟਲ ਸਿਖਲਾਈ ਵਰਕਸ਼ਾਪ ਦੀ ਸ਼ੁਰੂਆਤ ਕੀਤੀ ਗਈ। ਡਿਪਟੀ ਕਮਿਸ਼ਨਰ-ਕਮ-ਪ੍ਰਮੁੱਖ ਜਨਗਣਨਾ ਅਧਿਕਾਰੀ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਰਵਾਈ ਜਾ ਰਹੀ ਇਸ ਵਰਕਸ਼ਾਪ ਵਿੱਚ ਵਧੀਕ ਜ਼ਿਲ੍ਹਾ ਜਨਗਣਨਾ ਅਧਿਕਾਰੀ ਰਾਜੇਸ਼ ਕੁਮਾਰ ਸ਼ਰਮਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।2 ਤੋਂ 4 ਨਵੰਬਰ ਤੱਕ ਚੱਲਣ ਵਾਲੇ ਇਸ ਤਿੰਨ ਰੋਜ਼ਾ ਸਿਖਲਾਈ ਪ੍ਰੋਗਰਾਮ ਦੌਰਾਨ ਜ਼ਿਲ੍ਹੇ ਦੇ ਸਰਕਾਰੀ ਅਤੇ ਨਿੱਜੀ ਸਕੂਲਾਂ ਦੇ ਨੁਮਾਇੰਦਿਆਂ ਅਤੇ ਅਧਿਆਪਕਾਂ ਦੇ ਨਾਲ-ਨਾਲ ਵੱਖ-ਵੱਖ ਵਿਭਾਗਾਂ ਦੇ ਕਰਮਚਾਰੀਆਂ ਨੂੰ ਵੱਖ-ਵੱਖ ਬੈਚਾਂ ਵਿੱਚ ਡਿਜੀਟਲ ਪ੍ਰਣਾਲੀ ਸਬੰਧੀ ਤਕਨੀਕੀ ਸਿਖਲਾਈ ਦਿੱਤੀ ਜਾ ਰਹੀ ਹੈ। ਵਰਕਸ਼ਾਪ ਦੌਰਾਨ ਮਾਸਟਰ ਟ੍ਰੇਨਰ ਚਤਰ ਸਿੰਘ ਅਤੇ ਨਵਨੀਤ ਸ਼ਰਮਾ, ਫੀਲਡ ਟ੍ਰੇਨਰ ਦਵਿੰਦਰ ਸਿੰਘ ਕਾਟਲ, ਅਜੈ ਕੁਮਾਰ, ਪ੍ਰਭਾਤ ਅਤੇ ਰਾਕੇਸ਼ ਵੱਲੋਂ ਸਿਖਿਆਰਥੀਆਂ ਨੂੰ ਆਨਲਾਈਨ ਪੋਰਟਲ ਦੀ ਵਰਤੋਂ, ਵੇਰਵੇ ਦਰਜ ਕਰਨ ਅਤੇ ਡਿਜੀਟਲ ਜਨਗਣਨਾ ਵਿੱਚ ਨਾਗਰਿਕਾਂ ਦੀ ਸ਼ਮੂਲੀਅਤ ਦੀ ਪੂਰੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਗਈ।

ਉਨ੍ਹਾਂ ਦੱਸਿਆ ਕਿ ਸਵੈ-ਗਣਨਾ ਪ੍ਰਣਾਲੀ ਰਾਹੀਂ ਆਮ ਨਾਗਰਿਕ ਘਰ ਬੈਠੇ ਹੀ ਆਨਲਾਈਨ ਪੋਰਟਲ 'ਤੇ ਆਪਣੇ ਅਤੇ ਆਪਣੇ ਪਰਵਾਰ ਦੇ ਵੇਰਵੇ ਖੁਦ ਦਰਜ ਕਰ ਸਕਣਗੇ। ਇਹ ਸਵੈ-ਗਣਨਾ ਪ੍ਰਕਿਰਿਆ 16 ਤੋਂ 30 ਨਵੰਬਰ ਤੱਕ ਪ੍ਰਸਤਾਵਿਤ ਕੀਤੀ ਗਈ ਹੈ। ਵਰਕਸ਼ਾਪ ਦੇ ਅੰਤ ਵਿੱਚ ਵੱਖ-ਵੱਖ ਵਿਭਾਗਾਂ ਤੋਂ ਹਾਜ਼ਰ ਕਰਮਚਾਰੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਆਪਣੇ-ਆਪਣੇ ਅਦਾਰਿਆਂ ਅਤੇ ਸਮਾਜ ਵਿੱਚ ਸਵੈ-ਗਣਨਾ ਪ੍ਰਕਿਰਿਆ ਸਬੰਧੀ ਵੱਧ ਤੋਂ ਵੱਧ ਜਾਗਰੂਕਤਾ ਫੈਲਾਉਣ, ਤਾਂ ਜੋ ਇਸ ਕੌਮੀ ਮੁਹਿੰਮ ਵਿੱਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾ ਸਕੇ।

ਮਾਤਾ ਸਾਹਿਬ ਕੌਰ ਦਾ ਜਨਮ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਮਾਤਾ ਸਾਹਿਬ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਭਰੋਵਾਲ ਵਿਖੇ ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ।


ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਸੁਖਮਨੀ ਸਾਹਿਬ ਅਤੇ ਚੌਪਈ ਸਾਹਿਬ ਦੇ ਪਾਠ ਕੀਤੇ ਗਏ ਅਤੇ ਨਾਮ ਸਿਮਰਨ ਕੀਤਾ ਗਿਆ। ਸਾਰੇ ਵਿਦਿਆਰਥੀਆਂ ਨੇ ਬੜੀ ਸ਼ਰਧਾ ਭਾਵਨਾ ਨਾਲ ਗੁਰਬਾਣੀ ਦਾ ਜਾਪ ਕੀਤਾ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਨਵਜੋਤੀ ਵੱਲੋਂ ਮਾਤਾ ਸਾਹਿਬ ਕੌਰ ਜੀ ਦੇ ਜੀਵਨ, ਉਨ੍ਹਾਂ ਦੇ ਤਿਆਗ, ਸੇਵਾ, ਸਿਮਰਨ ਅਤੇ ਸਿੱਖ ਇਤਿਹਾਸ ਵਿੱਚ ਪਾਏ ਗਏ ਮਹਾਨ ਯੋਗਦਾਨ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ।ਸਮਾਗਮ ਦੇ ਅੰਤ ਵਿੱਚ ਬੱਚਿਆਂ ਨੂੰ ਕੜਾਹ ਪ੍ਰਸ਼ਾਦ ਦੀ ਦੇਗ ਵਰਤਾਈ ਗਈ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਸੁਖਵਿੰਦਰ ਕੌਰ, ਐਮ.ਡੀ ਤਜਿੰਦਰ ਸਿੰਘ, ਸੈਕਟਰੀ ਬਨਵੀਰ ਸਿੰਘ, ਮੈਨੇਜਮੈਂਟ ਕਮੇਟੀ ਮੈਂਬਰ ਸੰਗੀਤ ਕੌਰ, ਪ੍ਰਿੰਸੀਪਲ ਨਵਜੋਤੀ ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ। ਸਕੂਲ ਪ੍ਰਬੰਧਕ ਕਮੇਟੀ ਵੱਲੋਂ ਇਸ ਧਾਰਮਿਕ ਸਮਾਗਮ ਦੀ ਸ਼ਲਾਘਾ ਕੀਤੀ ਗਈ ਅਤੇ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਜੁੜਨ, ਧਾਰਮਿਕ ਅਤੇ ਨੈਤਿਕ ਕਦਰਾਂ-ਕੀਮਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ।

ਹਰੂਵਾਲ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਨਾਇਆ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਅੱਜ ਡੇਰਾ ਬਾਬਾ ਨਾਨਕ ਦੇ ਨਜ਼ਦੀਕੀ ਪਿੰਡ ਹਰੂਵਾਲ ਦੇ ਗੁਰਦੁਆਰਾ ਸਿੰਘ ਸਭਾ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਭਾਈ ਜਗਤਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਗੁਰਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਉਪਰੰਤ ਬੀਬੀ ਦਲੇਰ ਕੌਰ ਖਾਲਸਾ ਸਮੇਤ ਵੱਖ ਵੱਖ ਢਾਡੀ ਤੇ ਕਵੀਸ਼ਰੀ ਜਥਿਆਂ ਵੱਲੋਂ ਗੁਰੂ ਮਹਾਰਾਜ ਦਾ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਸੰਗਤਾਂ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਗਈ।ਇਸ ਮੌਕੇ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ ਵੱਲੋਂ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਸਟੇਜ ਸਕੱਤਰ ਦੀ ਸੇਵਾ ਬਾਬਾ ਰਛਪਾਲ ਸਿੰਘ ਪਰਮੇਸ਼ਰ ਨਗਰ ਵਾਲਿਆਂ ਵੱਲੋਂ ਨਿਭਾਈ ਗਈ। ਇਸ ਮੌਕੇ ਬਾਬਾ ਨਿਰਮਲ ਸਿੰਘ ਕਾਰ ਸੇਵਾ ਖਡੂਰ ਸਾਹਿਬ, ਬੀਜੇਪੀ ਆਗੂ ਵਿਜੇ ਸੋਨੀ, ਆਪ ਆਗੂ ਚੰਨਣ ਸਿੰਘ ਖਾਲਸਾ, ਜੋਗਿੰਦਰ ਸਿੰਘ ਸਾਬਕਾ ਬੀਡੀਪੀਓ, ਬਾਪੂ ਚੰਦਾ ਸਿੰਘ ਹਰੂਵਾਲ, ਸਾਬਕਾ ਐਸਪੀ ਬੂਆ ਸਿੰਘ, ਆਪ ਆਗੂ ਹਰਦੇਵ ਸਿੰਘ, ਸੂਬੇਦਾਰ ਬਲਜੀਤ ਸਿੰਘ, ਡਾਕਟਰ ਅਮਰੀਕ ਸਿੰਘ, ਹੌਲਦਾਰ ਪ੍ਰੀਤਮ ਸਿੰਘ, ਬਾਬਾ ਰਤਨ ਸਿੰਘ, ਸਾਬਕਾ ਸਰਪੰਚ ਨਿਰਮਲ ਸਿੰਘ, ਬਾਬਾ ਦਰਸ਼ਨ ਸਿੰਘ, ਬਾਬਾ ਸੁਲੱਖਣ ਸਿੰਘ, ਸੁਖਦੇਵ ਸਿੰਘ ਫੌਜੀ, ਸਾਬਕਾ ਇੰਸਪੈਕਟਰ ਤਰਸੇਮ ਸਿੰਘ, ਬਿਕਰਮਜੀਤ ਸਿੰਘ, ਲਵਪ੍ਰੀਤ ਸਿੰਘ ਪੀਏ, ਜਸਵੰਤ ਸਿੰਘ, ਨਰਿੰਦਰ ਸਿੰਘ ਮਛਰਾਲਾ, ਬਾਬਾ ਵੀਰ ਸਿੰਘ ਤੇ ਬਾਬਾ ਹਰਦੇਵ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਗ੍ਰੀਨ ਦੀਵਾਲੀ ਮਨਾਈਏ ਆਪਣਾ ਵਾਤਾਵਰਣ ਬਚਾਈਏ : ਰੰਧਾਵਾ ਭੱਟੀ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਉੱਘੇ ਸਮਾਜ ਸੇਵਕ ਐਨ ਆਰ ਆਈ ਰਘਬੀਰ ਸਿੰਘ ਰੰਧਾਵਾ ਭੱਟੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਦੀਵਾਲੀ ਸਾਡੇ ਪੂਰੇ ਦੇਸ਼ ਵਿੱਚ ਬੜੀ ਧੂਮਧਾਮ ਨਾਲ ਮਨਾਈ ਜਾਂਦੀ ਹੈ ਅਤੇ ਇਹ ਤਿਉਹਾਰ ਸਾਡੇ ਸਾਰਿਆਂ ਦਾ ਇੱਕ ਸਾਂਝਾ ਤਿਉਹਾਰ ਹੈ। ਸਾਡੇ ਸਾਰਿਆਂ ਦਾ ਇੱਕ ਫਰਜ਼ ਇਹ ਵੀ ਬਣਦਾ ਹੈ ਕਿ ਅਸੀ ਆਪਣੇ ਵਾਤਾਵਰਣ ਨੂੰ ਵੀ ਦੂਸ਼ਿਤ ਹੋਣ ਤੋਂ ਬਚਾਇਆ ਜਾਵੇ ਕਿਉਂਕਿ ਪਟਾਕੇ ਚਲਾਉਣ ਨਾਲ ਜੋ ਧੂੰਆਂ ਨਿਕਲਦਾ ਹੈ ਉਹ ਸਾਡੇ ਸਾਰਿਆਂ ਦੀ ਸਿਹਤ ਲਈ ਅਤੇ ਕੁਦਰਤੀ ਜੀਵ-ਜੰਤੂਆਂ ਲਈ ਲਈ ਵੀ ਹਾਨੀਕਾਰਕ ਹੁੰਦਾ ਹੈ। ਰੰਧਾਵਾ ਨੇ ਇਸ ਵਾਰ ਸਭ ਨੂੰ ਗ੍ਰੀਨ ਦੀਵਾਲੀ ਦਾ ਸੁਨੇਹਾ ਦਿੱਤਾ ਅਤੇ ਕਿਹਾ ਕਿ ਗ੍ਰੀਨ ਦੀਵਾਲੀ ਨਾਲ ਜ਼ਹਿਰੀਲੇ ਧੂੰਏਂ ਤੋਂ ਵੀ ਬਚਿਆ ਜਾ ਸਕਦਾ ਅਤੇ ਗ੍ਰੀਨ ਦੀਵਾਲੀ ਦਾ ਮੁੱਖ ਉਦੇਸ਼ ਪਟਾਕਿਆਂ ਤੋਂ ਨਿਕਲਣ ਵਾਲੇ ਜ਼ਹਿਰੀਲੇ ਧੂੰਏਂ ਨੂੰ ਅਤੇ ਸ਼ੋਰ ਸ਼ਰਾਬੇ ਨੂੰ ਘੱਟ ਕਰਨਾ ਹੈ ਤਾਂ ਜੋ ਸਾਡੀ ਧਰਤੀ ਹਵਾ ਅਤੇ ਪਾਣੀ ਸਾਫ਼ ਸੁਥਰੇ ਰਹਿ ਸਕਨ।

ਸਵ. ਖੁਸ਼ਹਾਲ ਬਹਿਲ ਦੀ ਯਾਦ 'ਚ ਚਾਰ ਰੋਜ਼ਾ ਇੰਟਰ ਸਕੂਲ ਕ੍ਰਿਕਟ ਟੂਰਨਾਮੈਂਟ ਸ਼ੁਰੂ



ਗੁਰਦਾਸਪੁਰ (ਦਿਨੇਸ਼ ਕੁਮਾਰ)-ਗੁਰਦਾਸਪੁਰ ਪਬਲਿਕ ਸਕੂਲ ਬਹਿਰਾਮਪੁਰ ਰੋਡ ਗੁਰਦਾਸਪੁਰ ਵਿਖੇ ਸਕੂਲ ਦੇ ਸੰਸਥਾਪਕ ਅਤੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸਵਰਗੀ ਖੁਸ਼ਹਾਲ ਬਹਿਲ ਦੀ ਯਾਦ ਅਤੇ ਜਨਮ ਦਿਨ ਨੂੰ ਸਮਰਪਤ ਚਾਰ ਰੋਜ਼ਾ ਪਹਿਲਾ ਇੰਟਰ ਸਕੂਲ ਕ੍ਰਿਕਟ ਟੂਰਨਾਮੈਂਟ ਸਕੂਲ ਦੇ ਖੇਡ ਮੈਦਾਨ ਵਿੱਚ ਕਰਵਾਇਆ ਗਿਆ। ਟੂਰਨਾਮੈਂਟ ਦਾ ਸ਼ੁੱਭ ਆਰੰਭ ਗੁਰਦਾਸਪੁਰ ਐਜੂਕੇਸ਼ਨ ਸੋਸਾਇਟੀ ਦੇ ਚੇਅਰਮੈਨ ਰਮਨ ਬਹਿਲ ਵੱਲੋਂ ਜੋਤੀ ਪ੍ਰਜਵਲਿਤ ਕਰਕੇ ਕੀਤਾ ਗਿਆ ਅਤੇ ਖਿਡਾਰੀਆਂ ਦੇ ਨਾਲ ਜਾਣ ਪਹਿਚਾਣ ਕਰਕੇ ਉਨ੍ਹਾ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ। ਟੂਰਨਾਮੈਂਟ ਸ਼ੁਰੂ ਕਰਨ ਤੋਂ ਪਹਿਲਾਂ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਸਵਰਗੀ ਬਹਿਲ ਦਾ ਸੁਪਨਾ ਸੀ ਕਿ ਬੱਚਿਆਂ ਨੂੰ ਮਿਆਰੀ ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਹੋਰ ਸਹਿ-ਵਿੱਦਿਅਕ ਗਤੀਵਿਧੀਆਂ ਲਈ ਵੀ ਉੱਚ ਪੱਧਰੀ ਮੌਕੇ ਪ੍ਰਦਾਨ ਕੀਤੇ ਜਾਣ, ਤਾਂ ਜੋ ਉਨ੍ਹਾਂ ਦਾ ਸਰਬਪੱਖੀ ਵਿਕਾਸ ਹੋ ਸਕੇ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਪਬਲਿਕ ਸਕੂਲ ਹਮੇਸ਼ਾ ਤੋਂ ਹੀ ਬੱਚਿਆਂ ਨੂੰ ਮਿਆਰੀ ਸਿੱਖਿਆ, ਅਨੁਸ਼ਾਸਨ, ਨੈਤਿਕ ਕਦਰਾਂ-ਕੀਮਤਾਂ ਅਤੇ ਆਤਮ-ਵਿਸ਼ਵਾਸ ਨਾਲ ਭਰਪੂਰ ਸ਼ਖ਼ਸੀਅਤ ਬਣਾਉਣ ਲਈ ਵਚਨਬੱਧ ਰਿਹਾ ਹੈ। ਉਨ੍ਹਾਂ ਕਿਹਾ ਕਿ ਸਕੂਲ ਦਾ ਉਦੇਸ਼ ਸਿਰਫ਼ ਬੱਚਿਆਂ ਨੂੰ ਕਿਤਾਬੀ ਗਿਆਨ ਦੇਣਾ ਹੀ ਨਹੀਂ, ਸਗੋਂ ਉਨ੍ਹਾਂ ਅੰਦਰ ਲੀਡਰਸ਼ਿਪ, ਟੀਮ ਵਰਕ, ਮਿਹਨਤ, ਲਗਨ ਅਤੇ ਮੁਕਾਬਲੇ ਦੀ ਭਾਵਨਾ ਪੈਦਾ ਕਰਨਾ ਵੀ ਹੈ। ਉਨ੍ਹਾਂ ਖਿਡਾਰੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਹਰ ਬੱਚੇ ਵਿੱਚ ਕੋਈ ਨਾ ਕੋਈ ਵਿਸ਼ੇਸ਼ ਪ੍ਰਤਿਭਾ ਹੁੰਦੀ ਹੈ, ਲੋੜ ਸਿਰਫ਼ ਉਸ ਨੂੰ ਪਛਾਨਣ ਅਤੇ ਸਹੀ ਦਿਸ਼ਾ ਵਿੱਚ ਮਿਹਨਤ ਕਰਨ ਦੀ ਹੈ। ਉਨ੍ਹਾਂ ਖਿਡਾਰੀਆਂ ਨੂੰ ਨਸ਼ਿਆਂ ਅਤੇ ਹੋਰ ਮਾੜੀਆਂ ਆਦਤਾਂ ਤੋਂ ਦੂਰ ਰਹਿ ਕੇ ਖੇਡਾਂ ਨੂੰ ਆਪਣੀ ਜ਼ਿੰਦਗੀ ਦਾ ਅਹਿਮ ਹਿੱਸਾ ਬਣਾਉਣ ਦਾ ਸੱਦਾ ਦਿੱਤਾ।ਇਸ ਮੌਕੇ ਸਕੂਲ ਦੀ ਡਾਇਰੈਕਟਰ ਅਰਚਨਾ ਬਹਿਲ, ਮੈਨੇਜਿੰਗ ਕਮੇਟੀ ਮੈਂਬਰ ਧਰੁਵ ਬਹਿਲ ਅਤੇ ਰਾਬਿਆ ਬਹਿਲ, ਟੂਰਨਾਮੈਂਟ ਸਕੱਤਰ ਕਬੀਰ ਬਹਿਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਤੋਂ ਇਲਾਵਾ ਸਕੂਲ ਦੇ ਪ੍ਰਿੰਸੀਪਲ ਸੁੰਦੀਪ ਅਰੋੜਾ, ਸਿਲੈਕਸ਼ਨ ਕਮੇਟੀ ਮੈਂਬਰ ਅਜੇ, ਰਾਕੇਸ਼ ਮਾਰਸ਼ਲ, ਸਰਕਾਰੀ ਕਾਲਜ ਦੀ ਕ੍ਰਿਕਟ ਕੋਚ ਪ੍ਰਿਆ ਰੰਧਾਵਾ, ਵਿਸ਼ੇਸ਼ ਕੁਮੈਂਟੇਟਰ ਰਜਨੀਸ਼, ਕ੍ਰਿਕਟ ਕੋਚ ਵਿਸ਼ਾਲ ਅਤੇ ਹਰਪ੍ਰੀਤ ਕੌਰ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਵੀ ਮੌਜੂਦ ਸਨ। ਇਸ ਚਾਰ ਰੋਜ਼ਾ ਕ੍ਰਿਕਟ ਟੂਰਨਾਮੈਂਟ ਵਿੱਚ ਗੁਰਦਾਸਪੁਰ ਪਬਲਿਕ ਸਕੂਲ, ਬਹਿਰਾਮਪੁਰ ਰੋਡ ਗੁਰਦਾਸਪੁਰ, ਸ਼੍ਰੀ ਗੁਰੂ ਹਰਿਕ੍ਰਿਸ਼ਨ ਇੰਟਰਨੈਸ਼ਨਲ ਸਕੂਲ, ਬਹਿਰਾਮਪੁਰ ਰੋਡ ਗੁਰਦਾਸਪੁਰ, ਗੋਲਡਨ ਸੀਨੀਅਰ ਸੈਕੰਡਰੀ ਸਕੂਲ, ਹਨੂੰਮਾਨ ਚੌਂਕ ਗੁਰਦਾਸਪੁਰ, ਸ਼੍ਰੀ ਨੰਗਲੀ ਅਕਾਦਮਿਕ ਪਬਲਿਕ ਸਕੂਲ ਗੁਰਦਾਸਪੁਰ, ਦੂਨ ਇੰਟਰਨੈਸ਼ਨਲ ਸਕੂਲ, ਤਿਬੜੀ ਰੋਡ ਗੁਰਦਾਸਪੁਰ, ਜਿਆ ਲਾਲ ਮਿੱਤਲ ਡੀ.ਏ.ਵੀ. ਪਬਲਿਕ ਸਕੂਲ ਗੁਰਦਾਸਪੁਰ, ਲਿਟਲ ਫਲਾਵਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਗੁਰਦਾਸਪੁਰ ਅਤੇ ਆਰਮੀ ਪਬਲਿਕ ਸਕੂਲ, ਤਿਬੜੀ ਕੈਂਟ ਗੁਰਦਾਸਪੁਰ ਦੀਆਂ ਟੀਮਾਂ ਭਾਗ ਲੈ ਰਹੀਆਂ ਹਨ।ਸਕੂਲ ਪ੍ਰਿੰਸੀਪਲ ਸੁੰਦੀਪ ਅਰੋੜਾ ਨੇ ਦੱਸਿਆ ਕਿ ਟੂਰਨਾਮੈਂਟ ਗਰੁੱਪ ਏ ਅਤੇ ਗਰੁੱਪ ਬੀ ਦੇ ਆਧਾਰ 'ਤੇ ਕਰਵਾਇਆ ਜਾ ਰਿਹਾ ਹੈ, ਜਿਸ ਦਾ ਫਾਰਮੈਟ ਨਾਕਆਊਟ ਸਿਸਟਮ 'ਤੇ ਆਧਾਰਿਤ ਹੈ। ਟੂਰਨਾਮੈਂਟ ਦਾ ਫਾਈਨਲ ਮੁਕਾਬਲਾ 5 ਨਵੰਬਰ ਨੂੰ ਕਰਵਾਇਆ ਜਾਵੇਗਾ। ਫਾਈਨਲ ਵਿੱਚ ਜੇਤੂ ਰਹਿਣ ਵਾਲੀ ਟੀਮ ਨੂੰ ਟਰਾਫੀ ਅਤੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ ਜਾਵੇਗਾ। ਟੂਰਨਾਮੈਂਟ ਦੇ ਹਰ ਮੈਚ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀ ਨੂੰ ਪਲੇਅਰ ਆਫ ਦਾ ਮੈਚ ਚੁਣਿਆ ਜਾਵੇਗਾ ਅਤੇ ਸਕੂਲ ਪ੍ਰਬੰਧਕਾਂ ਵੱਲੋਂ ਹਰ ਰੋਜ਼ ਉਸ ਖਿਡਾਰੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਟੂਰਨਾਮੈਂਟ ਵਿੱਚ ਭਾਗ ਲੈਣ ਵਾਲੇ ਸਾਰੇ ਖਿਡਾਰੀਆਂ ਅਤੇ ਕੋਚਾਂ ਲਈ ਵਿਸ਼ੇਸ਼ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ ਹੈ।

ਇਸ ਮੌਕੇ ਹਾਜ਼ਰ ਸ਼ਖ਼ਸੀਅਤਾਂ ਨੇ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਵਿਦਿਆਰਥੀਆਂ ਵਿੱਚ ਖੇਡ ਭਾਵਨਾ, ਆਪਸੀ ਸਾਂਝ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਇੱਕ ਵਧੀਆ ਮੰਚ ਪ੍ਰਦਾਨ ਕਰਦੇ ਹਨ।

ਡਾ. ਗੁਰਨੇਕ ਸਿੰਘ ਸੋਹਲ ਦੀ ਪਤਨੀ ਦੇ ਦੇਹਾਂਤ 'ਤੇ ਵੱਖ-ਵੱਖ ਆਗੂਆਂ ਵੱਲੋਂ ਗਹਿਰੇ ਦੁੱਖ ਪ੍ਰਗਟਾਵਾ



ਝਬਾਲ (ਹਰਜਿੰਦਰ ਸਿੰਘ ਸੋਨੀ)-ਝਬਾਲ ਇਲਾਕੇ ਦੀ ਪ੍ਰਮੁੱਖ ਹਸਤੀ ਡਾਕਟਰ ਗੁਰਨੇਕ ਸਿੰਘ ਸੋਹਲ ਨੂੰ ਉਸ ਵੇਲੇ ਗਹਿਰਾ ਸਦਮਾ ਪਹੁੰਚਿਆ ਜਦੋਂ ਉਹਨਾਂ ਦੀ ਧਰਮ ਪਤਨੀ ਦਿਲਰਾਜ ਕੌਰ ਦੀ ਅਚਾਨਕ ਹਾਰਟ ਅਟੈਕ ਆਉਣ ਨਾਲ ਮੌਤ ਹੋ ਗਈ। ਇਸ ਸਮੇਂ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਮੁੱਖ ਤੌਰ 'ਤੇ ਸੀਨੀਅਰ ਅਮਰੀਕ ਸਿੰਘ ਵਰਪਾਲ, ਇੰਸਪੈਕਟਰ ਕਸ਼ਮੀਰ ਸਿੰਘ ਝਬਾਲ, ਪੱਤਰਕਾਰ ਹਰਜਿੰਦਰ ਸਿੰਘ ਲਾਲਾ ਝਬਾਲ, ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ, ਪੰਜਾਬ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ, ਚੇਅਰਮੈਨ ਰਮਨ ਕੁਮਾਰ ਝਬਾਲ, ਵਿਧਾਇਕ ਹਰਮੀਤ ਸਿੰਘ ਸੰਧੂ, ਸਰਪੰਚ ਪ੍ਰਗਟ ਸਿੰਘ ਬਾਬਾ ਲੰਗਾਹ ਝਬਾਲ, ਸਰਪੰਚ ਸੋਨੂੰ ਦੋਦੇ ਬਰਾੜ, ਸਰਪੰਚ ਤਜਿੰਦਰ ਸਿੰਘ ਵਿੱਕੀ ਕੋਟ ਸਿਵਿਆਂ, ਕਾਮਰੇਡ ਜਸਬੀਰ ਸਿੰਘ ਝਬਾਲ, ਕਿਸਾਨ ਆਗੂ ਕੈਪਟਨ ਸਿੰਘ ਬਘਿਆੜੀ, ਸਾਬਕਾ ਸਰਪੰਚ ਸਰਵਨ ਸਿੰਘ ਸੋਹਲ, ਕਾਮਰੇਡ ਦਵਿੰਦਰ ਸੋਹਲ, ਕਾਮਰੇਡ ਅਸ਼ੋਕ ਸੋਹਲ, ਜਤਿੰਦਰ ਕੁਮਾਰ ਟੀਟੂ ਸ਼ਾਹ, ਤੇਗਾ ਸਿੰਘ ਸੋਹਲ, ਚੇਅਰਮੈਨ ਹਰਵੰਤ ਸਿੰਘ ਝਬਾਲ, ਡਾਕਟਰ ਸੋਨੂ ਝਬਾਲ ਕਨੇਡਾ, ਗੁਰਭਾਗ ਸਿੰਘ ਸੋਹਲ, ਡੀਲਰ ਨਰੇਸ਼ ਕੁਮਾਰ ਝਬਾਲ, ਸਾਬਕਾ ਸਰਪੰਚ, ਸਾਬਕਾ ਸਰਪੰਚ ਨਰਿੰਦਰ ਪੱਪਾ, ਬੀ ਸੀ ਸੈਲ ਦੇ ਜ਼ਿਲ੍ਹਾ ਪ੍ਰਧਾਨ ਲਾਲੀ ਪਲਾਈਵਾਲੇ, ਸਾਬਕਾ ਸਰਪੰਚ ਕੰਵਲ ਠੱਠਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਇਲਾਕੇ ਦੇ ਵੱਖ ਵੱਖ ਪਾਰਟੀਆਂ ਦੇ ਆਗੂਆਂ ਨੇ ਡਾ. ਗੁਰਨੇਕ ਸਿੰਘ ਸੋਹਲ ਅਤੇ ਡਾਕਟਰ ਗੁਰਨਾਮ ਸਿੰਘ ਸੋਹਲ ਨਾਲ ਦੁੱਖ ਪ੍ਰਗਟ ਕੀਤਾ ਹੈ।

ਖਾਲਸਾ ਕਾਲਜ ਚਵਿੰਡਾ ਦੇਵੀ ਦਾ ਇੰਟਰ ਕਾਲਜ ਵਾਟਰ ਸਪੋਰਟਸ 'ਚ ਸ਼ਾਨਦਾਰ ਪ੍ਰਦਰਸ਼ਨ




ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਖਾਲਸਾ ਕਾਲਜ ਚਵਿੰਡਾ ਦੇਵੀ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਕਰਵਾਏ ਜਾ ਰਹੇ ਇੰਟਰ ਕਾਲਜ ਟੂਰਨਾਮੈਂਟ ਦੇ ਵਾਟਰ ਸਪੋਰਟਸ 'ਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕਾਲਜ ਅਤੇ ਮਾਪਿਆਂ ਨਾ ਰੌਸ਼ਨ ਕੀਤਾ ਹੈ। ਕਾਲਜ ਵਿਦਿਆਰਥੀਆਂ ਵੱਲੋਂ ਟੂਰਨਾਮੈਂਟ ਦੌਰਾਨ ਕੈਨੋਇੰਗ, ਵਾਟਰ ਪੋਲੋ, ਸਵੀਮਿੰਗ (ਲੜਕੇ ਅਤੇ ਲੜਕੀਆਂ) ਵੱਖ-ਵੱਖ ਮੁਕਾਬਲਿਆਂ 'ਚ ਭਾਗ ਲੈਂਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਲੜਕੀਆਂ ਦੀ ਸਵਿਮਿੰਗ ਟੀਮ ਨੇ ਪਹਿਲਾ ਸਥਾਨ ਅਤੇ ਕੈਨੋਇੰਗ 'ਚ ਫਸਟ ਰਨਰ-ਅੱਪ ਟਰਾਫੀ ਪ੍ਰਾਪਤ ਕੀਤਾ। ਇਸ ਪ੍ਰਾਪਤੀ ਸੰਬੰਧੀ ਖਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਕਾਲਜ ਪ੍ਰਿੰਸੀਪਲ ਪ੍ਰੋ: ਗੁਰਦੇਵ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕੌਂਸਲ ਕਾਲਜ 'ਚ ਖੇਡਾਂ, ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਸਬੰਧੀ ਬਣਦਾ ਸਹਿਯੋਗ ਦੇਣ ਲਈ ਹਮੇਸ਼ਾਂ ਵਚਨਬੱਧ ਹੈ। ਪ੍ਰਿੰ: ਪ੍ਰੋ: ਗੁਰਦੇਵ ਸਿੰਘ ਨੇ ਕਿਹਾ ਕਿ ਇਨਾਮ ਵੰਡ ਸਮਾਰੋਹ 'ਚ ਖਾਲਸਾ ਯੂਨੀਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸਪੋਰਟਸ ਡਾਇਰੈਕਟਰ ਡਾ. ਕੰਵਰ ਮਨਦੀਪ ਸਿੰਘ, ਖਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ, ਖਾਲਸਾ 'ਵਰਸਿਟੀ ਭਾਸ਼ਾਵਾਂ ਡੀਨ ਡਾ. ਰਮਿੰਦਰ ਕੌਰ, ਖਾਲਸਾ ਕਾਲਜ ਸਰੀਰਿਕ ਸਿੱਖਿਆ ਵਿਭਾਗ ਮੁਖੀ ਡਾ. ਦਲਜੀਤ ਸਿੰਘ ਅਤੇ ਪ੍ਰੋ. ਸਤਨਾਮ ਸਿੰਘ ਨਾਲ ਮਿਲ ਕੇ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ। ਉਨ੍ਹਾਂ ਕਿਹਾ ਕਿ ਉਕਤ ਤੋਂ ਇਲਾਵਾ ਵਾਟਰ ਪੋਲੋ ਅਤੇ ਸਵਿੰਮਿੰਗ (ਲੜਕੇ) ਇਨ੍ਹਾਂ ਦੋਵਾਂ ਮੁਕਾਬਲਿਆਂ 'ਚ ਫਸਟ ਰਨਰ-ਅੱਪ ਟਰਾਫੀ ਆਪਣੀ ਸੰਸਥਾ ਦੇ ਨਾਮ ਕੀਤੀ।

ਨੈਸ਼ਨਲ ਲੋਕ ਅਦਾਲਤ 12 ਦਸੰਬਰ ਨੂੰ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਮੈਂਬਰ ਸਕੱਤਰ ਦੀਆਂ ਹਦਾਇਤਾਂ 'ਤੇ ਜ਼ਿਲ੍ਹਾ ਪੱਧਰ ਅਤੇ ਸਬ-ਡਵੀਜ਼ਨ ਪੱਧਰ 'ਤੇ ਸਾਲ-2026 ਦੀ ਚੌਥੀ ਨੈਸ਼ਨਲ ਲੋਕ ਅਦਾਲਤ 12 ਦਸੰਬਰ ਨੂੰ ਲਾਈ ਜਾ ਰਹੀ ਹੈ। ਇਸ ਲੋਕ ਅਦਾਲਤ ਵਿਚ ਕ੍ਰਿਮੀਨਲ ਕੰਪਾਊਂਡੇਬਲ (ਘੱਟ ਅਪਰਾਧ ਵਾਲੇ) ਕੇਸ, ਐਨ.ਆਈ ਐਕਟ ਕੇਸਾਂ ਅਧੀਨ ਧਾਰਾ 138 (ਲੰਬਿਤ ਅਤੇ ਅਗਾਊਂ ਮੁਕੱਦਮੇਬਾਜ਼ੀ ਬੈਂਕ ਰਿਕਵਰੀ ਕੇਸ ਅਤੇ ਲੇਬਰ ਡਿਸਪਿਊਟ ਕੇਸ) ਮੋਟਰ ਐਕਸੀਡੈਂਟ ਕਲੇਮ ਕੇਸ, ਬਿਜਲੀ ਅਤੇ ਪਾਣੀ ਦੇ ਬਿੱਲ (ਪੈਂਡਿੰਗ ਅਤੇ ਪ੍ਰੀਅ ਲਿਟੀਗੇਟਿਵ), ਤਲਾਕ ਦੇ ਕੇਸ, ਟਰੈਫਿਕ ਚਲਾਨ, ਰੈਵੀਨਿਊ ਕੇਸ, ਸਿਵਲ ਕੇਸ ਅਤੇ ਘਰੇਲੂ ਝਗੜੇ ਆਦਿ ਦੇ ਕੇਸ ਰੱਖੇ ਗਏ।


ਇਹ ਲੋਕ ਅਦਾਲਤ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਜਿੰਦਰ ਅੱਗਰਵਾਲ ਦੀ ਯੋਗ ਅਗਵਾਈ ਹੇਠਾਂ ਲਗਾਈ ਜਾ ਰਹੀ ਹੈ।

ਭਾਰੀ ਇਕੱਠ ਨਾਲ ਸਰਵਨ ਸਿੰਘ ਧੁੰਨ ਨੇ ਮੁੜ ਚੋਣ ਮੈਦਾਨ 'ਚ ਠੋਕੀ ਦਾਅਵੇਦਾਰੀ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਖੇਮਕਰਨ ਤੋਂ ਮੌਜੂਦਾ ਵਿਧਾਇਕ ਸਰਵਨ ਸਿੰਘ ਧੁੰਨ ਨੂੰ ਮੁੜ ਚੋਣ ਮੈਦਾਨ ਵਿੱਚ ਉਤਾਰਨ ਲਈ ਪਾਰਟੀ ਦੀ ਟਿਕਟ ਦਿੱਤੇ ਜਾਣ ਤੋਂ ਬਾਅਦ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਪਾਰਟੀ ਦੀ ਪਹਿਲੀ ਸੂਚੀ ਵਿੱਚ ਹੀ ਉਮੀਦਵਾਰੀ ਮਿਲਣ 'ਤੇ ਵਿਧਾਇਕ ਧੁੰਨ ਨੇ ਪਿੰਡ ਪਹੂਵਿੰਡ ਸਥਿਤ ਧੰਨ-ਧੰਨ ਸ਼ਹੀਦ ਬਾਬਾ ਦੀਪ ਸਿੰਘ ਦੇ ਜਨਮ ਅਸਥਾਨ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਅਸ਼ੀਰਵਾਦ ਲਿਆ।ਇਸ ਮੌਕੇ ਉਨ੍ਹਾਂ ਨਾਲ ਵੱਡੀ ਗਿਣਤੀ ਵਿੱਚ ਪਾਰਟੀ ਆਗੂਆਂ, ਵਰਕਰਾਂ ਅਤੇ ਸਮਰਥਕਾਂ ਦਾ ਇਕੱਠ ਮੌਜੂਦ ਸੀ। ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਸਰਵਨ ਸਿੰਘ ਧੁੰਨ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੁੱਚੀ ਹਾਈਕਮਾਂਡ ਦਾ ਮੁੜ ਭਰੋਸਾ ਪ੍ਰਗਟਾਉਣ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਸ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਉਹ ਹਾਈਕਮਾਂਡ ਦੀਆਂ ਉਮੀਦਾਂ 'ਤੇ ਖਰਾ ਉਤਰਨ ਦੇ ਨਾਲ-ਨਾਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਮੁੜ ਜਿੱਤ ਦਰਜ ਕਰਕੇ ਇਹ ਸੀਟ ਪਾਰਟੀ ਦੀ ਝੋਲੀ ਪਾਉਣ ਲਈ ਪੂਰੀ ਤਾਕਤ ਲਾਉਣਗੇ।ਵਿਧਾਇਕ ਧੁੰਨ ਨੇ ਕਿਹਾ ਕਿ ਉਨ੍ਹਾਂ ਲਈ ਹਲਕਾ ਖੇਮਕਰਨ ਸਿਰਫ਼ ਸਿਆਸੀ ਹਲਕਾ ਨਹੀਂ, ਸਗੋਂ ਇੱਕ ਪਰਿਵਾਰ ਦੀ ਤਰ੍ਹਾਂ ਹੈ। ਉਨ੍ਹਾਂ ਹਮੇਸ਼ਾ ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਅਤੇ ਲੋੜਾਂ ਨੂੰ ਪਹਿਲ ਦਿੱਤੀ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਹਲਕੇ ਦੇ ਲੋਕ ਇੱਕ ਵਾਰ ਫਿਰ ਉਨ੍ਹਾਂ ਨੂੰ ਆਪਣਾ ਸਮਰਥਨ ਦੇ ਕੇ ਵੱਡੀ ਲੀਡ ਨਾਲ ਜਿਤਾਉਣਗੇ। ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਅਤੇ ਲੋਕਾਂ ਦੀ ਖੁਸ਼ਹਾਲੀ ਲਈ ਉਨ੍ਹਾਂ ਦੇ ਯਤਨ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਇਸ ਦੇ ਨਾਲ ਹੀ ਉਨ੍ਹਾਂ ਹਲਕਾ ਵਾਸੀਆਂ ਵੱਲੋਂ ਮਿਲ ਰਹੇ ਪਿਆਰ ਅਤੇ ਸਹਿਯੋਗ ਲਈ ਧੰਨਵਾਦ ਕੀਤਾ।ਇਸ ਮੌਕੇ ਹਰਜਿੰਦਰ ਸਿੰਘ ਬੁਰਜ, ਨਗਰ ਪੰਚਾਇਤ ਪ੍ਰਧਾਨ ਸੁਖਦੇਵ ਸਿੰਘ ਭਿੱਖੀਵਿੰਡ, ਸਰਪੰਚ ਜੁਗਰਾਜ ਸਿੰਘ ਪਹੂਵਿੰਡ, ਸਰਪੰਚ ਹਰਦਿਆਲ ਸਿੰਘ ਮਾੜੀ ਕੰਬੋਕੇ, ਸੀਨੀਅਰ ਆਪ ਆਗੂ ਰਿੰਕੂ ਢਿੱਲੋਂ, ਸਰਪੰਚ ਦਿਲਬਾਗ ਸਿੰਘ, ਸੇਠੀ ਸੰਧੂ, ਸਰਪੰਚ ਬਲਰਾਜ ਸਿੰਘ, ਐਮ.ਸੀ. ਬਖਸ਼ੀਸ਼ ਸਿੰਘ, ਸਰਪੰਚ ਜਸਵਿੰਦਰ ਸਿੰਘ ਚੂੰਘ, ਚੇਅਰਮੈਨ ਭਗਵੰਤ ਸਿੰਘ ਕੰਬੋਕੇ, ਸੁਖਰਾਜ ਸਿੰਘ ਬੀ.ਏ. ਅਤੇ ਸਰਪੰਚ ਚਮਕੌਰ ਸਿੰਘ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।

'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਸਮਰਾਏ 'ਚ ਵਿਧਾਇਕ ਰੰਧਾਵਾ ਨੇ ਵੰਡੇ ਪ੍ਰਾਪਰਟੀ ਕਾਰਡ




ਗੁਰਦਾਸਪੁਰ (ਜਨਕ ਮਹਾਜਨ)-ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਪਿੰਡ ਸਮਰਾਏ ਵਿਖੇ, ਜਿਨ੍ਹਾਂ ਲੋਕਾਂ ਦੀ ਪ੍ਰਾਪਰਟੀ ਲਾਲ ਲਕੀਰ ਦੇ ਘੇਰੇ ਵਿਚ ਆਉਂਦੀ ਹੈ, ਉਨ੍ਹਾਂ ਨੂੰ ਪ੍ਰਾਪਰਟੀ ਕਾਰਡ ਵੰਡੇ।

ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਇਨ੍ਹਾਂ ਪਰਵਾਰਾਂ ਨੂੰ ਮਾਲਕੀ ਦੇ ਹੱਕਦਾਰ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ਹਲਕੇ ਵਿਚ ਇਹ ਸਿਲਸਿਲਾ ਪੜਾਅਵਾਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਇਸ ਨਾਲ ਲਾਲ ਲਕੀਰ ਦੇ ਵਾਸੀਆਂ ਦੀਆਂ ਦਹਾਕਿਆਂ ਪੁਰਾਣੀਆਂ ਚੁਣੌਤੀਆਂ ਦਾ ਹੱਲ ਹੋਇਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਹ ਪਹਿਲ ਕਦਮੀ ਇਨ੍ਹਾਂ ਲੋਕਾਂ ਦਾ ਮਾਣ-ਸਨਮਾਨ ਬਹਾਲ ਕਰਦੀ ਹੈ ਅਤੇ ਇਨ੍ਹਾਂ ਲਈ ਆਰਥਿਕ ਸੰਭਾਵਨਾਵਾਂ ਨੂੰ ਖੋਲ੍ਹਦੀ ਹੈ। ਉਨ੍ਹਾਂ ਨੇ ਕਿਹਾ ਇਹ ਯੋਜਨਾ ਨਾ ਸਿਰਫ਼ ਕਾਨੂੰਨੀ ਮਾਨਤਾ ਪ੍ਰਦਾਨ ਕਰਦੀ ਹੈ, ਸਗੋਂ ਲਾਲ ਲਕੀਰ ਦੇ ਵਸਨੀਕਾਂ ਨੂੰ ਆਰਥਿਕ ਤਰੱਕੀ ਲਈ ਆਪਣੀ ਜਾਇਦਾਦ ਦੀ ਵਰਤੋਂ ਕਰਨ ਦੇ ਸਾਧਨ ਵੀ ਦਿੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਮੇਰਾ ਘਰ ਮੇਰੇ ਨਾਮ' ਸਕੀਮ ਨੂੰ ਲਾਗੂ ਕਰਨ ਦਾ ਮੁੱਖ ਉਦੇਸ਼ ਲਾਲ ਲਕੀਰ ਦੇ ਅੰਦਰ ਘਰਾਂ ਵਿਚ ਰਹਿਣ ਵਾਲੇ ਲੋਕਾਂ ਨੂੰ ਮਾਲਕੀ ਅਧਿਕਾਰ ਪ੍ਰਦਾਨ ਕਰਨਾ ਹੈ। ਇਸ ਯੋਜਨਾ ਦੇ ਤਹਿਤ ਲਾਲ ਲਕੀਰ ਦੇ ਅੰਦਰ ਰਹਿਣ ਵਾਲੇ ਲੋਕ ਜਿਨ੍ਹਾਂ ਨੂੰ ਅੱਜ ਜਾਇਦਾਦ ਦੇ ਅਧਿਕਾਰ ਮਿਲ ਗਏ ਹਨ, ਉਹ ਆਪਣੀ ਜਾਇਦਾਦ ਵੇਚ ਸਕਣਗੇ ਅਤੇ ਆਪਣੇ ਘਰਾਂ 'ਤੇ ਕਰਜ਼ਾ ਲੈ ਸਕਣਗੇ।

ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਨੇ ਭਾਈ ਮਰਦਾਨਾ ਜੀ ਰਨਿੰਗ ਟਰਾਫੀ ਜਿੱਤੀ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ) ਚੀਫ਼ ਖ਼ਾਲਸਾ ਦੀਵਾਨ ਦੀ ਧਰਮ ਪ੍ਰਚਾਰ ਕਮੇਟੀ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਵੱਖ-ਵੱਖ ਚੀਫ਼ ਖ਼ਾਲਸਾ ਦੀਵਾਨ ਸਕੂਲਾਂ ਵਿਚ ਜ਼ੋਨਲ ਪੱਧਰ 'ਤੇ ਜੇਤੂ ਟੀਮਾਂ ਦਾ ਅੰਤਰ-ਸਕੂਲ ਸ਼ਬਦ ਗਾਇਨ ਮੁਕਾਬਲਿਆਂ ਦਾ ਫਾਈਨਲ ਮੁਕਾਬਲਾ ਚੀਫ਼ ਖ਼ਾਲਸਾ ਦੀਵਾਨ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਵਿਖੇ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸੰਗਤੀ ਰੂਪ ਵਿਚ ਜਪੁਜੀ ਸਾਹਿਬ ਜੀ ਦੇ ਪਾਠ ਨਾਲ ਕੀਤੀ ਗਈ। ਸੰਗਤਾਂ ਨੇ ਵਿਦਿਆਰਥੀਆਂ ਵੱਲੋਂ ਕੀਤੇ ਗਏ ਰਸਭਿੰਨੇ ਕੀਰਤਨ ਦੀਆਂ ਅਲੌਕਿਕ ਸੁਰਾਂ ਦਾ ਬਹੁਤ ਅਨੰਦ ਮਾਣਿਆ। ਇਸ ਮੌਕੇ ਪੁੱਜੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਆਨਰੇਰੀ ਸਕੱਤਰ ਰਮਣੀਕ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਵੱਲੋਂ ਸਿੱਖੀ ਦੇ ਪ੍ਰਚਾਰ-ਪ੍ਰਸਾਰ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਗੁਰਬਾਣੀ ਕੀਰਤਨ ਮੁਕਾਬਲਿਆਂ ਰਾਹੀਂ ਵਿਦਿਆਰਥੀਆਂ ਨੂੰ ਗੁਰੂ ਚਰਨਾਂ ਅਤੇ ਉਹਨਾਂ ਦੀਆਂ ਸਿੱਖਿਆਵਾਂ ਨਾਲ ਜੋੜ ਕੇ ਨੈਤਿਕ ਗੁਣਾਂ ਦਾ ਧਾਰਨੀ ਬਣਾਉਣਾ ਅਜਿਹੇ ਧਾਰਮਿਕ ਮੁਕਾਬਲਿਆਂ ਦਾ ਮਨੋਰਥ ਹੈ। ਇਸ ਮੌਕੇ ਦੀਵਾਨ ਦੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਅਤੇ ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ ਨੇ ਵਿਦਿਆਰਥੀਆਂ ਦੇ ਸੰਗੀਤਕ ਗਿਆਨ ਉਤਸ਼ਾਹ ਦੀ ਭਰਪੂਰ ਸ਼ਲਾਘਾ ਕੀਤੀ। ਐਡੀ.ਆਨਰੇਰੀ ਸਕੱਤਰ ਐਜੂਕੇਸ਼ਨਲ ਕਮੇਟੀ/ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਕੁਲਜੀਤ ਸਿੰਘ, ਸਿੰਘ ਬ੍ਰਦਰਜ਼ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ੍ਰੀ ਗੁਰੂ ਰਾਮਦਾਸ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਰਾਮਦਾਸ ਜੀ ਦੀ ਬਾਣੀ ਤੇ ਅਧਾਰਿਤ ਨਿਰਧਾਰਿਤ ਰਾਗਾਂ ਵਿਚ ਕਰਵਾਏ ਗਏ ਕੀਰਤਨ ਮੁਕਾਬਲਿਆਂ ਤਹਿਤ ਦੀਵਾਨ ਸਕੂਲਾਂ ਨੂੰ ਅੰਮ੍ਰਿਤਸਰ, ਤਰਨਤਾਰਨ, ਅਜਨਾਲਾ ਅਤੇ ਹੁਸ਼ਿਆਰਪੁਰ ਜ਼ੋਨਾਂ ਵਿਚ ਵੰਡ ਕੇ ਹਰੇਕ ਜ਼ੋਨ ਵਿਚੋਂ ਤਿੰਨ ਟੀਮਾਂ ਜੇਤੂ ਰਹੀਆਂ ਹਨ।




ਡੀ ਏ ਵੀ ਪਬਲਿਕ ਸਕੂਲ ਅੰਮ੍ਰਿਤਸਰ ਦੇ ਹਿਤੇਨ ਸ਼ਰਮਾ ਨੇ ਮੋਹਾਲੀ ਵਿਚ ਹੋਈਆਂ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-4 ਵਿਚ ਕਰਾਟੇ ਦੇ ਮੁਕਾਬਲਿਆਂ ਦੌਰਾਨ 58 ਕਿਲੋਗ੍ਰਾਮ ਭਾਰ ਵਰਗ ਵਿਚ ਪਹਿਲਾ ਸਥਾਨ ਪ੍ਰਾਪਤ ਕੀਤਾ। (ਫੋਟੋ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)

ਹਰਜੀਤ ਸਿੰਘ ਉੱਪਲ ਐਮਾ ਨੇ ਸੰਭਾਲਿਆ ਚੇਅਰਮੈਨ ਦਾ ਅਹੁਦਾ



ਝਬਾਲ (ਹਰਜਿੰਦਰ ਸਿੰਘ ਸੋਨੀ)-ਮਾਰਕੀਟ ਕਮੇਟੀ ਝਬਾਲ ਵਿਖੇ ਹਰਜੀਤ ਸਿੰਘ ਉੱਪਲ ਐਮਾਂ ਵੱਲੋਂ ਬਤੌਰ ਚੇਅਰਮੈਨ ਵਜੋਂ ਅਹੁਦਾ ਸੰਭਾਲਣ ਸਬੰਧੀ ਆਯੋਜਿਤ ਤਾਜਪੋਸ਼ੀ ਸਮਾਗਮ ਮੌਕੇ ਪੁੱਜੇ ਵਿਧਾਇਕ ਅਤੇ ਆਮ ਪਾਰਟੀ ਦੇ ਹਲਕਾ ਤਰਨਤਾਰਨ ਤੋਂ ਉਮੀਦਵਾਰ ਹਰਮੀਤ ਸਿੰਘ ਸੰਧੂ ਵੱਲੋਂ ਹਰਜੀਤ ਸਿੰਘ ਉੱਪਲ ਐਮਾ ਦਾ ਮੂੰਹ ਮਿੱਠਾ ਕਰਵਾ ਕੇ ਮਾਰਕੀਟ ਕਮੇਟੀ ਝਬਾਲ ਦੇ ਚੇਅਰਮੈਨ ਵਜੋਂ ਕੁਰਸੀ 'ਤੇ ਬਿਠਾਇਆ ਗਿਆ।ਜਦ ਕਿ ਸਮਾਗਮ ਮੌਕੇ ਵਧਾਇਕ ਹਰਮੀਤ ਸਿੰਘ ਸੰਧੂ, ਮਾਰਕੀਟ ਕਮੇਟੀ ਤਰਨਤਾਰਨ ਦੇ ਚੇਅਰਮੈਨ ਰੁਪਿੰਦਰ ਕੌਰ ਸੰਧੂ, ਬਲਾਕ ਸੰਮਤੀ ਚੇਅਰਮੈਨ ਤਰਨ ਤਾਰਨ ਯੋਧਬੀਰ ਸਿੰਘ ਪੰਡੋਰੀ ਰਣ ਸਿੰਘ, ਚੇਅਰਮੈਨ ਬਲਾਕ ਸੰਮਤੀ ਗੰਡੀਵਿੰਡ ਕੁਲਵਿੰਦਰ ਸਿੰਘ ਚਾਹਲ, ਆਮ ਆਦਮੀ ਪਾਰਟੀ ਸੀਨੀਅਰ ਆਗੂ ਵਿਕਰਮ ਸਿੰਘ ਢਿੱਲੋਂ ਝਬਾਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮੋਨੂੰ ਚੀਮਾ, ਆੜ੍ਹਤੀਆ ਐਸੋਸੀਏਸ਼ਨ ਮੰਡੀ ਝਬਾਲ ਦੇ ਪ੍ਰਧਾਨ ਸ਼ਰਨਜੀਤ ਸਿੰਘ ਭੋਜੀਆ, ਕੁਲਵੰਤ ਸਿੰਘ ਯੂ ਐੱਸ ਏ, ਸੂਬੇਦਾਰ ਬਲਕਾਰ ਸਿੰਘ ਐਮਾ, ਕੁੰਨਣ ਸਿੰਘ ਗਿੱਲ, ਬਲਬੀਰ ਸਿੰਘ, ਆਪ ਆਗੂ ਅਮਨ ਢਿੱਲੋਂ ਗੰਡੀਵਿੰਡ, ਹੈਪੀ ਝਬਾਲ, ਬੀਬੀ ਤਸਵੀਰ ਕੌਰ, ਸਰਪੰਚ ਅਰਸ਼ਦੀਪ ਸਿੰਘ ਪ੍ਰਿੰਸ ਐਮਾ ਸਮੇਤ ਪੁੱਜੀਆਂ ਸ਼ਖ਼ਸੀਅਤਾਂ ਨੇ ਨਵਨਿਯੁਕਤ ਚੇਅਰਮੈਨ ਹਰਜੀਤ ਸਿੰਘ ਉੱਪਲ ਐਮਾ ਨੂੰ ਵਧਾਈ ਦਿੱਤੀ।ਇਸ ਮੌਕੇ ਮਾਰਕੀਟ ਕਮੇਟੀ ਝਬਾਲ ਦੇ ਸਕੱਤਰ ਸਤਿੰਦਰਰੂਪ ਸਿੰਘ, ਲੇਖਾਕਾਰ ਬਲਜੀਤ ਸਿੰਘ, ਮੰਡੀ ਸੁਪਰਵਾਈਜ਼ਰ ਭੁਪਿੰਦਰ ਸਿੰਘ ਭਿੰਦਾ ਛਿਛਰੇਵਾਲ, ਸਤਿੰਦਰਪਾਲ ਸਿੰਘ ਬੰਟੀ ਝਬਾਲ,ਮਨਜਿੰਦਰ ਸਿੰਘ ਸੰਧੂ ਝਬਾਲ, ਹਰਚੰਦ ਸਿੰਘ ਸਟਾਫ ਤੋਂ ਇਲਾਵਾ ਆੜ੍ਹਤੀ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਤਸਵੀਰ ਸਿੰਘ ਠੱਠੀ, ਆੜ੍ਹਤੀ ਬਲਕਾਰ ਸਿੰਘ ਸੰਧੂ ਬੁਰਜ, ਅੰਗਰੇਜ਼ ਸਿੰਘ ਜਗਤਪੁਰਾ, ਗੁਰਜੀਤ ਸਿੰਘ ਝਬਾਲ, ਸੁਖਰਾਜ ਸਿੰਘ ਝਬਾਲ, ਸ਼ਾਮ ਸਿੰਘ ਕੋਟ,ਨਰਿੰਦਰ ਸਿੰਘ ਠੱਠਗੜ੍ਹ, ਸਰਪੰਚ ਤੇਜਿੰਦਰ ਸਿੰਘ ਵਿੱਕੀ ਕੋਟ ਗੁਰਸੇਵਕ ਸਿੰਘ ਦਿਉਲ ਕੋਟ, ਸੁਖਵੰਤ ਸਿੰਘ ਸੁੱਖ ਠੱਠੀ, ਬਿੱਟੂ ਸਵੀਟ ਸ਼ਾਪ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਵੀ ਹਾਜ਼ਰ ਸਨ।

ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਮਹਿਸਮਪੁਰ ਵਿਖੇ ਜਾਗਰੂਕਤਾ ਸੈਮੀਨਾਰ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਮੁਖੀ ਦਮਦਮੀ ਟਕਸਾਲ ਦੀ ਸਰਪ੍ਰਸਤੀ ਹੇਠ ਚੱਲ ਰਹੇ ਵਿਦਿਅਕ ਅਦਾਰਿਆਂ ਵਿੱਚੋਂ ਨਵੇਂ ਵਿਦਿਅਕ ਅਦਾਰੇ ਸ਼ਹੀਦ ਬਾਬਾ ਦੀਪ ਸਿੰਘ ਜੀ ਪਬਲਿਕ ਹਾਈ ਸਕੂਲ ਮਹਿਸਮਪੁਰ ਵਿਖੇ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਦੀ ਸਹੀ ਵਰਤੋਂ ਅਤੇ ਇਸ ਦੀ ਗਲਤ ਵਰਤੋਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ ਨਾਟਕ, ਕਵਿਤਾਵਾਂ ਅਤੇ ਭਾਸ਼ਣਾਂ ਰਾਹੀਂ ਸੋਸ਼ਲ ਮੀਡੀਆ ਦੀ ਗਲਤ ਵਰਤੋਂ ਪ੍ਰਤੀ ਜਾਗਰੂਕਤਾ ਦਾ ਸੰਦੇਸ਼ ਦਿੱਤਾ ਗਿਆ। ਵਿਦਿਆਰਥੀਆਂ ਨੇ ਆਪਣੀਆਂ ਪੇਸ਼ਕਾਰੀਆਂ ਰਾਹੀਂ ਦਰਸਾਇਆ ਕਿ ਸੋਸ਼ਲ ਮੀਡੀਆ ਦੀ ਬੇਲੋੜੀ ਵਰਤੋਂ ਨਾਲ ਬੱਚਿਆਂ ਦੀ ਪੜ੍ਹਾਈ, ਸਮਾਂ, ਸਿਹਤ ਅਤੇ ਮਾਨਸਿਕ ਵਿਕਾਸ ਉੱਤੇ ਮਾੜਾ ਪ੍ਰਭਾਵ ਪੈ ਸਕਦਾ ਹੈ। ਇਸ ਦੇ ਨਾਲ ਹੀ ਵਿਦਿਆਰਥੀਆਂ ਨੂੰ ਆਨਲਾਈਨ ਸੁਰੱਖਿਆ, ਨਿੱਜੀ ਜਾਣਕਾਰੀ ਦੀ ਸੰਭਾਲ ਅਤੇ ਸੋਸ਼ਲ ਮੀਡੀਆ ਦੀ ਜ਼ਿੰਮੇਵਾਰੀ ਨਾਲ ਵਰਤੋਂ ਕਰਨ ਬਾਰੇ ਵੀ ਜਾਣਕਾਰੀ ਦਿੱਤੀ ਗਈ। ਸੈਮੀਨਾਰ ਦੌਰਾਨ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਦੀ ਵਰਤੋਂ ਸਮੇਂ ਸਾਵਧਾਨ ਰਹਿਣ ਅਤੇ ਆਪਣੇ ਕੀਮਤੀ ਸਮੇਂ ਨੂੰ ਪੜ੍ਹਾਈ, ਖੇਡਾਂ ਅਤੇ ਹੋਰ ਉਸਾਰੂ ਗਤੀਵਿਧੀਆਂ ਵਿੱਚ ਲਗਾਉਣ ਲਈ ਪ੍ਰੇਰਿਤ ਕੀਤਾ ਗਿਆ। ਸਕੂਲ ਪ੍ਰਿੰਸੀਪਲ ਨੇ ਕਿਹਾ ਕਿ ਅਜੋਕੇ ਡਿਜੀਟਲ ਯੁੱਗ ਵਿੱਚ ਸੋਸ਼ਲ ਮੀਡੀਆ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਹੋਣਾ ਬਹੁਤ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਦੀ ਗਲਤ ਵਰਤੋਂ, ਸਮੇਂ ਦੀ ਬਰਬਾਦੀ ਅਤੇ ਆਨਲਾਈਨ ਖ਼ਤਰਿਆਂ ਤੋਂ ਜਾਣੂ ਕਰਵਾਉਣਾ ਸਮੇਂ ਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸੋਸ਼ਲ ਮੀਡੀਆ ਦੀ ਵਰਤੋਂ ਸੀਮਤ ਅਤੇ ਸੂਝ-ਬੂਝ ਨਾਲ ਕਰਨ ਅਤੇ ਆਪਣਾ ਧਿਆਨ ਪੜ੍ਹਾਈ, ਸਿਹਤਮੰਦ ਜੀਵਨ-ਸ਼ੈਲੀ ਅਤੇ ਆਪਣੇ ਭਵਿੱਖ ਨੂੰ ਸੰਵਾਰਨ ਵੱਲ ਕੇਂਦਰਿਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹੋਰ ਹਾਜ਼ਰ ਸ਼ਖ਼ਸੀਅਤਾਂ ਵਿੱਚ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਜੋਤ ਸਿੰਘ, ਪ੍ਰਿੰਸੀਪਲ ਗੁਰਦੀਪ ਸਿੰਘ, ਮੈਡਮ ਮਨਦੀਪ ਕੌਰ, ਮੈਡਮ ਸੁਖਵੰਤ ਕੌਰ, ਮੈਡਮ ਕਿਰਨਪ੍ਰੀਤ ਕੌਰ ਸਮੇਤ ਸਮੂਹ ਸਕੂਲ ਸਟਾਫ ਮੌਜੂਦ ਸੀ।



ਕੰਗ ਨੇ ਖੇਡ ਸਟੇਡੀਅਮ ਦਾ ਕੀਤਾ ਉਦਘਾਟਨ

ਨੌਜਵਾਨਾਂ ਨੂੰ ਮਿਲਣਗੀਆਂ ਖੇਡਾਂ ਲਈ ਬਿਹਤਰ ਸਹੂਲਤਾਂ

ਪੋਜੇਵਾਲ (ਰਾਮ ਲਾਲ) ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਪਿੰਡ ਨਵਾਂ ਪਿੰਡ ਟੱਪਰੀਆਂ ਵਿਖੇ ਇੱਕ ਹੋਰ ਅਹਿਮ ਕਦਮ ਚੁੱਕਿਆ ਗਿਆ। ਪਿੰਡ ਵਿਖੇ 12 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਵੱਲੋਂ ਉਦਘਾਟਨ ਕੀਤਾ ਗਿਆ। ਇਸ ਮੌਕੇ ਪਿੰਡ ਦੇ ਵਿਕਾਸ ਅਤੇ ਖੇਡ ਸਹੂਲਤਾਂ ਦੇ ਵਿਸਥਾਰ ਨੂੰ ਲੈ ਕੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ। ਇਸ ਸਟੇਡੀਅਮ ਦੇ ਨਿਰਮਾਣ ਨਾਲ ਪਿੰਡ ਦੇ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਨੂੰ ਨਿਖਾਰਨ, ਸਰੀਰਕ ਤੌਰ 'ਤੇ ਤੰਦਰੁਸਤ ਰਹਿਣ ਅਤੇ ਖੇਡਾਂ ਦੇ ਖੇਤਰ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਲਈ ਇੱਕ ਵਧੀਆ ਮੰਚ ਮਿਲੇਗਾ। ਅੱਜ ਦੇ ਸਮੇਂ ਵਿੱਚ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖ ਕੇ ਖੇਡਾਂ ਨਾਲ ਜੋੜਨਾ ਸਮੇਂ ਦੀ ਵੱਡੀ ਲੋੜ ਹੈ। ਖੇਡ ਸਟੇਡੀਅਮ ਆਉਣ ਵਾਲੇ ਸਮੇਂ ਵਿੱਚ ਨੌਜਵਾਨਾਂ ਲਈ ਇੱਕ ਮਹੱਤਵਪੂਰਨ ਖੇਡ ਕੇਂਦਰ ਸਾਬਤ ਹੋ ਸਕਦਾ ਹੈ। ਇਸ ਸਟੇਡੀਅਮ ਦੇ ਬਣਨ ਨਾਲ ਪਿੰਡ ਦੇ ਉੱਭਰਦੇ ਖਿਡਾਰੀਆਂ ਨੂੰ ਅਭਿਆਸ ਕਰਨ ਲਈ ਬਿਹਤਰ ਮਾਹੌਲ ਮਿਲੇਗਾ। ਪਿੰਡਾਂ ਵਿੱਚ ਅਕਸਰ ਅਜਿਹੀਆਂ ਖੇਡ ਸਹੂਲਤਾਂ ਦੀ ਘਾਟ ਕਾਰਨ ਕਈ ਪ੍ਰਤਿਭਾਸ਼ਾਲੀ ਨੌਜਵਾਨ ਆਪਣੀ ਖੇਡ ਕਲਾ ਨੂੰ ਅੱਗੇ ਨਹੀਂ ਲਿਜਾ ਸਕਦੇ। ਹੁਣ ਇਸ ਸਹੂਲਤ ਨਾਲ ਸਥਾਨਕ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਵੱਡੇ ਪੱਧਰ 'ਤੇ ਮੁਕਾਬਲਿਆਂ ਵਿੱਚ ਹਿੱਸਾ ਲੈਣ ਲਈ ਉਤਸ਼ਾਹ ਮਿਲੇਗਾ। ਪਿੰਡਾਂ ਦਾ ਅਸਲ ਵਿਕਾਸ ਉਦੋਂ ਹੀ ਸੰਭਵ ਹੈ ਜਦੋਂ ਉੱਥੇ ਸਿੱਖਿਆ, ਸਿਹਤ, ਖੇਡਾਂ ਅਤੇ ਬੁਨਿਆਦੀ ਸਹੂਲਤਾਂ ਦਾ ਢੁੱਕਵਾਂ ਪ੍ਰਬੰਧ ਹੋਵੇ। 12 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲਾ ਇਹ ਖੇਡ ਸਟੇਡੀਅਮ ਨਵੀਂ ਪੀੜ੍ਹੀ ਦੇ ਸੁਪਨਿਆਂ ਨੂੰ ਉਡਾਣ ਦੇਣ ਅਤੇ ਪਿੰਡ ਵਿੱਚ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਵੱਲ ਇੱਕ ਮਹੱਤਵਪੂਰਨ ਪਹਿਲਕਦਮੀ ਹੈ। ਇਹ ਸਟੇਡੀਅਮ ਸਿਰਫ਼ ਇੱਟਾਂ ਅਤੇ ਮਿੱਟੀ ਦਾ ਮੈਦਾਨ ਨਹੀਂ, ਸਗੋਂ ਪਿੰਡ ਦੇ ਨੌਜਵਾਨਾਂ ਦੀਆਂ ਉਮੀਦਾਂ, ਸੁਪਨਿਆਂ ਅਤੇ ਉੱਜਵਲ ਭਵਿੱਖ ਦੀ ਨੀਂਹ ਬਣੇਗਾ।



ਜ਼ਿਲ੍ਹਾ ਪੱਧਰੀ ਖੇਡਾਂ 'ਚ ਵਿਦਿਆਰਥੀਆਂ ਨੇ 30 ਮੈਡਲ ਜਿੱਤ ਕੇ ਕੀਤਾ ਸ਼ਾਨਦਾਰ ਪ੍ਰਦਰਸ਼ਨ

ਹੁਸ਼ਿਆਰਪੁਰ (ਬਲਬੀਰ ਸਿੰਘ ਸੈਣੀ)- ਬੀਤੇ ਹਫਤੇ 70 ਵੀਆਂ ਜ਼ਿਲ੍ਹਾ ਪ੍ਰਾਇਮਰੀ ਸਕੂਲ ਖੇਡਾਂ (ਅੰਡਰ ਇਲੈਵਨ) ਦਾ ਆਯੋਜਨ ਲਾਜਵੰਤੀ ਸਟੇਡੀਅਮ ਹੁਸ਼ਿਆਰਪੁਰ ਵਿਖੇ ਕੀਤਾ ਗਿਆ। ਜਿਸ ਵਿੱਚ ਬਲਾਕ ਟਾਂਡਾ 2 ਦੀ ਵਿਦਿਆਰਥੀਆਂ ਦਾ ਪ੍ਰਦਰਸ਼ਨ ਸ਼ਾਨਦਾਰ ਰਿਹਾ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸੈਂਟਰ ਹੈਡ ਟੀਚਰ ਅਤੇ ਬਲਾਕ ਨੋਡਲ ਅਫਸਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਕਲਸਟਰ ਧੁੱਗਾ ਕਲਾਂ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਦਬਦਬਾ ਕਾਇਮ ਰੱਖਿਆ ਹੈ। ਉਹਨਾਂ ਕਿਹਾ ਕਿ ਖੇਡਾਂ ਵਿਦਿਆਰਥੀ ਜੀਵਨ ਦਾ ਅਨਿੱਖੜਵਾਂ ਅੰਗ ਹਨ ਤੇ ਬੱਚਿਆਂ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਇਹਨਾਂ ਖੇਡ ਮੁਕਾਬਲਿਆਂ ਵਿੱਚ ਕਬੱਡੀ ਸਰਕਲ ਸਟਾਈਲ (ਲੜਕੇ) ਨੇ ਜ਼ਿਲ੍ਹੇ ਵਿੱਚ ਪਹਿਲਾ ਸਥਾਨ ਤੇ ਰੱਸਾ ਕਸੀ ਲੜਕੇ ਨੇ ਦੂਸਰਾ ਸਥਾਨ ਪ੍ਰਾਪਤ ਕੀਤਾ। ਵਿਦਿਆਰਥੀਆਂ ਨੇ ਅਥਲੈਟਿਕਸ ਵੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ ਜਿਸ ਦੇ ਤਹਿਤ ਸ਼ਾਟ ਪੁੱਟ ਲੜਕੀਆਂ ਵਿੱਚੋਂ ਜ਼ਿਲ੍ਹੇ ਵਿੱਚੋਂ ਪਹਿਲਾ ਸਥਾਨ,ਰਿਲੇਅ ਲੜਕੇ ਦੂਸਰਾ ਸਥਾਨ ਅਤੇ 200 ਮੀਟਰ ਲੜਕੇ ਵਿੱਚੋਂ ਦੂਸਰਾ ਸਥਾਨ ਪ੍ਰਾਪਤ ਕੀਤਾ। ਸੀ ਐਚ ਟੀ ਅਤੇ ਖੇਡ ਇੰਚਾਰਜ ਬਲਾਕ ਟਾਂਡਾ 2 ਗੁਰਦੀਪ ਸਿੰਘ ਨੇ ਕਿਹਾ ਕਿ ਇਹ ਸਫਲਤਾ ਕੋਚ ਤੇ ਅਧਿਆਪਕ ਪ੍ਰਿੰਸ ਪਲਿਆਲ ਗੜ੍ਹਦੀਵਾਲਾ ਅਤੇ ਸਮੂਹ ਅਧਿਆਪਕਾਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਸੀ ਐਚ ਟੀ ਸੰਜੀਵ ਕੁਮਾਰ ਸੀਐਚਟੀ ਮੈਡਮ ਮਨਜੀਤ ਕੌਰ ਮੈਡਮ ਅਮਨਦੀਪ ਕੌਰ, ਹੈਡ ਟੀਚਰ ਰਵਿੰਦਰਜੀਤ ਸਿੰਘ ਅਧਿਆਪਕ ਸੰਦੀਪ ਸਿੰਘ, ਸੰਜੀਵ ਕੁਮਾਰ,ਪ੍ਰਦੀਪ ਕੁਮਾਰ,ਦਵਿੰਦਰ ਹੁਸ਼ਿਆਰਪੁਰ,ਰਾਜਨ ਕੰਬੋਜ, ਬਲਜੀਤ ਸਿੰਘ, ਮੇਜਰ ਸਿੰਘ,ਨੀਰਜ ਕੁਮਾਰ ਆਦਿ ਹਾਜ਼ਰ ਸਨ।



ਉਸਾਰੀ ਮਿਸਤਰੀ/ਮਜ਼ਦੂਰ ਯੂਨੀਅਨ ਦਾ ਚੋਣ ਅਜਲਾਸ 9 ਨੂੰ



ਮੋਰਿੰਡਾ (ਨਿਹਾਲ ਸਿੰਘ ਕਲਸੀ) ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਰਜਿ ਸਬੰਧਤ ਇਫਟੂ ਬਲਾਕ ਮੋਰਿੰਡਾ ਦੀ ਇੱਕ ਅਹਿਮ ਮੀਟਿੰਗ ਲੇਬਰ ਚੌਂਕ ਮੋਰਿੰਡਾ ਵਿਖੇ ਬਲਾਕ ਪ੍ਰਧਾਨ ਜਸਪਾਲ ਸਿੰਘ ਚਲਾਕੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਜਨਰਲ ਸਕੱਤਰ ਮਿਸਤਰੀ ਰੁਪਿੰਦਰ ਸਿੰਘ ਬਮਨਾੜਾ ਨੇ ਦੱਸਿਆ ਕਿ ਮੀਟਿੰਗ ਵਿੱਚ ਯੂਨੀਅਨ ਦੀਆਂ ਸਰਗਰਮੀਆਂ, ਮਜ਼ਦੂਰਾਂ ਦੀਆਂ ਸਮੱਸਿਆਵਾਂ ਅਤੇ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਇਫਟੂ ਦੇ ਜ਼ਿਲ੍ਹਾ ਸਕੱਤਰ ਮਲਾਗਰ ਸਿੰਘ ਖਮਾਣੋ ਨੇ ਕਿਹਾ ਕਿ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਅਤੇ ਉਨ੍ਹਾਂ ਦੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਜਥੇਬੰਦ ਹੋਣਾ ਸਮੇਂ ਦੀ ਮੁੱਖ ਲੋੜ ਹੈ।

ਉਨ੍ਹਾਂ ਨੇ ਮਜ਼ਦੂਰਾਂ ਨੂੰ ਯੂਨੀਅਨ ਨਾਲ ਜੁੜਨ ਅਤੇ ਜਥੇਬੰਦੀ ਦੀਆਂ ਸਰਗਰਮੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਡਿਪਟੀ ਸਕੱਤਰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟ੍ਰਕਸ਼ਨ ਵਰਕਰਜ ਵੈਲਫੇਅਰ ਬੋਰਡ ਨਾਲ ਹੋਈ ਮੀਟਿੰਗ ਦੌਰਾਨ ਮੰਨੀਆਂ ਮੰਗਾਂ ਨੂੰ ਲਾਗੂ ਕਰਾਉਣ ਲਈ ਅਤੇ ਲੇਬਰ ਚੌਂਕ ਮੋਰਿੰਡਾ ਦੀ ਰਿਪੇਅਰ, ਸ਼ੈਡ ਲਈ ਲੋੜੀਂਦੇ ਫੰਡ ਜਾਰੀ ਕਰਵਾਉਣ ਲਈ ਜ਼ਿਲ੍ਹਾ ਪੱਧਰੀ ਸੰਘਰਸ਼ ਕੀਤਾ ਜਾਵੇਗਾ। ਇਸ ਦੀ ਜਿੰਮੇਵਾਰੀ ਕਿਰਤ ਵਿਭਾਗ ਦੀ ਹੋਵੇਗੀ।ਮੀਟਿੰਗ ਦੌਰਾਨ ਫੈਸਲਾ ਕੀਤਾ ਕਿ ਉਸਾਰੀ ਮਿਸਤਰੀ ਮਜ਼ਦੂਰ ਯੂਨੀਅਨ ਰਜਿ., ਸਬੰਧਤ ਇਫਟੂ, ਬਲਾਕ ਮੋਰਿੰਡਾ ਦਾ ਚੋਣ ਇਜਲਾਸ 9 ਨਵੰਬਰ ਨੂੰ ਲੇਬਰ ਚੌਂਕ ਮੋਰਿੰਡਾ ਵਿਖੇ ਹੋਵੇਗਾ ਜਿਸ ਵਿੱਚ ਸੂਬਾਈ ਆਗੂ ਸੰਬੋਧਨ ਕਰਨਗੇ।

ਮੀਟਿੰਗ ਵਿੱਚ ਪਰਵਿੰਦਰ ਸਿੰਘ ਝੋਟਾ ਇਨਸਾਫ ਕਮੇਟੀ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਸੰਘਰਸ਼, ਅਤੇ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਸੰਘਰਸ਼ਾਂ ਦੀ ਡਟਵੀਂ ਹਮਾਇਤ ਦਾ ਐਲਾਨ ਕੀਤਾ। ਮੀਟਿੰਗ ਵਿੱਚ ਨਿਰਮਲ ਸਿੰਘ ਪ੍ਰਕਾਸ਼ ਸਿੰਘ ਰੰਗੀਆਂ, ਰਣਬੀਰ ਸਿੰਘ ਸਰਾਣਾ ਅਵਤਾਰ ਸਿੰਘ ਸੁਖਦੇਵ ਸਿੰਘ, ਮਨਦੀਪ ਸਿੰਘ ਨਥਲਪੁਰ, ਗੁਰਪ੍ਰੀਤ ਸਿੰਘ ਮਨਜੀਤ ਸਿੰਘ ਸਰਾਣਾ, ਕਮਲਜੀਤ ਸਿੰਘ, ਕਰਨੈਲ ਸਿੰਘ ਆਦਿ ਆਗੂ ਹਾਜਰ ਸਨ।

ਦਿਨੇਸ਼ ਅਗਰਵਾਲ ਬਣੇ ਭਾਜਪਾ ਮੰਡਲ ਕਰਤਾਰਪੁਰ ਦੇ ਨਵੇਂ ਪ੍ਰਧਾਨ

ਕਰਤਾਰਪੁਰ (ਹਰਮੇਸ਼ ਦੱਤ)- ਭਾਰਤੀ ਜਨਤਾ ਪਾਰਟੀ ਵੱਲੋਂ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਸਾਬਕਾ ਕੌਂਸਲਰ ਅਤੇ ਕੌਂਸਲਰ ਪਤੀ ਦਿਨੇਸ਼ ਅਗਰਵਾਲ (ਤਾਊ) ਨੂੰ ਭਾਜਪਾ ਮੰਡਲ ਕਰਤਾਰਪੁਰ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਸਬੰਧੀ ਕਰਵਾਏ ਗਏ ਸਮਾਗਮ ਦੌਰਾਨ ਜ਼ਿਲ੍ਹਾ ਜਲੰਧਰ ਦਿਹਾਤੀ ਦੇ ਜਨਰਲ ਸਕੱਤਰ ਮਨਦੀਪ ਬਖ਼ਸ਼ੀ, ਸੀਨੀਅਰ ਆਗੂ ਸ਼ਿਵ ਦਰਸ਼ਨ ਕੁਮਾਰ, ਅਰੁਣ ਸ਼ਰਮਾ ਸਮੇਤ ਜ਼ਿਲ੍ਹੇ ਦੇ ਕਈ ਭਾਜਪਾ ਆਗੂ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਦਿਨੇਸ਼ ਅਗਰਵਾਲ (ਤਾਊ) ਨੂੰ ਮੰਡਲ ਪ੍ਰਧਾਨਗੀ ਦਾ ਨਿਯੁਕਤੀ ਪੱਤਰ ਸੌਂਪਿਆ ਗਿਆ। ਪਾਰਟੀ ਆਗੂਆਂ ਵੱਲੋਂ ਉਨ੍ਹਾਂ ਨੂੰ ਪਾਰਟੀ ਦਾ ਸਿਰੋਪਾਓ ਅਤੇ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਮਨਦੀਪ ਬਖ਼ਸ਼ੀ ਨੇ ਕੇਂਦਰ ਸਰਕਾਰ ਦੀਆਂ ਲੋਕ ਭਲਾਈ ਨੀਤੀਆਂ ਅਤੇ ਚੱਲ ਰਹੀਆਂ ਵਿਕਾਸ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਸਰਕਾਰ ਦੀਆਂ ਨੀਤੀਆਂ ਅਤੇ ਯੋਜਨਾਵਾਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇ।ਇਸ ਮੌਕੇ ਭਾਜਪਾ ਆਗੂ ਸ਼ਿਵ ਦਰਸ਼ਨ ਕੁਮਾਰ, ਅਰੁਣ ਸ਼ਰਮਾ ਅਤੇ ਸੁੱਖਾ ਖੁਸਰੋਪੁਰ ਨੇ ਵੀ ਆਪਣੇ ਵਿਚਾਰ ਰੱਖੇ। ਨਵ-ਨਿਯੁਕਤ ਮੰਡਲ ਪ੍ਰਧਾਨ ਦਿਨੇਸ਼ ਅਗਰਵਾਲ (ਤਾਊ) ਨੇ ਪਾਰਟੀ ਹਾਈਕਮਾਂਡ ਅਤੇ ਸਮੂਹ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਉਹ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਰਾਜਕੁਮਾਰ ਯੋਗੀ ਜਨਰਲ ਸਕੱਤਰ ਜ਼ਿਲ੍ਹਾ ਦਿਹਾਤੀ, ਸਾਬਕਾ ਕੌਂਸਲਰ ਪ੍ਰਦੀਪ ਅਗਰਵਾਲ, ਕੌਂਸਲਰ ਮੰਗਲ ਪਦਮ, ਸਾਬਕਾ ਪ੍ਰਧਾਨ ਨਰਿੰਦਰ ਆਨੰਦ, ਮਨਮੋਹਨ ਭਾਗੀ, ਅੰਮ੍ਰਿਤ ਮਲਹਨ, ਪ੍ਰਵੀਨ ਭੱਲਾ, ਦੀਪਕ ਦੀਪਾ, ਗੁਰਚਰਨ ਸਿੰਘ ਲਾਲੀ, ਮਧੂਸੂਦਨ, ਨਰਿੰਦਰ ਸਿੱਲੀ, ਵਿਕਾਸ ਬਜਾਜ, ਵਿਸ਼ਾਲ ਆਨੰਦ, ਯੁਵਾ ਆਗੂ ਮਨੂ, ਵਿੱਕੀ, ਕ੍ਰਿਸ਼ਨਾ ਸ਼ਰਮਾ, ਕੇਵਲ ਸਭਰਵਾਲ, ਅਨੀਸ਼ ਅਗਰਵਾਲ, ਸੰਜੇ ਅਗਰਵਾਲ, ਮੋਹਿਤ ਅਗਰਵਾਲ, ਰਾਹੁਲ ਸ਼ਰਮਾ, ਈਸ਼ਵਰ ਢੁੱਲ, ਗੌਰਵ ਸ਼ਰਮਾ, ਯੋਗੇਸ਼ ਸ਼ਰਮਾ, ਹਰਪ੍ਰੀਤ ਸਿੰਘ, ਤੇਜਿੰਦਰ ਸਿੰਘ, ਓਮ ਪ੍ਰਕਾਸ਼ ਅਤੇ ਸ਼ਿਵ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਵਰਕਰ ਹਾਜ਼ਰ ਸਨ।



ਵਿਧਾਇਕ ਨੂੰ ਕਰਤਾਰਪੁਰ ਤੋਂ ਟਿਕਟ ਮਿਲਣ 'ਤੇ ਉਦਯੋਗਪਤੀ ਰਾਜਿੰਦਰ, ਗੌਤਮ ਨੇ ਦਿੱਤੀ ਵਧਾਈ

ਕਰਤਾਰਪੁਰ (ਹਰਮੇਸ਼ ਦੱਤ): ਪ੍ਰਸਿੱਧ ਉਦਯੋਗਪਤੀ ਅਤੇ ਸਮਾਜ ਸੇਵਕ ਰਾਜਿੰਦਰ ਕਾਲੀਆ ਅਤੇ ਗੌਤਮ ਕਾਲੀਆ ਨੇ ਕਰਤਾਰਪੁਰ ਦੇ ਮੌਜੂਦਾ ਵਿਧਾਇਕ ਬਲਕਾਰ ਸਿੰਘ ਨੂੰ ਆਮ ਆਦਮੀ ਪਾਰਟੀ ਵੱਲੋਂ ਕਰਤਾਰਪੁਰ ਵਿਧਾਨ ਸਭਾ ਹਲਕੇ ਤੋਂ ਮੁੜ ਟਿਕਟ ਦਿੱਤੇ ਜਾਣ 'ਤੇ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਪ੍ਰਧਾਨ ਅਮਨ ਅਰੋੜਾ ਅਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਵੀ ਕੀਤਾ।ਇਸ ਮੌਕੇ ਰਾਜਿੰਦਰ ਕਾਲੀਆ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਵਿਧਾਇਕ ਬਲਕਾਰ ਸਿੰਘ 'ਤੇ ਮੁੜ ਭਰੋਸਾ ਜਤਾਉਣਾ ਉਨ੍ਹਾਂ ਦੀ ਮਿਹਨਤ ਅਤੇ ਹਲਕੇ ਵਿੱਚ ਕੀਤੇ ਗਏ ਸ਼ਾਨਦਾਰ ਵਿਕਾਸ ਕਾਰਜਾਂ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਵਿਧਾਇਕ ਬਲਕਾਰ ਸਿੰਘ ਨੂੰ ਕਰਤਾਰਪੁਰ ਹਲਕੇ ਦੇ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਅਤੇ ਸਮਰਥਨ ਉਨ੍ਹਾਂ ਦੀ ਲੋਕਪ੍ਰਿਯਤਾ ਨੂੰ ਦਰਸਾਉਂਦਾ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟ ਕਰਦਿਆਂ ਕਿਹਾ ਕਿ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਕਰਤਾਰਪੁਰ ਹਲਕੇ ਦੇ ਲੋਕ ਵਿਧਾਇਕ ਬਲਕਾਰ ਸਿੰਘ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਕਰਤਾਰਪੁਰ ਦੀ ਸੀਟ ਮੁੜ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਾਉਣਗੇ।



ਯੂਥ ਅਕਾਲੀ ਦਲ ਦੀ ਮੀਟਿੰਗ 5 ਨੂੰ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਸ਼੍ਰੋਮਣੀ ਅਕਾਲੀ ਦਲ (ਬਾਦਲ) ਹਲਕਾ ਨਕੋਦਰ ਦੀ ਇਕ ਵਿਸ਼ੇਸ਼ ਮੀਟਿੰਗ ਨੂਰਮਹਿਲ ਵਿਖੇ ਹਲਕਾ ਨਕੋਦਰ ਦੇ ਮੁੱਖ ਸੇਵਾਦਾਰ ਐਡਵੋਕੇਟ ਰਾਜਕਮਲ ਸਿੰਘ ਭੁੱਲਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵੱਖ ਵੱਖ ਪਿੰਡਾਂ ਦੇ ਅਹੁਦੇਦਾਰ ਅਤੇ ਵਰਕਰ ਸ਼ਾਮਲ ਹੋਏ। ਇਸ ਮੌਕੇ ਤੇ ਸੰਬੋਧਨ ਕਰਦਿਆਂ ਭੁੱਲਰ ਨੇ ਕਿਹਾ ਕਿ 5 ਨਵੰਬਰ ਦਿਨ ਵੀਰਵਾਰ ਨੂੰ ਸਵੇਰੇ 11 ਵਜੇ ਯੂਥ ਅਕਾਲੀ ਦਲ ਦੀ ਵਿਸ਼ੇਸ਼ ਮੀਟਿੰਗ ਐੱਸ ਐੱਸ ਰਿਜ਼ੋਰਟ ਚੀਮਾਂ ਕਲਾਂ (ਨੂਰਮਹਿਲ) ਵਿਖੇ ਹੋਵੇਗੀ ਜਿਸ ਵਿੱਚ ਯੂਥ ਅਕਾਲੀ ਦੇ ਕੌਮੀ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਉਚੇਚੇ ਤੌਰ ਤੇ ਪਹੁੰਚ ਰਹੇ ਹਨ। ਇਸ ਮੀਟਿੰਗ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਜਾਵੇਗਾ। ਇਸ ਮੌਕੇ ਤੇ ਸੁਖਦੇਵ ਸਿੰਘ ਗਹੀਰ, ਜਸਵਿੰਦਰ ਸਿੰਘ ਲਾਂਬਾ,ਸੰਦੀਪ ਵਰਮਾ, ਪ੍ਰੀਤਮ ਸਿੰਘ ਬੁਰਜ ਹਸਨ,ਦੇਸ ਰਾਜ ਔਜਲਾ, ਹਰਜਿੰਦਰ ਸਿੰਘ ਡੱਲਾ,ਗੁਰਪ੍ਰੀਤ ਸਿੰਘ ਭੰਡਾਲ, ਅਸ਼ੋਕ ਸਿੰਘ ਤਲਵਣ,ਮੇਜਰ ਸਿੰਘ ਔਜਲਾ, ਗੁਰਿੰਦਰ ਮਿੱਠੜਾ,ਮੋਨੂੰ ਤਲਵਣ, ਸਹਿਲਪ੍ਰੀਤ ਸਿੰਘ ਹਰਦੋਸੰਘਾ, ਡਾ. ਰਾਜਵੀਰ ਸਿੰਘ ਨਕੋਦਰ, ਸੁਮੇਸ਼ ਅਰੋੜਾ, ਜੋਗਰਾਜ ਨਕੋਦਰ ਤੇ ਹੋਰ ਮੈਂਬਰ ਤੇ ਆਗੂ ਹਾਜ਼ਰ ਸਨ।



ਐੱਲ ਪੀ ਯੂ ਨੇਸਟ 2027 ਲਈ ਰਜਿਸਟ੍ਰੇਸ਼ਨ ਸ਼ੁਰੂ

ਜਲੰਧਰ (ਸ਼ੈਲੀ ਐਲਬਰਟ)- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਨੇ ਬੀ.ਟੈਕ ਵਿੱਚ ਦਾਖਲੇ ਲਈ ਐਲਪੀਯੂ ਨੈਸ਼ਨਲ ਐਂਟਰੈਂਸ ਐਂਡ ਸਕਾਲਰਸ਼ਿਪ ਟੈਸਟ (ਐਲਪੀਯੂ ਨੇਸਟ) 2027 ਲਈ ਰਜਿਸਟ੍ਰੇਸ਼ਨ ਸ਼ੁਰੂ ਕਰ ਦਿੱਤੀ ਹੈ।

ਵਿਦਿਆਰਥੀ 15 ਜਨਵਰੀ, 2027 ਤੱਕ ਅਰਜ਼ੀ ਦੇ ਸਕਦੇ ਹਨ। ਯੋਗਤਾ: 12ਵੀਂ ਜਮਾਤ ਵਿੱਚ 60% ਅੰਕ ਅੰਗਰੇਜ਼ੀ, ਭੌਤਿਕ ਵਿਗਿਆਨ, ਰਸਾਇਣ ਵਿਗਿਆਨ, ਅਤੇ ਗਣਿਤ ਜਾਂ ਜੀਵ ਵਿਗਿਆਨ ਦੇ ਵਿਸ਼ਿਆਂ ਵਜੋਂ।

ਟੈਸਟ ਸੈਂਟਰ-ਅਧਾਰਤ ਪ੍ਰੀਖਿਆਵਾਂ 20 ਜਨਵਰੀ ਤੋਂ 5 ਫਰਵਰੀ, 2027 ਤੱਕ ਹੋਣਗੀਆਂ, ਅਤੇ ਰਿਮੋਟਲੀ ਪ੍ਰੋਕਟਰਡ (ਆਨਲਾਈਨ) ਪ੍ਰੀਖਿਆਵਾਂ 10 ਜਨਵਰੀ ਤੋਂ 5 ਫਰਵਰੀ, 2027 ਤੱਕ ਹੋਣਗੀਆਂ। ਨਤੀਜੇ 8 ਫਰਵਰੀ, 2027 ਨੂੰ ਘੋਸ਼ਿਤ ਕੀਤੇ ਜਾਣਗੇ, ਅਤੇ ਔਨਲਾਈਨ ਕਾਉਂਸਲਿੰਗ ਅਤੇ ਸੀਟ ਵੰਡ ਉਸੇ ਦਿਨ ਸ਼ੁਰੂ ਹੋਵੇਗੀ।

ਗੁਰੂ ਨਾਨਕ ਖਾਲਸਾ ਕਾਲਜ 'ਚ ਮਨਾਇਆ ਪੰਜਾਬ ਦਿਵਸ

ਸੁਲਤਾਨਪੁਰ ਲੋਧੀ (ਹਨੀ)- ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਪੰਜਾਬੀ ਵਿਭਾਗ ਅਤੇ ਕਾਲਜ ਦੀ ਸੱਭਿਆਚਾਰਕ ਕਮੇਟੀ ਵੱਲੋਂ ਸਾਂਝੇ ਤੌਰ ਤੇ ਪੰਜਾਬ ਦਿਵਸ ਦੇ ਸਬੰਧ ਵਿੱਚ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਪੰਜਾਬ ਦੇ ਅਮੀਰ ਵਿਰਸੇ ਸੱਭਿਆਚਾਰ ਅਤੇ ਮਾਂ ਬੋਲੀ ਪੰਜਾਬੀ ਪ੍ਰਤੀ ਆਪਣੇ ਪਿਆਰ ਅਤੇ ਸਤਿਕਾਰ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸੰਗੀਤ ਵਿਭਾਗ ਦੇ ਪ੍ਰੋ. ਅਰਸ਼ਪ੍ਰੀਤ ਕੌਰ ਨੇ ਪੰਜਾਬ ਦੇ ਪੁਨਰਗਠਨ ਵਿਸ਼ੇ ਤੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਪ੍ਰੋਗਰਾਮ ਦੌਰਾਨ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ.ਜਸਬੀਰ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਪੁਨਰਗਠਨ ਵਿਸ਼ੇ ਤੇ ਵਿਸਥਾਰ ਪੂਰਵਕ ਜਾਣਕਾਰੀ ਸਾਂਝੀ ਕੀਤੀ।ਉਹਨਾਂ ਕਿਹਾ ਕਿ ਪੰਜਾਬ,ਪੰਜਾਬੀ ਭਾਸ਼ਾ ਸਮੁੱਚੇ ਪੰਜਾਬੀਆਂ ਦੀ ਸਾਂਝੀ ਏਕਤਾ ਤੇ ਪ੍ਰੇਮ ਦੀ ਪ੍ਰਤੀਕ ਹੈ। ਸਾਨੂੰ ਆਪਣੇ ਅਮੀਰ ਵਿਰਸੇ ਨੂੰ ਸੰਭਾਲਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਹਮੇਸ਼ਾ ਯਤਨਸ਼ੀਲ ਰਹਿਣਾ ਚਾਹੀਦਾ ਹੈ। ਇਸ ਪ੍ਰੋਗਰਾਮ ਦੌਰਾਨ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਕਾਲਜ ਦੇ ਵਿਹੜੇ ਵਿੱਚ ਖੂਬਸੂਰਤ ਗਿੱਧੇ ਦੀ ਪੇਸ਼ਕਾਰੀ ਕੀਤੀ ਗਈ। ਵਿਦਿਆਰਥਣਾਂ ਦੀ ਪੇਸ਼ਕਾਰੀ ਨੇ ਸਮਾਗਮ ਨੂੰ ਹੋਰ ਵੀ ਦਿਲਚਸਪ ਅਤੇ ਯਾਦਗਾਰੀ ਬਣਾ ਦਿੱਤਾ।ਇਸ ਮੌਕੇ ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀ.ਸਵਰਨ ਸਿੰਘ ਕਾਲਜ ਦੇ ਡਾਇਰੈਕਟਰ ਇੰਜੀ. ਨਿਮਰਤਾ ਕੌਰ, ਇੰਜ.ਹਰਨਿਆਮਤ ਕੌਰ ਅਤੇ ਪ੍ਰਬੰਧਕ ਕਮੇਟੀ ਦੇ ਸਕੱਤਰ ਤੇ ਐਸ ਜੀ ਪੀ ਸੀ ਮੈਂਬਰ ਬੀਬੀ ਗੁਰਪ੍ਰੀਤ ਕੌਰ ਨੇ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੂੰ ਪੰਜਾਬ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ। ਪ੍ਰੋਗਰਾਮ ਦੌਰਾਨ ਮੰਚ ਦਾ ਸੰਚਾਲਨ ਪ੍ਰੋ.ਅਰਸ਼ਪ੍ਰੀਤ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪੰਜਾਬੀ ਅਤੇ ਆਰਟਸ ਵਿਭਾਗ ਦੇ ਮੁਖੀ ਪ੍ਰੋ. ਰਾਜਦੀਪ ਕੌਰ ਜੋਸਨ, ਕਾਮਰਸ ਵਿਭਾਗ ਦੇ ਮੁਖੀ ਡਾ. ਮਨੀ ਛਾਬੜਾ,ਪ੍ਰੋ.ਸਰਬਜੀਤ ਕੌਰ,ਪ੍ਰੋ.ਹਰਪ੍ਰੀਤ ਸਿੰਘ, ਪ੍ਰੋ.ਜਸਵੀਰ ਕੌਰ,ਪ੍ਰੋ.ਸ਼ਿਲਪਾ,ਪ੍ਰੋ.ਅਮਨਪ੍ਰੀਤ ਕੌਰ,ਮੈਡਮ ਰਾਜਕੁਮਾਰੀ, ਮੈਡਮ ਸ਼ਰਨਜੀਤ ਕੌਰ ਅਤੇ ਰਾਮਵੀਰ ਸਿੰਘ ਸ਼ਾਮਿਲ ਰਹੇ।



ਮੰਗੂਪੁਰ ਵਿਖੇ ਕ੍ਰਿਕਟ ਟੂਰਨਾਮੈਂਟ ਕਰਵਾਇਆ

ਪੋਜੇਵਾਲ (ਰਾਮ ਲਾਲ)- ਹਲਕਾ ਬਲਾਚੌਰ ਦੇ ਪਿੰਡ ਮੰਗੂਪੁਰ ਵਿਖੇ ਜੈ ਮਾਂ ਕਾਲੀ ਸਪੋਰਟਸ ਐਂਡ ਵੈਲਫੇਅਰ ਕਲੱਬ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ ਦੇ ਮਕਸਦ ਨਾਲ ਸ਼ਾਨਦਾਰ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ। ਇਸ ਖੇਡ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨ ਦਾ ਮੌਕਾ ਮਿਲਿਆ। ਇਸ ਮੌਕੇ ਖਿਡਾਰੀਆਂ ਨਾਲ ਮੁਲਾਕਾਤ ਕਰਦਿਆਂ ਅਤੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਮਨ ਨੂੰ ਬੇਹੱਦ ਖੁਸ਼ੀ ਅਤੇ ਮਾਣ ਮਹਿਸੂਸ ਹੋਇਆ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਨੇ ਕਿਹਾ ਕਿ ਖੇਡਾਂ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ ਹਨ, ਸਗੋਂ ਇਹ ਨੌਜਵਾਨ ਪੀੜ੍ਹੀ ਦੇ ਸੁਨਹਿਰੀ ਭਵਿੱਖ ਦੀ ਨੀਂਹ ਰੱਖਣ ਦਾ ਇੱਕ ਅਹਿਮ ਜ਼ਰੀਆ ਹਨ। ਖੇਡਾਂ ਮਨੁੱਖ ਨੂੰ ਸਰੀਰਕ ਤੌਰ 'ਤੇ ਤੰਦਰੁਸਤ ਰੱਖਣ ਦੇ ਨਾਲ-ਨਾਲ ਮਾਨਸਿਕ ਤੌਰ 'ਤੇ ਮਜ਼ਬੂਤ ਬਣਾਉਂਦੀਆਂ ਹਨ। ਖੇਡ ਮੈਦਾਨ ਵਿੱਚ ਖਿਡਾਰੀ ਜਿੱਥੇ ਜਿੱਤਣ ਦਾ ਜਜ਼ਬਾ ਸਿੱਖਦਾ ਹੈ, ਉੱਥੇ ਹੀ ਹਾਰ ਨੂੰ ਸਵੀਕਾਰ ਕਰਕੇ ਮੁੜ ਮਿਹਨਤ ਕਰਨ, ਅਨੁਸ਼ਾਸਨ ਵਿੱਚ ਰਹਿਣ, ਟੀਮ ਭਾਵਨਾ ਅਤੇ ਆਪਸੀ ਸਹਿਯੋਗ ਵਰਗੇ ਜੀਵਨ ਦੇ ਮਹੱਤਵਪੂਰਨ ਗੁਣ ਵੀ ਗ੍ਰਹਿਣ ਕਰਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪਿੰਡ ਪੱਧਰ 'ਤੇ ਅਜਿਹੇ ਖੇਡ ਟੂਰਨਾਮੈਂਟ ਕਰਵਾਉਣਾ ਆਪਣੇ ਆਪ ਵਿੱਚ ਇੱਕ ਸ਼ਲਾਘਾਯੋਗ ਉਪਰਾਲਾ ਹੈ। ਇਨ੍ਹਾਂ ਸਮਾਗਮਾਂ ਰਾਹੀਂ ਪਿੰਡਾਂ ਦੀ ਨੌਜਵਾਨ ਪ੍ਰਤਿਭਾ ਨੂੰ ਆਪਣੀ ਕਾਬਲੀਅਤ ਦਿਖਾਉਣ ਲਈ ਇੱਕ ਵਧੀਆ ਮੰਚ ਮਿਲਦਾ ਹੈ। ਇਸ ਮੌਕੇ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੀਆਂ ਵੱਖ-ਵੱਖ ਟੀਮਾਂ ਦੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਗਈ ਅਤੇ ਜੇਤੂ ਤੇ ਹੋਣਹਾਰ ਖਿਡਾਰੀਆਂ ਨੂੰ ਸਨਮਾਨਤ ਵੀ ਕੀਤਾ ਗਿਆ। ਅੰਤ ਵਿੱਚ ਉਨ੍ਹਾਂ ਪਰਮਾਤਮਾ ਅੱਗੇ ਅਰਦਾਸ ਅਤੇ ਕਾਮਨਾ ਕੀਤੀ ਕਿ ਪੰਜਾਬ ਦੀ ਧਰਤੀ 'ਤੇ ਇਸ ਤਰ੍ਹਾਂ ਦੇ ਖੇਡ ਮੇਲੇ ਲਗਾਤਾਰ ਹੁੰਦੇ ਰਹਿਣ, ਖੇਡ ਮੈਦਾਨ ਨੌਜਵਾਨਾਂ ਦੀਆਂ ਰੌਣਕਾਂ ਨਾਲ ਭਰੇ ਰਹਿਣ ਅਤੇ ਸਾਡੇ ਪੰਜਾਬ ਦੇ ਪੁੱਤਰ-ਧੀਆਂ ਖੇਡਾਂ ਦੇ ਖੇਤਰ ਵਿੱਚ ਨਵੀਆਂ ਬੁਲੰਦੀਆਂ ਹਾਸਲ ਕਰਨ।



ਜਨਮ ਦਿਨ ਮੁਬਾਰਕ



ਰੂਹਾਨੀ ਰਹੇਜਾ
ਜਲਾਲਾਬਾਦ